1-OCT-PAGE-1.qxd 9/30/2022 9:24 PM Page 1

ਸ਼ਨੀਵਾਰ, 1 ਅਕਤੂਬਰ, 2022
15 ਅੱਸੂ {ਨਾਨਕਸ਼ਾਹੀ 554 / ਬਿਕਰਮੀ 2079}
ਜਿਲਦ/VOL. : 71
ਅੰਕ/NO. : 121

# ਨਵਾਂ ਜ਼ਮਾਨਾ

DAILY NAWAN ZAMANA • SATURDAY, 1 OCTOBER, 2022 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਸ਼ਰਜੀਲ ਨੂੰ ਦੇਸ਼ ਧ੍ਰੋਹ ਦੇ ਕੇਸ 'ਚ ਜ਼ਮਾਨਤ ਮਿਲੀ



**ਨਵੀਂ ਦਿੱਲੀ :** ਐਡੀਸ਼ਨਲ ਸੈਸ਼ਨ ਜੱਜ ਅਨੁਜ ਅਗਰਵਾਲ ਨੇ ਸ਼ੁੱਕਰਵਾਰ ਜੇ ਐੱਨ ਯੂ ਦੇ ਸਾਬਕਾ ਵਿਦਿਆਰਥੀ ਸ਼ਰਜੀਲ ਇਮਾਮ ਨੂੰ ਦੇਸ਼ਧ੍ਰੋਹ ਦੇ ਇਕ ਕੇਸ ਵਿਚ ਜ਼ਮਾਨਤ ਦੇ ਦਿੱਤੀ। ਉਸ 'ਤੇ 2019 ਵਿਚ ਜਾਮੀਆ ਇਲਾਕੇ ਵਿਚ ਦੰਗਿਆਂ ਨੂੰ ਹਵਾ ਦੇਣ ਦਾ ਦੋਸ਼ ਹੈ। ਇਹ ਦੋਸ਼ ਲਾਇਆ ਗਿਆ ਸੀ ਕਿ 13 ਦਸੰਬਰ ਨੂੰ ਉਸ ਵੱਲੋਂ ਕੀਤੀ ਗਈ ਤਕਰੀਰ ਨਾਲ ਦੰਗੇ ਹੋਏ। ਹਾਲਾਂਕਿ ਸ਼ਰਜੀਲ ਨੂੰ ਇਸ ਮਾਮਲੇ ਵਿਚ ਜ਼ਮਾਨਤ ਮਿਲ ਗਈ ਹੈ ਪਰ ਉਹ ਦਿੱਲੀ ਦੰਗਿਆਂ ਦੀ ਸਾਜ਼ਿਸ਼ ਦੇ ਇਕ ਹੋਰ ਕੇਸ ਵਿਚ ਜ਼ਮਾਨਤ ਮਿਲਣ ਤਕ ਜੇਲ੍ਹ ਵਿਚ ਹੀ ਰਹੇਗਾ। ਉਹ ਜਨਵਰੀ 2020 ਤੋਂ ਜੇਲ੍ਹ ਵਿਚ ਹੈ।

## ਕਾਬੁਲ ਦੇ ਇੰਸਟੀਚਿਊਟ 'ਚ ਧਮਾਕੇ ਨਾਲ 19 ਮੌਤਾਂ

**ਕਾਬੁਲ :** ਅਫਗਾਨਿਸਤਾਨ ਦੀ ਰਾਜਧਾਨੀ ਕਾਬੁਲ 'ਚ ਸ਼ੀਆ ਬਹੁਗਿਣਤੀ ਵਾਲੇ ਇਲਾਕੇ 'ਚ ਸਥਿਤ ਇਕ ਸਿੱਖਿਆ ਸੰਸਥਾ 'ਚ ਸ਼ੁੱਕਰਵਾਰ ਸਵੇਰੇ ਫਿਦਾਈਨ ਹਮਲੇ 'ਚ 19 ਵਿਅਕਤੀ ਮਾਰੇ ਗਏ, ਜਦਕਿ 27 ਜ਼ਖਮੀ ਹੋ ਗਏ। ਪੁਲਸ ਦੇ ਬੁਲਾਰੇ ਖਾਲਿਦ ਜਦਰਾਨ ਨੇ ਦੱਸਿਆ ਕਿ ਦਸ਼ਤੀ ਬਾਰਚੀ ਇਲਾਕੇ 'ਚ ਧਮਾਕਾ ਹੋਇਆ। ਪੀੜਤਾਂ 'ਚ ਇਸ ਸੰਸਥਾ ਵਿੱਚ ਪੜ੍ਹਨ ਵਾਲੇ ਮੁੰਡੇ-ਕੁੜੀਆਂ ਸ਼ਾਮਲ ਹਨ, ਜੋ ਕਿ ਇੱਥੇ ਯੂਨੀਵਰਸਿਟੀ ਦਾਖਲਾ ਪ੍ਰੀਖਿਆ ਦੀ ਤਿਆਰੀ ਕਰਨ ਲਈ ਆਉਂਦੇ ਸਨ। ਇਸ ਖੇਤਰ 'ਚ ਜ਼ਿਆਦਾਤਰ ਅਫਗਾਨਿਸਤਾਨੀ ਘੱਟਗਿਣਤੀ ਸ਼ੀਆ ਭਾਈਚਾਰੇ ਦੇ ਲੋਕ ਰਹਿੰਦੇ ਹਨ। ਜਦਰਾਨ ਨੇ ਦੱਸਿਆ ਕਿ ਫਿਦਾਈਨ ਨੇ ਕਾਜ਼ ਹਾਇਰ ਐਜੂਕੇਸ਼ਨਲ ਸੈਂਟਰ 'ਚ ਵੜ ਕੇ ਧਮਾਕਾ ਕਰ ਦਿੱਤਾ।

## ਧਮਾਕੇ ਨਾਲ 20 ਜ਼ਖਮੀ

**ਇਸਲਾਮਾਬਾਦ :** ਬਲੋਚਿਸਤਾਨ ਪ੍ਰਾਂਤ ਦੇ ਕੋਹਲੂ ਸ਼ਹਿਰ ਦੇ ਮੁੱਖ ਬਾਜ਼ਾਰ 'ਚ ਭੀੜ-ਭਾੜ ਵਾਲੇ ਇਲਾਕੇ 'ਚ ਇਕ ਮਠਿਆਈ ਦੀ ਦੁਕਾਨ 'ਚ ਧਮਾਕੇ ਨਾਲ 20 ਵਿਅਕਤੀ ਜ਼ਖ਼ਮੀ ਹੋ ਗਏ।

## ਰਾਘਵ ਚੱਢਾ ਦੀ ਗ੍ਰਿਫ਼ਤਾਰੀ ਦੀ ਤਿਆਰੀ : ਕੇਜਰੀਵਾਲ



**ਨਵੀਂ ਦਿੱਲੀ :** ਕੇਜਰੀਵਾਲ ਨੇ ਦਾਅਵਾ ਕੀਤਾ ਹੈ ਕਿ ਆਮ ਆਦਮੀ ਪਾਰਟੀ ਦੇ ਆਗੂ ਰਾਘਵ ਚੱਢਾ ਨੂੰ ਗੁਜਰਾਤ 'ਚ ਪਾਰਟੀ ਦੇ ਸਿਆਸੀ ਮਾਮਲਿਆਂ ਦਾ ਸਹਿ ਇੰਚਾਰਜ ਨਿਯੁਕਤ ਕੀਤੇ ਜਾਣ ਦੇ ਬਾਅਦ ਤੋਂ ਹੀ ਉਨ੍ਹਾ ਨੂੰ ਗ੍ਰਿਫਤਾਰ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਫਿਲਹਾਲ, ਕੇਜਰੀਵਾਲ ਨੇ ਇਹ ਨਹੀਂ ਦੱਸਿਆ ਕਿ ਕਿਹੜੀ ਏਜੰਸੀ ਚੱਢਾ ਨੂੰ ਗ੍ਰਿਫਤਾਰ ਕਰਨ ਦੀ ਯੋਜਨਾ 'ਤੇ ਕੰਮ ਕਰ ਰਹੀ ਹੈ ਅਤੇ ਉਨ੍ਹਾ 'ਤੇ ਕੀ ਦੋਸ਼ ਹਨ।

## ਏਜੰਟਾਂ ਤੇ ਪਾਠਕਾਂ ਦੇ ਧਿਆਨ ਹਿੱਤ

ਪਿਛਲੇ ਇੱਕ ਸਾਲ ਦੌਰਾਨ ਅਖ਼ਬਾਰੀ ਕਾਗਜ਼ ਦੀਆਂ ਕੀਮਤਾਂ ਦੁੱਗਣੀਆਂ ਹੋ ਗਈਆਂ ਹਨ। ਇਸ ਨਾਲ ਅਖ਼ਬਾਰਾਂ 'ਤੇ ਵੱਡਾ ਆਰਥਕ ਬੋਝ ਪਿਆ ਹੈ। ਇਸ ਕਾਰਨ ਅਸੀਂ ਰੋਜ਼ਾਨਾ ਅਖ਼ਬਾਰ ਦੀ ਕੀਮਤ ਵਧਾਉਣ ਲਈ ਮਜਬੂਰ ਹੋਏ ਹਾਂ। ਅੱਜ ਤੋਂ ਰੋਜ਼ਾਨਾ ਅਖ਼ਬਾਰ ਦੀ ਕੀਮਤ 5 ਰੁਪਏ ਹੋ ਗਈ ਹੈ।

*-ਜਨਰਲ ਮੈਨੇਜਰ*

## ਵਿਸ਼ੇਸ਼ ਸਪਲੀਮੈਂਟ



ਦੁਸਹਿਰੇ ਦੇ ਮੌਕੇ 'ਤੇ ਕਰਤਾਰਪੁਰ ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਹਰਮੇਸ਼ ਦੱਤ** ਨਾਲ 89680-43255 'ਤੇ ਸੰਪਰਕ ਕਰੋ।

*-ਜਨਰਲ ਮੈਨੇਜਰ*

# ਕਰਜ਼ੇ ਦਾ ਫੰਦਾ ਹੋਰ ਟੈਟ

## ਰਿਜ਼ਰਵ ਬੈਂਕ ਨੇ ਰੈਪੋ ਦਰ 0.50 ਫੀਸਦੀ ਵਧਾਈ, ਕਿਸ਼ਤ ਰਾਸ਼ੀ 'ਚ ਹੋਵੇਗਾ ਵਾਧਾ



**ਮੁੰਬਈ :** ਭਾਰਤੀ ਰਿਜ਼ਰਵ ਬੈਂਕ ਦੇ ਗਵਰਨਰ ਸ਼ਸ਼ੀਕਾਂਤ ਦਾਸ ਨੇ ਮੁਦਰਾ ਨੀਤੀ ਕਮੇਟੀ ਦੀ ਤਿੰਨ ਦਿਨਾ ਮੀਟਿੰਗ 'ਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਸ਼ੁੱਕਰਵਾਰ ਟੈਲੀਵਿਜ਼ਨ 'ਤੇ ਪ੍ਰਸਾਰਤ ਬਿਆਨ 'ਚ ਕਿਹਾ—ਕਮੇਟੀ ਨੇ ਰੈਪੋ ਦਰ 0.50 ਫੀਸਦ ਵਧਾ ਕੇ 5.90 ਫੀਸਦ ਕਰਨ ਦਾ ਫੈਸਲਾ ਲਿਆ ਹੈ।

ਇਸ ਦਰ 'ਤੇ ਰਿਜ਼ਰਵ ਬੈਂਕ ਕਮਰਸ਼ੀਅਲ ਬੈਂਕਾਂ ਨੂੰ ਕਰਜ਼ਾ ਦਿੰਦੀ ਹੈ। ਸੁਭਾਵਕ ਹੈ ਕਿ ਉਹ ਬੈਂਕਾਂ ਹੁਣ ਲੋਕਾਂ ਤੋਂ ਵੱਧ ਵਿਆਜ ਵਸੂਲਣਗੀਆਂ, ਜਿਸ ਨਾਲ ਲੋਕਾਂ ਨੂੰ ਕਿਸ਼ਤਾਂ ਚੁਕਾਉਣ ਲਈ ਵੱਧ ਪੈਸੇ ਦੇਣੇ ਪੈਣਗੇ, ਯਾਨੀ ਕਿ ਹੋਮ ਲੋਨ ਤੋਂ ਲੈ ਕੇ ਆਟੋ ਤੇ ਪਰਸਨਲ ਲੋਨ ਸਭ ਮਹਿੰਗੇ ਹੋ ਜਾਣਗੇ। ਜੇ ਕਿਸੇ ਨੇ 7.55 ਫੀਸਦੀ ਦੀ ਦਰ ਨਾਲ 20 ਸਾਲ ਲਈ 30 ਲੱਖ ਰੁਪਏ ਦਾ ਹਾਊਸ ਲੋਨ ਲਿਆ ਹੈ ਤਾਂ ਉਸਦੀ ਕਿਸ਼ਤ 24260 ਰੁਪਏ ਹੋਵੇਗੀ ਤੇ 20 ਸਾਲ ਵਿਚ ਉਸਨੂੰ 28 ਲੱਖ 22 ਹਜ਼ਾਰ 304 ਰੁਪਏ ਦਾ ਵਿਆਜ ਭਰਨਾ ਪਵੇਗਾ ਤੇ 30 ਲੱਖ ਦੇ ਬਦਲੇ 58 ਲੱਖ 22 ਹਜ਼ਾਰ 304 ਰੁਪਏ ਦੇਣੇ ਪੈਣਗੇ। ਹੋਮ ਲੋਨ ਦੀਆਂ ਵਿਆਜ ਦਰਾਂ ਦੋ ਤਰ੍ਹਾਂ ਦੀਆਂ ਹੁੰਦੀਆਂ ਹਨ। ਪਹਿਲੀ ਫਿਕਸਡ ਤੇ ਦੂਜੀ ਫਲੈਕਸੀਬਲ। ਫਿਕਸਡ ਲੋਨ ਦੀ ਵਿਆਜ ਦਰ ਸ਼ੁਰੂ ਤੋਂ ਅਖੀਰ ਤਕ ਇੱਕੋ ਰਹਿੰਦੀ ਹੈ ਪਰ ਫਲੈਕਸੀਬਲ ਦੀ ਦਰ ਰੈਪੋ ਦਰ ਵਿਚ ਤਬਦੀਲੀ ਨਾਲ ਬਦਲਦੀ ਰਹਿੰਦੀ ਹੈ। ਇਸ ਤਰ੍ਹਾਂ ਫਲੈਕਸੀਬਲ ਲੋਨ ਵਾਲਿਆਂ ਦੀ ਕਿਸ਼ਤ ਵਧੇਗੀ। ਇਹ ਰੈਪੋ ਦਰ ਦਾ ਤਿੰਨ ਸਾਲ ਦਾ ਸਭ ਤੋਂ ਉੱਪਰਲਾ ਪੱਧਰ ਹੈ। ਪ੍ਰਚੂਨ ਮਹਿੰਗਾਈ ਨੂੰ ਕਾਬੂ ਹੇਠ ਲਿਆਉਣ ਅਤੇ ਵੱਖ-ਵੱਖ ਦੇਸ਼ਾਂ ਦੇ ਕੇਂਦਰੀ ਬੈਂਕਾਂ ਵੱਲੋਂ ਵਿਆਜ ਦਰ 'ਚ ਭਾਰੀ ਵਾਧੇ ਨਾਲ ਪੈਦਾ ਹੋਣ ਵਾਲੇ ਦਬਾਅ ਤੋਂ ਨਿਪਟਣ ਲਈ ਕੇਂਦਰੀ ਬੈਂਕ ਨੇ ਇਹ ਕਦਮ ਉਠਾਇਆ ਹੈ। ਨਾਲ ਹੀ ਕੇਂਦਰੀ ਬੈਂਕ ਨੇ ਵਿੱਤੀ ਵਰ੍ਹੇ 2022-23 ਲਈ ਆਰਥਕ ਵਿਕਾਸ ਦਰ ਦੇ ਅਨੁਮਾਨ ਨੂੰ ਘਟਾ ਕੇ 7 ਫੀਸਦ ਕਰ ਦਿੱਤਾ ਹੈ। ਇਹ ਚੌਥੀ ਵਾਰ ਹੈ ਜਦੋਂ ਨੀਤੀਗਤ ਦਰ 'ਚ ਵਾਧਾ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਮਈ 'ਚ 0.40 ਫੀਸਦ ਵਾਧੇ ਤੋਂ ਬਾਅਦ ਜੂਨ ਅਤੇ ਅਗਸਤ 'ਚ 0.50-0.50 ਫੀਸਦ ਦਾ ਵਾਧਾ ਕੀਤਾ ਗਿਆ ਸੀ। ਕੁੱਲ ਮਿਲਾ ਕੇ ਮਈ ਤੋਂ ਹੁਣ ਤੱਕ ਆਰ ਬੀ ਆਈ ਰੈਪੋ ਦਰ 'ਚ 1.90 ਫੀਸਦ ਦਾ ਵਾਧਾ ਕਰ ਚੁੱਕੀ ਹੈ। ਦਾਸ ਨੇ ਕਿਹਾ ਕਿ ਐੱਮ ਪੀ ਸੀ ਦੇ ਛੇ ਮੈਂਬਰਾਂ 'ਚੋਂ ਪੰਜ ਨੇ ਨੀਤੀਗਤ ਦਰ 'ਚ ਵਾਧੇ ਦਾ ਸਮਰਥਨ ਕੀਤਾ। ਆਰ ਬੀ ਆਈ ਨੇ ਵਿੱਤੀ ਵਰ੍ਹੇ 2022- 23 ਲਈ ਪ੍ਰਚੂਨ ਮਹਿੰਗਾਈ ਦਾ ਅਨੁਮਾਨ 6.7 ਫੀਸਦ 'ਤੇ ਬਰਕਰਾਰ ਰੱਖਿਆ ਹੈ। ਦੂਜੀ ਤਿਮਾਹੀ ਵਿਚ ਇਸ ਦੇ 7.1 ਫੀਸਦ, ਤੀਜੀ ਤਿਮਾਹੀ 'ਚ 6.5 ਫੀਸਦ ਅਤੇ ਚੌਥੀ ਤਿਮਾਹੀ 'ਚ 5.8 ਫੀਸਦ ਰਹਿਣ ਦਾ ਅਨੁਮਾਨ ਹੈ।

## ਤਨਖਾਹਾਂ ਤੇ ਪੈਨਸ਼ਨਾਂ ਲਈ ਪੀ ਆਰ ਟੀ ਸੀ ਕਾਮਿਆਂ ਵੱਲੋਂ ਜ਼ਬਰਦਸਤ ਰੋਸ ਮਾਰਚ, ਪਟਿਆਲਾ ਅੱਡਾ 2 ਘੰਟੇ ਬੰਦ ਰਿਹਾ



**ਪਟਿਆਲਾ :** ਸ਼ੁੱਕਰਵਾਰ ਇੱਥੇ ਪੀ.ਆਰ.ਟੀ.ਸੀ. ਦੇ ਵਰਕਰਾਂ ਨੇ ਇੱਕ ਹਜ਼ਾਰ ਤੋਂ ਵੱਧ ਦੀ ਗਿਣਤੀ ਵਿੱਚ ਬਸ ਸਟੈਂਡ ਪਟਿਆਲਾ ਦੇ ਗੇਟ 'ਤੇ ਇਕੱਠੇ ਹੋ ਕੇ ਤਨਖਾਹ ਅਤੇ ਪੈਨਸ਼ਨ ਨਾ ਮਿਲਣ ਦੇ ਵਿਰੋਧ ਵਿੱਚ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਅਤੇ ਉਪਰੰਤ ਬਜ਼ਾਰਾਂ ਵਿੱਚੋਂ ਦੀ ਝੰਡੇ, ਬੈਨਰ ਅਤੇ ਮੰਗਾਂ ਦੀਆਂ ਤਖਤੀਆਂ ਲੈ ਕੇ ਪੰਜਾਬ ਸਰਕਾਰ ਦੇ ਵਿਰੋਧ ਵਿੱਚ ਰੋਸ ਮਾਰਚ ਵੀ ਕੀਤਾ। ਦੋ ਘੰਟੇ ਤੱਕ ਬੱਸ ਸਟੈਂਡ ਮੁਕੰਮਲ ਤੌਰ 'ਤੇ ਬੰਦ ਰਿਹਾ। ਅੱਜ ਦੇ ਇਸ ਰੋਸ ਮੁਜ਼ਾਹਰੇ ਅਤੇ ਰੋਸ ਮਾਰਚ ਦੀ ਅਗਵਾਈ ਸਰਵਸ੍ਰੀ ਨਿਰਮਲ ਸਿੰਘ ਧਾਲੀਵਾਲ ਕਨਵੀਨਰ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਜੀਤ ਸਿੰਘ ਖਟੜਾ, ਗੁਰਬਖਸ਼ਾ ਰਾਮ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਕਰ ਰਹੇ ਸਨ। ਮੁਜ਼ਾਹਰਾਕਾਰੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਜਦੋਂ ਦੀ ਭਗਵੰਤ ਮਾਨ ਦੀ ਸਰਕਾਰ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਕਦੇ ਵੀ ਤਨਖਾਹ ਅਤੇ ਪੈਨਸ਼ਨ ਸਮੇਂ ਸਿਰ ਨਹੀਂ ਮਿਲੀ, ਜਦ ਕਿ ਪੰਜਾਬ ਸਰਕਾਰ ਤੋਂ ਮੁਫਤ ਸਫਰ ਸਹੂਲਤਾਂ ਬਦਲੇ ਪੀ.ਆਰ.ਟੀ.ਸੀ. ਨੇ 300 ਕਰੋੜ ਰੁਪਏ ਤੋਂ ਵੱਧ ਦੀ ਰਕਮ ਲੈਣੀ ਹੈ, ਪਰ ਇਸ ਸਰਕਾਰ ਦਾ ਮੁਲਾਜ਼ਮ-ਮਜ਼ਦੂਰ ਵਿਰੋਧੀ ਰਵੱਈਆ ਪੀ.ਆਰ.ਟੀ.ਸੀ. ਦੇ ਵਰਕਰਾਂ ਦੀਆਂ

● ਬਾਕੀ ਸਫ਼ਾ 2 'ਤੇ

# ਸਰਾਰੀ ਮੁੱਦੇ 'ਤੇ ਵਿਧਾਨ ਸਭਾ 'ਚ ਮੁੜ ਹੰਗਾਮਾ

## ਕਾਂਗਰਸੀ ਵਿਧਾਇਕ ਖੁਦ ਤਾਂ ਨਕਲੀ ਮੁੱਖ ਮੰਤਰੀ ਨਾਲ ਕੰਮ ਕਰਦੇ ਰਹੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਕਾਂਗਰਸੀ ਵਿਧਾਇਕਾਂ ਵੱਲੋਂ ਪੰਜਾਬ ਅਸੰਬਲੀ 'ਚ ਸ਼ੁੱਕਰਵਾਰ ਲਗਾਤਾਰ ਦੂਜੇ ਦਿਨ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਨੂੰ ਅਹੁਦੇ ਤੋਂ ਹਟਾਉਣ ਅਤੇ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਕਾਫੀ ਹੰਗਾਮਾ ਕੀਤਾ ਗਿਆ। ਕਾਂਗਰਸੀ ਵਿਧਾਇਕਾਂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਇਸ ਸੰਬੰਧੀ ਜਵਾਬ ਦੇਣ ਪਰ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਦੀ ਇਕ ਨਾ ਸੁਣੀ। ਕਾਂਗਰਸੀਆਂ ਨੇ ਸਪੀਕਰ ਦੀ ਕੁਰਸੀ ਸਾਹਮਣੇ ਆ ਕੇ 'ਆਪ' ਸਰਕਾਰ ਖਿਲਾਫ ਨਾਅਰੇਬਾਜ਼ੀ ਵੀ ਕੀਤੀ।

ਇਸ ਰੌਲੇ ਵਿਚਾਲੇ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ (ਸੋਧ) ਬਿੱਲ 2022, ਪੰਜਾਬ ਪੇਂਡੂ ਸਾਂਝੀ ਜ਼ਮੀਨ (ਰੈਗੂਲੇਸ਼ਨ) ਸੋਧ ਬਿੱਲ 2022 ਅਤੇ ਪੰਜਾਬ ਵਸਤਾਂ ਤੇ ਸੇਵਾਵਾਂ ਕਰ (ਸੋਧ) ਬਿੱਲ 2022 ਪਾਸ ਕਰ ਦਿੱਤੇ ਗਏ।



ਸੈਸ਼ਨ ਦੇ ਤੀਜੇ ਦਿਨ ਜਿਵੇਂ ਹੀ ਮੁੱਖ ਮੰਤਰੀ ਭਗਵੰਤ ਮਾਨ ਸਦਨ 'ਚ ਆਏ, ਤਾਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ

● ਬਾਕੀ ਸਫ਼ਾ 2 'ਤੇ

## ਵਿਜੀਲੈਂਸ ਕਮਿਸ਼ਨ ਭੰਗ ਕਰਨ ਵਾਲਾ ਬਿੱਲ ਪਾਸ

**ਚੰਡੀਗੜ੍ਹ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ (ਰੱਦ) ਬਿੱਲ-2022 ਸਦਨ ਵਿਚ ਪੇਸ਼ ਕੀਤਾ, ਜਿਸ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ।

ਪ੍ਰਸਤਾਵ ਪੇਸ਼ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਦਾ ਮੁੱਖ ਕਾਰਜ ਭ੍ਰਿਸ਼ਟਾਚਾਰ ਰੋਕੂ ਐਕਟ 1988, ਭ੍ਰਿਸ਼ਟਾਚਾਰ ਰੋਕੂ (ਸੋਧ) ਐਕਟ, 2018 ਤਹਿਤ ਕਿਸੇ ਲੋਕ ਸੇਵਕ ਦੁਆਰਾ ਅਪਰਾਧ ਕਰਨ ਦੇ ਦੋਸ਼ ਲਾਉਣ ਵਾਲੀਆਂ ਸ਼ਿਕਾਇਤਾਂ ਦੀ ਜਾਂਚ ਕਰਨਾ ਜਾਂ ਜਾਂਚ ਕਰਵਾਉਣਾ ਅਤੇ ਵਿਜੀਲੈਂਸ

● ਬਾਕੀ ਸਫ਼ਾ 2 'ਤੇ

## ਕਾਂਗਰਸ ਪਾ ਰਹੀ ਲੋਕ-ਪੱਖੀ ਕੰਮਾਂ 'ਚ ਅੜਿੱਕਾ : ਅਮਨ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਨਵੇਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਸ਼ੁੱਕਰਵਾਰ ਨੂੰ ਸਦਨ ਵਿਚ ਹੰਗਾਮਾ ਕਰ ਕਾਰਵਾਈ ਪ੍ਰਭਾਵਿਤ ਕਰਨ ਲਈ ਵਿਰੋਧੀ ਧਿਰ 'ਤੇ ਵਰ੍ਹਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਭਾਜਪਾ ਨਾਲ ਮਿਲ ਕੇ ਪੰਜਾਬ ਵਿੱਚ ਉਨ੍ਹਾਂ ਦੇ ਨਾਪਾਕ ਏਜੰਡੇ ਨੂੰ ਲਾਗੂ ਕਰਨ ਲਈ ਕੰਮ ਰਹੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੇ ਵਿਧਾਨ ਸਭਾ ਵਿੱਚ ਹੰਗਾਮਾ ਕਰਕੇ ਪੰਜਾਬੀਆਂ ਨਾਲ ਧੋਖਾ ਕੀਤਾ ਹੈ। ਸਦਨ 'ਚ ਦੁਪਹਿਰ 3.30 ਵਜੇ ਤੱਕ ਕੰਮਕਾਜ ਚੱਲਣਾ ਸੀ, ਪਰ ਕਾਂਗਰਸ ਸੈਸ਼ਨ ਵਿਚ ਕੋਈ ਮੁੱਦਾ ਉਠਾਉਣ 'ਚ ਅਸਫਲ ਰਹੀ ਅਤੇ ਉਨ੍ਹਾਂ ਨੇ ਬੇਲੋੜੇ ਹੰਗਾਮੇ ਨੂੰ ਤਰਜੀਹ ਦਿੱਤੀ। ਇਹ ਉਨ੍ਹਾਂ ਦੀ ਲੋਕਾਂ ਦੇ ਮੁੱਦਿਆਂ ਪ੍ਰਤੀ ਗੈਰ-ਸੰਜੀਦਗੀ ਨੂੰ ਦਰਸਾਉਂਦਾ ਹੈ। ਉਨ੍ਹਾਂ ਦੇ ਆਪਣੇ ਸੌੜੇ ਨਿੱਜੀ ਹਿੱਤਾਂ ਦੇ ਮੱਦੇਨਜ਼ਰ ਉਹ 'ਆਪ' ਨੂੰ ਲੋਕ-ਪੱਖੀ ਕੰਮ ਕਰਨ ਤੋਂ ਰੋਕਣਾ ਚਾਹੁੰਦੇ ਹਨ। ਵਿਰੋਧੀ ਧਿਰ ਦੀ ਮੰਗ ਅਨੁਸਾਰ ਸੈਸ਼ਨ ਇੱਕ ਤੋਂ ਵਧਾ ਕੇ ਚਾਰ ਦਿਨ ਦਾ ਕੀਤਾ ਗਿਆ ਸੀ, ਪਰ ਵਿਰੋਧੀ ਧਿਰ ਨੇ ਇਸ ਸਮੇਂ ਦੀ ਲੋਕ-ਹਿੱਤ ਲਈ ਕੋਈ ਸਾਰਥਿਕ ਵਰਤੋਂ ਨਹੀਂ ਕੀਤੀ। ਵਿਰੋਧੀ ਧਿਰ

● ਬਾਕੀ ਸਫ਼ਾ 2 'ਤੇ

## ਨਵੇਂ ਸੀ ਡੀ ਐੱਸ ਨੇ ਸੰਭਾਲਿਆ ਅਹੁਦਾ

**ਨਵੀਂ ਦਿੱਲੀ :** ਰਿਟਾਇਰਡ ਲੈਫਟੀਨੈਂਟ ਜਨਰਲ ਅਨਿਲ ਚੌਹਾਨ ਨੇ ਸ਼ੁੱਕਰਵਾਰ ਭਾਰਤ ਦੇ ਦੂਜੇ ਚੀਫ ਆਫ ਡਿਫੈਂਸ ਸਟਾਫ (ਸੀ ਡੀ ਐੱਸ) ਦਾ ਅਹੁਦਾ ਸੰਭਾਲ ਲਿਆ। ਇਸ ਦੌਰਾਨ ਉਨ੍ਹਾ ਕਿਹਾ-ਭਾਰਤੀ ਹਥਿਆਰਬੰਦ ਬਲਾਂ 'ਚ ਸਭ ਤੋਂ ਉੱਚੇ ਰੈਂਕ ਦੀ ਜ਼ਿੰਮੇਵਾਰੀ ਸੰਭਾਲਣ 'ਤੇ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ। ਮੈਂ ਸੈਨਾ ਦੇ ਤਿੰਨੋਂ ਅੰਗਾਂ ਦੀਆਂ ਆਸਾਂ 'ਤੇ ਖਰਾ ਉਤਰਨ ਅਤੇ ਸਾਰਿਆਂ ਨੂੰ ਨਾਲ ਲੈ ਕੇ ਹਰ ਤਰ੍ਹਾਂ ਦੀਆਂ ਚੁਣੌਤੀਆਂ ਨਾਲ ਨਿਪਟਣ ਦੀ ਕੋਸ਼ਿਸ਼ ਕਰਾਂਗਾ।

ਅਹੁਦਾ ਸੰਭਾਲਣ ਤੋਂ ਪਹਿਲਾਂ ਉਨ੍ਹਾ ਇੰਡੀਆ ਗੇਟ 'ਤੇ ਕੌਮੀ ਜੰਗੀ ਯਾਦਗਾਰ 'ਤੇ ਦੇਸ਼ ਲਈ ਬਲੀਦਾਨ ਦੇਣ ਵਾਲੇ ਸੈਨਿਕਾਂ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨਾਲ ਉਨ੍ਹਾ ਦੀ ਪਤਨੀ ਅਨੁਪਮਾ ਅਤੇ ਪਿਤਾ ਸੁਰਿੰਦਰ ਸਿੰਘ ਚੌਹਾਨ ਵੀ ਮੌਜੂਦ ਸਨ। ਜਨਰਲ ਚੌਹਾਨ ਨੂੰ ਰਾਇਸੀਨਾ ਹਿੱਲਸ ਵਿਖੇ ਸਾਊਥ ਬਲਾਕ ਦੇ ਲਾਅਨ 'ਚ ਤਿੰਨੋਂ ਸੈਨਾਵਾਂ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ। ਇਸ ਮੌਕੇ ਥਲ ਸੈਨਾ ਦੇ ਮੁਖੀ ਜਨਰਲ ਮਨੋਜ ਪਾਂਡੇ, ਹਵਾਈ ਫੌਜ ਦੇ ਮੁਖੀ ਏਅਰ ਚੀਫ ਮਾਰਸ਼ਲ ਵਿਵੇਕ ਰਾਮ ਚੌਧਰੀ ਅਤੇ ਜਲ ਸੈਨਾ ਦੇ ਉਪ ਮੁਖੀ ਵਾਈਸ ਐਡਮਿਰਲ ਐੱਸ ਐੱਨ ਘੋਰਮਾੜੇ ਵੀ ਮੌਜੂਦ ਸਨ। ਉੱਧਰ, ਅਹੁਦਾ ਸੰਭਾਲਣ ਤੋਂ ਬਾਅਦ ਜਨਰਲ ਚੌਹਾਨ ਨੇ ਰੱਖਿਆ ਮੰਤਰੀ ਰਾਜਨਾਥ ਸਿੰਘ ਨਾਲ ਵੀ ਮੀਟਿੰਗ ਕੀਤੀ।

# ਪ੍ਰਧਾਨਗੀ ਚੋਣ 'ਚ ਖੜਗੇ ਬਨਾਮ ਥਰੂਰ



**ਨਵੀਂ ਦਿੱਲੀ :** ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਦੀ ਚੋਣ 'ਚ ਸੀਨੀਅਰ ਕਾਂਗਰਸੀ ਆਗੂ ਮੱਲਿਕਾਰਜੁਨ ਖੜਗੇ (80) ਅਤੇ ਸ਼ਸ਼ੀ ਥਰੂਰ ਵਿਚਾਲੇ ਮੁਕਾਬਲਾ ਹੋਵੇਗਾ। ਦੋਹਾਂ ਆਗੂਆਂ ਨੇ ਸ਼ੁੱਕਰਵਾਰ ਨਾਮਜ਼ਦਗੀਆਂ ਦੇ ਆਖਰੀ ਦਿਨ ਨਾਮਜ਼ਦਗੀ ਕਾਗਜ਼ ਦਾਖਲ ਕੀਤੇ।

ਖੜਗੇ ਦੇ ਪ੍ਰਸਤਾਵਕਾਂ 'ਚ ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ, ਮੱਧ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਦਿਗਵਿਜੈ ਸਿੰਘ ਅਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਸ਼ਾਮਲ ਸਨ। ਨਾਮਜ਼ਦਗੀ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਦੌਰਾਨ ਖੜਗੇ ਨੇ ਕਿਹਾ-ਮੈਂ ਬਦਲਾਅ ਲਈ ਪ੍ਰਧਾਨਗੀ ਦੀ ਚੋਣ ਲੜ ਰਿਹਾ ਹਾਂ। ਮੈਂ ਸਾਰਿਆਂ ਨੂੰ ਸਮਰਥਨ ਦੇਣ ਦੀ ਅਪੀਲ ਕਰਦਾ ਹਾਂ।

ਸੰਭਾਵਨਾ ਹੈ ਕਿ ਉਨ੍ਹਾ ਦੇ ਨਾਂਅ 'ਤੇ ਪਾਰਟੀ ਆਗੂਆਂ 'ਚ ਸਹਿਮਤੀ ਬਣ ਸਕਦੀ ਹੈ, ਕਿਉਂਕਿ ਉਨ੍ਹਾ ਨੂੰ ਪਾਰਟੀ ਦੇ ਨਾਰਾਜ਼ ਆਗੂਆਂ ਦੇ ਬਣੇ ਜੀ-23 ਗਰੁੱਪ ਸਣੇ ਸਾਰੇ ਸੀਨੀਅਰ ਆਗੂਆਂ ਦਾ ਸਮਰਥਨ ਪ੍ਰਾਪਤ ਹੈ ਅਤੇ ਉਹ ਗਾਂਧੀ ਪਰਵਾਰ ਦੇ ਵਫਾਦਾਰਾਂ 'ਚ ਸ਼ਾਮਲ ਹਨ।



ਇਸ ਤੋਂ ਪਹਿਲਾਂ ਦਿਗਵਿਜੈ ਸਿੰਘ ਨੇ ਪ੍ਰਧਾਨ ਦੀ ਚੋਣ ਲੜਨ ਤੋਂ ਨਾਂਹ ਕਰਦਿਆਂ ਖੜਗੇ ਦੀ ਨਾਮਜ਼ਦਗੀ 'ਚ ਪ੍ਰਸਤਾਵਕ ਬਣਨ ਦਾ ਐਲਾਨ ਕੀਤਾ ਸੀ। ਸੀਨੀਅਰ ਕਾਂਗਰਸੀ ਆਗੂਆਂ ਨੇ ਸਵੇਰੇ ਖੜਗੇ ਨਾਲ ਮੁਲਾਕਾਤ ਕਰਕੇ ਉਨ੍ਹਾ ਨੂੰ ਚੋਣ ਲੜਨ ਦੀ ਬੇਨਤੀ ਕੀਤੀ ਤੇ ਖੜਗੇ ਨੇ ਹਾਮੀ ਭਰ ਦਿੱਤੀ।

## ਕੇਜਰੀਵਾਲ ਨੂੰ ਡਿਨਰ 'ਤੇ ਸੱਦਣ ਵਾਲਾ ਮੋਦੀ ਦਾ ਦੀਵਾਨਾ ਨਿਕਲਿਆ!



**ਅਹਿਮਦਾਬਾਦ :** ਜਿਸ ਆਟੋ ਰਿਕਸ਼ਾ ਡਰਾਈਵਰ ਵਿਕਰਮ ਦਨਤਾਨੀ ਨੇ ਹਾਲ ਹੀ ਵਿਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਆਪਣੇ ਘਰ ਡਿਨਰ ਕਰਵਾਇਆ ਸੀ, ਨੇ ਸ਼ੁੱਕਰਵਾਰ ਕਿਹਾ ਕਿ ਉਹ ਤਾਂ ਪ੍ਰਧਾਨ ਮੰਤਰੀ ਦਾ ਬਿੱਗ ਫੈਨ ਹੈ। ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਮੀਟਿੰਗ ਵਿਚ ਕੇਸਰੀ ਪਟਕਾ ਬੰਨ੍ਹੀ ਨਜ਼ਰ ਆਇਆ। ਜਦੋਂ ਪੱਤਰਕਾਰਾਂ ਨੇ ਉਸ ਨਾਲ ਗੱਲ ਕੀਤੀ ਤਾਂ ਉਸਨੇ ਕਿਹਾ ਕਿ ਉਹ ਭਾਜਪਾ ਨੂੰ ਵੋਟ ਦੇਵੇਗਾ। ਉਸਨੇ ਆਮ ਆਦਮੀ ਪਾਰਟੀ ਨਾਲ ਯਾਰੀ ਦਾ ਖੰਡਨ ਕੀਤਾ ਤੇ ਕੇਜਰੀਵਾਲ ਨੂੰ ਪਸੰਦ ਕਰਨ ਦੇ ਬਿਆਨ ਤੋਂ ਵੀ ਮੁੱਕਰ ਗਿਆ। ਦਨਤਾਨੀ ਨੇ ਕਿਹਾ ਕਿ ਉਸਨੇ ਕੇਜਰੀਵਾਲ ਨੂੰ ਆਪਣੀ ਮਰਜ਼ੀ ਨਾਲ ਡਿਨਰ 'ਤੇ ਨਹੀਂ ਸੱਦਿਆ ਸੀ। ਆਟੋ ਰਿਕਸ਼ਾ ਯੂਨੀਅਨ ਦੇ ਕਹੇ ਸੱਦਿਆ ਸੀ। ਕੇਜਰੀਵਾਲ ਨੇ ਮੁੱਖ ਮੰਤਰੀ ਦੇ ਸਕਿਉਰਟੀ ਪ੍ਰੋਟੋਕੋਲ ਦੀ ਪਰਵਾਹ ਕੀਤੇ ਬਿਨਾਂ ਦਨਤਾਨੀ ਦੇ ਘਰ 12 ਸਤੰਬਰ ਨੂੰ ਡਿਨਰ ਕੀਤਾ ਸੀ। ਉਦੋਂ ਦਨਤਾਨੀ ਨੇ ਕਿਹਾ ਸੀ ਕਿ ਉਸਨੇ ਕਿਸੇ ਦੇ ਕਹਿਣ 'ਤੇ ਕੇਜਰੀਵਾਲ ਨੂੰ ਘਰ ਨਹੀਂ ਸੱਦਿਆ, ਮੋਹ ਨਾਲ ਸੱਦਿਆ, ਕਿਉਂਕਿ ਉਸਨੇ ਪੰਜਾਬ ਦੇ ਇਕ ਆਟੋ ਡਰਾਈਵਰ ਵੱਲੋਂ ਕੇਜਰੀਵਾਲ ਨੂੰ ਡਿਨਰ ਲਈ ਸੱਦਦੇ ਦੀ ਵੀਡੀਓ ਦੇਖੀ ਸੀ।

## ਹਵਾ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਕੇਜਰੀਵਾਲ ਦੀ 15 ਨੁਕਾਤੀ ਯੋਜਨਾ

**ਨਵੀਂ ਦਿੱਲੀ :** ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੌਮੀ ਰਾਜਧਾਨੀ ਦਿੱਲੀ 'ਚ ਹਵਾ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਸ਼ੁੱਕਰਵਾਰ 15 ਨੁਕਾਤੀ ਸਰਦ ਰੁੱਤ ਕਾਰਜ ਯੋਜਨਾ ਦਾ ਐਲਾਨ ਕੀਤਾ, ਜਿਸ 'ਚ ਕੂੜਾ ਸਾੜਨ, ਧੂੜ ਅਤੇ ਵਾਹਨਾਂ 'ਚੋਂ ਹੋਣ ਵਾਲੇ ਨਿਕਾਸ ਨੂੰ ਰੋਕਣ ਲਈ ਟੀਮਾਂ ਗਠਤ ਕਰਨਾ ਸ਼ਾਮਲ ਹੈ। ਕੇਜਰੀਵਾਲ ਨੇ ਕਿਹਾ ਕਿ ਸਰਕਾਰ ਵੱਲੋਂ 2020 'ਚ ਇਲੈਕਟ੍ਰਾਨਿਕ ਵਾਹਨ ਨੀਤੀ ਲਿਆਏ ਜਾਣ ਅਤੇ 24 ਘੰਟੇ ਬਿਜਲੀ ਸਪਲਾਈ ਕਰਨ ਸਣੇ ਹੋਰ ਕਦਮ ਉਠਾਏ ਜਾਣ ਨਾਲ ਪਿਛਲੇ ਚਾਰ ਸਾਲਾਂ 'ਚ ਹਵਾ ਪ੍ਰਦੂਸ਼ਣ ਦੇ ਪੱਧਰ 'ਚ 18.6 ਫੀਸਦ ਦੀ ਕਮੀ ਆਈ ਹੈ। ਉਨ੍ਹਾ ਐੱਨ ਸੀ ਆਰ ਦੇ ਸ਼ਹਿਰਾਂ, ਕੇਂਦਰ ਤੇ ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਸਣੇ ਵੱਖ-ਵੱਖ ਧਿਰਾਂ ਵਿਚਾਲੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਗੁਆਂਢੀ ਸੂਬਿਆਂ 'ਚ ਸਨਅਤਾਂ ਵੱਲੋਂ ਪਾਈਪ ਨਾਲ ਕੁਦਰਤੀ ਗੈਸ ਦਾ ਇਸਤੇਮਾਲ ਕਰਨ, ਇੱਟਾਂ ਦੇ ਭੱਠਿਆਂ ਵਿਖੇ ਜ਼ਿਗ-ਜ਼ੈਗ ਤਕਨੀਕ ਦਾ ਇਸਤੇਮਾਲ ਕਰਨ, ਜੈਨਰੇਟਰਾਂ 'ਤੇ ਪਾਬੰਦੀ ਅਤੇ 24 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਉਣ ਦੀ ਅਪੀਲ ਕੀਤੀ ਹੈ। ਉਨ੍ਹਾ ਕਿਹਾ ਕਿ ਸਰਕਾਰ ਇਸ ਸਾਲ ਕਰੀਬ 5000 ਏਕੜ ਜ਼ਮੀਨ 'ਤੇ ਪਰਾਲੀ ਦੇ ਨਿਪਟਾਰੇ ਲਈ ਪੂਸਾ ਬਾਇਓ-ਡੀਕੰਪੋਜ਼ਰ ਦਾ ਛਿੜਕਾਅ ਕਰਵਾਏਗੀ।

## ਐੱਚ-1ਬੀ ਵੀਜ਼ੇ 'ਤੇ ਮੋਹਰ ਲਾਉਣ ਦੀ ਸਿਫ਼ਾਰਸ਼

**ਵਾਸ਼ਿੰਗਟਨ :** ਏਸ਼ੀਆਈ ਅਮਰੀਕੀ ਤੇ ਪ੍ਰਸ਼ਾਂਤ ਦੀਪ ਵਾਸੀਆਂ 'ਤੇ ਰਾਸ਼ਟਰਪਤੀ ਦੇ ਇਕ ਕਮਿਸ਼ਨ ਨੇ ਅਮਰੀਕਾ 'ਚ ਐੱਚ-1ਬੀ ਵੀਜ਼ਾ 'ਤੇ ਮੋਹਰ ਲਾਉਣ ਦੀ ਸਿਫਾਰਸ਼ ਸਰਬਸੰਮਤੀ ਨਾਲ ਮਨਜ਼ੂਰ ਕਰ ਦਿੱਤੀ ਹੈ। ਜੇ ਰਾਸ਼ਟਰਪਤੀ ਜੋਅ ਬਾਇਡਨ ਇਸ ਨੂੰ ਮਨਜ਼ੂਰ ਕਰਦੇ ਹਨ ਤਾਂ ਇਸ ਨਾਲ ਹਜ਼ਾਰਾਂ ਪੇਸ਼ੇਵਰਾਂ, ਖਾਸ ਤੌਰ 'ਤੇ ਭਾਰਤੀਆਂ ਨੂੰ ਵੱਡੀ ਰਾਹਤ ਮਿਲੇਗੀ। ਐੱਚ-1ਬੀ ਵੀਜ਼ਾ ਗੈਰ-ਪਰਵਾਸੀ ਵੀਜ਼ਾ ਹੈ, ਜਿਸ ਨਾਲ ਅਮਰੀਕੀ ਕੰਪਨੀਆਂ ਨੂੰ ਖਾਸ ਵਿਸ਼ੇਸ਼ਤਾ ਵਾਲੇ ਪੇਸ਼ਿਆਂ 'ਚ ਵਿਦੇਸ਼ੀ ਕਾਮਿਆਂ ਨੂੰ ਭਰਤੀ ਕਰਨ ਦੀ ਇਜਾਜ਼ਤ ਮਿਲਦੀ ਹੈ। ਤਕਨਾਲੋਜੀ ਕੰਪਨੀਆਂ ਭਾਰਤ ਤੇ ਚੀਨ ਵਰਗੇ ਦੇਸ਼ਾਂ ਤੋਂ ਹਰ ਸਾਲ ਹਜ਼ਾਰਾਂ ਕਾਮਿਆਂ ਨੂੰ ਭਰਤੀ ਕਰਨ ਲਈ ਇਸ 'ਤੇ ਨਿਰਭਰ ਰਹਿੰਦੀਆਂ ਹਨ। ਮੌਜੂਦਾ ਪ੍ਰਕਿਰਿਆ ਤਹਿਤ ਕਿਸੇ ਵਿਅਕਤੀ ਨੂੰ ਅਮਰੀਕੀ ਕੰਪਨੀ 'ਚ ਨੌਕਰੀ ਕਰਨ ਲਈ ਆਪਣੇ ਦੇਸ਼ 'ਚ ਅਮਰੀਕੀ ਦੂਤਾਵਾਸ ਜਾਂ ਕੌਂਸਲੇਟ 'ਚ ਵੀਜ਼ੇ 'ਤੇ ਮੋਹਰ ਲਗਵਾਉਣ ਲਈ ਅਰਜ਼ੀ ਦੇਣ ਦੀ ਲੋੜ ਹੁੰਦੀ ਹੈ। ਏਸ਼ੀਆਈ ਅਮਰੀਕੀ, ਹਵਾਈ ਮੂਲ ਦੇ ਲੋਕਾਂ ਅਤੇ ਪ੍ਰਸ਼ਾਂਤ ਦੀਪ ਵਾਸੀਆਂ 'ਤੇ ਰਾਸ਼ਟਰਪਤੀ ਦੇ ਸਲਾਹਕਾਰ ਕਮਿਸ਼ਨ ਨੇ ਬੀਤੇ ਦਿਨ ਹੋਈ ਇਕ ਮੀਟਿੰਗ 'ਚ ਇਹ ਫੈਸਲਾ ਲਿਆ।

## ਜਾਮੀਆ ਦੇ ਵਿਦਿਆਰਥੀਆਂ ਵਿਚਾਲੇ ਖ਼ੂਨੀ ਲੜਾਈ

**ਨਵੀਂ ਦਿੱਲੀ :** ਦਿੱਲੀ ਦੇ ਹੋਲੀ ਫੈਮਲੀ ਹਸਪਤਾਲ 'ਚ ਜਾਮੀਆ ਮਿਲੀਆ ਇਸਲਾਮੀਆ ਦੇ ਇਕ ਵਿਦਿਆਰਥੀ ਨੂੰ ਇਕ ਹੋਰ ਵਿਦਿਆਰਥੀ ਨੇ ਗੋਲੀ ਮਾਰ ਦਿੱਤੀ। ਪੁਲਸ ਨੇ ਇਸ ਸੰਬੰਧੀ ਐੱਫ ਆਈ ਆਰ ਦਰਜ ਕਰ ਲਈ ਹੈ। ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਵੀਰਵਾਰ ਰਾਤ ਜਾਮੀਆ ਮਿਲੀਆ ਇਸਲਾਮੀਆ ਯੂਨੀਵਰਸਿਟੀ ਦੀ ਲਾਇਬ੍ਰੇਰੀ 'ਚ ਵਿਦਿਆਰਥੀਆਂ ਵਿਚਾਲੇ ਝਗੜੇ ਦੀ ਸੂਚਨਾ ਮਿਲੀ ਸੀ। ਪੁੱਛਗਿਛ ਦੌਰਾਨ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਕਾਂਗਰਸ ਵਾਲਿਆਂ ਆਪਣੀ ਗੱਲ ਆਖੀ,
ਕਿਹਾ ਸਰਕਾਰ ਸੀ ਆਪਣਾ ਪੱਖ ਬੇਲੀ।
ਵਿਰੋਧੀ ਧਿਰ ਜਦ ਮਾਰਦੀ ਪਈ ਨਾਅਰੇ,
ਸੁਣਦੀ ਬਾਤ ਨਹੀਂ ਕਿਸੇ ਨੂੰ ਕੱਖ ਬੇਲੀ।
ਬਿਨਾਂ ਬਹਿਸ ਤੋਂ ਬਿੱਲ ਗਏ ਪਾਸ ਹੁੰਦੇ,
ਜਿੰਨੇ ਵੀ ਰਹੀ ਸਰਕਾਰ ਸੀ ਰੱਖ ਬੇਲੀ।
ਨਹੀਂ ਸਕੀਮ, ਨਾ ਖਰਚ ਦੀ ਸਮਝ ਪੈਂਦੀ,
ਦੱਸਿਆ ਕਰੋੜ ਜਾ ਕਿਹਾ ਸੀ ਲੱਖ ਬੇਲੀ।
ਕਰਿਆ ਕਿਸੇ ਵੀ ਕੋਈ ਸਵਾਲ ਹੈ ਨਹੀਂ,
ਮੰਗਿਆ ਕਿਸੇ ਨਹੀਂ ਖਾਸ ਜਵਾਬ ਬੇਲੀ।
ਚੰਡੀਗੜ੍ਹ ਵਿੱਚ ਚੱਲ ਰਿਹਾ ਨਵਾਂ ਨਾਟਕ,
ਬਿਟ ਬਿਟ ਝਾਕਦਾ ਪਿਆ ਪੰਜਾਬ ਬੇਲੀ।

*-ਤੀਸ ਮਾਰ ਖਾਂ*

## ਪ.ਸ.ਸ.ਫ. ਦੇ ਗਿਆਰ੍ਹਵੇਂ ਸੂਬਾ ਅਜਲਾਸ ਦੀਆਂ ਤਿਆਰੀਆਂ ਮੁਕੰਮਲ : ਬਾਸੀ



**ਜਲੰਧਰ :** ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ 2-3 ਅਕਤੂਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਹੇ ਗਿਆਰ੍ਹਵੇਂ ਸੂਬਾ ਅਜਲਾਸ ਦੇ ਹੁਣ ਤੱਕ ਹੋਏ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਪ.ਸ.ਸ.ਫ. ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ.ਸ.ਸ.ਫ. ਦੇ ਸੂਬਾ ਜਨਰਲ ਸਕੱਤਰ ਅਤੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਪ.ਸ.ਸ.ਫ. ਦੇ 2-3 ਅਕਤੂਬਰ ਨੂੰ ਹੋ ਰਹੇ ਗਿਆਰ੍ਹਵੇਂ ਸੂਬਾ ਅਜਲਾਸ ਨੂੰ ਸਫਲਤਾ-ਪੂਰਵਕ ਨੇਪਰੇ ਚਾੜ੍ਹਨ ਲਈ ਵੱਖ-ਵੱਖ ਗਠਿਤ ਕੀਤੀਆਂ ਗਈਆਂ ਕਮੇਟੀਆਂ ਨੇ ਆਪਣੇ-ਆਪਣੇ ਜ਼ਿੰਮੇ ਲੱਗੀ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਹਰ ਪ੍ਰਕਾਰ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ ਤਾਂ ਜੋ ਸਮੁੱਚੇ ਪੰਜਾਬ ਵਿੱਚੋਂ ਸ਼ਾਮਲ ਹੋਣ ਵਾਲੇ ਡੈਲੀਗੇਟਾਂ ਨੂੰ ਕੋਈ ਵੀ ਮੁਸ਼ਕਲ ਨਾ ਆਵੇ।

ਸਾਥੀ ਬਾਸੀ ਨੇ ਦੱਸਿਆ ਕਿ ਹੁਣ ਤੱਕ ਹੋਈ ਮੈਂਬਰਸ਼ਿਪ ਦੇ ਆਧਾਰ 'ਤੇ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਦੀਆਂ ਜਥੇਬੰਦਕ ਚੋਣਾਂ ਹੋ ਚੁੱਕੀਆਂ ਹਨ ਅਤੇ ਮੈਂਬਰਸ਼ਿਪ ਦੇ ਆਧਾਰ 'ਤੇ ਵੱਖ-ਵੱਖ ਜ਼ਿਲ੍ਹਿਆਂ ਨੂੰ ਡੈਲੀਗੇਟਾਂ ਦੀ ਵੰਡ ਕਰ ਦਿੱਤੀ ਗਈ ਹੈ। ਸਾਥੀ ਬਾਸੀ ਨੇ ਦੱਸਿਆ ਕਿ ਪ.ਸ.ਸ.ਫ. ਦੇ ਅਜਲਾਸ ਦਾ ਝੰਡਾ 2 ਅਕਤੂਬਰ ਨੂੰ ਠੀਕ 10 ਵਜੇ ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਲਹਿਰਾਉਣਗੇ। ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਸਾਥੀ ਸੁਭਾਸ਼ ਲਾਂਬਾ ਆਪਣੇ ਇਨਕਲਾਬੀ ਵਿਚਾਰਾਂ ਨਾਲ ਅਜਲਾਸ ਦਾ ਉਦਘਾਟਨ ਕਰਨਗੇ ਅਤੇ ਏ ਆਈ ਐੱਸ ਜੀ ਈ ਐੱਫ ਦੇ ਕੇਂਦਰੀ ਵਿੱਤ ਸਕੱਤਰ ਸਾਥੀ ਸ਼ਸ਼ੀ ਕਾਂਤ (ਬਿਹਾਰ) ਬਤੌਰ ਅਬਜ਼ਰਬਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਸਵਾਗਤੀ ਕਮੇਟੀ ਦੇ ਚੇਅਰਮੈਨ ਸਾਥੀ ਕਰਨੈਲ ਸਿੰਘ ਸੰਧੂ ਆਲ ਇੰਡੀਆ ਦੇ ਆਗੂਆਂ, ਸਮੁੱਚੇ ਪੰਜਾਬ ਵਿੱਚੋਂ ਆਏ ਡੈਲੀਗੇਟਾਂ, ਭਰਾਤਰੀ ਸੰਦੇਸ਼ ਦੇਣ ਲਈ ਆਏ ਵੱਖ-ਵੱਖ ਜਥੇਬੰਦੀਆਂ ਦੇ ਸ਼ਾਮਲ ਆਗੂਆਂ ਨੂੰ ਆਪਣੇ ਅਣਮੁੱਲੇ ਸ਼ਬਦਾਂ ਵਿੱਚ ਤਹਿ ਦਿਲੋਂ ਜੀ

● ਬਾਕੀ ਸਫ਼ਾ 2 'ਤੇ

ਤਾਜ਼ੀਆਂ ਖ਼ਬਰਾਂ ਲਈ
ਨਵਾਂ ਜ਼ਮਾਨਾ

ਟੀ ਵੀ
https://www.youtube.com/c/nawanzamanatv
ਨੂੰ ਸਬਸਕਰਾਈਬ ਕਰੋ
ਸਾਡੇ ਵਿਸ਼ੇਸ਼ ਪ੍ਰੋਗਰਾਮ
ਹਰ ਬੁੱਧਵਾਰ ਤੇ ਸ਼ਨੀਵਾਰ
ਕਾਨੂੰਨੀ ਜਾਣਕਾਰੀ
ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਰਾਹੀਂ
ਮੇਲਾ ਗ਼ਦਰੀ ਬਾਬਿਆਂ ਦਾ
ਅਕਤੂਬਰ ਦੇ ਹਰ ਐਤਵਾਰ ਮੁਲਾਕਾਤ।
ਇਸ ਵਾਰ ਦੇ ਮਹਿਮਾਨ
ਗੁਰਮੀਤ
(ਜਨਰਲ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ, ਜਲੰਧਰ)

CMYK




ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਪਿੰਡ ਲਹਿਰਾ ਧੂਰਕੋਟ ਵਿਖੇ ਭਗਤ ਰਵਿਦਾਸ ਜੀ ਪਰਿਵਾਰ ਵੱਲੋਂ ਬੱਸ ਅੱਡੇ 'ਤੇ ਬੂਟੇ ਲਗਾਏ ਗਏ। ਇਸ ਕਾਰਜ ਵਿੱਚ ਬੰਟੀ ਲਹਿਰਾ, ਏਕਮ ਸਿੱਧੂ, ਗੁਰਮੇਲ ਸਿੰਘ, ਕੋਮਲ ਲਹਿਰਾ, ਹਰਵਿੰਦਰ 'ਹੈਰੀ' ਰਮਾਨਵੀਰ, ਭਿੰਦੀ ਲਹਿਰਾ, ਜਸਕਰਨ ਸਿੰਘ, ਰਣਜੀਤ ਸਿੰਘ ਤੇ ਵਿੱਕੀ ਸਿੰਘ ਦਾ ਸਹਿਯੋਗ ਰਿਹਾ। (ਫੋਟੋ ਤੇ ਵੇਰਵਾ : ਭੀਮ ਸੈਨ ਹਦਵਾਰੀਆ, ਲਹਿਰਾ ਮੁਹੱਬਤ)

## ਪਰਾਲੀ ਦੇ ਯੋਗ ਪ੍ਰਬੰਧਨ ਤੇ ਸਾਂਭ-ਸੰਭਾਲ ਲਈ ਕੈਂਪ



**ਜਲਾਲਾਬਾਦ (ਜੀਤ ਕੁਮਾਰ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਬਲਾਕ ਜਲਾਲਾਬਾਦ ਵੱਲੋਂ ਮੁੱਖ ਖੇਤੀਬਾੜੀ ਅਫਸਰ ਡਾ. ਰਾਜਿੰਦਰ ਕੰਬੋਜ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਬਲਾਕ ਖੇਤੀਬਾੜੀ ਅਫਸਰ ਮੈਡਮ ਹਰਪ੍ਰੀਤਪਾਲ ਕੌਰ ਦੀ ਯੋਗ ਅਗਵਾਈ ਹੇਠ ਪਿੰਡ ਖੁੜਜ ਵਿਖੇ ਸੀ.ਆਰ.ਐੱਮ. ਸਕੀਮ ਅਧੀਨ ਪਰਾਲੀ ਦੇ ਯੋਗ ਪ੍ਰਬੰਧਨ ਤੇ ਸਾਂਭ-ਸੰਭਾਲ ਲਈ ਕੈਂਪ ਲਾਇਆ ਗਿਆ। ਕੈਂਪ ਦੀ ਸ਼ੁਰੂਆਤ ਡਾ. ਸੰਦੀਪ ਬੱਲ ਖੇਤੀਬਾੜੀ ਅਫਸਰ ਸਰਕਲ ਹਲੀਮਵਾਲਾ ਨੇ ਕੀਤੀ ਤੇ ਸਰਕਾਰ ਵੱਲੋਂ ਪਰਾਲੀ ਦੇ ਪ੍ਰਬੰਧ ਲਈ ਵੱਖ-ਵੱਖ ਤਰ੍ਹਾਂ ਦੀ ਮਸ਼ੀਨਰੀ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪਿੰਡ ਦੇ ਸਰਪੰਚ ਰਵਿੰਦਰ ਸਿੰਘ, ਟੇਕ ਸਿੰਘ ਬਰਾੜ, ਧਰਮਪਾਲ ਗੁਰਜੰਟ ਸਿੰਘ, ਗੋਪੀ ਬਰਾੜ, ਟੀਲੀ ਮਾਨ, ਗੁਰਪ੍ਰੀਤ ਸਰਾ, ਬਲਜਿੰਦਰ ਸਿੱਧੂ, ਰੇਸ਼ਮ ਗਿੱਲ ਤੇ ਅਮਨਦੀਪ ਆਦਿ ਹਾਜ਼ਰ ਸਨ।

## ਪੈਨਸ਼ਨ ਸੁਵਿਧਾ ਕੈਂਪ ਲਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਲੋਕਾਂ ਨੂੰ ਪੈਨਸ਼ਨ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਦੇਣ ਲਈ ਵਿਧਾਇਕ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ ਦੇ ਦਿਸ਼ਾ ਨਿਰਦੇਸ਼ਾਂ ਤੇ ਡਿਪਟੀ ਕਮਿਸ਼ਨਰ ਬਰਨਾਲਾ ਡਾ. ਹਰੀਸ਼ ਨਈਅਰ ਦੀ ਅਗਵਾਈ ਹੇਠ ਪੈਨਸ਼ਨ ਸੁਵਿਧਾ ਕੈਂਪ ਹਲਕਾ ਮਹਿਲ ਕਲਾਂ ਵਿੱਚ ਵੱਖ ਵੱਖ ਸਮੇਂ 'ਤੇ ਲਾਏ ਜਾ ਰਹੇ ਹਨ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਡਾ. ਤੇਆਵਾਸਪ੍ਰੀਤ ਕੌਰ ਨੇ ਦੱਸਿਆ ਕਿ ਬੁੱਧਵਾਰ ਨੂੰ ਪਿੰਡ ਪੰਡੋਰੀ ਵਿੱਚ ਪੈਨਸ਼ਨ ਸੁਵਿਧਾ ਕੈਂਪ ਲਾਇਆ ਗਿਆ। ਇਸ ਕੈਂਪ ਵਿੱਚ ਕੁੱਲ 49 ਫਾਰਮ ਭਰੇ ਗਏ, ਜਿਸ ਵਿੱਚ ਬੁਢਾਪਾ ਪੈਨਸ਼ਨ ਦੇ 46 ਫਾਰਮ ਭਰੇ ਗਏ ਤੇ ਬਾਕੀ ਫਾਰਮ ਹੋਰ ਪੈਨਸ਼ਨਾਂ ਲਈ ਭਰੇ ਗਏ। ਉਨ੍ਹਾ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮਕਸਦ ਬੁਢਾਪਾ ਪੈਨਸ਼ਨ, ਵਿਧਵਾ ਪੈਨਸ਼ਨ, ਨਿਆਸ਼ਰਤ ਔਰਤਾਂ ਨੂੰ ਪੈਨਸ਼ਨ, ਆਸ਼ਰਤ ਬੱਚਿਆਂ ਤੇ ਦਿਵਿਆਂਗਜਨ ਨੂੰ ਪੈਨਸ਼ਨ ਸਕੀਮਾਂ ਦਾ ਲਾਭ ਯੋਗ ਵਿਅਕਤੀਆਂ ਨੂੰ ਦੇਣਾ ਹੈ। ਉਨ੍ਹਾ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਹਰ ਬੁੱਧਵਾਰ ਲੱਗਦੇ ਇਨ੍ਹਾਂ ਕੈਂਪਾਂ ਦਾ ਲਾਭ ਉਠਾਉਣ।



## ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਬੂਟੇ ਲਾਏ



**ਧੂਰੀ (ਸੁਖਦੇਵ ਧੂਰੀ)**-ਵਾਤਾਵਰਨ ਦੀ ਰਾਖੀ ਤੇ ਹੋਰ ਸਮਾਜਿਕ ਕੰਮਾਂ ਵਿੱਚ ਮੋਹਰੀ ਸੰਸਥਾ 'ਮਿੱਤਰ ਮੰਡਲ' ਨੇ ਸਥਾਨਕ ਮਾਲੇਰਕੋਟਲਾ ਬਾਈਪਾਸ ਰੋਡ 'ਤੇ ਬੂਟੇ ਲਾ ਕੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ। ਸੰਸਥਾ ਦੇ ਆਗੂਆਂ ਮਹਾਂਵੀਰ ਗਰਗ, ਪ੍ਰੇਮ ਨਾਥ ਗੋਇਲ (ਰਿਟਾਇਰਡ ਈ.ਓ.) ਤੇ ਸੁਖਦੇਵ ਸ਼ਰਮਾ ਨੇ ਕਿਹਾ ਕਿ ਇਸ ਜਗ੍ਹਾ 'ਤੇ ਫਲਦਾਰ, ਫੁੱਲਦਾਰ ਤੇ ਛਾਂਦਾਰ ਪੌਦੇ ਲਾਏ ਹਨ ਤੇ ਉਨ੍ਹਾਂ ਦੀ ਸੰਭਾਲ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਦੇ ਪ੍ਰਦੂਸ਼ਿਤ ਵਾਤਾਵਰਨ ਵਿੱਚ ਵੱਧ ਤੋਂ ਵੱਧ ਪੌਦੇ ਲਾਉਣੇ ਸਾਡਾ ਸਮਾਜਿਕ ਕਾਰਜ ਬਣਦਾ ਹੈ। ਰੁੱਖ ਜਿੱਥੇ ਕੁਦਰਤ ਦਾ ਸਮਤੋਲ ਰੱਖਦੇ ਹਨ, ਉੱਥੇ ਉਹ ਮਨੁੱਖੀ ਜੀਵਨ ਦਾ ਆਧਾਰ ਵੀ ਬਣਦੇ ਹਨ। ਰੁੱਖ ਆਲੇ ਦੁਆਲੇ ਨੂੰ ਹਰਿਆ ਭਰਿਆ ਬਣਾਉਣ ਦੇ ਨਾਲ ਨਾਲ ਅਨੇਕਾਂ ਰੋਗਾਂ ਤੋਂ ਵੀ ਮੁਕਤੀ ਦਿਵਾਉਂਦੇ ਹਨ। ਅਨੇਕਾਂ ਸਮਾਜ ਸੇਵੀਆਂ ਹੰਸ ਰਾਜ ਗੁਪਤਾ, ਕ੍ਰਿਸ਼ਨ ਕੁਮਾਰ ਕੇ ਕੇ, ਹਰੀ ਚੰਦ ਵਰਮਾ ਆਦਿ ਨੇ ਸੰਸਥਾ ਦੇ ਸਮਾਜ ਪੱਖੀ ਉਪਰਾਲੇ ਦੀ ਸ਼ਲਾਘਾ ਕੀਤੀ ਹੈ।

## ਕਿਸਾਨ ਜਾਗਰੂਕਤਾ ਵੈਨ ਨੂੰ ਐੱਸ ਡੀ ਐੱਮ ਵੱਲੋਂ ਹਰੀ ਝੰਡੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਜ਼ੀਰੋ ਬਰਨਿੰਗ ਦੇ ਟੀਚੇ ਨੂੰ ਪੂਰਾ ਕਰਨ ਲਈ ਖੇਤੀਬਾੜੀ ਵਿਭਾਗ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਉੱਪ ਮੰਡਲ ਮੈਜਿਸਟ੍ਰੇਟ ਮਲੋਟ ਸ੍ਰੀ ਕੰਵਰਜੀਤ ਸਿੰਘ ਮਾਨ ਨੇ ਪਰਾਲੀ ਨਾ ਸਾੜਨ ਸਬੰਧੀ ਕਿਸਾਨ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਹ ਜਾਗਰੂਕਤਾ ਵੈਨ ਬਲਾਕ ਮਲੋਟ ਦੇ 52 ਪਿੰਡਾਂ ਵਿੱਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰੇਗੀ ਤੇ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨ ਜਿਵੇਂ ਮਿੱਟੀ ਦੇ ਵਿੱਚ ਉਪਜਾਊ ਤੱਤਾਂ ਦਾ, ਸੂਖਮ ਜੀਵਾਂ ਦਾ ਨਸ਼ਟ ਹੋਣਾ ਤੇ ਪ੍ਰਦੂਸ਼ਣ ਹੋਣ ਨਾਲ ਸਾਹ ਅਤੇ ਅੱਖਾਂ ਦੀਆਂ ਬਿਮਾਰੀਆਂ ਬਾਰੇ ਸੁਚੇਤ ਕਰੇਗੀ।

## ਪ੍ਰਸਿੱਧ ਗਾਇਕ ਲੱਕੀ ਸ਼ੇਖਾਵਤ ਦੀ ਕੈਸਿਟ ਰਿਲੀਜ਼




**ਜਲਾਲਾਬਾਦ (ਦਹੂਜਾ)**-ਪ੍ਰਸਿੱਧ ਭਜਨ ਗਾਇਕ ਲੱਕੀ ਸ਼ੇਖਾਵਤ ਦੇ ਭਜਨਾਂ ਦੀ ਨਵੀਂ ਕੈਸਿਟ ਬੀਜੇਪੀ ਆਗੂਆਂ ਵੱਲੋਂ ਰਿਲੀਜ਼ ਕੀਤੀ ਗਈ। ਦੇਵੀ ਦੌਰਾ ਰਾਮਲੀਲ੍ਹਾ ਕਮੇਟੀ ਦੇ ਮੰਚ 'ਤੇ ਬੀਜੇਪੀ ਦੇ ਸੂਬਾ ਕਾਰਜਕਾਰੀ ਮੈਂਬਰ ਅਨਿਲ ਵਲੇਚਾ, ਭਾਜਪਾ ਮੰਡਲ ਦੇ ਜਲਾਲਾਬਾਦ ਦੇ ਪ੍ਰਧਾਨ ਐਡਵੋਕੇਟ ਰਾਣਾ ਗੁੰਬਰ ਹਲਕਾ ਜਲਾਲਾਬਾਦ ਇੰਚਾਰਜ ਪੂਰਨ ਚੰਦ ਮੁਜੈਦੀਆ, ਭਾਜਪਾ ਜ਼ਿਲ੍ਹਾ ਫਾਜ਼ਿਲਕਾ ਦੇ ਉੱਪ ਪ੍ਰਧਾਨ ਅਸ਼ੋਕ ਕੁਕਰੇਜਾ, ਜਲਾਲਾਬਾਦ ਯੁਵਾ ਮੋਰਚਾ ਦੇ ਪ੍ਰਧਾਨ ਰਾਜਾ ਪਾਟਿਲ ਵੱਲੋਂ ਲੱਕੀ ਸ਼ੇਖਾਵਤ ਦੀ ਇਹ ਕੈਸਿਟ ਜਾਰੀ ਕੀਤੀ ਗਈ।ਇਸ ਮੌਕੇ ਬੋਲਦਿਆਂ ਭਾਜਪਾ ਆਗੂ ਸ਼ੀਲੂ ਵਲੇਚਾ ਨੇ ਕਿਹਾ ਕਿ ਲੱਕੀ ਸ਼ੇਖਾਵਤ ਸਾਫ਼ ਸੁਥਰੀ ਗਾਇਕੀ ਦਾ ਹਾਮੀ ਹੈ ਤੇ ਹਮੇਸ਼ਾ ਹੀ ਇਸ ਨੂੰ ਚੰਗੀ ਗਾਇਕੀ ਕਰਕੇ ਜਲਾਲਾਬਾਦ ਇਲਾਕੇ ਦੇ ਲੋਕਾਂ ਨੇ ਪਿਆਰ ਦਿੱਤਾ ਹੈ।

## ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਰੋਸ ਪ੍ਰਦਰਸ਼ਨ ਭਲਕੇ



**ਮੱਖੂ (ਰਛਪਾਲ ਸਿੰਘ ਸੰਧੂ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਸ੍ਰੀਮਤੀ ਜੀਵਨ ਸ਼ਰਮਾ ਨੇ ਕਿਹਾ ਕਿ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਆਂਗਣਵਾੜੀ ਦੀਆਂ ਵਰਕਰਾਂ ਤੇ ਹੈਲਪਰਾਂ ਦੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ 2 ਅਕਤੂਬਰ ਨੂੰ ਪੰਜਾਬ ਭਰ ਵਿੱਚ ਬਲਾਕ ਪੱਧਰ 'ਤੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਹਨ ਤੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਹਨ। ਸ੍ਰੀਮਤੀ ਜੀਵਨ ਸ਼ਰਮਾ ਨੇ ਕਿਹਾ ਕਿ ਸਰਕਾਰ ਵੱਲੋਂ ਆਂਗਣਵਾੜੀ ਦੀਆਂ ਦੀਆਂ ਵਰਕਰਾਂ ਤੇ ਹੈਲਪਰਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ ਹੈ, ਜਿਸ ਕਾਰਨ ਮਜਬੂਰਨ ਆਂਗਣਵਾੜੀ ਦੀਆਂ ਵਰਕਰਾਂ ਅਤੇ ਹੈਲਪਰਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜੇ ਸਰਕਾਰ ਵੱਲੋਂ 2 ਅਕਤੂਬਰ ਦੇ ਰੋਸ ਪ੍ਰਦਰਸ਼ਨ ਦੇ ਬਾਵਜੂਦ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਮਾਰਕਫੈੱਡ ਦੇ ਨਵ-ਨਿਯੁਕਤ ਚੇਅਰਮੈਨ ਮੋਹੀ ਨੂੰ ਦਿੱਤੀ ਮੁਬਾਰਕਬਾਦ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਈਸਰ ਸਿੰਘ ਖਰ੍ਹੇ ਨੇ ਮਾਰਕਫੈੱਡ ਦੇ ਨਵ-ਨਿਯੁਕਤ ਚੇਅਰਮੈਨ ਅਮਨਦੀਪ ਸਿੰਘ ਮੋਹੀ ਨੂੰ ਅਹੁਦਾ ਸੰਭਾਲਣ ਉਪਰੰਤ ਮੂੰਹ ਮਿੱਠਾ ਕਰਾਉਂਦੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਬਲਾਕ ਪ੍ਰਧਾਨ ਈਸਰ ਸਿੰਘ ਖਰ੍ਹੇ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਲਏ ਗਏ ਇਸ ਫ਼ੈਸਲੇ ਨਾਲ ਯੂਥ ਵਰਗ ਵਿੱਚ ਭਾਰੀ ਖੁਸ਼ੀ ਤੇ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਹੀ ਇੱਕ ਮਿਹਨਤੀ, ਇਮਾਨਦਾਰ, ਮਿੱਠ ਬੋਲੜੇ ਤੇ ਪਾਰਟੀ ਦੇ ਜੁਝਾਰੂ ਵਰਕਰ ਹਨ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਮੋਹੀ ਨੇ ਬਲਾਕ ਪ੍ਰਧਾਨ ਈਸ਼ਰ ਸਿੰਘ ਖਰ੍ਹੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੈਂ ਪਾਰਟੀ ਹਾਈਕਮਾਂਡ, ਸਮੂਹ ਵਿਧਾਇਕਾਂ, ਪਾਰਟੀ ਦੇ ਸਮੂਹ ਆਗੂਆਂ ਤੇ ਵਰਕਰਾਂ ਦਾ ਹਮੇਸ਼ਾ ਰਿਣੀ ਰਹਾਂਗਾ, ਜਿਨ੍ਹਾਂ ਦੀ ਬਦੌਲਤ ਮੈਂ ਅੱਜ ਇਸ ਮੁਕਾਮ 'ਤੇ ਪੁਚਾਇਆ ਹਾਂ। ਉਨ੍ਹਾਂ ਕਿਹਾ ਕਿ ਮੈਂ ਵਿਭਾਗ ਵਿੱਚੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਸੁਚਾਰੂ ਕਦਮ ਚੁੱਕਾਂਗਾ।

# ਸਿਹਤ ਵਿਭਾਗ ਵੱਲੋਂ ਗੁਰੂ ਨਾਨਕ ਕਾਲਜ ਵਿਖੇ ਖ਼ੂਨਦਾਨ ਕੈਂਪ




ਕੈਂਪ ਦੌਰਾਨ ਖ਼ੂਨ ਦਾਨ ਕਰਦੇ ਖ਼ੂਨਦਾਨੀ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਖ਼ੂਨਦਾਨ ਨੂੰ ਸਮਰਪਤ ਸੰਸਥਾ ਜੈ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਡਾ. ਰੰਜੂ ਸਿੰਗਲਾ ਸਿਵਲ ਸਰਜਨ ਤੇ ਡਾ. ਤੇਜਿੰਦਰ ਕੌਰ ਧਾਲੀਵਾਲ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਦੀ ਯੋਗ ਅਗਵਾਈ ਵਿੱਚ ਗੁਰੂ ਨਾਨਕ ਕਾਲਜ ਵਿਖੇ ਵਿਸ਼ੇਸ਼ ਖ਼ੂਨਦਾਨ ਕੈਂਪ ਲਾਇਆ ਗਿਆ। ਇਸ ਕੈਂਪ ਦਾ ਉਦਘਾਟਨ ਡਾ. ਰੰਜੂ ਸਿੰਗਲਾ ਸਿਵਲ ਸਰਜਨ ਨੇ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਦੀਆਂ ਵੱਖ ਵੱਖ ਸਮਾਜਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਇਹ ਪੰਦਰਵਾੜਾ ਮਨਾਇਆ ਜਾ ਰਿਹਾ ਹੈ, ਜਿਸ ਦੌਰਾਨ ਲੋਕਾਂ ਨੂੰ ਮੀਟਿੰਗਾਂ ਤੇ ਸੈਮੀਨਾਰ ਕਰਕੇ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾ ਜੈ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਦਾ ਇਸ ਪੰਦਰਵਾੜੇ ਦੌਰਾਨ ਕੈਂਪ ਖ਼ੂਨਦਾਨ ਕੈਂਪ ਲਗਾਉਣ ਲਈ ਸਹਿਯੋਗ ਦੇਣ ਲਈ ਵੀ ਧੰਨਵਾਦ ਕੀਤਾ। ਇਸ ਕੈਂਪ ਵਿੱਚ ਗੁਰੂ ਨਾਨਕ ਕਾਲਜ ਦੇ ਵਿਦਿਆਰਥੀਆਂ ਤੇ ਸਟਾਫ ਵੱਲੋਂ ਵਧ ਚੜ੍ਹ ਕੇ ਹਿੱਸਾ ਲਿਆ ਗਿਆ ਤੇ 55 ਯੂਨਿਟ ਖ਼ੂਨ ਦਾਨ ਕੀਤਾ ਗਿਆ। ਇਸ ਮੌਕੇ ਡਾ. ਸ਼ਵੇਤਾ ਗਰਗ ਇੰਚਾਰਜ ਰੈੱਡ ਰੀਬਨ ਕਲੱਬ, ਡਾ. ਮਨਦੀਪ ਕੌਰ ਤੇ ਮਨਦੀਪ ਸਿੰਘ ਇੰਚਾਰਜ ਐੱਨ.ਐੱਸ.ਐੱਸ. ਗੁਰੂ ਨਾਨਕ ਕਾਲਜ, ਸੁਰਿੰਦਰ ਕੌਰ ਇੰਚਾਰਜ ਐੱਨ.ਐੱਸ.ਐੱਸ. ਸਕੂਲ, ਪ੍ਰਵੀਨ ਮਦਾਨ, ਦੁਪਾਂਕਰ, ਨਵੀਨ, ਨਿਤਨ ਕਾਲੜਾ, ਗੌਰਵ ਖੁਰਾਣਾ, ਸੁਖਮੰਦਰ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫਸਰ ਤੇ ਲਾਲ ਚੰਦ ਜ਼ਿਲ੍ਹਾ ਹੈਲਥ ਇੰਸਪੈਕਟਰ ਹਾਜ਼ਰ ਸਨ।

## 28 ਲੱਖ ਗਬਨ ਕਰਨ ਦੇ ਦੋਸ਼ਾਂ ਤਹਿਤ ਸਹਿਕਾਰੀ ਸਭਾ ਦੇ ਸਕੱਤਰ ਵਿਰੁੱਧ ਮਾਮਲਾ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਦੀ ਰਾਣਵਾਂ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਲਿਮਟਿਡ ਰਾਣਵਾਂ ਦੇ ਚਰਚਿਤ ਸਕੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਪਨੈਚਾਂ ਵਿਰੁੱਧ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਅ/ਧ 409, 420, 467, 468, 471 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਹਰਪ੍ਰੀਤ ਕੌਰ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਖਮਾਣੋਂ ਵੱਲੋਂ ਪੁਲਸ ਨੂੰ ਦਿੱਤੀ ਗਈ ਸ਼ਿਕਾਇਤ 'ਚ ਦੋਸ਼ ਲਗਾਏ ਗਏ ਸਨ ਕਿ ਕਥਿਤ ਸਕੱਤਰ ਜਸਵਿੰਦਰ ਸਿੰਘ ਵੱਲੋਂ ਸਹਿਕਾਰੀ ਸਭਾ ਦੇ ਮੈਂਬਰ ਕਿਸਾਨਾਂ ਤੋਂ ਵਸੂਲੀ ਗਈ ਰਕਮ ਦੇ ਪੈਸੇ ਆਪਣੇ ਕੋਲ ਰੱਖ ਕੇ ਤੇ ਯੂਰੀਆ ਖਾਦ ਦਾ ਸਟਾਕ ਸੇਲ ਕਰਕੇ ਉਸ ਦੇ ਚੈੱਕ ਬੈਂਕ 'ਚ ਜਮ੍ਹਾਂ ਨਾ ਕਰਵਾ ਕੇ ਲੱਖਾਂ ਰੁਪਏ ਦਾ ਗਬਨ ਕੀਤਾ ਗਿਆ ਹੈ। ਸੂਤਰਾਂ ਅਨੁਸਾਰ ਇਲਾਵਾ ਸਭਾ ਦੇ ਹੋਰ ਕਈ ਮੈਂਬਰ ਕਿਸਾਨ ਵੀ ਦੋਸ਼ ਲਗਾ ਚੁੱਕੇ ਹਨ ਕਿ ਉਕਤ ਸਕੱਤਰ ਵੱਲੋਂ ਉਨ੍ਹਾਂ ਦੇ ਜਾਲ੍ਹੀ ਦਸਤਖਤ ਕਰਕੇ ਉਨ੍ਹਾਂ ਨਾਲ ਵੀ ਧੋਖਾਧੜੀ ਕੀਤੀ ਗਈ ਹੈ। ਡੀ.ਐੱਸ.ਪੀ. ਖਮਾਣੋਂ ਵੱਲੋਂ ਸ਼ਿਕਾਇਤ ਦੀ ਕੀਤੀ ਗਈ ਪੜਤਾਲ ਦੌਰਾਨ ਕਥਿਤ ਤੌਰ 'ਤੇ 28 ਲੱਖ ਰੁਪਏ ਦਾ ਗਬਨ ਸਾਬਿਤ ਹੋਣ 'ਤੇ ਉਕਤ ਸਕੱਤਰ ਵਿਰੁੱਧ ਖਮਾਣੋਂ ਪੁਲਸ ਵੱਲੋਂ ਮੁਕੱਦਮਾ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਰੈੱਡ ਕਰਾਸ ਯੂਨਿਟ ਨੇ ਪੋਸਟਰ ਮੇਕਿੰਗ ਤੇ ਭਾਸ਼ਨ ਮੁਕਾਬਲੇ ਕਰਾਏ



**ਸੰਗਰੂਰ (ਪ੍ਰਵੀਨ ਸਿੰਘ)**
ਸਰਕਾਰੀ ਰਣਬੀਰ ਕਾਲਜ ਦੇ ਪ੍ਰਿੰਸੀਪਲ ਸੁਖਬੀਰ ਸਿੰਘ ਦੀ ਰਹਿਨੁਮਾਈ ਹੇਠ ਰੈੱਡ ਕਰਾਸ ਯੂਨਿਟ ਵੱਲੋਂ ਪੋਸਟਰ ਮੇਕਿੰਗ ਤੇ ਭਾਸ਼ਨ ਮੁਕਾਬਲੇ ਖ਼ੂਨਦਾਨ ਮਹਾਂਦਾਨ ਵਿਸ਼ੇ ਉਪਰ ਕਰਾਏ ਗਏ, ਜਿਸ ਵਿੱਚ ਵਲੰਟੀਅਰਜ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਰੈੱਡ ਕਰਾਸ ਯੂਨਿਟ ਦੇ ਕਨਵੀਨਰ ਪ੍ਰੋ : ਹਤਿੰਦਰ ਕੌਰ ਨੇ ਸਾਰਿਆ ਨੂੰ ਜੀ ਆਇਆਂ ਕਿਹਾ। ਪੋਸਟਰ ਮੇਕਿੰਗ ਵਿੱਚ ਪਹਿਲਾ ਸਥਾਨ ਰੌਸ਼ਨ, ਦੂਜਾ ਸਥਾਨ ਸਿਮਰਨ ਸਿੰਘ ਤੇ ਤੀਜਾ ਸਥਾਨ ਸਿਮਰਨ ਕੌਰ ਨੇ ਹਾਸਲ ਕੀਤਾ। ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਸੁਮਨਪ੍ਰੀਤ ਕੌਰ, ਦੂਜਾ ਸਥਾਨ ਵੀਰਪਾਲ ਕੌਰ ਤੇ ਤੀਜਾ ਸਥਾਨ ਰਾਜਪ੍ਰੀਤ ਕੌਰ ਨੇ ਹਾਸਲ ਕੀਤਾ।
ਇਸ ਵਿੱਚ ਜੱਜ ਸਾਹਿਬਾਨ ਦੀ ਭੂਮਿਕਾ ਪ੍ਰੋ. ਸੁਧਾ ਰਾਣੀ ਸ਼ਰਮਾ, ਡਾ. ਸੁਖਵਿੰਦਰ ਸਿੰਘ ਤੇ ਪ੍ਰੋ ਰੇਖਾ ਰਾਣੀ ਨੇ ਨਿਭਾਈ। ਇਸ ਵਿੱਚ ਪ੍ਰੋ. ਤਪਿੰਦਰ ਕੌਰ ਨੇ ਸਾਰੀਆਂ ਦਾ ਧੰਨਵਾਦ ਕੀਤਾ। ਕਾਲਜ ਦੇ ਵਾਇਸ ਪ੍ਰਿੰਸੀਪਲ ਪ੍ਰੋ. ਮੀਨਾਕਸ਼ੀ ਮੜਕਣ ਨੇ ਖ਼ੂਨਦਾਨ ਵਿਸ਼ੇ ਉਪਰ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਡਾ. ਹਰਦੀਪ ਸਿੰਘ, ਪ੍ਰੋ. ਜਗਸੀਰ ਸਿੰਘ, ਪ੍ਰੋ. ਇਕਬਾਲ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਟੇਜ ਸੰਚਾਲਨ ਰੈੱਡ ਕਰਾਸ ਦੇ ਨੋਡਲ ਅਫ਼ਸਰ ਪ੍ਰੋ. ਜਗਤਾਰ ਸਿੰਘ ਦੁਆਰਾ ਕੀਤਾ ਗਿਆ ।

# ਵੱਖ-ਵੱਖ ਸਕੂਲਾਂ 'ਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**
ਐੱਚ. ਐੱਸ. ਬਰਾੜ ਪਬਲਿਕ ਸਕੂਲ ਵਿਖੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਰਾਜਨ ਬਰਾੜ ਤੇ ਪ੍ਰਿੰਸੀਪਲ ਮੈਡਮ ਮਮਤਾ ਗਰਗ ਨੇ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਪ੍ਰੋਗਰਾਮ ਦੌਰਾਨ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੇ ਭਾਸ਼ਣ, ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ। ਪ੍ਰਿੰਸੀਪਲ ਮੈਡਮ ਮਮਤਾ ਗਰਗ ਤੇ ਅਧਿਆਪਕਾਂ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ ਕਾਲ ਬਾਰੇ ਸਾਰਿਆਂ ਨੂੰ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਸਾਰਿਆਂ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਦੀ ਵਧਾਈ ਦਿੰਦੇ ਹੋਏ ਸ਼ਹੀਦਾਂ ਦੇ ਦਿਖਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।
ਇਸੇ ਤਰ੍ਹਾਂ ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਵੀ ਪ੍ਰਿੰਸੀਪਲ ਮਨੋਜ ਕੁਮਾਰ ਦੀ ਅਗਵਾਈ 'ਚ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਸਕੂਲ ਵਿੱਚ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਤਰਸੇਮ ਲਾਲ ਗਰਗ, ਮੈਨੇਜਰ ਮੈਡਮ ਜੀਨਮ ਗਰਗ, ਪ੍ਰਿੰਸੀਪਲ ਮਨੋਜ ਕੁਮਾਰ ਸਮੇਤ ਸਾਰੇ ਸਟਾਫ ਨੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਟ ਕੀਤੇ। ਸਕੂਲ ਦੇ ਬੱਚਿਆਂ ਵੱਲੋਂ ਸ਼ਹੀਦ ਭਗਤ ਸਿੰਘ ਨਾਲ ਸਬੰਧਤ ਕਵਿਤਾਵਾਂ, ਭਾਸ਼ਣ ਤੇ ਗੀਤ ਦੀ ਪੇਸ਼ਕਾਰੀ ਕੀਤੀ ਗਈ।

## ਬੱਚਿਆਂ ਨੂੰ ਵੇਸਟ ਮਟੀਰੀਅਲ ਦਾ ਸਦ-ਉਪਯੋਗ ਕਰਨਾ ਸਿਖਾਇਆ

**ਜਗਰਾਓਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਸੱਤਵੀਂ, ਅੱਠਵੀਂ ਜਮਾਤ ਦੀ ਗਤੀਵਿਧੀ ਵਿੱਚ ਬੱਚਿਆਂ ਵੱਲੋਂ ਘਰਾਂ 'ਚ ਪਏ ਵਾਧੂ ਸਾਮਾਨ, ਜਿਸ ਦੀ ਅਸੀਂ ਵਰਤੋਂ ਨਹੀਂ ਕਰਦੇ, ਨੂੰ ਵਰਤਣਯੋਗ ਬਣਾਇਆ। ਬੱਚਿਆਂ ਵੱਲੋਂ ਗੱਤਾ, ਅਖਬਾਰ ਆਦਿ ਹੋਰ ਵਸਤਾਂ ਦੇ 'ਫਸਟਏਡ ਬਾਕਸ' ਬਣਾਏ ਜੋ ਕਿ ਆਪੋ-ਆਪਣੀ ਜਮਾਤ ਵਿੱਚ ਰੱਖੇ ਤੇ ਅਧਿਆਪਕਾਂ ਦੁਆਰਾ ਬੱਚਿਆਂ ਨੂੰ ਇਸ ਦੀ ਵਰਤੋਂ ਕਰਨਾ ਸਿਖਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ: ਅਮਰਜੀਤ ਕੌਰ ਨਾਜ਼ ਨੇ ਕਿਹਾ ਕਿ ਇਸ ਪ੍ਰਕਾਰ ਬੱਚੇ ਆਰਥਿਕ ਢਾਂਚੇ ਨੂੰ ਸਹੀ ਤਰੀਕੇ ਨਾਲ ਚਲਾਉਣ ਵਿੱਚ ਕਾਮਯਾਬ ਹੁੰਦੇ ਹਨ। ਅਸੀਂ ਬਹੁਤ ਸਾਰੀਆਂ ਅਜਿਹੀਆਂ ਵਸਤਾਂ ਕਬਾੜ ਵਿੱਚ ਹੀ ਸੁੱਟ ਦਿੰਦੇ ਹਾਂ, ਜਿਸ ਦੀ ਵਰਤੋਂ ਬੱਚੇ ਆਪਣੇ ਅੰਦਰ ਦੀ ਕਲਾ ਰਾਹੀਂ ਬਾਹਰ ਕੱਢਦੇ ਹਨ ਤੇ ਉਸੇ ਸਾਮਾਨ ਨੂੰ ਵਰਤੋਂਯੋਗ ਬਣਾ ਕੇ ਉਸ ਦੀ ਵਰਤੋਂ ਕਰਦੇ ਹਨ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਤੇ ਅਜਮੇਰ ਸਿੰਘ ਰੱਤੀਆਂ ਨੇ ਵੀ ਇਸ ਗਤੀਵਿਧੀ ਦੀ ਸ਼ਲਾਘਾ ਕੀਤੀ।



# ਕਿਸਾਨਾਂ ਨੂੰ ਪਰਾਲੀ ਜ਼ਮੀਨ 'ਚ ਮਿਲਾਉਣ ਲਈ ਪ੍ਰੇਰਿਆ




ਕੈਂਪ ਦੌਰਾਨ ਕਿਸਾਨਾਂ ਨੂੰ ਜਾਣਕਾਰੀ ਦਿੰਦੇ ਹੋਏ ਖੇਤੀਬਾੜੀ ਅਧਿਕਾਰੀ।

**ਮੱਖੂ (ਰਛਪਾਲ ਸਿੰਘ ਸੰਧੂ)**
ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਸੀ ਆਰ ਐਮ ਸਕੀਮ ਅਧੀਨ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਲਈ ਪਿੰਡਾਂ ਵਿਚ ਕਿਸਾਨ ਸਿਖਲਾਈ ਕੈਂਪ ਲਾ ਕੇ ਪ੍ਰੇਰਿਆ ਜਾ ਰਿਹਾ ਹੈ ਤਾਂ ਜੁ ਵਾਤਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਰੋਕਿਆ ਜਾ ਸਕੇ। ਇਸ ਲੜੀ ਤਹਿਤ ਪਿੰਡ ਸਰਹਾਲੀ ਵਿੱਚ ਲਾਏ ਕਿਸਾਨ ਸਿਖਲਾਈ ਕੈਂਪ ਵਿੱਚ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਬਲਵਿੰਦਰ ਸਿੰਘ ਬਲਾਕ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਹੁਣ ਸਹੀ ਸਮਾਂ ਆ ਗਿਆ ਹੈ ਕਿ ਝੋਨੇ ਵਾਢੀ ਤੋਂ ਬਾਅਦ ਬਚੀ ਪਰਾਲੀ ਨੂੰ ਸੰਭਾਲਣ ਲਈ ਹੁਣ ਤੋ ਯੋਜਨਾ ਉਲੀਕੀ ਜਾਵੇ, ਜਿਸ ਵਾਸਤੇ ਵਿਭਾਗ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਲਈ ਸਬਸਿਡੀ 'ਤੇ ਦਿੱਤੇ ਵੱਖ-ਵੱਖ ਸੰਦਾਂ ਜਿਵੇਂ ਹੈਪੀਸੀਡਰ, ਸੁਪਰਸੀਡਰ, ਮਲਚਰ ਤੇ ਪੈਡੀ ਸਟਰਾਅ ਚੋਪਰ ਅਤੇ ਸੁਪਰ ਸਟਰਾਅ ਮੈਨੇਜਮੈਂਟ ਦੀ ਕਿਸਾਨਾਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਆਈ ਖੇਤ ਐਪਲੀਕੇਸ਼ਨ ਡਾਊਨਲੋਡ ਕਰਕੇ ਆਪਣੇ ਨੇੜੇ ਦੇ ਕਸਟਮ ਹਾਇਰਿੰਗ ਸੈਂਟਰ ਗਰੁੱਪਾਂ ਤੋਂ ਕਿਰਾਏ 'ਤੇ ਵਾਜਬ ਰੇਟਾਂ 'ਤੇ ਮਸ਼ੀਨਰੀ ਲੈਣ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਭੁਪਿੰਦਰ ਸਿੰਘ ਖੇਤੀਬਾੜੀ ਉਪ ਨਿਰੀਖਕ ਨੇ ਕਿਸਾਨਾਂ ਨੂੰ ਦੱਸਿਆ ਕਿ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਨਾਲ ਜਿਥੇ ਮਿੱਤਰ ਕੀੜੇ ਮਰ ਜਾਂਦੇ ਹਨ, ਉੱਥੇ ਉਪਜਾਊ ਸ਼ਕਤੀ ਵੀ ਘਟਦੀ ਹੈ, ਜਿਸ ਨਾਲ ਕਿਸਾਨ ਦਾ ਆਰਥਿਕ ਨੁਕਸਾਨ ਵੀ ਹੁੰਦਾ ਹੈ।

## ...ਸਫ਼ਾ 1 ਦੇ ਬਾਕੀ

### ਤਨਖਾਹਾਂ ਤੇ ਪੈਨਸ਼ਨਾਂ ਲਈ ਪੀ...

ਮੁਸੀਬਤਾਂ ਵਿੱਚ ਵਾਧਾ ਕਰ ਰਿਹਾ ਹੈ। ਸਰਕਾਰ ਦੀ ਬੇਲਗਾਮ ਉੱਚ ਅਫਸਰਸ਼ਾਹੀ ਮਨਮਰਜ਼ੀ ਨਾਲ ਜਾਂ ਸਰਕਾਰ ਦੇ ਇਸ਼ਾਰੇ 'ਤੇ ਬੇਲੋੜੇ ਇਤਰਾਜ਼ ਲਾ-ਲਾ ਕੇ ਪੀ.ਆਰ.ਟੀ.ਸੀ. ਦਾ ਬਣਦਾ ਪੈਸਾ ਜਾਰੀ ਨਹੀਂ ਹੋਣ ਦਿੰਦੀ। ਵਿਸ਼ੇਸ਼ ਕਰਕੇ ਸਮਾਜ ਭਲਾਈ ਵਿਭਾਗ ਦੇ ਸਕੱਤਰ ਸ੍ਰੀ ਸੁਮੇਰ ਗੁਰਜਰ ਵੱਲੋਂ ਤਰ੍ਹਾਂ-ਤਰ੍ਹਾਂ ਦੇ ਅੜਿੱਕੇ ਲਾਏ ਜਾਂਦੇ ਹਨ। ਮੁੱਖ ਮੰਤਰੀ ਜਾਣ-ਬੁੱਝ ਕੇ ਮੁਲਾਜ਼ਮ ਮਸਲਿਆਂ ਨੂੰ ਨਜ਼ਰ-ਅੰਦਾਜ਼ ਕਰਦੇ ਆ ਰਹੇ ਹਨ। ਟਰਾਂਸਪੋਰਟ ਮੰਤਰੀ ਆਪਣੀ ਬਣਦੀ ਭੂਮਿਕਾ ਨਿਭਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਏ ਹਨ, ਸਗੋਂ ਉਹਨਾਂ ਦੇ ਸਮੇਂ ਵਿੱਚ ਟਰਾਂਸਪੋਰਟ ਮਾਫੀਆ ਮੁੜ ਤੋਂ ਜ਼ੋਰ ਫੜ ਗਿਆ ਹੈ। ਟਰਾਂਸਪੋਰਟ ਵਿਭਾਗ ਵਿੱਚ ਹੱਦੋਂ ਵੱਧ ਬੇਨਿਯਮੀਆਂ ਹੋ ਰਹੀਆਂ ਹਨ, ਜਿਸ ਕਾਰਨ ਸਰਕਾਰੀ ਟਰਾਂਸਪੋਰਟ ਦਾ ਨੁਕਸਾਨ ਹੋ ਰਿਹਾ ਹੈ ਅਤੇ ਪ੍ਰਾਈਵੇਟ ਮਾਫੀਏ ਦੀ ਟਾਈਮ ਟੇਬਲਾਂ ਵਿੱਚ ਪੂਰੀ ਤਰ੍ਹਾਂ ਮਰਜ਼ੀ ਚੱਲ ਰਹੀ ਹੈ। ਐਕਸ਼ਨ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ 16 ਸਤੰਬਰ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਦੇ ਬਾਹਰ ਵੱਡੀ ਕਨਵੈਨਸ਼ਨ ਅਤੇ ਮੁਜ਼ਾਹਰਾ ਕਰਕੇ ਪੰਜਾਬ ਸਰਕਾਰ ਨੂੰ 13 ਸੂਤਰੀ ਮੰਗ ਪੱਤਰ ਦਿੱਤਾ ਗਿਆ ਸੀ, ਪਰ ਨਾ ਮੁੱਖ ਮੰਤਰੀ ਅਤੇ ਨਾ ਹੀ ਸੰਬੰਧਤ ਵਿਭਾਗਾਂ ਦੇ ਕਿਸੇ ਮੰਤਰੀ ਵੱਲੋਂ ਕੋਈ ਗੱਲਬਾਤ ਕੀਤੀ ਗਈ, ਨਾ ਹੀ ਕਿਸੇ ਮਸਲੇ ਦਾ ਕੋਈ ਹੱਲ ਕੱਢਿਆ ਗਿਆ। ਮੁੱਖ ਮੰਗਾਂ ਦਾ ਜ਼ਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਆਪਣੇ ਵਾਅਦਿਆਂ ਅਨੁਸਾਰ ਕੱਚੇ ਕਾਮਿਆਂ ਨੂੰ ਪੱਕੇ ਕਰੇ, ਤਨਖਾਹ, ਪੈਨਸ਼ਨ ਹਰ ਪਹਿਲੀ ਤਾਰੀਖ ਨੂੰ ਮਿਲਣੀ ਯਕੀਨੀ ਬਣਾਏ, ਮੁਫਤ ਸਫਰ ਦੇ 300 ਕਰੋੜ ਰੁਪਏ ਦੇਵੇ, 1992 ਦੀ ਪੈਨਸ਼ਨ ਤੋਂ ਵਾਂਝੇ ਬਜ਼ੁਰਗਾਂ, ਕਰਮਚਾਰੀਆਂ 'ਤੇ ਪੈਨਸ਼ਨ ਲਾਗੂ ਕਰਨਾ, 500 ਨਵੀਆਂ ਬੱਸਾਂ ਪਾਉਣਾ, ਸਿੱਧੇ ਕੰਟਰੈਕਟ ਵਿੱਚ ਲਿਆਂਦੇ ਵਰਕਰਾਂ ਨੂੰ ਰੈਗੂਲਰ ਕਰਨਾ, ਮੈਡੀਕਲ ਅਤੇ ਸੇਵਾ-ਮੁਕਤੀ ਬਕਾਏ ਦਾ ਭੁਗਤਾਨ ਕਰਨਾ, ਰਿਜ਼ਰਵੇਸ਼ਨ ਪਾਲਸੀ ਇੰਨ-ਬਿੰਨ ਲਾਗੂ ਕਰਨਾ ਆਦਿ। ਹੁਣ 3 ਅਕਤੂਬਰ ਤੋਂ 10 ਅਕਤੂਬਰ ਤੱਕ ਹਰ ਰੋਜ਼ ਬੱਸ ਸਟੈਂਡ ਪਟਿਆਲਾ ਦੇ ਗੇਟ ਉਪਰ ਸਵੇਰ ਤੋਂ ਸ਼ਾਮ ਤੱਕ ਨਾਅਰੇਬਾਜ਼ੀ ਅਤੇ ਸਰਕਾਰ ਦੇ ਕਿਰਦਾਰ ਦਾ ਵਿਰੋਧ ਕੀਤਾ ਜਾਇਆ ਕਰੇਗਾ। ਜਿਨ੍ਹਾਂ ਹੋਰ ਆਗੂਆਂ ਨੇ ਰੋਸ ਮੁਜ਼ਾਹਰੇ ਨੂੰ ਸੰਬੋਧਨ ਕੀਤਾ, ਉਹਨਾਂ ਵਿੱਚ ਕਰਮਚੰਦ ਗਾਂਧੀ, ਬਹਾਦਰ ਸਿੰਘ, ਸੁੱਚਾ ਸਿੰਘ, ਰਕੇਸ਼ ਕੁਮਾਰ ਅਤੇ ਉੱਤਮ ਸਿੰਘ ਬਾਗੜੀ ਆਦਿ ਸ਼ਾਮਲ ਸਨ।

### ਸਰਾਰੀ ਮੁੱਦੇ 'ਤੇ ਵਿਧਾਨ...

ਬਾਜਵਾ ਦੀ ਅਗਵਾਈ ਹੇਠ ਕਾਂਗਰਸੀ ਵਿਧਾਇਕ ਆਪਣੀਆਂ ਸੀਟਾਂ ਤੋਂ ਉੱਠੇ ਅਤੇ ਉਨ੍ਹਾਂ ਕੋਲੋਂ ਸਰਾਰੀ ਸੰਬੰਧੀ ਬਿਆਨ ਜਾਰੀ ਕਰਨ ਦੀ ਮੰਗ ਕੀਤੀ।
ਮੁੱਖ ਮੰਤਰੀ ਭਗਵੰਤ ਮਾਨ ਨੇ ਸਪੀਕਰ ਦੀ ਮਾਣ-ਮਰਿਆਦਾ 'ਤੇ ਸਵਾਲ ਉਠਾਉਣ ਲਈ ਕਾਂਗਰਸ ਲੀਡਰਸ਼ਿਪ ਦੀ ਸਖਤ ਨਿੰਦਾ ਕੀਤੀ ਅਤੇ ਕਿਹਾ ਕਿ ਜਿਹੜੇ ਕਾਂਗਰਸੀ ਵਿਧਾਇਕ ਹੁਣ ਉਂਗਲ ਉਠਾ ਰਹੇ ਹਨ, ਉਹ ਖੁਦ ਤਾਂ ਨਕਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕੈਬਨਿਟ ਦਾ ਹਿੱਸਾ ਰਹੇ ਹਨ, ਜੋ ਹਮੇਸ਼ਾ ਤੋਂ ਹੀ ਭਾਜਪਾ ਲਈ ਕੰਮ ਕਰਦੇ ਰਹੇ ਹਨ। ਸੈਸ਼ਨ ਦੌਰਾਨ ਵਿਰੋਧੀ ਧਿਰ 'ਤੇ ਚੁਟਕੀ ਲੈਂਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਜਿਹੜੇ ਲੋਕ ਨਕਲੀ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਲਈ ਕੰਮ ਕਰ ਰਹੇ ਹਨ, ਉਹ ਹੁਣ ਸੈਸ਼ਨ 'ਚ 'ਮੁਰਦਾਬਾਦ' ਦੇ ਨਾਅਰੇ ਲਗਾ ਰਹੇ ਹਨ। ਕਾਂਗਰਸ ਭਾਜਪਾ ਲਈ ਕੰਮ ਕਰ ਰਹੀ ਹੈ ਅਤੇ ਉਨ੍ਹਾਂ ਨੂੰ ਅਧਿਕਾਰਤ ਤੌਰ 'ਤੇ ਆਪਣੀ ਪਾਰਟੀ ਦੇ ਨਾਂਅ ਨਾਲ ਭਾਜਪਾ ਦਾ ਨਾਮ ਵੀ ਲਿਖਣਾ ਚਾਹੀਦਾ ਹੈ। ਇਜਲਾਸ ਵਿੱਚ ਹੰਗਾਮਾ ਕਰਨ ਲਈ ਕਾਂਗਰਸੀ ਵਿਧਾਇਕਾਂ 'ਤੇ ਹਮਲਾ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਕਾਂਗਰਸ ਨੇ ਸਦਨ ਦਾ ਕੀਮਤੀ ਸਮਾਂ ਬਰਬਾਦ ਕੀਤਾ ਹੈ ਅਤੇ ਉਨ੍ਹਾਂ ਨੂੰ ਭਾਜਪਾ ਦੇ ਅਖੌਤੀ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਕਿਹਾ ਹੈ। ਸੈਸ਼ਨ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਵਿਰੋਧੀ ਧਿਰ ਕੋਲ ਸੱਤਾਧਾਰੀ ਪਾਰਟੀ ਵਿਰੁੱਧ ਕੋਈ ਮੁੱਦਾ ਨਹੀਂ ਅਤੇ ਕਾਂਗਰਸ ਨੇ ਆਪਣੇ ਹਲਕਿਆਂ ਦਾ ਇੱਕ ਵੀ ਮੁੱਦਾ ਨਹੀਂ ਉਠਾਇਆ ਅਤੇ ਨਾ ਹੀ ਵਿਧਾਨ ਸਭਾ ਵਿੱਚ ਕੋਈ ਸਵਾਲ ਉਠਾਇਆ। ਕਾਂਗਰਸ ਦਾ ਇੱਕੋ-ਇੱਕ ਏਜੰਡਾ ਸਦਨ ਵਿੱਚ ਹੰਗਾਮਾ ਕਰਨਾ ਹੈ ਅਤੇ ਇਹ ਬੇਹੱਦ ਦੁਖਦ ਅਤੇ ਨਿਰਾਸ਼ਾਜਨਕ ਹੈ ਕਿ ਉਹ ਇਸ ਤਰ੍ਹਾਂ ਲੋਕਤੰਤਰ ਦਾ ਕਤਲ ਕਰ ਰਹੇ ਹਨ। ਉਨ੍ਹਾ ਕਿਹਾ ਕਿ ਕਾਂਗਰਸ ਸਿਰਫ ਆਪਣੇ ਸਵਾਰਥ ਲਈ ਕੰਮ ਕਰ ਰਹੀ ਹੈ ਅਤੇ ਉਨ੍ਹਾਂ ਨੂੰ ਪੰਜਾਬ ਦੀ ਭਲਾਈ ਦੀ ਕੋਈ ਪ੍ਰਵਾਹ ਨਹੀਂ ਹੈ। ਕਾਂਗਰਸ ਹੁਣ ਪੂਰੀ ਤਰ੍ਹਾਂ ਭਾਜਪਾ ਦੀ ਬੀ-ਟੀਮ ਬਣ ਗਈ ਹੈ। ਇਸ ਤੋਂ ਪਹਿਲਾਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੈਸ਼ਨ ਵਿੱਚ ਹੰਗਾਮਾ ਕਰਨ ਲਈ ਵਿਰੋਧੀ ਧਿਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਸਦਨ ਦਾ ਕੰਮ ਸ਼ਾਮ 3.30 ਵਜੇ ਤੱਕ ਚੱਲਣਾ ਸੀ, ਪਰ ਕਾਂਗਰਸ ਨੇ ਸਦਨ ਵਿੱਚ ਹੰਗਾਮਾ ਕਰਕੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਇਹ ਦੁੱਖ ਦੀ ਗੱਲ ਹੈ ਕਿ ਉਹ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਬਣਾਏ ਗਏ ਬਿੱਲਾਂ 'ਤੇ ਬਹਿਸ ਕਰਨ ਦੀ ਬਜਾਏ ਇਸ ਤਰ੍ਹਾਂ ਨਾਅਰੇਬਾਜ਼ੀ ਕਰਕੇ ਸਮਾਂ ਬਰਬਾਦ ਕਰ ਰਹੇ ਹਨ।

### ਪ.ਸ.ਸ.ਫ. ਦੇ ਗਿਆਰ੍ਹਵੇਂ...

ਆਇਆਂ ਨੂੰ ਕਹਿਣਗੇ। ਪ.ਸ.ਸ.ਫ਼. ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ ਅਤੇ ਚੇਅਰਮੈਨ ਸਵਾਗਤੀ ਕਮੇਟੀ ਸਾਥੀ ਕਰਨੈਲ ਸਿੰਘ ਸੰਧੂ ਨੇ ਸਮੁੱਚੇ ਪੰਜਾਬ ਦੇ ਡੈਲੀਗੇਟ ਸਾਥੀਆਂ ਨੂੰ 2 ਅਕਤੂਬਰ ਨੂੰ ਦਿੱਤੇ ਗਏ ਸਮੇਂ ਅਨੁਸਾਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੁੱਜਣ ਦੀ ਪੁਰਜ਼ੋਰ ਅਪੀਲ ਕੀਤੀ ਤਾਂ ਜੋ ਪ.ਸ.ਸ.ਫ਼. ਦੇ ਗਿਆਰ੍ਹਵੇਂ ਸੂਬਾ ਅਜਲਾਸ ਦੀ ਹਰ ਕਾਰਵਾਈ ਨਿਸ਼ਚਿਤ ਕੀਤੇ ਗਏ ਸਮੇਂ ਅਨੁਸਾਰ ਪੂਰੀ ਹੋ ਸਕੇ ਅਤੇ ਅਜਲਾਸ ਸਫਲਤਾ-ਪੂਰਵਕ ਨੇਪਰੇ ਚੜ੍ਹ ਸਕੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਹਰੀ ਬਿਲਾਸ, ਬਲਵਿੰਦਰ ਕੁਮਾਰ, ਬਲਜੀਤ ਸਿੰਘ ਕੁਲਾਰ, ਬਲਵੀਰ ਭਗਤ, ਵਿਨੋਦ ਭੱਟੀ, ਸੁਖਵਿੰਦਰ ਸਿੰਘ ਮੱਕੜ, ਹਰਮਨਜੋਤ ਸਿੰਘ ਆਹਲੂਵਾਲੀਆ, ਨਿਰਮੋਲਕ ਸਿੰਘ ਹੀਰਾ, ਅਕਲਚੰਦ ਸਿੰਘ, ਤਰਸੇਮ ਮਾਧੋਪੁਰੀ, ਕੁਲਦੀਪ ਵਾਲੀਆ, ਜਗੀਰ ਸਿੰਘ, ਕੁਲਵੰਤ ਰਾਮ ਰੁੜਕਾ, ਸੁਖਵਿੰਦਰ ਰਾਮ, ਰਘਜੀਤ ਸਿੰਘ, ਮੁਲਖ ਰਾਜ, ਅਨਿਲ ਕੁਮਾਰ, ਸੂਰਤੀ ਲਾਲ, ਦੀਪਕ ਕੁਮਾਰ, ਰਾਜਿੰਦਰ ਸ਼ਰਮਾ, ਦਰਸ਼ਨ ਰਾਮ ਸਿਆਣ, ਬਲਵੀਰ ਕੁਮਾਰ, ਪ੍ਰਨਾਮ ਸਿੰਘ ਸੈਣੀ, ਵਿਨੋਦ ਭੱਟੀ, ਗੁਰਿੰਦਰ ਸਿੰਘ, ਰਾਜਿੰਦਰ ਸਿੰਘ ਭੋਗਪੁਰ, ਲੇਖ ਰਾਜ ਪੰਜਾਬੀ, ਮੰਗਤ ਰਾਮ ਸਮਰਾ, ਬੂਟਾ ਰਾਮ ਅਕਲਪੁਰ, ਪਰੇਮ ਖਲਵਾੜਾ, ਧਰਮਿੰਦਰਜੀਤ, ਸਰਬਜੀਤ ਸਿੰਘ ਢੇਸੀ, ਅੰਗਰੇਜ ਸਿੰਘ, ਸਤਵਿੰਦਰ ਸਿੰਘ, ਬਲਵੀਰ ਸਿੰਘ ਗੁਰਾਇਆ, ਸੂਰਜ ਕੁਮਾਰ, ਰਾਜ ਕੁਮਾਰ, ਬਖਸ਼ੀ ਰਾਮ, ਹਰੀ ਪਾਲ, ਸੰਦੀਪ ਰਾਜੋਵਾਲ, ਦੀਪਕ ਕੁਮਾਰ ਨਕੋਦਰ, ਰਤਨ ਸਿੰਘ, ਕੁਲਦੀਪ ਸਿੰਘ ਕੌੜਾ ਆਦਿ ਸਾਥੀ ਹਾਜ਼ਰ ਹੋਏ।

### ਵਿਜੀਲੈਂਸ ਕਮਿਸ਼ਨ ਭੰਗ...

ਬਿਊਰੋ ਅਤੇ ਪੁਲਸ ਅਦਾਰੇ ਦੇ ਕੰਮਕਾਜ 'ਤੇ ਨਿਗਰਾਨੀ ਅਤੇ ਕੰਟਰੋਲ ਰੱਖਣਾ ਹੈ, ਜੋ ਭ੍ਰਿਸ਼ਟਾਚਾਰ ਦੇ ਮਾਮਲਿਆਂ ਨਾਲ ਸੰਬੰਧਤ ਹੋਣ। ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਐਕਟ 2020, ਜਿਸ ਨੂੰ ਕੇਂਦਰੀ ਵਿਜੀਲੈਂਸ ਕਮਿਸ਼ਨ ਐਕਟ 2003 ਦੀ ਤਰਜ਼ 'ਤੇ ਲਾਗੂ ਕੀਤਾ ਜਾਣਾ ਸੀ, ਗੰਭੀਰ ਭਟਕਣਾ ਦਾ ਸ਼ਿਕਾਰ ਹੈ। ਇਸ ਲਈ ਇਸ ਐਕਟ ਅਧੀਨ ਗਠਿਤ ਕੀਤਾ ਗਿਆ ਵਿਜੀਲੈਂਸ ਕਮਿਸ਼ਨ ਸਰਕਾਰੀ ਖਜ਼ਾਨੇ 'ਤੇ ਬੋਝ ਬਣਨ ਤੋਂ ਇਲਾਵਾ ਕਿਸੇ ਵੀ ਲਾਭਦਾਇਕ ਉਦੇਸ਼ ਦੀ ਪੂਰਤੀ ਕਰਨ ਦੀ ਸੰਭਾਵਨਾ ਨਹੀਂ ਰੱਖਦਾ, ਕਿਉਂਕਿ ਸੂਬੇ ਵਿੱਚ ਅਜਿਹੇ ਹਿੱਸੇਦਾਰਾਂ ਦੇ ਸਮੂਹ ਨਾਲ ਨਜਿੱਠਣ ਲਈ ਵਿਜੀਲੈਂਸ ਵਿਭਾਗ ਤੋਂ ਇਲਾਵਾ ਹੋਰ ਵੀ ਕਈ ਏਜੰਸੀਆਂ ਹਨ। ਇਸ ਲਈ ਆਪਸੀ ਵਿਰੋਧਤਾ, ਵਿਰੋਧੀ ਲੱਭਤਾਂ, ਨਤੀਜੇ ਵਜੋਂ ਦੇਰੀ ਅਤੇ ਸੰਚਾਰ ਵਿੱਚ ਪਾੜੇ ਤੋਂ ਬਚਣ ਲਈ, ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਐਕਟ 2020 (2020 ਦਾ ਪੰਜਾਬ ਐਕਟ ਨੰ: 20) ਨੂੰ ਰੱਦ ਕਰਨਾ ਜ਼ਰੂਰੀ ਹੋ ਗਿਆ ਹੈ ਅਤੇ ਇਸ ਲਈ ਇਹ ਬਿੱਲ ਪੇਸ਼ ਕੀਤਾ ਜਾ ਰਿਹਾ ਹੈ। ਸੂਬਾ ਸਰਕਾਰ ਨੇ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਐਕਟ, 2020 (2020 ਦਾ ਪੰਜਾਬ ਐਕਟ ਨੰ. 20) ਨੂੰ ਰੱਦ ਕਰਕੇ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ (ਰੱਦ) ਐਕਟ, 2022 ਲਾਗੂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਐਕਟ 13 ਨਵੰਬਰ, 2020 ਨੂੰ ਲਾਗੂ ਹੋਇਆ ਸੀ। ਭਗਵੰਤ ਮਾਨ ਨੇ ਕਿਹਾ ਕਿ ਇਸ ਐਕਟ ਤਹਿਤ ਬਣਾਏ ਗਏ ਪੰਜਾਬ ਰਾਜ ਵਿਜੀਲੈਂਸ ਕਮਿਸ਼ਨ ਨੇ ਲੋੜੀਂਦੇ ਉਦੇਸ਼ ਪ੍ਰਾਪਤ ਨਹੀਂ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਫੈਸਲਾ ਰਾਜ ਵਾਸੀਆਂ ਦੇ ਵਡੇਰੇ ਲੋਕ ਹਿੱਤ ਵਿੱਚ ਲਿਆ ਗਿਆ ਹੈ।

# ਸ਼ਾਹੀ ਪਰਵਾਰ ਨੇ ਆਪਣੇ ਵੰਸ਼ਾਂ ਨੂੰ ਸਮਰਪਤ ਕਰਾਇਆ ਸ਼ਰਧਾਂਜਲੀ ਸਮਾਗਮ



**ਨਾਭਾ (ਵਰਿੰਦਰ ਵਰਮਾ)**-ਸ਼ਾਹੀ ਸਮਾਧਾਂ ਸਰਕੂਲਰ ਰੋਡ ਨਾਭਾ ਵਿਖੇ ਮਹਾਂ ਪ੍ਰਤਾਪੀ, ਧਰਮੀ, ਦਾਨੀ ਮਹਾਰਾਜਾ ਰਿਆਸਤ ਨਾਭਾ ਹੀਰਾ ਸਿੰਘ ਜੀ ਤੇ ਉਨ੍ਹਾਂ ਦੇ ਵੰਸ਼ਜਾਂ ਦਾ ਸ਼ਰਧਾਂਜਲੀ ਸਮਾਗਮ ਕਰਾਇਆ ਗਿਆ। ਉਨ੍ਹਾਂ ਦੀ ਯਾਦ ਨੂੰ ਸਮਰਪਤ ਉਨ੍ਹਾਂ ਦੇ ਸ਼ਾਹੀ ਪਰਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਸ ਦੌਰਾਨ ਪੰਥ ਦੇ ਉੱਘੇ ਕੀਰਤਨੀਏ ਭਾਈ ਜਗਜੀਤ ਸਿੰਘ ਸੰਗਤਪੁਰਾ ਦੇ ਰਾਗੀ ਜੱਥੇ ਨੇ ਰਸਭਿੰਨਾ ਕੀਰਤਨ ਕਰ ਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਤੇ ਨਾਲ ਹੀ ਸੰਗਤਾਂ ਨੂੰ ਮਹਾਰਾਜਾ ਹੀਰਾ ਸਿੰਘ ਜੀ ਦੇ ਜੀਵਨ ਬਾਰੇ ਜਾਣੂ ਕਰਾਇਆ। ਜ਼ਿਕਰਯੋਗ ਹੈ ਕੇ ਸ਼ਾਹੀ ਪਰਵਾਰ ਮਹਾਰਾਜਾ ਕੁਮਾਰ ਹਿੰਮਤ ਸਿੰਘ, ਮਹਾਰਾਣੀ ਓਮਾ ਸਿੰਘ, ਮਹਾਰਾਜਾ ਭਾਨੂੰ ਪ੍ਰਤਾਪ ਸਿੰਘ, ਮਹਾਰਾਣੀ ਪ੍ਰੀਤੀ ਸਿੰਘ ਤੇ ਮਹਾਰਾਜਾ ਅਭੀ ਉਦੈ ਪ੍ਰਤਾਪ ਸਿੰਘ, ਜੋ ਪਿਛਲੇ ਸਾਲ ਤੋਂ ਪੱਕੇ ਤੌਰ 'ਤੇ ਨਾਭਾ ਦੇ ਹੀਰਾ ਮਹਿਲ ਵਿੱਚ ਰਹਿ ਰਹੇ ਹਨ ਅਤੇ ਉਨ੍ਹਾਂ ਵੱਲੋਂ ਸਾਰੇ ਸ਼ਹਿਰ ਨਿਵਾਸੀਆਂ ਤੇ ਇਲਾਕੇ ਦੇ ਪਿੰਡਾਂ ਦੀਆਂ ਸੰਗਤਾਂ ਨੂੰ ਵਿਸ਼ੇਸ਼ ਤੌਰ ਦੇ ਸੱਦਾ ਦੇ ਕੇ ਇਸ ਸਮਾਗਮ ਵਿੱਚ ਬੁਲਾਇਆ ਗਿਆ। ਸਮਾਗਮ 'ਚ ਸ਼ਹਿਰ ਤੇ ਇਲਾਕੇ ਦੇ ਪਿੰਡਾਂ 'ਚੋਂ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਸਮਾਪਤੀ ਸਮੇ ਗੁਰੂ ਕੇ ਲੰਗਰ ਵਰਤਾਏ ਗਏ। ਇਸ ਸਮੇਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸ਼ਹਿਰ ਤੇ ਪਿੰਡਾਂ ਦੇ ਮੋਹਤਬਰ ਅਤੇ ਨਾਮੀ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ।

### ਜਾਮੀਆ ਦੇ...

ਪਤਾ ਲੱਗਾ ਕਿ ਵਿਦਿਆਰਥੀਆਂ ਦੇ ਦੋ ਗਰੁੱਪਾਂ ਵਿਚਾਲੇ ਕਿਸੇ ਗੱਲ ਨੂੰ ਲੈ ਕੇ ਝਗੜਾ ਹੋ ਗਿਆ ਹੈ। ਅਧਿਕਾਰੀ ਨੇ ਦੱਸਿਆ ਕਿ ਘਟਨਾ 'ਚ ਮੇਰਠ ਜ਼ਿਲ੍ਹੇ ਦੇ ਵਸਨੀਕ ਨੋਮਾਨ ਚੌਧਰੀ (26) ਦੇ ਸਿਰ 'ਚ ਗੰਭੀਰ ਸੱਟ ਵੱਜੀ ਸੀ ਅਤੇ ਉਹ ਇਲਾਜ ਲਈ ਆਪਣੇ ਦੋਸਤ ਨੋਮਾਨ ਅਲੀ ਨਾਲ ਹੋਲੀ ਫੈਮਲੀ ਹਸਪਤਾਲ ਗਿਆ ਸੀ। ਇਸ ਵਿਚਾਲੇ ਦੂਜੇ ਗਰੁੱਪ ਦਾ ਵਿਦਿਆਰਥੀ ਜਲਾਲ ਆਪਣੇ ਦੋਸਤਾਂ ਨਾਲ ਹਸਪਤਾਲ ਪਹੁੰਚਿਆ ਅਤੇ ਐਮਰਜੈਂਸੀ ਵਾਰਡ ਦੇ ਬਾਹਰ ਅਲੀ 'ਤੇ ਗੋਲੀ ਚਲਾ ਦਿੱਤੀ। ਜ਼ਖ਼ਮੀ ਹੋਏ ਅਲੀ ਨੂੰ ਏਮਜ਼ ਟਰੌਮਾ ਸੈਂਟਰ ਲਿਜਾਇਆ ਗਿਆ।

### ਕਾਂਗਰਸ ਪਾ ਰਹੀ ਲੋਕ-ਪੱਖੀ...

ਦੇ ਨੇਤਾ 'ਤੇ ਚੁਟਕੀ ਲੈਂਦਿਆਂ ਮੰਤਰੀ ਨੇ ਕਿਹਾ, "ਮੈਨੂੰ ਲੱਗਦਾ ਹੈ ਕਿ ਪ੍ਰਤਾਪ ਸਿੰਘ ਬਾਜਵਾ ਹੁਣ ਪ੍ਰਤਾਪ ਸਿੰਘ 'ਭਾਜਪਾ' ਬਣ ਗਏ ਹਨ। ਉਹ ਭਾਜਪਾ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਹਨ ਅਤੇ 'ਆਪ੍ਰੇਸ਼ਨ ਲੋਟਸ' ਨੂੰ ਲਾਗੂ ਕਰਵਾਉਣਾ ਚਾਹੁੰਦੇ ਹਨ। ਅਰੋੜਾ ਨੇ ਕਿਹਾ ਕਿ ਪੰਜਾਬ ਦੀ ਰਾਜਨੀਤੀ ਦੇ ਇਤਿਹਾਸ 'ਚ ਸ਼ਾਇਦ ਇਹ ਪਹਿਲੀ ਵਾਰ ਹੈ ਕਿ ਸੱਤਾਧਾਰੀ ਸਰਕਾਰ ਸਦਨ ਵਿੱਚ ਚਰਚਾ ਕਰਵਾਉਣ ਲਈ ਤਿਆਰ ਹੈ, ਪਰ ਵਿਰੋਧੀ ਧਿਰ ਚਰਚਾ ਤੋਂ ਭੱਜ ਰਹੀ ਹੈ।
ਅਰੋੜਾ ਨੇ ਮੰਤਰੀ ਫੌਜਾ ਸਿੰਘ ਸਰਾਰੀ ਦਾ ਮੁੱਦਾ ਚੁੱਕਣ 'ਤੇ ਵੀ ਕਾਂਗਰਸ ਨੂੰ ਜਵਾਬ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਦੱਸ ਚੁੱਕੇ ਹਨ ਕਿ ਅੰਦਰੂਨੀ ਜਾਂਚ ਚੱਲ ਰਹੀ ਹੈ, ਜਦੋਂ ਜਾਂਚ ਪੂਰੀ ਹੋ ਜਾਵੇਗੀ ਤਾਂ ਇਸ ਮੁੱਦੇ 'ਤੇ ਫੈਸਲਾ ਲਿਆ ਜਾਵੇਗਾ। ਫਿਰ ਵੀ ਵਿਰੋਧੀ ਧਿਰ ਸਦਨ 'ਚ ਇਸ ਮੁੱਦੇ 'ਤੇ ਹੰਗਾਮਾ ਕਰਕੇ ਕਾਰਵਾਈ ਨੂੰ ਰੋਕ ਰਿਹਾ ਹੈ।

## ਕਿਸਾਨ ਜਾਗਰੂਕ ਕਨਵੈਨਸ਼ਨ 4 ਨੂੰ

**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਬਲਾਕ ਮੋਗਾ ਦੀ ਮੀਟਿੰਗ ਪਿੰਡ ਚੁਗਾਵਾਂ ਦੇ ਬਲਾਕ ਪ੍ਰਧਾਨ ਸ. ਦਰਸ਼ਨ ਸਿੰਘ ਰੌਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੀ ਕਾਰਵਾਈ ਬਲਾਕ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਚਲਾਈ ਤੇ ਬਲਾਕ ਮੋਗਾ ਦੀਆਂ ਪਿੰਡ ਇਕਾਈਆਂ ਦੇ ਪ੍ਰਧਾਨ ਤੇ ਅਹੁਦੇਦਾਰਾਂ ਸ਼ਾਮਲ ਹੋਏ। ਇਸ ਵਿੱਚ ਗੁਲਜਾਰ ਸਿੰਘ ਘਲੱਕਲਾਂ ਜ਼ਿਲ੍ਹਾ ਜਨਰਲ ਸਕੱਤਰ, ਗੁਰਮੀਤ ਸਿੰਘ ਸੰਧੂਆਣਾ ਪ੍ਰੈੱਸ ਸਕੱਤਰ, ਗੁਰਜੰਟ ਸਿੰਘ ਘਲੱਕਲਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਰਛਪਾਲ ਸਿੰਘ ਕਪੂਰੇ ਨੇ ਮੀਟਿੰਗ ਵਿੱਚ ਪਾਸ ਕੀਤਾ ਕਿ 4 ਅਕਤੂਬਰ 2022 ਨੂੰ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਕਿਸਾਨ ਜਾਗਰੂਕ ਕਨਵੈਨਸ਼ਨ ਮੋਗਾ ਵਿਖੇ ਸਿੰਘਾਵਾਲਾ ਪੈਲੇਸ ਜੀ. ਆਰ. ਰਿਜ਼ੋਰਟ ਵਿੱਚ ਰੱਖੀ ਗਈ ਹੈ, ਜਿਸ ਵਿੱਚ ਮੋਗਾ ਦੇ ਕਿਸਾਨ ਤੇ ਸਾਰੇ ਬਲਾਕ, ਪਿੰਡ ਇਕਾਈਆਂ ਸ਼ਾਮਲ ਹੋਣਗੀਆਂ।


## ਉੱਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਲਈ ਉਨ੍ਹਾਂ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ/ਮਾਲ ਭਾੜਾ, ਉੱਤਰ ਰੇਲਵੇ, ਫਿਰੋਜ਼ਪੁਰ ਮੰਡਲ ਦੇ ਵੱਖ-ਵੱਖ ਸਟੇਸ਼ਨਾਂ ਤੋਂ ਸ਼ੁਰੂ ਹੋਣ ਵਾਲੀ ਵੱਖ-ਵੱਖ ਟ੍ਰੇਨਾਂ ਵਿਚ 3.9/4 ਟਨ ਦੀ ਸ਼ਮਤਾ ਵਾਲੇ ਐਸਐਲਆਰ ਜਗ੍ਹਾਂ ਨੂੰ ਦੋ ਸਾਲ ਦੇ ਸਮੇਂ ਦੇ ਲਈ ਪਟਟੇ ਉਤੇ ਦੇਣ ਦੇ ਲਈ ਈ-ਨੀਲਾਮੀ ਮੰਗ ਕਰਦਾ ਹੈ। ਵੇਰਾ ਇਸ ਪ੍ਰਕਾਰ ਹੈ:

| | |
|---|---|
| Admin Unit/Zone | FEROZPUR DIVISION-COMMERCIAL/NORTHERN RLY. |
| Catalogue Published on | 28.09.2022 |
| Auction catalogue No. | FZRPARCEL18 |
| Auction Start (All Lots) | 18.10.2022 11:00 hrs. |
| Auction close Date/Time | 18.10.2022 13:50 hrs. |
| Auction Type | Close Ended |
| Website particulars where complete details of auction can be seen by registered bidders | E-Auction Module of www.ireps.gov.in |
| Lot No./Category | 19108-SLR-F1-UHP-BVC-22-1<br>12414-SLR-F1-JAT-AII-22-1<br>22446-SLR-F1-ASR-CNB-22-1<br>12470-SLR-F1-JAT-CNB-22-1<br>12752-SLR-F1-JAT-NED-22-1<br>19614-SLR-F1-ASR-AII-22-1<br>19612-SLR-F1-ASR-AII-22-1<br>22430-SLR-F1-PTK-DLI-22-1<br>19416-SLR-F1-SVDK-ADI-22-1<br>22486-SLR-F1-MOGA-NDLS-22-1<br>14616-SLR-F1-ASR-LKU-22-1<br>12550-SLR-F1-JAT-DURG-22-2<br>19028-SLR-F1-JAT-BDTS-22-1<br>22942-SLR-F1-UHP-INDB-22-1<br>12422-SLR-F1-ASR-NED-22-1 |

2552/22

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ ਰੁ. | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-ਬਿਜਲੀ - T-22-2022-23 | ਐਲਐਚਬੀ ਰੇਕੋਂ ਦੇ ਲਈ ਐਸਵੀਡੀਕੇ ਕੋਚਿੰਗ ਡਿਪੋ ਵਿਚ 750 ਵੀ ਏਸੀ ਐਚਓਜੀ ਪ੍ਰੀਖਸ਼ਣ ਸੁਵਿਧਾ ਦਾ ਪ੍ਰਾਵਧਾਨ। | 92,28,760.22/- | 1,84,600/- | 04 ਮਹੀਨੇ | 21.10.2022 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 13/ਬਿਜਲੀ-2022-23 ਮਿਤੀ 28.09.2022

2547/22

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

1-Oct Page 3.qxd 9/30/2022 9:35 PM Page 1



# ਦੇਸ਼ ਭਗਤਾਂ ਦੀ ਕੁਰਬਾਨੀ ਨੂੰ ਵਿਅਰਥ ਨਹੀਂ ਜਾਣ ਦਿਆਂਗੇ: ਤਲਵਾੜ, ਰੰਧਾਵਾ



**ਮਜੀਠਾ (ਸੋਇਮ ਆਨੰਦ)**-ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਿਤ ਵਿਸ਼ੇਸ਼ ਪ੍ਰੋਗਰਾਮ ਸ਼ਹੀਦ ਭਗਤ ਸਿੰਘ ਸੋਸ਼ਲ ਐਂਡ ਵੈੱਲਫੇਅਰ ਸੁਸਾਇਟੀ ਵੱਲੋਂ ਲੋਕ ਸੇਵਾ ਕੇਂਦਰ ਪਾਖਰਪੁਰਾ ਵਿਖੇ ਸੁਸਾਇਟੀ ਦੇ ਚੇਅਰਮੈਨ ਸੇਵਾਮੁਕਤ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਮੈਂਬਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਜਿਸ ਵਿਚ ਮੁੱਖ ਤੌਰ 'ਤੇ ਆਮ ਆਦਮੀ ਪਾਰਟੀ ਦੇ ਸੰਯੁਕਤ ਸਕੱਤਰ ਅਸ਼ੋਕ ਕੁਮਾਰ ਤੇ ਨਰੇਸ਼ ਪਾਠਕ ਪਹੁੰਚੇ ਜਿਨ੍ਹਾਂ ਨੇ ਸਭ ਤੋਂ ਪਹਿਲਾਂ ਝੰਡੇ ਨੂੰ ਸਲਾਮੀ ਦਿੱਤੀ। ਇਸ ਦਿਹਾੜੇ ਮੌਕੇ ਦੇਸ਼ ਭਗਤੀ ਦੇ ਗੀਤ ਪੇਸ਼ ਕਰਨ ਲਈ ਉਚੇਚੇ ਤੌਰ 'ਤੇ ਗਾਇਕ ਅੰਗਰੇਜ਼ ਸਿੰਘ ਨੰਗਲੀ ਪਹੁੰਚੇ ਜਿਨ੍ਹਾਂ ਨੇ ਆਪਣੇ ਗੀਤਾਂ ਤੇ ਕਵਿਤਾਵਾਂ ਨਾਲ ਮਾਹੌਲ ਨੂੰ ਜੋਸ਼ ਨਾਲ ਭਰ ਦਿੱਤਾ। ਇਸ ਮੌਕੇ ਆਪ ਆਗੂ ਅਸ਼ੋਕ ਕੁਮਾਰ ਨੇ ਪਹੁੰਚੇ ਹੋਏ ਦੇਸ਼ ਪ੍ਰੇਮੀਆਂ ਨੂੰ ਕਿਹਾ ਕਿ ਅੱਜ ਖੁਸ਼ੀ ਦਾ ਮੌਕਾ ਹੈ ਜਦੋਂ ਅਸੀਂ ਉਸ ਦੇਸ਼ ਭਗਤ ਨੂੰ ਯਾਦ ਕਰ ਰਹੇ ਹਾਂ ਜਿਸ ਨੇ ਆਜ਼ਾਦੀ ਵਰਗੇ ਸ਼ਬਦ ਨੂੰ ਸਾਡੇ ਦਿਲਾਂ ਵਿਚ ਜਨਮ ਦਿੱਤਾ। ਉਨ੍ਹਾਂ ਨੇ ਕਿਹਾ ਕਿ ਜਿਸ ਉਦੇਸ਼ ਨਾਲ ਸਾਨੂੰ ਅਜ਼ਾਦੀ ਦਿਵਾਈ ਉਸ ਨੂੰ 75 ਸਾਲਾਂ 'ਚ ਵੀ ਕੇਂਦਰ ਵਿਚਲੀਆਂ ਸਰਕਾਰਾਂ ਪੂਰਾ ਨਹੀਂ ਕਰ ਸਕੀਆਂ ਜਿਸ ਕਰਕੇ ਅੱਜ ਵੀ ਸਾਡੇ ਦੇਸ਼ ਦੇ ਲੋਕਾਂ ਨੂੰ ਉਹ ਬੁਨਿਆਦੀ ਸਹੂਲਤਾਂ ਨਹੀਂ ਮਿਲੀਆਂ ਜਿਸ ਦੇ ਉਹ ਹੱਕਦਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਰਵਾਇਤੀ ਪਾਰਟੀਆਂ ਨੂੰ ਪੰਜਾਬ ਤੇ ਦਿੱਲੀ ਦੇ ਲੋਕਾਂ ਸੱਤਾ ਤੋਂ ਪਰ੍ਹੇ ਕਰ ਕੇ ਆਪਣੇ ਗੁੱਸੇ ਨੂੰ ਪ੍ਰਗਟਾਇਆ। ਅਖੀਰ ਉਨ੍ਹਾਂ ਦੇਸ਼ ਦੇ ਸਮੂਹ ਲੋਕਾਂ ਨੂੰ ਇਸ ਦਿਹਾੜੇ 'ਤੇ ਵਧਾਈ ਦਿੰਦਿਆਂ ਵਿਸ਼ਵਾਸ ਦਿਵਾਇਆ ਕਿ ਦੇਸ਼ ਭਗਤਾਂ ਦੀਆ ਕੁਰਬਾਨੀਆਂ ਨੂੰ ਆਮ ਆਦਮੀ ਪਾਰਟੀ ਬੇਕਾਰ ਨਹੀਂ ਜਾਣ ਦੇਵੇਗੀ ਅਤੇ ਜਲਦ ਲੋਕਾਂ ਨੂੰ ਉਹ ਸਾਰੀਆਂ ਸਹੂਲਤਾਂ ਮਿਲਣਗੀਆਂ ਜਿਸ ਦੇ ਉਹ ਹੱਕਦਾਰ ਹਨ।

ਇਸ ਮੌਕੇ ਆਪ ਦੇ ਸੰਯੁਕਤ ਸਕੱਤਰ ਅਸ਼ੋਕ ਕੁਮਾਰ, ਨਰੇਸ਼ ਪਾਠਕ, ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਸਮੇਤ ਮੈਂਬਰਾਂ ਨੇ ਰਾਸ਼ਟਰੀ ਪੱਧਰ 'ਤੇ ਹਾਕੀ ਟੀਮ ਲਈ ਚੁਣੇ ਗਏ ਖਿਡਾਰੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਬਲਵਿੰਦਰ ਸਿੰਘ ਮਰੜੀ, ਪ੍ਰਧਾਨ ਮਨਜੀਤ ਸਿੰਘ, ਸਵਰਨਜੀਤ ਸਿੰਘ ਕੁਰਲੀਆਂ, ਪ੍ਰਗਟ ਸਿੰਘ ਚੁਗਾਵਾਂ, ਸਰਪੰਚ ਨਿਸ਼ਾਨ ਸਿੰਘ ਭੰਗਾਲੀ, ਸਰਪੰਚ ਗੁਰਮੀਤ ਸਿੰਘ ਬੱਲ, ਸੁਖਵਿੰਦਰ ਸਿੰਘ ਭੰਗਾਲੀ, ਸਤਨਾਮ ਸਿੰਘ ਪਾਖਰਪੁਰਾ, ਸੁਖਵਿੰਦਰ ਸਿੰਘ ਢਿੱਲੋਂ, ਕੁਲਦੀਪ ਸਿੰਘ ਖੇੜਾ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

# ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਅਹਿਮ ਮੀਟਿੰਗ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਬਲਾਕ ਡੇਰਾ ਬਾਬਾ ਨਾਨਕ ਦੀ ਮੀਟਿੰਗ ਸ: ਸਵਰਨ ਸਿੰਘ ਰੜ੍ਹੇਵਾਲੇ ਦੀ ਪ੍ਰਧਾਨਗੀ ਹੇਠ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਦੀਵਾਨ ਹਾਲ ਵਿੱਚ ਹੋਈ ਜਿਸ ਵਿੱਚ ਸੀਨੀਅਰ ਆਗੂ ਬਲਬੀਰ ਸਿੰਘ ਰੰਧਾਵਾ, ਸੁਖਜੀਤ ਸਿੰਘ ਹਰਦੋਝੰਡਾ ਅਤੇ ਸਵਰਨ ਸਿੰਘ ਭੋਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੀਟਿੰਗ ਦੀ ਵਿਲੱਖਣਤਾ ਇਹ ਸੀ ਕਿ ਬਲਾਕ ਡੇਰਾ ਬਾਬਾ ਨਾਨਕ ਬਲਾਕ ਦੇ ਹਰ ਪਿੰਡ ਵਿੱਚੋਂ ਕਿਸਾਨ ਮਜ਼ਦੂਰ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਜੋਗਿੰਦਰ ਸਿੰਘ ਖੰਨਾ, ਸਤਿਬੀਰ ਸਿੰਘ ਲਾਲੀ ਖੋਦੇਬੇਟ, ਗੁਰਮੇਜ ਸਿੰਘ ਖੋਦੇਬੇਟ, ਅਵਤਾਰ ਸਿੰਘ ਰੰਧਾਵਾ ਸਿੰਘਪੁਰਾ, ਹਰਜੀਤ ਸਿੰਘ ਠੇਠਰਕੇ , ਮਾਸਟਰ ਸੁੱਚਾ ਸਿੰਘ ਰਾਮਦਵਾਲੀ ਅਤੇ ਵੱਖ-ਵੱਖ ਬੁਲਾਰਿਆਂ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ। ਵੱਖ-ਵੱਖ ਬੁਲਾਰਿਆਂ ਵੱਲੋਂ ਪਰਾਲੀ ਦੀ ਸਮੱਸਿਆ, ਰੇਤ ਮਾਫੀਆ, ਜ਼ਮੀਨ ਐਕਵਾਇਰ ਕਰਨ ਸਬੰਧੀ ਸਰਕਾਰ ਦੀਆਂ ਨੀਤੀਆਂ ਸਬੰਧੀ ਨਿਖੇਧੀ ਕੀਤੀ। ਇਸ ਮੌਕੇ ਦਲਬੀਰ ਸਿੰਘ ਸਹਿਜ਼ਾਦਾ ਵੱਲੋਂ ਆਏ ਹੋਏ ਕਿਸਾਨਾਂ ਨੂੰ ਸੰਘਰਸ਼ਾਂ ਦੇ ਨਾਲ ਲੜਨ ਲਈ ਤਿਆਰ ਬਰ ਤਿਆਰ ਰਹਿਣ ਦੀ ਅਪੀਲ ਕੀਤੀ ਗਈ।

# ਇਨਸਾਫ ਲਈ ਇਸਾਈ ਭਾਈਚਾਰੇ ਨੇ ਐੱਸਡੀਐੱਮ ਨੂੰ ਸੌਂਪਿਆ ਮੰਗ ਪੱਤਰ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਕੈਥੋਲਿਕ ਚਰਚ ਠੱਕਰਪੁਰਾ ਵਿੱਚ ਹੋਈ ਬੇਅਦਬੀ ਨੂੰ ਇਕ ਮਹੀਨਾ ਪੂਰਾ ਹੋ ਗਿਆ, ਬੇਅਦਬੀ ਕਰਨ ਵਾਲੇ ਜ਼ਿੰਮੇਵਾਰ ਦੋਸ਼ੀ ਅਜੇ ਵੀ ਪੁਲਸ ਦੀ ਪਕੜ ਤੋਂ ਬਾਹਰ ਹਨ। ਪੁਲਸ ਦੀ ਢਿੱਲੀ ਅਤੇ ਅਵੇਸਲੀ ਕਾਰਗੁਜ਼ਾਰੀ ਭਾਈਚਾਰਿਆਂ ਵਿਚ ਫੁੱਟ ਪਾਉਣ ਵਾਲੇ ਸ਼ਰਾਰਤੀ ਅਨਸਰਾਂ ਨੂੰ ਸ਼ਹਿ ਦੇ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਫਿਰੋਜ਼ਪੁਰ ਤੋਂ ਇਸਾਈ ਭਾਈਚਾਰੇ ਦੀ ਆਈ ਸੰਗਤ ਨੇ ਐਸਡੀਐਮ ਰਜੇਸ਼ ਕੁਮਾਰ ਨੂੰ ਮੰਗ ਪੱਤਰ ਸੌਂਪਦਿਆਂ ਇਸਾਈ ਆਗੂ ਸੈਮਸਨ ਬ੍ਰਿਗੇਡ ਦੇ ਚੇਅਰਮੈਨ ਵਿਜੈ ਗੌਰੀਆ ਨੇ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਮਾਹੌਲ ਨੂੰ ਖ਼ਰਾਬ ਕਰਨ ਲਈ ਕੁਝ ਸ਼ਰਾਰਤੀ ਅਨਸਰ ਅਜੇ ਵੀ ਗੈਰ ਜ਼ਿੰਮੇਵਾਰਾਨਾ ਬਿਆਨ ਦੇ ਰਹੇ ਹਨ। ਪਿਛਲੇ ਦਿਨਾਂ ਤੋਂ ਹੁਣ ਤੱਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਮਸੀਹੀ ਭਾਈਚਾਰਾ ਮੁੱਖ ਮੰਤਰੀ ਦੇ ਨਾਮ ਐਸਡੀਐਮ ਨੂੰ ਮੰਗ ਪੱਤਰਾਂ ਰਾਹੀਂ ਮੰਗ ਕਰਦਾ ਹੈ ਕਿ ਜੇ ਕਰ ਇਸਾਈ ਭਾਈਚਾਰੇ 'ਤੇ ਹਮਲੇ ਨਾ ਰੋਕੇ ਗਏ ਤਾਂ ਆਉਣ ਵਾਲੇ ਦਿਨਾਂ ਵਿੱਚ ਮਸੀਹੀ ਭਾਈਚਾਰਾ ਸੜਕਾਂ ਤੇ ਉਤਰਨ ਲਈ ਮਜਬੂਰ ਹੋਵੇਗਾ ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਆਲ ਇੰਡੀਆ ਕੈਥੋਲਿਕ ਯੂਨੀਅਨ ਡਾਇਓਸਿਸ ਆਫ ਜਲੰਧਰ ਦੇ ਜਨਰਲ ਸਕੱਤਰ ਜਸਬੀਰ ਸੰਧੂ ਨੇ ਕਿਹਾ ਕਿ ਇਸਾਈ ਭਾਈਚਾਰਾ ਸਾਰਿਆਂ ਧਰਮਾਂ ਦਾ ਸਤਿਕਾਰ ਕਰਦਾ ਹੈ। ਮੁੱਠੀ ਭਰ ਲੋਕ ਪੰਜਾਬ ਦੇ ਮਾਹੌਲ ਨੂੰ ਅਣਸੁਖਾਵਾਂ ਬਣਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਰਕਾਰ ਅਜਿਹੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਲਾਖਾਂ ਪਿੱਛੇ ਡੱਕੇ, ਪੰਜਾਬ ਅੰਦਰ ਵੱਧ ਰਹੀਆਂ ਨਾਖੁਸ਼ਗਵਾਰ ਘਟਨਾਵਾਂ ਕਰਕੇ ਪੰਜਾਬ ਤੇ ਪੰਜਾਬੋਂ ਬਹਾਰ ਵੱਸਦੇ ਘੱਟ ਗਿਣਤੀ ਇਸਾਈ ਭਾਈਚਾਰੇ ਅੰਦਰ ਰੋਸ ਦੀ ਲਹਿਰ ਜ਼ੋਰ ਫੜਦੀ ਜਾ ਰਹੀ ਹੈ। ਮੁਜ਼ਾਹਰਾਕਾਰੀਆਂ ਨੇ ਇਕ ਅਵਾਜ਼ ਵਿੱਚ ਨਾਰਾ ਲਾਇਆ ਕਿ ਜੇਕਰ ਸਾਨੂੰ ਇਨਸਾਫ ਨਾ ਮਿਲਿਆ ਤਾਂ ਇਸਾਈ ਭਾਈਚਾਰਾ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਜਾਵੇਗਾ।

ਇਸ ਮੌਕੇ ਇਸਾਈ ਆਲ ਇੰਡੀਆ ਕੈਥੋਲਿਕ ਯੂਨੀਆ ਦੇ ਪੰਜਾਬ ਪ੍ਰਧਾਨ ਯੂਨਸ ਪੀਟਰ ਚੇਅਰਮੈਨ ਵਿਜੇ ਗੌਰੀਆ, ਰਿੰਕੂ ਮੁਗਲ, ਓਮਪ੍ਰਕਾਸ਼ ਗੱਬਰ, ਕੁਲਦੀਪ ਗਿੱਲ, ਪਵਨ ਕੁਮਾਰ, ਬਾਮਾਇਕਲ, ਰਵੀ, ਲਾਰੈਂਸ, ਪ੍ਰਧਾਨ ਬੀਰ ਮਸੀਹ, ਅਜੀਤ ਮਸੀਹ, ਪ੍ਰਗਟ ਮਸੀਹ ਬੀਬੀ ਐਗਨਸ ਆਦਿ ਮੌਜੂਦ ਸਨ।

# ਬੱਚੇ ਹੀ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰ ਸਕਦੇ: ਡਾ. ਕਿਸ਼ਨਪੁਰੀ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸੇਂਟ ਸੋਲਜਰ ਗਰੁੱਪ ਆਫ ਸਕੂਲ ਦੇ ਚੇਅਰਮੈਨ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਸਕੂਲ ਦੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਇਆਂ ਕਿਹਾ ਕਿ ਬੱਚੇ ਕੌਮ ਦਾ ਮਾਣ ਹਨ ਤੇ ਇਹੀ ਭਗਤ ਸਿੰਘ ਦੀ ਸੋਚ ਨੂੰ ਅੱਗੇ ਵਧਾ ਸਕਣਗੇ। ਉਹ ਸਕੂਲ ਵੱਲੋਂ ਕਰਵਾਏ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਦੇ ਸਮਾਗਮ ਵਿੱਚ ਬੋਲ ਰਹੇ ਸਨ। ਉਨ੍ਹਾਂ ਨੇ ਭਗਤ ਸਿੰਘ ਦੀਆਂ ਉਨ੍ਹਾਂ ਗੱਲਾਂ ਦਾ ਜ਼ਿਕਰ ਕੀਤਾ ਜਿਨ੍ਹਾਂ ਵਿਚ ਭਗਤ ਸਿੰਘ ਨੇ ਸੰਦੇਸ਼ ਦਿੱਤਾ ਸੀ ਕਿ ਭਗਤ ਸਿੰਘ ਖਾਸ ਬੰਦਿਆਂ ਵਿਚ ਨਹੀਂ ਸਗੋਂ ਆਮ ਨੌਜਵਾਨਾਂ ਦਾ ਨੇਤਾ ਹੈ ਤੇ ਅੱਜ ਲੋੜ ਹੈ ਕਿ ਨੌਜਵਾਨ ਗਲਤ ਤਰੀਕਿਆਂ ਨੂੰ ਛੱਡ ਕੇ ਕਿਤਾਬਾਂ ਨਾਲ ਜੁੜਨ , ਆਪਣੇ ਦੇਸ਼ ਦੀ ਵਿਗੜ ਰਹੀ ਵਿਵਸਥਾ ਬਾਰੇ ਸੋਚਣ ਅਤੇ ਆਪਣੀ ਆਵਾਜ਼ ਬੁਲੰਦ ਕਰਨ। ਉਨ੍ਹਾਂ ਨੇ 2000 ਬੱਚਿਆਂ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਸਲਾਮੀ ਦੇਣ 'ਤੇ ਬੱਚਿਆਂ ਦਾ ਧੰਨਵਾਦ ਕੀਤਾ। ਸਕੂਲ ਦੇ ਸਟਾਫ ਤੇ ਬੱਚਿਆਂ ਨੇ ਭਗਤ ਸਿੰਘ ਵਰਗੀਆਂ ਕੇਸਰੀ ਪੱਗਾਂ ਤੇ ਸੂਟ ਪਾ ਕੇ ਭਗਤ ਸਿੰਘ ਨੂੰ ਯਾਦ ਕੀਤਾ। 'ਮੇਰਾ ਰੰਗ ਦੇ ਬਸੰਤੀ ਚੋਲਾ' ਤੇ 'ਸਰਫਰੋਸ਼ੀ ਕੀ ਤਮੰਨਾ' ਵਰਗੇ ਗੀਤ ਸਟਾਫ ਤੇ ਬੱਚਿਆਂ ਨੇ ਜਦੋਂ ਗਾਏ ਤਾਂ ਮਾਹੌਲ ਬਹੁਤ ਹੀ ਭਾਵੁਕ ਹੋ ਗਿਆ। ਡਾ. ਮੰਗਲ ਸਿੰਘ ਨੇ ਬੱਚਿਆਂ ਨੂੰ ਭਗਤ ਸਿੰਘ ਵਰਗੇ ਇਨਕਲਾਬੀਆਂ ਦੀਆਂ ਜੀਵਨੀਆਂ ਪੜ੍ਹਨ ਤੇ ਉਨ੍ਹਾਂ ਦੇ ਪਾਏ ਪੂਰਨਿਆਂ ਤੇ ਚੱਲਣ ਦੀ ਪ੍ਰੇਰਨਾ ਦਿੱਤੀ ਤਾਂ ਜੋ ਅੱਜ ਦੇ ਸਮਾਜ ਵਿੱਚੋਂ ਗਰੀਬੀ ਤੇ ਛੂਤ-ਛਾਤ ਨੂੰ ਖਤਮ ਕੀਤਾ ਜਾ ਸਕੇ।

# ਰੰਧਾਵਾ ਮ.ਪ.ਹ.ਵ. ਮੇਲ ਯੂਨੀਅਨ ਦੇ ਬਲਾਕ ਪ੍ਰਧਾਨ ਬਣੇ



**ਕਲਾਨੌਰ (ਕੋਹਲੀ)**-ਬਲਾਕ ਕਲਾਨੌਰ ਤੋਂ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਨੇ ਨਵੇਂ ਬਲਾਕ ਪ੍ਰਧਾਨ ਦੀ ਚੋਣ ਕਰ ਲਈ ਹੈ। ਚੋਣ ਕਰਨ ਤੋਂ ਪਹਿਲਾਂ ਸੀਐੱਚਸੀ ਕਲਾਨੌਰ ਵਿਖੇ ਮਲਟੀਪਰਪਜ਼ ਹੈੱਲਥ ਵਰਕਰ ਮੇਲ ਯੂਨੀਅਨ ਦੇ ਮੈਂਬਰਾਂ ਵੱਲੋਂ ਇੱਕ ਮੀਟਿੰਗ ਹੋਈ ਜਿਸ ਵਿਚ ਸਤਿੰਦਰ ਸਿੰਘ ਰੰਧਾਵਾ ਡੇਰਾ ਪਠਾਣਾਂ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ ਕਿਉਂਕਿ ਕੁਝ ਦਿਨ ਪਹਿਲਾਂ ਪਹਿਲੇ ਪ੍ਰਧਾਨ ਨਿਰਮਲ ਸਿੰਘ ਦਾਲਮ ਵੱਲੋਂ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਗਿਆ ਸੀ ਅਤੇ ਪ੍ਰਧਾਨ ਦੀ ਜਗ੍ਹਾ ਖਾਲੀ ਸੀ। ਪ੍ਰਧਾਨ ਦੀ ਚੋਣ ਕਰਨ ਦੇ ਨਾਲ-ਨਾਲ ਕੁਝ ਹੋਰ ਮੈਂਬਰਾਂ ਦੀ ਚੋਣ ਵੀ ਕੀਤੀ ਗਈ ਜਿਸ ਵਿਚ ਵਾਈਸ ਪ੍ਰਧਾਨ ਜਸਪਿੰਦਰ ਸਿੰਘ ਜੱਸੀ ਨੂੰ ਬਣਾਇਆ ਗਿਆ। ਜਨਰਲ ਸਕੱਤਰ ਨਰਿੰਦਰ ਸਿੰਘ ਸਾਹਲੇ ਚੱਕ, ਗੁਰਮੇਜ ਸਿੰਘ ਕੈਸ਼ੀਅਰ ਅਤੇ ਅਮਰਜੀਤ ਸਿੰਘ ਨੂੰ ਯੂਨੀਅਨ ਦਾ ਸਲਾਹਕਾਰ ਚੁਣਿਆ ਗਿਆ

# ਅਕਾਲ ਸਹਾਇ ਹਸਪਤਾਲ ਵੱਲੋਂ ਮੁਫਤ ਮੈਡੀਕਲ ਕੈਂਪ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਅਕਾਲ ਸਹਾਇ ਹਸਪਤਾਲ ਬਲੇਅਰ ਰੋਡ ਭਿੱਖੀਵਿੰਡ ਵਿਖੇ ਡਾ. ਵਿਵੇਕ ਸ਼ਰਮਾ ਦੀ ਅਗਵਾਈ ਹੇਠ ਮੁਫਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਵਿਵੇਕ ਸ਼ਰਮਾ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਮਰੀਜ਼ਾਂ ਦੀ ਡਾਕਟਰੀ ਸਮੱਸਿਆ ਅਨੁਸਾਰ ਮੁਫਤ ਦਵਾਈਆਂ ਵੰਡੀਆਂ ਗਈਆਂ ਤੇ ਡਾ: ਪੁਸ਼ਪਿੰਦਰ ਕੌਰ ਐਮ. ਡੀ. ਵਲੋਂ ਮੁਫਤ ਚੈਕਅੱਪ ਕੀਤਾ ਗਿਆ ਤੇ ਮੁਫਤ ਵਿੱਚ ਸ਼ੂਗਰ , ਬੀ. ਪੀ. ਦੇ ਟੈਸਟ ਵੀ ਕੀਤੇ ਗਏ। ਇਸ ਮੌਕੇ ਡਾ: ਪੁਸ਼ਪਿੰਦਰ ਕੌਰ ਤੇ ਡਾ: ਸੁਦਰਸ਼ਨ ਸਿੰਘ ਹਾਜ਼ਰ ਸਨ।

# ਖ਼ਾਲਸਾ ਕਾਲਜ ਆਫ ਐਜੂਕੇਸ਼ਨ ਨੇ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਆਫ਼ ਅਜੂਕੇਸ਼ਨ ਜੀ. ਟੀ. ਰੋਡ ਵਿਖੇ ਸ਼ਹੀਦੇ-ਆਜ਼ਮ ਭਗਤ ਸਿੰਘ ਜੀ ਦਾ 115ਵਾਂ ਜਨਮ ਦਿਨ ਮਨਾਇਆ ਗਿਆ। ਇਹ ਪ੍ਰੋਗਰਾਮ ਪੰਜਾਬ ਸਰਕਾਰ ਦੇ ਦਿੱਤੇ ਅਦੇਸ਼ਾਂ ਅਨੁਸਾਰ ਕਾਲਜ ਦੇ ਐੱਨ. ਐੱਸ. ਐੱਸ. ਯੂਨਿਟ ਦੁਆਰਾ ਡਾ. ਗੁਰਜੀਤ ਕੌਰ, ਡਾ. ਬਿੰਦੂ ਸ਼ਰਮਾ ਅਤੇ ਡਾ. ਸਤਿੰਦਰ ਢਿਲੋਂ ਦੀ ਯੋਗ ਅਗਵਾਈ ਵਿਚ ਆਯੋਜਿਤ ਕੀਤਾ ਗਿਆ। ਕਾਲਜ ਪ੍ਰਿੰ. ਡਾ. ਹਰਪ੍ਰੀਤ ਕੌਰ ਦੇ ਸਹਿਯੋਗ ਸਦਕਾ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਕਾਲਜ ਦੇ ਵਿਦਿਆਰਥੀਆਂ ਦੁਆਰਾ ਗਾਂਧੀ ਗੇਟ ਤੋਂ ਜਲ੍ਹਿਆਂਵਾਲੇ ਬਾਗ ਤੱਕ ਆਯੋਜਿਤ ਰੈਲੀ ਵਿਚ ਹਿੱਸਾ ਲੈ ਕੇ ਸ਼ਹੀਦ ਭਗਤ ਸਿੰਘ ਦੇ ਸਿਧਾਂਤਾਂ ਨੂੰ ਵੱਖ-ਵੱਖ ਪੋਸਟਰਾਂ ਅਤੇ ਬੈਨਰਾਂ ਦੀ ਮਦਦ ਨਾਲ ਜਨ ਸਮੂਹ ਵਿੱਚ ਪਹੁੰਚਾਇਆ ਗਿਆ। ਇਸ ਦੌਰਾਨ ਪ੍ਰਿੰ: ਡਾ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ਼ਹੀਦ ਭਗਤ ਸਿੰਘ ਦੀ ਦਿੱਤੀ ਹੋਈ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਣ ਲਈ ਪ੍ਰੇਰਿਆ ਅਤੇ ਕਿਹਾ ਕਿ ਅੱਜ ਕੱਲ ਦੀ ਨੌਜਵਾਨ ਪੀੜ੍ਹੀ ਵਿਚ ਦੇਸ਼ ਭਗਤੀ ਦਾ ਜਜ਼ਬਾ ਘੱਟ ਰਿਹਾ ਹੈ। ਦੇਸ਼ ਨੂੰ ਤਰੱਕੀ ਲਈ ਸ਼ਹੀਦ ਭਗਤ ਸਿੰਘ ਜਿਹੇ ਜਜ਼ਬੇ ਭਰਪੂਰ ਨੌਜਵਾਨਾਂ ਦੀ ਲੋੜ ਹੈ। ਇਸ ਤੋਂ ਬਾਅਦ ਕਾਲਜ ਵਿਚ ਸ਼ਹੀਦ ਭਗਤ ਸਿੰਘ ਦੇ ਜੀਵਨ ਅਤੇ ਸਿਧਾਂਤਾਂ ਉੱਤੇ ਅਕਾਦਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ 'ਚ ਕਾਲਜ ਦੇ ਵਿਦਿਆਰਥੀਆਂ ਦੁਆਰਾ ਸੈਮੀਨਾਰ, ਪਾਵਰ ਪੁਆਇੰਟ ਪ੍ਰੈਜ਼ੈਂਟੇਸ਼ਨ, ਕਵਿਤਾ ਉਚਾਰਨ ਅਤੇ ਸਕਿੱਟ ਦੇ ਮਾਧਿਅਮ ਰਾਹੀਂ ਜਨ ਚੇਤਨਾ ਫੈਲਾਈ ਗਈ। ਇਸ ਮੌਕੇ ਕਾਲਜ ਦੇ ਵਾਇਸ ਪ੍ਰਿੰ. ਡਾ. ਨਿਰਮਲਜੀਤ ਕੌਰ ਸੰਧੂ ਸਮੇਤ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਮਨਦੀਪ ਵੱਲੋਂ ਅੰਗਰੇਜ਼ੀ ਭਾਸ਼ਾ ਮੁਕਾਬਲੇ 'ਚ ਦੂਜਾ ਸਥਾਨ ਹਾਸਲ



**ਬੁਤਾਲਾ (ਨਿਰਮਲ ਸਿੰਘ ਸੰਘਾ)**-ਉਲੰਪੀਅਨ ਦਿਲਪ੍ਰੀਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ ਦੀ 10+1 ਕਾਮਰਸ ਦੀ ਵਿਦਿਆਰਥਣ ਮਨਦੀਪ ਕੌਰ ਨੇ ਮੈਡਮ ਮਨਪ੍ਰੀਤ ਕੌਰ ਦੀ ਰਹਿਨੁਮਾਈ ਹੇਠ ਇੰਗਲਿਸ਼ ਬੂਸਟਰ ਕਲੱਬ ਵਿੱਚੋਂ ਜ਼ਿਲ੍ਹੇ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ। ਇੰਗਲਿਸ਼ ਬੂਸਟਰ ਕਲੱਬ ਵਿਦਿਆਰਥੀਆਂ ਵਿੱਚ ਅੰਗਰੇਜ਼ੀ ਭਾਸ਼ਾ ਦੇ ਗਿਆਨ ਵਿੱਚ ਵਾਧਾ ਅਤੇ ਅੰਗਰੇਜ਼ੀ ਨੂੰ ਬੋਲਣ ਲਈ ਉਤਸ਼ਾਹਿਤ ਕਰਦਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨਿਰਮਲ ਸਿੰਘ ਅਤੇ ਅਧਿਆਪਕ ਸਾਹਿਬਾਨ ਨੇ ਵਿਦਿਆਰਥੀ ਨੂੰ ਮੁਬਾਰਕਾਂ ਦਿੱਤੀਆਂ। ਪ੍ਰਿੰਸੀਪਲ ਨਿਰਮਲ ਸਿੰਘ ਨੇ ਕਿਹਾ ਕਿ ਬਾਕੀ ਵਿਦਿਆਰਥੀ ਵੀ ਵੱਖ-ਵੱਖ ਪਤੀਯੋਗਤਾਵਾਂ ਵਿੱਚ ਹਿੱਸਾ ਲੈ ਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਸਕਦੇ ਹਨ। ਇਸ ਮੌਕੇ ਪ੍ਰਿੰਸੀਪਲ ਨਿਰਮਲ ਸਿੰਘ ਅਤੇ ਸਕੂਲ ਸਟਾਫ ਹਾਜ਼ਰ ਸੀ।

# ਪਿੰਡ ਛੀਨਾ ਬੇਟ 'ਚ 20ਵਾਂ ਸਾਲਾਨਾ ਜਾਗਰਣ ਅੱਜ

**ਗੁਰਦਾਸਪੁਰ 30 ਸਤੰਬਰ (ਜਨਕ ਮਹਾਜਨ)**-ਸ਼ਿਵ ਸ਼ਕਤੀ ਨੌਜਵਾਨ ਸਭਾ ਵਲੋਂ ਬੇਟ ਖੇਤਰ ਦੇ ਪਿੰਡ ਛੀਨਾ ਬੇਟ ਵਿਖੇ ਹਰੇਕ ਸਾਲ ਵਾਂਗ ਇਸ ਵਾਰ ਵੀ 20ਵਾਂ ਮਹਾਮਾਈ ਦਾ ਵਿਸ਼ਾਲ ਜਾਗਰਣ 1 ਅਕਤੂਬਰ ਨੂੰ ਪਿੰਡ ਵਾਸੀਆਂ ਤੇ ਮੰਦਿਰ ਕਮੇਟੀ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਭਾ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੌਨੂੰ, ਨਰਿੰਦਰ ਸਿੰਘ, ਸੁਰਿੰਦਰ ਸਿੰਘ, ਰਮਨ, ਵੀਰ ਸਿੰਘ ਅਤੇ ਸਲਜੀਤ ਸਿੰਘ ਨੇ ਦੱਸਿਆ ਕਿ ਮਹਾਮਾਈ ਦੀ ਜੋਤ ਮਾਤਾ ਜਵਾਲਾ ਜੀ ਤੋਂ ਲਿਆਂਦੀ ਜਾਵੇਗੀ ਅਤੇ ਭੇਟਾਂ ਦਾ ਗੁਣਗਾਨ ਕਰਨ ਵਾਸਤੇ ਪੰਜਾਬ ਦੇ ਮਸ਼ਹੂਰ ਗਾਇਕ ਸੁਖਜਿੰਦਰ ਯਮਲਾ ਅਤੇ ਸਵਰਨ ਯਮਲਾ ਪਹੁੰਚ ਰਹੇ ਹਨ ਅਤੇ ਇਹ ਜਾਗਰਣ ਯੂ ਟਿਊਬ 'ਤੇ ਲਾਇਵ ਵੀ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਜਾਗਰਣ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹਨ।

# ਬਾਬਾ ਆਇਆ ਸਿੰਘ ਰਿਆੜਕੀ ਕਾਲਜ 'ਚ ਸੈਮੀਨਾਰ ਆਯੋਜਿਤ



**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਮੁੱਖ ਰੱਖਦੇ ਹੋਏ ਪ੍ਰਬੰਧਕਾਂ ਵਲੋਂ ਸੈਮੀਨਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਵਿਦਿਆਰਥੀਆਂ ਦੇ ਆਤਮ ਚਿੰਤਨ ਅਤੇ ਆਤਮ ਬਲ ਨੂੰ ਬਲਵਾਨ ਕਰਨ ਉਪਰ ਜ਼ੋਰ ਦਿੱਤਾ ਅਤੇ ਵਿਦਿਆਰਥੀ ਵਰਗ ਨੂੰ ਆਪਣੇ ਚੌਗਿਰਦੇ ਨੂੰ ਮਜ਼ਬੂਤ ਕਰਦੇ ਹੋਏ ਆਪਣੇ ਵਿਚਾਰਾਂ ਉੱਪਰ ਸੰਜਮ ਤੇ ਸਬਰ-ਸੰਤੋਖ ਦੇ ਨਾਲ ਆਪਣੀ ਮੰਜ਼ਿਲ ਹਾਸਲ ਕਰਨ ਬਾਰੇ ਜਾਗਰੂਕਤਾ ਭਰਪੂਰ ਜਾਣਕਾਰੀ ਦਿੱਤੀ। ਸੈਮੀਨਾਰ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਮੈਡਮ ਪੂਨਮ ਸਿੰਘ ਸੰਪਾਦਕ 'ਪ੍ਰੀਤਲੜੀ' ਨੇ ਦੇਸ਼ ਵਿਦੇਸ਼ ਵਿੱਚ ਵਿੱਦਿਅਕ ਖੇਤਰ ਵਿੱਚ ਅਪਣਾਏ ਜਾ ਰਹੇ ਨਵੇਂ ਤਜਰਬਿਆਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਤੇ ਇਨ੍ਹਾਂ ਤਜਰਬਿਆਂ ਨੂੰ ਇਸ ਸੰਸਥਾ ਵਿੱਚ ਅਪਨਾਉਣ ਲਈ ਪ੍ਰੇਰਿਆ। ਇਸ ਮੌਕੇ ਕਾਲਜ ਪ੍ਰਿੰ. ਸਵਰਨ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ ਕਿ ਜੇਕਰ ਵਿਦਿਆਰਥੀ ਇਕਾਗਰਤਾ, ਇਕਸੁਰਤਾ, ਲਗਾਤਾਰਤਾ ਅਤੇ ਇਕਸਾਰਤਾ ਨਾਲ ਕੰਮ ਕਰਨਗੇ ਤਾਂ ਜ਼ਿੰਦਗੀ ਦਾ ਕੋਈ ਵੀ ਮੁਕਾਮ ਹਾਸਲ ਕਰਨਾ ਅਸੰਭਵ ਨਹੀਂ। ਵਿਦਿਆਰਥਣਾਂ ਨੇ ਮੈਡਮ ਪੂਨਮ ਦੇ ਵਿਚਾਰਾਂ 'ਤੇ ਅਮਲੀ ਪਹਿਰਾ ਦੇਣ ਦਾ ਅਹਿਦ ਲਿਆ। ਇਸ ਮੌਕੇ ਸੁਖਦਿਆਲ ਸਿੰਘ ਭੁੱਲਰ ਦੀ ਲਿਖੀ ਪੁਸਤਕ ਭੇਟ ਕੀਤੀ ਗਈ। ਅਖੀਰ ਸਟੂਡੈਂਟ ਕਮੇਟੀ ਅਤੇ ਪ੍ਰਿੰ. ਵਿਰਕ ਦੁਆਰਾ ਬਾਹਰੋਂ ਆਏ ਮਹਿਮਾਨਾਂ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਪ੍ਰੋ. ਦਰਸ਼ਨ ਸਿੰਘ ਅਤੇ ਗੁਰਪ੍ਰੀਤ ਸਿੰਘ ਮਰੜ ਵੀ ਹਾਜ਼ਰ ਸਨ।

# ਰਜਿੰਦਰ ਸਿੰਘ ਦੀ ਸੇਵਾਮੁਕਤੀ ਮੌਕੇ ਵਿਦਾਇਗੀ ਸਮਾਗਮ

**ਮਹਿਤਪੁਰ (ਰਾਜਾ)** ਸਰਕਾਰੀ ਮਿਡਲ ਸਕੂਲ ਲੋਹਗੜ੍ਹ 'ਚ ਪੜ੍ਹਾ ਰਹੇ ਅਧਿਆਪਕ ਰਜਿੰਦਰ ਸਿੰਘ ਨੂੰ ਸੇਵਾਮੁਕਤੀ ਹੋਣ 'ਤੇ ਪਿੰਡ ਦੀ ਪੰਚਾਇਤ ਵੱਲੋਂ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ। 25 ਸਾਲ ਦੀ ਬੇਦਾਗ ਅਤੇ ਸ਼ਾਨਦਾਰ ਸੇਵਾਮੁਕਤੀ ਮੌਕੇ ਨੂੰ ਯਾਦਗਾਰੀ ਬਣਾਉਣ ਲਈ ਸਕੂਲ 'ਚ ਸਮਾਗਮ ਕਰਵਾਇਆ ਗਿਆ।

ਇਸ ਮੌਕੇ ਪਰਸ਼ਨ ਸਿੰਘ ਖਿੰਡਾ ਤੇ ਇਕਬਾਲ ਸਿੰਘ ਚੇਅਰਮੈਨ ਨੇ ਕਿਹਾ ਕਿ ਰਜਿੰਦਰ ਸਿੰਘ ਇੱਕ ਇਮਾਨਦਾਰ ਅਤੇ ਬੇਦਾਗ ਅਧਿਆਪਕ ਹਨ। ਉਹ ਬੱਚਿਆਂ ਪ੍ਰਤੀ ਬਹੁਤ ਹੀ ਜ਼ਿੰਮੇਵਾਰ ਅਧਿਆਪਕ ਸਨ। ਅੱਜ ਉਹ ਸੇਵਾਮੁਕਤੀ ਹੋ ਰਹੇ ਹਨ।

ਸਕੂਲ ਉਨ੍ਹਾਂ ਦੀ ਕਮੀ ਹਮੇਸ਼ਾ ਹੀ ਮਹਿਸੂਸ ਹੋਵੇਗੀ। ਇਸ ਮੌਕੇ ਪਰਮਜੀਤ ਕੌਰ ਸਰਪੰਚ, ਰਾਜਵਿੰਦਰ ਕੌਰ ਪੰਚ, ਸੁਖਦੀਪ ਕੌਰ ਪੰਚ, ਬੂਟਾ ਰਾਮ ਪੰਚ, ਮਿੱਤਰਪਾਲ ਸਿੰਘ ਪੰਚ, ਇਕਬਾਲ ਸਿੰਘ ਚੇਅਰਮੈਨ ਸਰਕਾਰੀ ਮਿਡਲ ਸਕੂਲ ਲੋਹਗੜ੍ਹ, ਲਖਵੀਰ ਸਿੰਘ, ਕੇਵਲ ਸਿੰਘ ਸਾਬਕਾ ਸਰਪੰਚ ਖਹਿਰਾ ਮੁਸਤਰਕਾ, ਨਰਿੰਦਰ ਸਿੰਘ, ਪਰਸਨ ਸਿੰਘ ਖਿੰਡਾ, ਕਸਮੀਰ ਸਿੰਘ, ਸਤਨਾਮ ਸਿੰਘ, ਛਿੰਦਰ ਕੌਰ, ਅਧਿਆਪਕ ਹਰਜਿੰਦਰ ਸਿੰਘ, ਮੈਡਮ ਜਸਪ੍ਰੀਤ ਕੌਰ, ਕਮਲਜੀਤ ਸਿੰਘ, ਰਮਨਜੀਤ ਸਿੰਘ ਰਣਜੀਤ ਸਿੰਘ ਅਤੇ ਸਕੂਲ ਦੇ ਬੱਚੇ ਸ਼ਾਮਲ ਸਨ।



# ਪਰਾਲੀ ਦੀ ਅੱਗ ਨੂੰ ਰੋਕਣ ਲਈ ਗੁਰਦਾਸਪੁਰ ਤੇ ਬਟਾਲਾ 'ਚ ਕੰਟਰੋਲ ਰੂਮ ਸਥਾਪਤ

**ਗੁਰਦਾਸਪੁਰ, (ਜਨਕ ਮਹਾਜਨ)**-ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫ਼ਾਕ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਝੋਨੇ ਦੀ ਕਟਾਈ ਤੋਂ ਬਾਅਦ ਆਪਣੇ ਖੇਤਾਂ ਵਿੱਚ ਪਰਾਲੀ ਨੂੰ ਅੱਗ ਬਿਲਕੁਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਪਰਾਲੀ/ਨਾੜ ਨੂੰ ਅੱਗ ਲਗਾਉਣ ਨਾਲ ਜਿਥੇ ਵਾਤਾਵਰਨ ਦੂਸ਼ਿਤ ਹੁੰਦਾ ਹੈ ਓਥੇ ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ ਅਤੇ ਮਨੁੱਖ ਸਮੇਤ ਹੋਰ ਜੀਵ-ਜੰਤੂਆਂ ਲਈ ਵੀ ਇਹ ਬੇਹੱਦ ਘਾਤਕ ਸਾਬਤ ਹੁੰਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਅੱਗ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹੇ ਵਿੱਚ ਦੋ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ ਜੋ ਦਿਨ-ਰਾਤ ਕੰਮ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਪਹਿਲਾ ਕੰਟਰੋਲ ਰੂਮ ਗੁਰਦਾਸਪੁਰ ਵਿਖੇ ਹੈ ਜਿਸਦਾ ਨੰਬਰ 01874-292740 ਹੈ ਅਤੇ ਇਸ ਕੰਟਰੋਲ ਰੂਮ ਨਾਲ ਗੁਰਦਾਸਪੁਰ, ਕਾਹਨੂੰਵਾਨ, ਦੀਨਾਨਗਰ, ਧਾਰੀਵਾਲ ਅਤੇ ਕਲਾਨੌਰ ਬਲਾਕਾਂ ਦੇ ਕਿਸਾਨ, ਸਰਪੰਚ, ਨੰਬਰਦਾਰ ਅੱਗ ਲੱਗਣ ਦੀਆਂ ਘਟਨਾਵਾਂ ਦੀ ਸੂਚਨਾ ਦੇ ਸਕਦੇ ਹਨ।

ਦੂਜਾ ਕੰਟਰੋਲ ਰੂਮ ਬਟਾਲਾ ਵਿਖੇ ਸਥਾਪਤ ਕੀਤਾ ਗਿਆ ਹੈ, ਜਿਸਦਾ ਨੰਬਰ 01871-226033 ਹੈ ਅਤੇ ਇਸ ਕੰਟਰੋਲ ਰੂਮ ਨਾਲ ਬਟਾਲਾ, ਸ੍ਰੀ ਹਰਗੋਬਿੰਦਪੁਰ ਸਾਹਿਬ, ਕਾਦੀਆਂ, ਫ਼ਤਹਿਗੜ੍ਹ ਚੂੜੀਆਂ ਅਤੇ ਡੇਰਾ ਬਾਬਾ ਨਾਨਕ ਬਲਾਕਾਂ ਨਾਲ ਸਬੰਧਤ ਪਰਾਲੀ ਨੂੰ ਅੱਗ ਦੀਆਂ ਘਟਨਾਵਾਂ ਦੀ ਸੂਚਨਾ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਬਾਰੇ 112 ਨੰਬਰ 'ਤੇ ਵੀ ਸੂਚਿਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਫਸਲੀ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਕਿਸੇ ਪ੍ਰਕਾਰ ਦੀ ਤਕਨੀਕੀ ਜਾਣਕਾਰੀ ਲੈਣ ਲਈ ਕਿਸਾਨ ਆਪਣੇ ਨੇੜੇ ਦੇ ਖੇਤੀਬਾੜੀ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

# 'ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ' ਦੇ ਜੇਤੂ ਬੱਚਿਆਂ ਦਾ ਮਾਣ-ਸਨਮਾਨ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਸੂਬਾ ਕਮੇਟੀ ਵਲੋਂ ਜੁਲਾਈ ਵਿਚ ਆਯੋਜਿਤ ਕੀਤੀ ਚੌਥੀ ਸੂਬਾ ਪੱਧਰੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੇ ਐਲਾਨੇ ਨਤੀਜਿਆਂ ਅਨੁਸਾਰ ਅੱਜ ਆਤਮ ਪਬਲਿਕ ਸਕੂਲ, ਇਸਲਾਮਾਬਾਦ ਵਿਖੇ ਜ਼ੋਨ ਅਤੇ ਅੰਮ੍ਰਿਤਸਰ ਇਕਾਈ ਵਿੱਚ ਵਧੀਆ ਕਾਰਗੁਜ਼ਾਰੀ ਵਿਖਾਉਣ ਵਾਲੇ ਇਸ ਸਕੂਲ ਦੇ ਵਿਦਿਆਰਥੀਆਂ ਨੂੰ ਤਰਕਸ਼ੀਲ ਸੁਸਾਇਟੀ ਵਲੋਂ ਤਰਕਸ਼ੀਲ ਕਿਤਾਬਾਂ ਦੇ ਸੈੱਟ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਗਮ ਦੀ ਪ੍ਰਧਾਨਗੀ ਤਰਕਸ਼ੀਲ ਆਗੂਆਂ ਜਸਪਾਲ ਬਾਸਰਕੇ, ਸੁਮੀਤ ਸਿੰਘ ਅਸ਼ਵਨੀ ਕੁਮਾਰ, ਸਕੂਲ ਦੇ ਮੁੱਖ ਪ੍ਰਬੰਧਕ ਪ੍ਰਤੀਕ ਸਹਿਦੇਵ, ਪ੍ਰਿੰ. ਅੰਕਿਤਾ ਸਹਿਦੇਵ, ਵਾਈਸ ਪ੍ਰਿੰ. ਸੁਭਾਸ਼ ਚੰਦਰ, ਮੈਡਮ ਪਰਮਜੀਤ, ਮੈਡਮ ਪੂਨਮ ਸ਼ਰਮਾ, ਮੈਡਮ ਤ੍ਰਿਪਤਾ, ਮੋਹਿਤ ਸਹਿਦੇਵ ਅਤੇ ਨਵਦੀਪ ਕੁਮਾਰ ਨੇ ਕੀਤੀ। ਇਸ ਪ੍ਰੀਖਿਆ ਵਿੱਚ ਮਾਝਾ ਜ਼ੋਨ ਦੇ ਸੈਕੰਡਰੀ ਗਰੁੱਪ ਵਿੱਚੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਨਮਨ ਅਤੇ ਤਮੰਨਾ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਹਾਸਿਲ ਕੀਤਾ ਜਦਕਿ ਮਿਡਲ ਗਰੁੱਪ ਵਿੱਚੋਂ ਮੁਸਕਾਨ ਨੇ ਪਹਿਲਾ ਅਤੇ ਦੀਪਿਕਾ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਇਕਾਈ ਪੱਧਰ ਦੇ ਨਤੀਜਿਆਂ ਵਿੱਚੋਂ ਵੀ ਆਤਮ ਪਬਲਿਕ ਸਕੂਲ ਦੇ ਵਿਦਿਆਰਥੀਆਂ ਇਸ਼ੀਤਾ, ਮਨਸੀਰਤ ਕੌਰ ਅਤੇ ਅੰਨੂ ਸ਼ਰਮਾ ਨੇ ਸੈਕੰਡਰੀ ਗਰੁੱਪ ਵਿੱਚੋਂ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਅਤੇ ਮਿਡਲ ਗਰੁੱਪ ਵਿੱਚੋਂ ਨੰਦਿਨੀ ਸ਼ਰਮਾ, ਨੈਨਸੀ ਅਤੇ ਮਾਹੀ ਨੇ ਵੀ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਇਸ ਪ੍ਰੀਖਿਆ ਵਿਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੇਤਨ ਪ੍ਰੀਖਿਆ ਵਿਚ ਸਕੂਲ ਦੇ ਵਿਦਿਆਰਥੀਆਂ ਵਲੋਂ ਬਿਹਤਰ ਕਾਰਗੁਜ਼ਾਰੀ ਵਿਖਾਉਣ ਅਤੇ ਸਹਿਯੋਗ ਕਰਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਅੰਕਿਤਾ ਸਹਿਦੇਵ ਨੂੰ ਤਰਕਸ਼ੀਲ ਸੁਸਾਇਟੀ ਵਲੋਂ ਵਿਸ਼ੇਸ਼ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਪ੍ਰਬੰਧਕ ਪ੍ਰਤੀਕ ਸਹਿਦੇਵ, ਪ੍ਰਿੰ. ਅੰਕਿਤਾ ਸਹਿਦੇਵ ਅਤੇ ਵਾਈਸ ਪ੍ਰਿੰ. ਸੁਭਾਸ਼ ਚੰਦਰ ਨੇ ਕਿਹਾ ਕਿ ਵਿਗਿਆਨਕ ਸੋਚ ਮਨੁੱਖੀ ਚੇਤਨਾ ਅਤੇ ਵਿਕਾਸ ਦੀ ਬੁਨਿਆਦ ਹੁੰਦੀ ਹੈ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਸਾਲਾਨਾ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਅਤੇ ਤਰਕਸ਼ੀਲ ਸਾਹਿਤ ਵੈਨ ਰਾਹੀਂ ਵਿਦਿਆਰਥੀਆਂ ਵਿਚ ਵਿਗਿਆਨਕ ਅਤੇ ਸਮਾਜਿਕ ਚੇਤਨਾ ਪ੍ਰਫੁੱਲਤ ਕਰਕੇ ਸਮਾਜ ਵਿਚ ਸਿਹਤਮੰਦ ਅਤੇ ਨੈਤਿਕ ਕਦਰਾਂ-ਕੀਮਤਾਂ ਵਿਕਸਤ ਕਰ ਰਹੀ ਹੈ ਜੋ ਕਿ ਬਹੁਤ ਸ਼ਲਾਘਾਯੋਗ ਉੱਦਮ ਹੈ। ਇਸ ਮੌਕੇ ਤਰਕਸ਼ੀਲ ਆਗੂਆਂ ਵਲੋਂ ਸਹਿਯੋਗ ਕਰਨ ਲਈ ਸਮੂਹ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਗਿਆ।

# ਗਲੀ ਦਾ ਵਿਕਾਸ ਰੁਕਵਾਉਣ ਲਈ ਸ਼ਰਾਰਤੀ ਅਨਸਰਾਂ ਦੀ ਕੋਸ਼ਿਸ਼ ਬੇਪਰਦ




**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਕੁਝ ਕੁ ਅਖੌਤੀ ਪੱਤਰਕਾਰ ਆਪਣੇ ਖੁਦ ਦੇ ਚੈਨਲ 'ਤੇ ਅਖਬਾਰਾਂ ਬਣਾ ਕੇ ਪੱਤਰਕਾਰੀ ਨੂੰ ਬਦਨਾਮ ਕਰ ਰਹੇ ਹਨ ਅਤੇ ਸੋਸ਼ਲ ਮੀਡੀਆ ਦਾ ਸਹਾਰਾ ਲੈ ਕੇ ਅਜਿਹੇ ਸ਼ਰਾਰਤੀ ਅਨਸਰਾਂ ਵੱਲੋਂ ਜਾਅਲੀ ਚੈਨਲ ਬਣਾ ਕੇ ਆਮ ਜਨਤਾ ਦੇ ਨਾਲ-ਨਾਲ ਪ੍ਰਸ਼ਾਸਨ ਨੂੰ ਦਬਾਉਣ ਦੀਆਂ ਵੀ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਜਿਸ ਦੀ ਤਾਜ਼ਾ ਮਿਸਾਲ ਹਲਕਾ ਖੇਮਕਰਨ ਦੇ ਅੱਡਾ ਅਮਰਕੋਟ ਤੋਂ ਸਾਹਮਣੇ ਆਈ ਹੈ।

ਅਮਰਕੋਟ ਪੰਚਾਇਤ ਦੀ ਹੋ ਰਹੀ ਵਿਕਾਸ ਕਾਰਜਾਂ ਨੂੰ ਰੋਕਣ ਲਈ ਸ਼ਰਾਰਤੀ ਅਨਸਰ ਵੱਲੋਂ ਜਾਅਲੀ ਚੈਨਲ ਦੀ ਬ੍ਰੇਕਿੰਗ ਨਿਊਜ਼ ਪੋਸਟ ਬਣਾ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਹੋ ਰਹੇ ਵਿਕਾਸ ਕਾਰਜਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।

ਉੱਥੇ ਹੀ ਜਦ ਗਲੀ ਵਾਲਿਆਂ ਨੂੰ ਇਸ ਜਾਅਲੀ ਚੈਨਲ ਦੀ ਪੋਸਟ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਇਸ ਮਾਮਲੇ ਸੰਬੰਧੀ ਹਲਕਾ ਵਿਧਾਇਕ ਨੂੰ ਜਾਣੂ ਕਰਵਾਇਆ। ਇਸ ਮੌਕੇ ਅਮਰਕੋਟ ਦੇ ਵਸਨੀਕ ਮੂਲ ਚੰਦ, ਕਿਸ਼ਨ ਲਾਲ ਅਤੇ ਸੁਸ਼ਮਾ ਰਾਣੀ ਨੇ ਮੀਡੀਆ ਨੂੰ ਬਿਆਨ ਦਿੰਦਿਆਂ ਦੱਸਿਆ ਕਿ ਕੁਝ ਸ਼ਰਾਰਤੀ ਅਨਸਰ ਉਨ੍ਹਾਂ ਦੀ ਬਣ ਰਹੀ ਗਲੀ ਨੂੰ ਰੋਕਣ ਲਈ ਅਜਿਹੀਆਂ ਪੋਸਟਾਂ ਪਾ ਰਹੇ ਹਨ ਜਦਕਿ ਕਈ ਸਾਲਾਂ ਤੋਂ ਵਿਕਾਸ ਕਾਰਜਾਂ ਤੋਂ ਅਧੂਰੀ ਪਈ ਗਲੀ ਵਿੱਚ ਉਹ ਬੀਤੇ ਲੰਮੇ ਸਮੇਂ ਤੋਂ ਨਰਕ ਭਰੀ ਜ਼ਿੰਦਗੀ ਬਤੀਤ ਕਰ ਰਹੇ ਹਨ । ਉਪਰੋਕਤ ਗਲੀ ਵਾਲਿਆਂ ਨੇ ਡੀਸੀ ਤਰਨਤਾਰਨ ਅਤੇ ਹਲਕਾ ਵਿਧਾਇਕ ਪਾਸੋਂ ਮੰਗ ਕੀਤੀ ਕਿ ਅਜਿਹੇ ਸ਼ਰਾਰਤੀ ਅਨਸਰ ਜੋ ਸਰਕਾਰੀ ਕੰਮ ਵਿੱਚ ਵਿਘਨ ਪਾ ਰਹੇ ਹਨ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਦੀ ਗਲੀ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਕਰਵਾ ਕੇ ਨੇਪਰੇ ਚਾੜ੍ਹਿਆ ਜਾਵੇ।

# ਸਮਾਜਿਕ ਸੁਰੱਖਿਆ 'ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਸਟਾਫ ਵੱਲੋਂ ਰੋਸ ਪ੍ਰਦਰਸ਼ਨ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਉਂਕਾਰ ਸਿੰਘ )**-ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਸਟਾਫ ਐਸੋਸੀਏਸ਼ਨ ਦੇ ਮੈਂਬਰਾਂ ਨੇ ਸੂਬਾ ਸਰਕਾਰ ਵੱਲੋਂ ਉਨ੍ਹਾਂ ਦੀ ਤਨਖਾਹ ਪਿਛਲੇ 3-4 ਮਹੀਨਿਆਂ ਤੋਂ ਜਾਰੀ ਨਾ ਕਰਨ ਦੇ ਰੋਸ ਵਜੋਂ ਸੀ.ਡੀ.ਪੀ.ਓ ਦਫਤਰ ਟਾਂਡਾ ਵਿਖੇ ਰੋਸ ਪ੍ਰਦਰਸ਼ਨ ਕੀਤਾ ।

ਐਸੋਸੀਏਸ਼ਨ ਦੇ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਕੁਮਾਰ ਦੀ ਅਗਵਾਈ ਹੇਠ ਹੋਏ ਇਸ ਰੋਸ ਪ੍ਰਦਰਸ਼ਨ ਦੌਰਾਨ ਸਟਾਫ ਦੇ ਸਮੂਹ ਮੈਂਬਰਾਂ ਨੇ ਦੱਸਿਆ ਕਿ ਉਹ ਆਪਣੀਆਂ ਤਨਖ਼ਾਹਾਂ ਸੰਬੰਧੀ ਪਿਛਲੇ ਮਹੀਨਿਆਂ ਤੋਂ ਨਾ ਜਾਰੀ ਹੋਣ ਦੇ ਰੋਸ ਵਜੋਂ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ। ਅਤੇ ਇਸ ਸੰਬੰਧੀ ਵਧੀਕ ਸਕੱਤਰ ਪੰਜਾਬ ਨਾਲ ਹੋਈ ਮੀਟਿੰਗ ਉਪਰੰਤ ਇਕ ਹਫਤੇ ਦੇ ਅੰਦਰ ਅੰਦਰ ਤਨਖ਼ਾਹਾਂ ਜਾਰੀ ਕਰਨ ਦਾ ਭਰੋਸਾ ਦਿੱਤਾ ਸੀ।

ਇਸ ਉਪਰੰਤ 20 ਨੂੰ ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਬਾਲ ਵਿਕਾਸ ਪੰਜਾਬ ਨਾਲ ਵੀ ਹੋਈ ਪੈਨਲ ਮੀਟਿੰਗ ਉਪਰੰਤ ਉਨ੍ਹਾਂ 10 ਦਿਨਾਂ ਦੇ ਅੰਦਰ-ਅੰਦਰ ਤਿੰਨ ਚਾਰ ਮਹੀਨੇ ਦੀ ਤਨਖਾਹ ਜਾਰੀ ਕਰਨ ਦਾ ਭਰੋਸਾ ਦਿੱਤਾ ਸੀ ਪਰੰਤੂ ਇਸਦੇ ਬਾਵਜੂਦ ਵੀ ਉਹ ਆਪਣੀਆਂ ਤਨਖਾਹਾਂ ਤੋਂ ਵਾਂਝੇ ਹਨ ਜਿਸ ਕਾਰਨ ਉਨ੍ਹਾਂ ਨੂੰ ਆਪਣੇ ਘਰਾਂ ਗੁਜ਼ਾਰਾ ਕਰਨਾ ਔਖਾ ਹੋਇਆ ਪਿਆ ਹੈ ਅਤੇ ਉਹ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੋ ਰਹੇ ਹਨ। ਇਸ ਮੌਕੇ ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਤਨਖਾਹਾਂ ਜਲਦ ਹੀ ਜਾਰੀ ਨਾ ਕੀਤੀਆਂ ਤਾਂ ਉਹ 3 ਅਕਤੂਬਰ ਨੂੰ ਕਲਮਛੋੜ ਹੜਤਾਲ ਕਰਕੇ 4 ਅਕਤੂਬਰ ਨੂੰ ਸਮੂਹਿਕ ਛੁੱਟੀ ਲੈ ਕੇ ਜ਼ਿਲ੍ਹਾ ਪ੍ਰੋਗਰਾਮ ਅਫਸਰਾਂ ਦੇ ਦਫ਼ਤਰਾਂ ਅੱਗੇ ਰੋਸ ਧਰਨੇ ਦੇਣਗੇ।

ਇਸ ਰੋਸ ਪ੍ਰਦਰਸ਼ਨ ਦੌਰਾਨ ਜਗੀਰ ਕੌਰ, ਯਸ਼ਪ੍ਰੀਤ ਕੌਰ, ਸੁਰਿੰਦਰ ਸਿੰਘ ,ਮਨਪ੍ਰੀਤ ਕੌਰ ,ਰੇਨੂੰ ਬਾਲਾ, ਜਸਪਾਲ ਸਿੰਘ,ਮਨਜੀਤ ਕੌਰ ਤੇ ਹੋਰ ਸਟਾਫ ਮੈਂਬਰਾਂ ਨੇ ਵੀ ਭਾਗ ਲਿਆ।

# ਵਿਦਿਆਰਥਣਾਂ ਵੱਲੋਂ ਜ਼ਿਲ੍ਹਾ ਪੱਧਰੀ ਖੋ-ਖੋ ਮੁਕਾਬਲੇ 'ਚ ਸ਼ਾਨਦਾਰ ਜਿੱਤ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸੇਵਾਂ ਦੇਵੀ ਕਾਲਜ ਤਰਨ ਤਾਰਨ ਵਿਖੇ ਸਿੱਖਿਆ ਵਿਭਾਗ ਵੱਲੋਂ ਵਿਦਿਆਰਥਣਾਂ ਦੇ ਵੱਖ-ਵੱਖ ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਡੀ. ਈ. ਓ. (ਸੈਂ.), ਤਰਨ ਤਾਰਨ ਹਰਭਗਵੰਤ ਸਿੰਘ ਦੀ ਅਗਵਾਈ ਵਿੱਚ ਕਰਵਾਏ ਗਏ। ਜ਼ਿਲ੍ਹਾ ਪੱਧਰੀ ਖੋ-ਖੋ ਦੇ ਮੁਕਾਬਲਿਆਂ ਵਿੱਚ ਸਰਕਾਰੀ ਆਦਰਸ ਸੀਨੀ. ਸਕੈਂ. ਸਕੂਲ, ਬਲੇਰ ਖੁਰਦ ਦੀਆਂ ਵਿਦਿਆਰਥਣਾਂ ਨੇ ਪਹਿਲਾ ਸਥਾਨ ਹਾਸਲ ਕੀਤਾ।

ਇਸ ਮੌਕੇ ਸਕੂਲ ਇੰਚਾਰਜ ਸੁਖਜੀਤ ਕੁਮਾਰ ਨੇ ਵਿਦਿਆਰਥਣਾਂ ਦੇ ਮਾਪਿਆਂ, ਅਧਿਆਪਕਾਂ, ਐੱਸ. ਐੱਮ. ਸੀ. ਕਮੇਟੀ ਅਤੇ ਸਮੂਹ ਸਕੂਲ ਵਿਦਿਆਰਥੀਆ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਵਿਦਿਆਰਥਣਾਂ ਦੀ ਸਕੂਲ ਲਈ ਇਹ ਵੱਡੀ ਪ੍ਰਾਪਤੀ ਹੈ ਅਤੇ ਇਸ ਨਾਲ ਵਿਦਿਆਰਥਣਾਂ ਦੁਆਰਾ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਗਿਆ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਤੇ ਰਾਜ ਪੱਧਰੀ ਮੁਕਾਬਲਿਆ ਵਿੱਚ ਵੀ ਵਧੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।

ਸਵੇਰ ਦੀ ਸਭਾ ਵਿੱਚ ਜੇਤੂਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਮੈਡਮ ਸਰਬਜੀਤ ਕੌਰ, ਜਰਨੈਲ ਸਿੰਘ, ਗੁਰਵਿੰਦਰ ਸਿੰਘ, ਸੱਜਣ ਸਿੰਘ, ਅੰਜੂ ਬਾਲਾ, ਮਨਪ੍ਰੀਤ ਕੌਰ, ਸੋਨਮ ਵਰਮਾ, ਗੁਰਪ੍ਰੀਤ ਸਿੰਘ, ਗੀਤੂ ਰਾਣੀ, ਅੰਜਲੀ, ਪਰਮਜੀਤ ਕੌਰ, ਕਮਲਜੀਤ ਕੌਰ, ਨਵਨੀਤ ਕੌਰ, ਨਵੀਨ ਕੁਮਾਰ, ਆਸ਼ੀਸ਼ ਕਾਲੜਾ, ਵਿਕਾਸ ਕੁਮਾਰ, ਦੀਪਕ ਬਰਾਰੀ, ਦੀਪਕ ਕੁਮਾਰ, ਬਾਬਿਤਾ, ਦਾਨਿਸ਼ ਮੌਂਗਾ, ਸੁਨੀਤਾ ਰਾਣੀ, ਸਰਬਜੀਤ ਕੌਰ ਅਤੇ ਮਨੀਦਪ ਸਿੰਘ ਮੌਜੂਦ ਸਨ।

# ਜੀਜੀਐੱਸ ਬਾਕਸਿੰਗ ਕਲੱਬ ਦੇ ਖਿਡਾਰੀਆਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਕੀਤਾ ਨਾਂਅ ਰੌਸ਼ਨ



**ਧਾਰੀਵਾਲ, (ਮਨਦੀਪ ਵਿੱਕੀ)**-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚਲ ਰਹੇ ਜੀ ਜੀ ਐੱਸ ਬਾਕਸਿੰਗ ਕਲੱਬ ਦੇ ਖਿਡਾਰੀਆਂ ਨੇ ਜ਼ਿਲਾ ਪੱਧਰੀ ਬਾਕਸਿੰਗ ਅਤੇ ਕਿੱਕ ਬਾਕਸਿੰਗ ਮੁਕਾਬਲਿਆਂ ਵਿੱਚ 32 ਸੋਨੇ ਦੇ, 4 ਚਾਂਦੀ ਦੇ ਅਤੇ 6 ਕਾਂਸੇ ਦੇ ਤਮਗੇ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ, ਸਕੂਲ ਅਤੇ ਕਲੱਬ ਦਾ ਨਾਮ ਰੋਸ਼ਨ ਕੀਤਾ ਹੈ। ਇਸ ਬਾਬਤ ਸਕੂਲ ਪ੍ਰਿੰ. ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਬਾਬਾ ਅਜੈ ਸਿੰਘ ਖਾਲਸਾ ਖਾਲਸਾ ਕਾਲਜ ਗੁਰਦਾਸ ਨੰਗਲ (ਗੁਰਦਾਸਪੁਰ) ਵਿੱਚ ਕਰਵਾਏ ਗਏ ਬਾਕਸਿੰਗ ਮੁਕਾਬਲਿਆਂ ਵਿਚ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚਲ ਰਹੇ ਜੀ ਜੀ ਐੱਸ ਬਾਕਸਿੰਗ ਕਲੱਬ ਦੇ ਖਿਡਾਰੀਆਂ ਅੰਡਰ-14 ਵਰਗ ਦੇ ਲੜਕਿਆਂ ਵਿੱਚੋਂ ਮਨਿੰਦਰ ਗਿੱਲ, ਅੰਮ੍ਰਿਤਪਾਲ ਸਿੰਘ, ਜਗਤੇਸ਼ਵਰ ਸਿੰਘ, ਨਵਜੋਤ ਸਿੰਘ, ਸਹਿਜਪ੍ਰਤਾਪ ਸਿੰਘ, ਭਾਵੇਸ਼ ਕੁਮਾਰ ਨੇ ਅੰਡਰ-17 ਵਰਗ ਦੇ ਲੜਕਿਆਂ ਵਿੱਚੋਂ ਅਭੇਦੀਪ ਸਿੰਘ, ਅਰਸ਼ਪ੍ਰੀਤ ਸਿੰਘ ਅਤੇ ਕਲਸਵੀਰ ਸਿੰਘ, ਅੰਡਰ-21 ਵਰਗ ਦੇ ਲੜਕਿਆਂ ਵਿੱਚੋਂ ਨਵਤੇਜ ਸਿੰਘ, ਪ੍ਰਿਤਪਾਲ ਸਿੰਘ, ਸਰਤਾਜ ਸਿੰਘ ਅਤੇ ਹਰਮਨਪ੍ਰੀਤ ਸਿੰਘ, ਅੰਡਰ 14 ਵਰਗ ਦੀਆਂ ਲੜਕੀਆਂ ਵਿੱਚੋਂ ਤਾਨੀਆਂ ਅਤੇ ਸੁਕਲੀਨ ਕੌਰ, ਅੰਡਰ-17 ਵਰਗ ਦੀਆਂ ਲੜਕੀਆਂ ਵਿੱਚੋਂ ਮਨਜੀਤ ਕੌਰ, ਰਣਜੀਤ ਕੌਰ, ਨਿਰਮਲਪ੍ਰੀਤ ਕੌਰ, ਲਵਪ੍ਰੀਤ ਕੌਰ ਅਤੇ ਸਿਨੇਹਾ, ਅੰਡਰ-21 ਵਰਗ ਦੀਆਂ ਲੜਕੀਆਂ ਵਿੱਚੋਂ ਗੁਰਪ੍ਰੀਤ ਕੌਰ, ਹਰਦੀਪ ਕੌਰ ਅਤੇ ਜਪਨੀਤ ਕੌਰ; ਕਿੱਕ ਬਾਕਸਿੰਗ ਵਿੱਚ ਅੰਡਰ-14 ਵਰਗ ਦੇ ਲੜਕਿਆਂ ਵਿੱਚੋਂ ਹਰਪ੍ਰਤਾਪ ਸਿੰਘ, ਅੰਮ੍ਰਿਤਪਾਲ ਸਿੰਘ, ਅਭੀਜੋਤ ਸਿੰਘ, ਉਂਕਾਰਦੀਪ ਸਿੰਘ ਬਿਪਨਸਵਰੂਪ ਸਿੰਘ ਅਤੇ ਭੁਪਿੰਦਰਪਾਲ ਸਿੰਘ, ਅੰਡਰ-21 ਵਰਗ ਦੇ ਲੜਕਿਆਂ ਵਿੱਚੋਂ ਨਵਤੇਜ ਸਿੰਘ ਅਤੇ ਪ੍ਰਿਤਪਾਲ ਸਿੰਘ, ਅੰਡਰ-14 ਵਰਗ ਦੀਆਂ ਲੜਕੀਆਂ ਵਿੱਚੋਂ ਮਨਸੀਰਤ ਕੌਰ ਅਤੇ ਮਾਨਵਦੀਪ ਕੌਰ , ਅੰਡਰ -21 ਵਰਗ ਦੀਆਂ ਲੜਕੀਆਂ ਵਿੱਚੋਂ ਗੁਰਪ੍ਰੀਤ ਕੌਰ ਨੇ ਜਿੱਤ ਪ੍ਰਾਪਤ ਕਰਕੇ ਗੋਲਡ ਮੈਡਲ ਪ੍ਰਾਪਤ ਕੀਤੇ ਹਨ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਡਾਇਰੈਕਟਰ ਡਾ: ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸੁਖਮੀਤ ਕੌਰ ਨੇ ਜੇਤੂ ਬੱਚਿਆਂ ਅਤੇ ਕੋਚ ਨਵਤੇਜ ਸਿੰਘ ਨੂੰ ਮੁਬਾਰਕਬਾਦ ਦਿੱਤੀ ਅਤੇ ਅਗਾਂਹ ਤੋਂ ਹੋਰ ਸਖਤ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਸਿਮਰਨਜੀਤ ਕੌਰ, ਮੈਡਮ ਰਮਨਦੀਪ ਕੌਰ, ਮੈਡਮ ਕੁਲਦੀਪ ਕੌਰ, ਮੈਡਮ ਰੁਪਿੰਦਰ ਕੌਰ, ਮੈਡਮ ਸਿਮੀ ਬਾਲਾ, ਮੈਡਮ ਮਨਪ੍ਰੀਤ ਕੌਰ, ਮਾਸਟਰ ਅਜਮੇਰ ਸਿੰਘ ਅਤੇ ਮਾਸਟਰ ਰੋਹਿਤ ਸ਼ਰਮਾ ਆਦਿ ਹਾਜ਼ਰ ਸਨ।

# ਸੁਖਵਿੰਦਰ ਕੌਰ ਨੂੰ ਜ਼ਿਲਾ ਪੱਧਰੀ ਸਨਮਾਨ-ਪੱਤਰ ਭੇਟ



**ਬੁਤਾਲਾ (ਨਿਰਮਲ ਸਿੰਘ ਸੰਘਾ)**-ਉਲੰਪੀਅਨ ਦਿਲਪ੍ਰੀਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ ਦੇ ਲੈਕਚਰਾਰ ਮੈਡਮ ਸੁਖਵਿੰਦਰ ਕੌਰ ਨੂੰ ਜ਼ਿਲ੍ਹਾ ਸਿੱਖਿਆ ਦਫਤਰ ਅੰਮ੍ਰਿਤਸਰ ਵੱਲੋਂ ਅਧਿਆਪਕ ਦਿਵਸ ਮੌਕੇ ਸਕੂਲ ਵਿੱਚ ਪਾਏ ਵੱਡਮੁੱਲੇ ਯੋਗਦਾਨ ਸਦਕਾ ਜ਼ਿਲ੍ਹਾ ਪੱਧਰੀ ਸਨਮਾਨ-ਪੱਤਰ ਭੇਟ ਕੀਤਾ ਗਿਆ। ਜ਼ਿਲ੍ਹਾ ਪੱਧਰੀ ਸਨਮਾਨ-ਪੱਤਰ ਪ੍ਰਾਪਤ ਕਰਨ ਲਈ ਜ਼ਿਲ੍ਹੇ ਦੇ 419 ਸਕੂਲਾਂ ਵਿੱਚੋਂ 43 ਅਧਿਆਪਕਾਂ ਦੀ ਚੋਣ ਹੋਈ ਜਿਸ ਵਿੱਚੋਂ ਮੈਡਮ ਸੁਖਵਿੰਦਰ ਕੌਰ (ਰਈਆ ਬਲਾਕ-1) ਵਿੱਚੋਂ ਚੁਣੇ ਗਏ। ਇਹ ਸਨਮਾਨ ਉਨਾਂ ਸਕੂਲ ਦੀ ਬੇਹਤਰੀ ਲਈ ਪਾਏ ਗਏ ਯੋਗਦਾਨ ਸਦਕਾ, ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਾਉਣ, ਸੌ ਫੀਸਦੀ ਨਤੀਜੇ ਪ੍ਰਾਪਤ ਕਰਨ ਅਤੇ ਹਰ ਸਮੇਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਤਿਆਰ ਰਹਿਣ ਲਈ ਦਿੱਤਾ ਗਿਆ। ਉਨ੍ਹਾਂ ਨੇ ਸਕੂਲ ਦੀ ਨੁਹਾਰ ਬਦਲਣ ਲਈ ਆਪ ਅਤੇ ਪਿੰਡ ਦੇ ਪਤਵੰਤੇ ਸੱਜਣਾਂ ਤੋਂ ਯੋਗਦਾਨ ਲੈ ਕੇ ਸਕੂਲ ਦੀ ਨੁਹਾਰ ਬਦਲੀ। ਪ੍ਰਿੰਸੀਪਲ ਨਿਰਮਲ ਸਿੰਘ ਨੇ ਅਤੇ ਸਕੂਲ ਸਟਾਫ ਨੇ ਇਸ ਪ੍ਰਾਪਤੀ ਲਈ ਮੈਡਮ ਸੁਖਵਿੰਦਰ ਕੌਰ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਨਿਰਮਲ ਸਿੰਘ ਅਤੇ ਸਾਰਾ ਸਕੂਲ ਸਟਾਫ ਹਾਜ਼ਰ ਸੀ।

# ਨਸ਼ੀਲੀਆਂ ਗੋਲੀਆਂ ਸਮੇਤ ਮੁਲਜ਼ਮ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੀ ਨਹਿਰ ਅੱਪਰ ਬਾਰੀ ਦੁਆਬ ਮੋੜ ਨੌਸ਼ਹਿਰਾ ਬਹਾਦਰ 'ਤੇ ਪੁਲਸ ਪਾਰਟੀ ਗਸ਼ਤ ਕਰ ਰਹੀ ਸੀ ਅਤੇ ਮੁਖਬਰ ਖਾਸ ਦੀ ਇਤਲਾਹ 'ਤੇ ਏਐੱਸਆਈ ਸ਼ਲਿੰਦਰ ਸਿੰਘ ਨੇ ਇਕ ਵਿਅਕਤੀ ਦੀ ਸ਼ੱਕ ਪੈਣ 'ਤੇ ਤਲਾਸ਼ੀ ਲਈ ਤਾਂ ਉਸ ਪਾਸੋਂ 202 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ।

ਸ਼ਾਲਾ ਪੁਲਸ ਵਲੋਂ ਦੋਸ਼ੀ ਨੂੰ ਮੌਕੇ 'ਤੇ ਗ੍ਰਿਫਤਾਰ ਕਰ ਲਿਆ ਗਿਆ। ਏਐੱਸਆਈ ਸ਼ਲਿੰਦਰ ਸਿੰਘ ਨੇ ਦੱਸਿਆ ਕਿ ਮੁਲਜ਼ਮ ਦੀ ਪਹਿਚਾਣ ਅਨੀਕੇਤ ਗਿੱਲ ਪੁੱਤਰ ਵਿੱਕਟਰ ਗਿੱਲ ਵਾਸੀ ਗੋਹਤ ਪੋਖਰ ਥਾਣਾ ਤਿੱਬੜ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੇ ਨਸ਼ੀਲੀਆਂ ਗੋਲੀਆਂ ਬਿਨਾਂ ਮਾਰਕਾ ਇਕ ਮੋਮੀ ਲਿਫਾਫੇ ਵਿਚ ਪਾਈਆਂ ਹੋਈਆਂ ਸਨ।

ਸ਼ਾਲਾ ਪੁਲਸ ਵਲੋਂ ਮੁਲਜ਼ਮ ਖਿਲਾਫ ਐੱਨਡੀਪੀਐੱਸ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਨਵਾਂ ਜ਼ਮਾਨਾ
ਸ਼ਨੀਵਾਰ, 1 ਅਕਤੂਬਰ 2022

# ਅਰਥਵਿਵਸਥਾ ਦਾ ਸੱਚ

*ਕੇਂਦਰ ਸਰਕਾਰ ਲਗਾਤਾਰ ਇਹ ਦਾਅਵਾ ਕਰਦੀ ਆ ਰਹੀ ਹੈ ਕਿ ਸਾਡੇ ਦੇਸ਼ ਦੀ ਅਰਥਵਿਵਸਥਾ ਵਿੱਚ ਲਗਾਤਾਰ ਸੁਧਾਰ ਹੋ ਰਿਹਾ ਹੈ ਤੇ ਇਹ ਦੁਨੀਆ ਦੀ ਪੰਜਵੇਂ ਨੰਬਰ ਦੀ ਅਰਥਵਿਵਸਥਾ ਬਣ ਚੁੱਕੀ ਹੈ। ਪਰ ਸੱਚਾਈ ਇਸ ਦੇ ਉਲਟ ਹੈ। ਭਾਰਤੀ ਰਿਜ਼ਰਵ ਬੈਂਕ ਦੇ ਤਾਜ਼ਾ ਅੰਕੜਿਆਂ ਅਨੁਸਾਰ ਮੋਦੀ ਰਾਜ ਦੇ ਅੱਠ ਸਾਲਾਂ ਦੌਰਾਨ ਭਾਰਤ ਸਿਰ ਵਿਦੇਸ਼ੀ ਕਰਜ਼ਾ ਲਗਾਤਾਰ ਵਧਿਆ ਹੈ। ਵਿੱਤ ਮੰਤਰਾਲੇ ਦੇ ਮਾਲੀ ਵਿਭਾਗ ਵੱਲੋਂ ਜਾਰੀ ਕੀਤੀ ਰਿਪੋਰਟ ਵਿੱਚ ਵੀ ਇਹੋ ਗੱਲ ਕਹੀ ਗਈ ਹੈ।*

*ਨਰਿੰਦਰ ਮੋਦੀ 2014 ਵਿੱਚ ਪ੍ਰਧਾਨ ਮੰਤਰੀ ਬਣੇ ਸਨ। ਉਸ ਸਮੇਂ ਭਾਰਤ ਸਿਰ 409.4 ਅਰਬ ਡਾਲਰ ਵਿਦੇਸ਼ੀ ਕਰਜ਼ਾ ਸੀ। ਮੋਦੀ ਰਾਜ ਦੇ ਪਹਿਲੇ ਸਾਲ ਦੌਰਾਨ ਇਹ ਕਰਜ਼ਾ 440.6 ਅਰਬ ਡਾਲਰ ਹੋ ਗਿਆ ਸੀ। ਹਰ ਸਾਲ ਭਾਰਤ ਸਿਰ ਵਧਦਾ ਹੋਇਆ ਕਰਜ਼ੇ ਦਾ ਬੋਝ ਵਿੱਤੀ ਸਾਲ 2020-21 ਵਿੱਚ 573.7 ਅਰਬ ਡਾਲਰ ਤੱਕ ਪੁੱਜ ਗਿਆ ਸੀ।*

*ਵਿੱਤ ਮੰਤਰਾਲੇ ਦੀ ਆਰਥਿਕ ਮਾਮਲਿਆਂ ਬਾਰੇ ਕਮੇਟੀ ਦੀ ਹਾਲੀਆ ਰਿਪੋਰਟ ਮੁਤਾਬਕ ਵਿੱਤੀ ਵਰ੍ਹੇ 2021-22 ਭਾਵ 31 ਮਾਰਚ 2022 ਤੱਕ ਭਾਰਤ ਦਾ ਵਿਦੇਸ਼ੀ ਕਰਜ਼ਾ ਪਿਛਲੇ ਵਰ੍ਹੇ ਦੇ 573.7 ਅਰਬ ਡਾਲਰ ਤੋਂ ਵਧ ਕੇ 620.7 ਅਰਬ ਡਾਲਰ ਹੋ ਗਿਆ ਹੈ। ਇਸ ਵਿੱਚੋਂ 499.1 ਅਰਬ ਡਾਲਰ ਲੰਮੀ ਮਿਆਦ ਤੇ 121.6 ਅਰਬ ਡਾਲਰ ਛੋਟੀ ਮਿਆਦ ਦਾ ਕਰਜ਼ਾ ਹੈ।*

*ਪਿਛਲੇ 15 ਸਾਲਾਂ ਦੀ ਗੱਲ ਕਰੀਏ ਤਾਂ ਸਾਲ 2006 ਵਿੱਚ ਭਾਰਤ ਸਿਰ ਵਿਦੇਸ਼ੀ ਕਰਜ਼ਾ 139.1 ਅਰਬ ਡਾਲਰ ਸੀ, ਜੋ ਹੁਣ ਵਧ ਕੇ 620.7 ਅਰਬ ਡਾਲਰ ਹੋ ਗਿਆ ਹੈ। ਇਸ ਦਾ ਦੂਜਾ ਪਹਿਲੂ ਇਹ ਹੈ ਕਿ ਕਿਸੇ ਵੀ ਦੇਸ਼ ਕੋਲ ਵਿਦੇਸ਼ੀ ਕਰਜ਼ਾ ਚੁਕਾਉਣ ਲਈ ਲੋੜ ਅਨੁਸਾਰ ਵਿਦੇਸ਼ੀ ਮੁਦਰਾ ਭੰਡਾਰ ਹੋਣਾ ਚਾਹੀਦਾ ਹੈ। 2008 ਵਿੱਚ ਭਾਰਤ ਦਾ ਵਿਦੇਸ਼ੀ ਮੁਦਰਾ ਭੰਡਾਰ ਕਰਜ਼ੇ ਦੇ ਮੁਕਾਬਲੇ 138.0 ਫ਼ੀਸਦੀ ਦੇ ਅੰਕੜੇ ਨਾਲ ਸਭ ਤੋਂ ਉੱਚੇ ਪੱਧਰ 'ਤੇ ਸੀ। ਹੁਣ ਇਹ 97.8 ਫ਼ੀਸਦੀ ਦੇ ਪੱਧਰ 'ਤੇ ਆ ਗਿਆ ਹੈ। ਆਰਥਿਕ ਮਾਹਰ ਭਾਵੇਂ ਇਸ ਨੂੰ ਬੁਰੀ ਹਾਲਤ ਵਾਲਾ ਨਹੀਂ ਮੰਨਦੇ, ਪਰ ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਵਿਸ਼ਵ ਪੱਧਰ ਉੱਤੇ ਜਿਸ ਤਰ੍ਹਾਂ ਦੀ ਆਰਥਿਕ ਬੇਯਕੀਨੀ ਵਧਦੀ ਜਾ ਰਹੀ ਹੈ, ਉਹ ਚਿੰਤਾ ਦਾ ਵਿਸ਼ਾ ਬਣ ਸਕਦੀ ਹੈ। ਇਸ ਦੇ ਨਾਲ ਹੀ ਜਿਸ ਤਰ੍ਹਾਂ ਡਾਲਰ ਦੇ ਮੁਕਾਬਲੇ ਰੁਪਏ ਦੀ ਕੀਮਤ ਡਿਗ ਰਹੀ ਹੈ, ਉਹ ਵਿਦੇਸ਼ੀ ਕਰਜ਼ੇ ਨੂੰ ਵੀ ਪ੍ਰਭਾਵਤ ਕਰ ਸਕਦੀ ਹੈ।*

*ਭਾਰਤ ਦੀ ਅਰਥਵਿਵਸਥਾ ਦਾ ਇਹ ਇੱਕ ਪਾਸਾ ਹੈ, ਦੂਜਾ ਪਾਸਾ ਇਹ ਹੈ ਕਿ ਮੋਦੀ ਸਰਕਾਰ ਜਿਸ ਤਰ੍ਹਾਂ ਕਾਰਪੋਰੇਟਾਂ ਨੂੰ ਸਬਸਿਡੀਆਂ ਦੇ ਗੱਫੇ ਵੰਡ ਰਹੀ ਹੈ, ਉਸ ਨਾਲ ਸਰਕਾਰ ਦਾ ਵਿੱਤੀ ਘਾਟਾ ਵਧੇਗਾ, ਜਿਸ ਦਾ ਅਸਰ ਆਮ ਲੋਕਾਂ ਉੱਤੇ ਪੈਣਾ ਸੁਭਾਵਕ ਹੈ। ਮੋਦੀ ਸਰਕਾਰ ਨੇ ਵੇਦਾਂਤਾ-ਫਾਕਸਕਾਨ ਦੇ 38831 ਕਰੋੜ ਦੀ ਲਾਗਤ ਨਾਲ ਗੁਜਰਾਤ ਵਿੱਚ ਲੱਗਣ ਵਾਲੇ ਸੈਮੀਕੰਡਕਟਰ ਮੈਨੂਫੈਕਚਰਿੰਗ ਪਲਾਂਟ ਅਤੇ ਕਰਨਾਟਕ ਵਿੱਚ ਸਿੰਗਾਪੁਰ ਦੇ ਆਈ ਐਸ ਐਮ ਸੀ ਦੇ 22,900 ਕਰੋੜ ਰੁਪਏ ਦੇ ਪ੍ਰੋਜੈਕਟ ਨੂੰ 50 ਫ਼ੀਸਦੀ ਸਬਸਿਡੀ ਦੇਣ ਦਾ ਫ਼ੈਸਲਾ ਕੀਤਾ ਹੈ।*

*ਕੇਂਦਰ ਸਰਕਾਰ ਦੇ ਇਸ ਫ਼ੈਸਲੇ ਨੂੰ ਆਰਥਿਕ ਮਾਹਰ ਰਿਓੜੀਆਂ ਵੰਡਣਾ ਕਹਿ ਰਹੇ ਹਨ। ਦੀ ਇਕਨਾਮਿਕ ਟਾਈਮਜ਼ ਵਿੱਚ ਪ੍ਰਕਾਸ਼ਤ ਇੱਕ ਲੇਖ ਵਿੱਚ ਕਿਹਾ ਗਿਆ ਹੈ ਕਿ ਵੇਦਾਂਤਾ ਸਿਲੀਕਾਨ ਫੈਬਰੀਕੇਸ਼ਨ ਪਲਾਂਟ ਨੂੰ ਦਿੱਤੀ ਜਾਣ ਵਾਲੀ 50 ਫ਼ੀਸਦੀ ਸਬਸਿਡੀ 80,000 ਕਰੋੜ ਰੁਪਏ ਤੱਕ ਪੁੱਜ ਸਕਦੀ ਹੈ, ਜੇ ਉਹ ਪ੍ਰੋਜੈਕਟ ਦੀ ਲਾਗਤ ਅੰਨ੍ਹੇਵਾਹ ਚੁੱਕ ਦਿੰਦਾ ਹੈ। ਇਹ ਰਕਮ ਕੇਂਦਰ ਵੱਲੋਂ ਮਨਰੇਗਾ ਲਈ ਦਿੱਤੀ ਜਾਂਦੀ ਰਕਮ ਤੋਂ ਵੀ ਵੱਧ ਹੈ।*

*ਸਰਕਾਰੀ ਅੰਕੜਿਆਂ ਅਨੁਸਾਰ ਕੇਂਦਰ ਸਰਕਾਰ ਦਾ ਬਜਟ ਵਿੱਤੀ ਘਾਟਾ ਜੂਨ ਵਿੱਚ 21.2 ਫੀਸਦੀ ਤੱਕ ਪੁੱਜ ਗਿਆ ਸੀ, ਜਿਹੜਾ ਪਿਛਲੇ ਸਾਲ ਇਸੇ ਅਰਸੇ ਦੌਰਾਨ 18.2 ਫ਼ੀਸਦੀ ਸੀ। ਅੰਦਾਜ਼ਾ ਹੈ ਕਿ ਸਾਲ 2022-23 ਲਈ ਵਿੱਤੀ ਘਾਟਾ 16.6 ਟ੍ਰਿਲੀਅਨ ਰੁਪਏ ਤੱਕ ਪੁੱਜ ਜਾਵੇਗਾ। ਇਹ ਹਾਲਤ ਹੈ ਸਾਡੀ ਅਰਥਵਿਵਸਥਾ ਦੀ।*

## ਪਾਠਕ-ਸੱਥ

### ਨੌਜਵਾਨ ਪੀੜ੍ਹੀ ਸੁਚੇਤ ਹੋਵੇ

ਹਾਲ ਹੀ ਵਿੱਚ ਕੈਨੇਡਾ ਦੇ ਸਰੀ ਵਿਖੇ 40 ਪੰਜਾਬੀ ਨੌਜਵਾਨਾਂ ਨੇ ਇੱਕ ਪੁਲਸ ਅਫਸਰ ਦੀ ਡਿਊਟੀ ਵਿੱਚ ਰੋੜੇ ਅਟਕਾਉਂਦੇ ਹੋਏ ਉਸ ਦਾ ਘਿਰਾਓ ਕੀਤਾ ਤੇ ਉਸ ਦੀ ਕਾਰ ਦਾ ਰਾਹ ਰੋਕਿਆ। ਕਾਰ ਵਿੱਚ ਉੱਚੀ ਆਵਾਜ਼ ਵਿੱਚ ਗਾਣੇ ਚਲਾ ਕੇ ਘੁੰਮ ਰਹੇ ਵਿਅਕਤੀ ਨੂੰ ਸਰੀ ਸਰਕਾਰ ਵੱਲੋਂ ਨੋਟਿਸ ਜਾਰੀ ਕੀਤਾ ਗਿਆ ਸੀ। ਨੋਟਿਸ ਦੇ ਚੱਕਰ ਵਿੱਚ ਕਈ ਪੰਜਾਬੀ ਨੌਜਵਾਨਾਂ ਨੇ ਪੁਲਸ ਅਫਸਰ ਨਾਲ ਬਦਸਲੂਕੀ ਕੀਤੀ। ਕਾਨੂੰਨ ਉਲੰਘਣਾ ਦੇ ਦੋਸ਼ ਵਿਚ ਉਥੋਂ ਦੀ ਸਰਕਾਰ 40 ਪੰਜਾਬੀ ਨੌਜਵਾਨਾਂ ਨੂੰ ਭਾਰਤ ਭੇਜਣ ਦੀ ਕਾਰਵਾਈ ਕਰ ਸਕਦੀ ਹੈ। ਮਾਂ-ਬਾਪ ਕਰਜ਼ਾ ਚੱਕ ਕੇ ਆਪਣੀ ਜ਼ਮੀਨਾਂ ਗਹਿਣੇ ਰੱਖ ਕੇ ਆਪਣੀ ਔਲਾਦ ਨੂੰ ਵਿਦੇਸ ਪੜ੍ਹਾਈ ਕਰਨ ਲਈ ਤੋਰਦੇ ਹਨ। ਮਾਂ-ਬਾਪ ਨੂੰ ਇਹ ਹੁੰਦਾ ਹੈ ਕਿ ਵਿਦੇਸ ਵਿੱਚ ਜਾ ਕੇ ਉਹਨਾਂ ਦਾ ਬੱਚਾ ਆਪਣੇ ਪੈਰਾਂ 'ਤੇ ਵਧੀਆ ਖੜ੍ਹਾ ਹੋ ਜਾਵੇਗਾ। ਅਜਿਹੇ ਬੱਚਿਆਂ ਨੂੰ ਮਾੜੀ ਮੋਟੀ ਸ਼ਰਮ ਕਰਨੀ ਚਾਹੀਦੀ ਹੈ ਕਿ ਉਨ੍ਹਾਂ ਦੇ ਮਾਂ-ਬਾਪ ਤੰਗੀਆਂ ਕੱਟ ਕੇ ਉਨ੍ਹਾਂ ਨੂੰ ਪੜ੍ਹਾਈ ਲਈ ਸੱਤ ਸਮੁੰਦਰੋਂ ਪਾਰ ਭੇਜਦੇ ਹਨ। ਉੱਥੇ ਜਾ ਕੇ ਅਜਿਹੇ ਸ਼ਰਾਰਤੀ ਨੌਜਵਾਨ ਆਪਣੇ ਵਤਨ ਦੀ ਵੀ ਬੇਇਜਤੀ ਕਰਵਾਉਂਦੇ ਹਨ। ਜਦੋਂ ਮਾਂ-ਬਾਪ ਆਪਣੇ ਲਾਡਲਿਆਂ ਨੂੰ ਵਿਦੇਸ ਭੇਜਣ ਦੀ ਤਿਆਰੀ ਕਰਦੇ ਹਨ, ਤਾਂ ਉਨ੍ਹਾਂ ਨੂੰ ਨੈਤਿਕ ਕਦਰਾਂ-ਕੀਮਤਾਂ ਬਾਰੇ ਵੀ ਜਾਣੂੰ ਕਰਵਾਉਣਾ ਚਾਹੀਦਾ ਹੈ। ਬੱਚਿਆਂ ਨੂੰ ਚੰਗੀ ਤਰ੍ਹਾਂ ਸਮਝ ਹੋਣੀ ਚਾਹੀਦੀ ਹੈ ਕਿ ਉੱਥੇ ਜਾ ਕੇ ਕੋਈ ਵੀ ਗਲਤ ਕੰਮ ਨਹੀਂ ਕਰਨਾ ਹੈ। ਜੇ ਅਜਿਹੀਆਂ ਵਾਰਦਾਤਾਂ ਉੱਥੇ ਜਾ ਕੇ ਪੰਜਾਬੀ ਕਰਦੇ ਰਹਿਣਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਉੱਥੇ ਜਾ ਕੇ ਹੀਲਾ-ਵਸੀਲਾ ਕਰਨਾ ਮੁਸ਼ਕਲ ਹੋ ਜਾਏਗਾ। ਨੌਜਵਾਨ ਪੀੜ੍ਹੀ ਨੂੰ ਸੁਚੇਤ ਹੋਣ ਦੀ ਜ਼ਰੂਰਤ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ

# ਭਾਰਤ ਅੰਦਰ ਸੱਜ-ਪਿਛਾਖੜ ਅਤੇ ਫਾਸ਼ੀਵਾਦੀ ਤਾਕਤਾਂ ਦਾ ਉਭਾਰ



ਪਵਨ ਕੁਮਾਰ ਕੌਸ਼ਲ

ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਬਾਰੇ ਵਿਦੇਸ਼ੀ ਪ੍ਰੈੱਸ ਅਤੇ ਨੇਤਾਵਾਂ ਦੇ ਕੀ ਵਿਚਾਰ ਸਨ, ਬਾਰੇ ਜਾਣਨਾ ਜ਼ਰੂਰੀ ਹੈ। 2005 ਵਿੱਚ ਭਾਰਤ ਦੀ ਰਾਸ਼ਟਰਵਾਦੀ ਭਾਰਤੀ ਜਨਤਾ ਪਾਰਟੀ ਦੇ ਨੇਤਾ ਅਤੇ ਗੁਜਰਾਤ ਦੇ ਉਸ ਸਮੇਂ ਦੇ ਮੁੱਖ ਮੰਤਰੀ ਨਰਿੰਦਰ ਮੋਦੀ ਨੇ ਅਮਰੀਕਾ ਦੇ ਵੀਜ਼ੇ ਲਈ ਅਰਜ਼ੀ ਦਿੱਤੀ, ਜਿਸ ਨੂੰ ਅਮਰੀਕਨ ਅਧਿਕਾਰੀਆਂ ਨੇ ਇਸ ਅਧਾਰ 'ਤੇ ਰੱਦ ਕਰ ਦਿੱਤਾ ਸੀ ਕਿ 2002 ਵਿਚ ਗੁਜਰਾਤ ਵਿੱਚ ਹੋਏ ਦੰਗਿਆਂ ਨੂੰ ਰੋਕਣ ਵਿਚ ਸਰਕਾਰ ਅਸਫਲ ਰਹੀ।

ਹਿੰਦੂ ਬਿਜ਼ਨੈੱਸ ਲਾਈਨ ਮਾਰਚ 12,2018 ਨੇ ਲਿਖਿਆ ਹੈ, ਸਪੱਸ਼ਟ ਤੌਰ 'ਤੇ ਗੁਜਰਾਤ ਵਿੱਚ 2002 ਵਿੱਚ ਜੋ ਵਾਪਰਿਆ, ਉਹ ਅਸਲ ਵਿੱਚ ਵੱਡੇ ਪੱਧਰ 'ਤੇ ਸੰਪਰਦਾਇਕ ਹਿੰਸਾ ਸੀ। ਮੈਨੂੰ ਨਹੀਂ ਲੱਗਦਾ ਕਿ ਤੁਸੀਂ ਇਹ ਕਹਿ ਸਕਦੇ ਹੋ ਕਿ ਇਹ ਕੋਈ ਧਾਰਮਿਕ ਮੁੱਦਾ ਨਹੀਂ ਸੀ। ਇਹ ਇੱਕ ਧਾਰਮਿਕ ਮਸਲਾ ਸੀ ਅਤੇ 2005 ਦਾ ਵੀਜ਼ਾ ਅਸਵੀਕਾਰ ਕਰਨਾ ਉਸ ਵੱਲ ਮੁੜਦਾ ਹੈ, ਕੈਟਰੀਨਾ ਲੈਂਟੋਸ ਸਵੇਟ, ਅੰਤਰਰਾਸ਼ਟਰੀ ਧਾਰਮਿਕ ਆਜ਼ਾਦੀ ਬਾਰੇ ਸੰਯੁਕਤ ਰਾਜ ਕਮਿਸ਼ਨ ਦੇ ਵਾਈਸ ਚੇਅਰਪਰਸਨ ਨੇ ਕਿਹਾ"।

ਵਿਸ਼ਵ-ਵਿਆਪੀ ਜਿਊਰੀ ਨੇ ਮੋਦੀ ਦੀ ਅਗਵਾਈ ਵਿੱਚ ਭਾਰਤ ਦੇ 'ਫਾਸ਼ੀਵਾਦੀ ਰਾਜ' ਵਿੱਚ ਤਬਦੀਲੀ ਬਾਰੇ ਚਰਚਾ ਕੀਤੀ। ਬੁਲਾਰਿਆਂ ਵਿੱਚ ਵਿਸ਼ਵ ਭਰ ਦੇ ਉੱਘੇ ਸਿਵਲ ਸੁਸਾਇਟੀ ਕਾਰਕੁਨ, ਅਕਾਦਮਿਕ, ਪੱਤਰਕਾਰ ਅਤੇ ਸਿਆਸਤਦਾਨ ਸ਼ਾਮਲ ਸਨ।

ਜਿਵੇਂ ਕਿ ਭਾਰਤ ਸਰਕਾਰ ਨੇ ਰਾਜਧਾਨੀ ਨਵੀਂ ਦਿੱਲੀ ਵਿੱਚ ਕਿਸਾਨਾਂ ਦੇ ਹੱਕੀ ਵਿਰੋਧ ਨੂੰ ਅੱਥਰੂ ਗੈਸ ਦੇ ਗੋਲੇ ਅਤੇ ਪਾਣੀ ਦੀਆਂ ਤੋਪਾਂ ਚਲਾ ਕੇ ਕੁਚਲਣ ਦੀ ਕੋਸ਼ਿਸ਼ ਕੀਤੀ, ਆਸਟ੍ਰੇਲੀਆ ਦੀ ਨਿਊ ਸਾਊਥ ਵੇਲ ਪਾਰਲੀਮੈਂਟ ਵਿੱਚ ਮੋਦੀ ਸਰਕਾਰ ਦੇ ਵਧਦੇ ਤਾਨਾਸ਼ਾਹੀ ਰੁਝਾਨ ਅਤੇ ਗੁਆਂਢੀ ਦੇਸ਼ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਜਵਾਬ ਵਿੱਚ ਇੱਕ ਗਲੋਬਲ ਗੋਲਮੇਜ਼ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਸ ਸਵਾਲ ਦੀ ਪੜਚੋਲ ਕਰਨ ਦੀ ਕੋਸ਼ਿਸ਼ ਕੀਤੀ ਗਈ, "ਕੀ ਭਾਰਤ ਇੱਕ ਫਾਸ਼ੀਵਾਦੀ ਰਾਜ ਬਣ ਰਿਹਾ ਹੈ?" ਸਮਾਗਮ ਦੇ ਬੁਲਾਰਿਆਂ ਵਿੱਚ ਆਸਟਰੇਲੀਆ, ਭਾਰਤ, ਬਰਤਾਨੀਆ ਅਤੇ ਅਮਰੀਕਾ ਦੇ ਉੱਘੇ ਸਿਵਲ ਸੁਸਾਇਟੀ ਕਾਰਕੁਨ, ਅਕਾਦਮਿਕ, ਪੱਤਰਕਾਰ ਅਤੇ ਸਿਆਸਤਦਾਨ ਸ਼ਾਮਲ ਸਨ।

ਅਫ਼ਸੋਸ ਦੀ ਗੱਲ ਹੈ ਕਿ ਭਾਰਤ ਵਿੱਚ, ਜਿਵੇਂ ਕਿ ਦੁਨੀਆ ਭਰ ਦੇ ਕਈ ਦੇਸ਼ਾਂ ਵਿੱਚ, ਲੋਕਾਂ ਦੇ ਮਨੁੱਖੀ ਅਧਿਕਾਰਾਂ ਦਾ ਅਕਸਰ ਸਨਮਾਨ ਨਹੀਂ ਕੀਤਾ ਜਾਂਦਾ। ਅਸੀਂ ਖਾਸ ਤੌਰ 'ਤੇ ਧਾਰਮਿਕ ਘੱਟ-ਗਿਣਤੀਆਂ, ਰਾਜਨੀਤਕ ਵਿਰੋਧੀ ਸਮੂਹਾਂ, ਆਦਿਵਾਸੀ ਲੋਕਾਂ ਅਤੇ ਹੋਰ ਕਮਜ਼ੋਰ ਭਾਈਚਾਰਿਆਂ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਚਿੰਤਤ ਹਾਂ।

ਸੀ ਪੀ ਆਈ (ਐੱਮ) ਦੇ ਪ੍ਰਕਾਸ਼ ਕਰਤ ਨੇ ਕਿਹਾ ਹੈ ਕਿ ਮੋਦੀ ਦੇ ਅਧੀਨ, ਨਵਉਦਾਰਵਾਦ ਅਤੇ ਹਿੰਦੂ ਰਾਸ਼ਟਰਵਾਦ ਭਾਰਤ ਨੂੰ ਫਾਸ਼ੀਵਾਦੀ ਭਵਿੱਖ ਵੱਲ ਲੈ ਜਾਣ ਵਾਲੇ ਹਨ। ਅੱਜ ਅਸੀਂ ਜੋ ਕੁਝ ਦੇਖ ਰਹੇ ਹਾਂ, ਉਹ ਪੂਰਨ ਤਾਨਾਸ਼ਾਹੀ ਦੀ ਸ਼ੁਰੂਆਤ ਹੈ, ਜੋ ਲੋਕਤੰਤਰ ਦੇ ਸਾਰੇ ਨਿਯਮਾਂ ਅਤੇ ਰਾਜ ਦੀਆਂ ਸੰਸਥਾਵਾਂ ਨੂੰ ਕਮਜ਼ੋਰ ਕਰ ਰਿਹਾ ਹੈ, ਜੋ ਕਾਰਜਪਾਲਿਕਾ, ਵਿਧਾਨਪਾਲਿਕਾ ਅਤੇ ਨਿਆਂਪਾਲਿਕਾ ਵਿਚਕਾਰ ਰੋਕ ਅਤੇ ਸੰਤੁਲਨ ਨੂੰ ਕਾਇਮ ਰੱਖਦੇ ਹਨ।

**ਮੋਦੀ ਦਾ ਭਾਰਤ:** ਫਾਸ਼ੀਵਾਦ, ਮੂਲਵਾਦੀ ਅਤੇ ਬੇਤੁਕਾ, ਨਰਿੰਦਰ ਮੋਦੀ ਖੂਨੀ ਕਤਲੇਆਮ ਦੀ ਪਿੱਠ 'ਤੇ ਸਿਆਸੀ ਸੱਤਾ 'ਤੇ ਚੜ੍ਹਿਆ, ਪਰ ਭਾਰਤੀ ਸਮਾਜ ਨੇ ਮੋਦੀ ਦੇ ਫਾਸ਼ੀਵਾਦ ਅੱਗੇ ਆਤਮ ਸਮਰਪਣ ਨਹੀਂ ਕੀਤਾ। ਨਰਿੰਦਰ ਮੋਦੀ ਦਾ ਭਾਰਤ ਇੱਕ ਫਾਸ਼ੀਵਾਦੀ ਵਿਕਾਰ ਵੱਲ ਵਧ ਰਿਹਾ ਹੈ।

ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਜਰਮਨੀ ਦੇ ਤਾਨਾਸ਼ਾਹ ਹਿਟਲਰ ਨਾਲ ਕੀ ਸਮਾਨਤਾਵਾਂ ਹਨ ਨੂੰ ਜਾਣਨ ਤੋਂ ਪਹਿਲਾਂ ਹਿਟਲਰ ਬਾਰੇ ਜਾਣਨਾ ਪਵੇਗਾ ਕਿ ਉਸ ਨੇ ਸੱਤਾ ਕਿਵੇਂ ਪ੍ਰਾਪਤ ਕੀਤੀ ਅਤੇ ਉਸ ਨੂੰ ਉਭਾਰਨ ਲਈ ਉਸ ਪਿੱਛੇ ਕਿਹੜੀਆਂ ਤਾਕਤਾਂ ਕੰਮ ਕਰਦੀਆਂ ਸਨ। ਦੂਜੇ ਵਿਸ਼ਵ ਯੁੱਧ ਨਾਲ ਇਤਿਹਾਸ ਵਿੱਚ ਸਭ ਤੋਂ ਵੱਡੇ ਕਤਲੇਆਮ ਦੀ ਸ਼ੁਰੂਆਤ ਹੋਈ ਸੀ, ਜਿਸ ਵਿੱਚ ਮੁੱਖ ਭੂਮਿਕਾ ਹਿਟਲਰ ਦੀ ਸੀ।

ਜਰਮਨ ਆਰਥਿਕਤਾ ਵਿੱਚ ਵੱਡੇ ਅਮਰੀਕੀ ਵਿੱਤੀ ਨਿਵੇਸ਼ ਲਈ ਜ਼ਮੀਨ ਤਿਆਰ ਕਰਨ ਲਈ 1924 ਤੋਂ 1929 ਤੱਕ ਜਰਮਨੀ ਦੀ ਵਿੱਤੀ ਪ੍ਰਣਾਲੀ ਉੱਤੇ ਨਿਯੰਤਰਣ ਦੀ ਸਥਾਪਨਾ ਅਤੇ ਨਾਜ਼ੀਵਾਦ (ਰਾਸ਼ਟਰੀ ਸਮਾਜਵਾਦ) ਲਈ ਵਿੱਤੀ ਸਹਾਇਤਾ ਉਪਲੱਬਧ ਕਰਨਾ, 1929 ਤੋਂ 1933 ਤੱਕ ਇੱਕ ਡੂੰਘੇ ਵਿੱਤੀ ਅਤੇ ਆਰਥਿਕ ਸੰਕਟ ਨੂੰ ਉਤਸ਼ਾਹਿਤ ਕਰਨਾ ਅਤੇ ਜਾਰੀ ਰੱਖਣਾ ਅਤੇ ਨਾਜ਼ੀਆਂ ਦੇ ਸੱਤਾ ਵਿੱਚ ਆਉਣ ਨੂੰ ਯਕੀਨੀ ਬਣਾਉਣਾ; 1933 ਤੋਂ 1939 ਤੱਕ ਨਾਜ਼ੀ ਸਰਕਾਰ ਨਾਲ ਵਿੱਤੀ ਸਹਿਯੋਗ ਅਤੇ ਇਸ ਦੀ ਵਿਸਤਾਰਵਾਦੀ ਵਿਦੇਸ਼ ਨੀਤੀ ਲਈ ਸਮਰਥਨ, ਜਿਸ ਦਾ ਉਦੇਸ਼ ਇੱਕ ਨਵੇਂ ਵਿਸ਼ਵ ਯੁੱਧ ਨੂੰ ਤਿਆਰ ਕਰਨਾ ਅਤੇ ਜਾਰੀ ਕਰਨਾ ਸੀ। ਨਾਜ਼ੀ ਜਰਮਨੀ ਵਿੱਚ ਅਮਰੀਕੀ ਨਿਵੇਸ਼ ਦੇ ਨਾਲ ਰੌਕਫੈਲਰ ਨੇ ਅਡੌਲਫ ਹਿਟਲਰ ਦੀ ਚੋਣ ਮੁਹਿੰਮ ਨੂੰ ਵਿੱਤ ਪ੍ਰਦਾਨ ਕੀਤਾ।

ਐਂਗਲੋ-ਅਮਰੀਕਨ ਯੋਜਨਾਵਾਂ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣ ਦਾ ਇਰਾਦਾ ਰੱਖਣ ਵਾਲੀ ਰਾਜਨੀਤਕ ਸ਼ਕਤੀ ਨਾਲੋ-ਨਾਲ ਤਿਆਰ ਕੀਤੀ ਜਾ ਰਹੀ ਸੀ। ਜਿਵੇਂ ਕਿ ਸਾਬਕਾ ਜਰਮਨ ਚਾਂਸਲਰ ਬਰੂਨਿੰਗ ਨੇ ਆਪਣੀਆਂ ਯਾਦਾਂ ਵਿੱਚ ਲਿਖਿਆ ਹੈ, 1923 ਤੋਂ ਹਿਟਲਰ ਨੂੰ ਵਿਦੇਸ਼ਾਂ ਤੋਂ ਵੱਡੀਆਂ ਰਕਮਾਂ ਪ੍ਰਾਪਤ ਹੋਈਆਂ ਸਨ। ਉਹ ਕਿੱਥੇ ਗਈਆਂ, ਇਹ ਪਤਾ ਨਹੀਂ ਹੈ, ਪਰ ਉਹ ਸਵਿਸ ਅਤੇ ਸਵੀਡਿਸ਼ ਬੈਂਕਾਂ ਰਾਹੀਂ ਪ੍ਰਾਪਤ ਹੋਈਆਂ ਸਨ।

ਜਰਮਨੀ ਨੂੰ ਅਮਰੀਕੀ ਫਰਮਾਂ 'ਪ੍ਰੈਟ ਅਤੇ ਵਿਟਨੀ', 'ਡਗਲਸ', 'ਕਰਟਿਸ ਰਾਈਟ' ਤੋਂ ਵੱਡੀ ਗਿਣਤੀ ਵਿੱਚ ਮਿਲਟਰੀ ਪੇਟੈਂਟ ਪ੍ਰਾਪਤ ਹੋਏ ਅਤੇ ਅਮਰੀਕੀ ਤਕਨਾਲੋਜੀ 'ਜੰਕਰਜ਼-87' ਦਾ ਨਿਰਮਾਣ ਕਰ ਰਹੀ ਸੀ। 1941 ਵਿੱਚ ਜਦੋਂ ਦੂਜਾ ਵਿਸ਼ਵ ਯੁੱਧ ਚੱਲ ਰਿਹਾ ਸੀ, ਜਰਮਨੀ ਦੀ ਆਰਥਿਕਤਾ ਵਿੱਚ ਅਮਰੀਕੀ ਨਿਵੇਸ਼ $475 ਮਿਲੀਅਨ ਸੀ।

ਐਂਗਲੋ-ਅਮਰੀਕਨ ਅਤੇ ਨਾਜ਼ੀ ਵਪਾਰਕ ਸਰਕਲਾਂ ਦਾ ਨਜ਼ਦੀਕੀ ਵਿੱਤੀ ਅਤੇ ਆਰਥਿਕ ਸਹਿਯੋਗ ਉਹ ਪਿਛੋਕੜ ਸੀ, ਜਿਸ ਦੇ ਵਿਰੁੱਧ 1930 ਦੇ ਦਹਾਕੇ ਵਿੱਚ ਪਤਿਆਉਣ ਦੀ ਨੀਤੀ ਨੇ ਦੂਜੇ ਵਿਸ਼ਵ ਯੁੱਧ ਦਾ ਕਾਰਨ ਬਣਾਇਆ। ਇਤਿਹਾਸ ਦੱਸਦਾ ਹੈ ਕਿ ਹਿਟਲਰ ਨੂੰ ਫੈਡਰਲ ਰਿਜ਼ਰਵ ਅਤੇ ਬੈਂਕ ਆਫ ਇੰਗਲੈਂਡ ਦੁਆਰਾ ਵਿੱਤੀ ਸਹਾਇਤਾ ਦਿੱਤੀ ਗਈ ਸੀ।

(ਯੂਰੀ ਰੁਬਤਸੋਵ ਦੁਆਰਾ ਗਲੋਬਲ ਰਿਸਰਚ, 18 ਸਤੰਬਰ, 2022)

1933 ਵਿੱਚ ਨਾਜ਼ੀ ਪਾਰਟੀ ਜਰਮਨ ਰੀਕਸਟੈਗ ਵਿੱਚ ਸਭ ਤੋਂ ਵੱਡੀ ਚੁਣੀ ਗਈ ਪਾਰਟੀ ਬਣ ਗਈ, ਹਿਟਲਰ ਨੂੰ ਚਾਂਸਲਰ ਨਿਯੁਕਤ ਕੀਤਾ ਗਿਆ, ਰਾਸ਼ਟਰੀ ਸਮਾਜਵਾਦ ਦੀ ਤਾਨਾਸ਼ਾਹੀ ਅਤੇ ਤਾਨਾਸ਼ਾਹੀ ਵਿਚਾਰਧਾਰਾ 'ਤੇ ਅਧਾਰਤ ਇੱਕ-ਪਾਰਟੀ ਤਾਨਾਸ਼ਾਹੀ ਰਾਜ ਲਈ ਰਾਹ ਸਾਫ ਹੋਇਆ।

ਅਗਲੇ ਕੁਝ ਸਾਲਾਂ ਵਿੱਚ ਹਿਟਲਰ ਨੇ ਆਪਣੀ ਤਾਨਾਸ਼ਾਹੀ ਨੂੰ ਕਾਨੂੰਨੀ ਰੂਪ ਦੇਣ ਦਾ ਧਿਆਨ ਰੱਖਦੇ ਹੋਏ ਹਥਿਆਰਬੰਦ ਬਲਾਂ ਦੀ ਨਿੱਜੀ ਕਮਾਂਡ ਆਪਣੇ ਹੱਥ ਲੈ ਕੇ ਆਪਣੀ ਸ਼ਕਤੀ ਨੂੰ ਮਜ਼ਬੂਤ ਕਰਨਾ ਜਾਰੀ ਰੱਖਿਆ। ਵਿਸ਼ਵ ਦੀ ਮਹਾਨ ਮੰਦੀ ਨੇ ਹਿਟਲਰ ਲਈ ਇੱਕ ਸਿਆਸੀ ਮੌਕਾ ਪ੍ਰਦਾਨ ਕੀਤਾ।

ਸਰਕਾਰ ਦੀਆਂ ਵਿਧਾਨਕ ਅਤੇ ਕਾਰਜਕਾਰੀ ਸ਼ਾਖਾਵਾਂ 'ਤੇ ਪੂਰਾ ਨਿਯੰਤਰਣ ਹਾਸਲ ਕਰਨ ਤੋਂ ਬਾਅਦ ਹਿਟਲਰ ਅਤੇ ਉਸ ਦੇ ਸਹਿਯੋਗੀ ਬਾਕੀ ਵਿਰੋਧੀ ਧਿਰਾਂ ਨੂੰ ਦਬਾਉਣ ਲੱਗੇ। ਸੋਸ਼ਲ ਡੈਮੋਕ੍ਰੇਟਿਕ ਪਾਰਟੀ 'ਤੇ ਪਾਬੰਦੀ ਲਗਾ ਦਿੱਤੀ ਗਈ ਸੀ ਅਤੇ ਇਸ ਦੀ ਜਾਇਦਾਦ ਜ਼ਬਤ ਕਰ ਲਈ ਗਈ ਸੀ, ਦੇਸ਼ ਭਰ ਵਿੱਚ ਯੂਨੀਅਨ ਦਫਤਰਾਂ ਨੂੰ ਢਾਹ ਦਿੱਤਾ। 2 ਮਈ 1933 ਨੂੰ ਸਾਰੀਆਂ ਟਰੇਡ ਯੂਨੀਅਨਾਂ ਨੂੰ ਭੰਗ ਕਰਨ ਲਈ ਮਜਬੂਰ ਕੀਤਾ ਗਿਆ ਅਤੇ ਉਨ੍ਹਾਂ ਦੇ ਆਗੂਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਕਈਆਂ ਨੂੰ ਨਜ਼ਰਬੰਦੀ ਕੈਂਪਾਂ ਵਿਚ ਭੇਜਿਆ ਗਿਆ ਸੀ।

ਰਾਜ ਦੇ ਮੁਖੀ ਵਜੋਂ ਹਿਟਲਰ ਹਥਿਆਰਬੰਦ ਸੈਨਾਵਾਂ ਦਾ ਸੁਪਰੀਮ ਕਮਾਂਡਰ ਬਣ ਗਿਆ। ਫੌਜੀਆਂ ਦੀ ਰਵਾਇਤੀ ਵਫ਼ਾਦਾਰੀ ਦੀ ਸਹੁੰ ਨੂੰ ਸੁਪਰੀਮ ਕਮਾਂਡਰ ਦੀ ਬਜਾਏ ਨਿੱਜੀ ਤੌਰ 'ਤੇ ਹਿਟਲਰ ਪ੍ਰਤੀ ਵਫ਼ਾਦਾਰੀ ਦੀ ਪੁਸ਼ਟੀ ਕਰਨ ਲਈ ਬਦਲ ਦਿੱਤਾ ਗਿਆ। ਹਿਟਲਰ ਨੇ 1 ਸਤੰਬਰ, 1939 ਨੂੰ ਪੋਲੈਂਡ ਉੱਤੇ ਹਮਲਾ ਕਰਕੇ ਯੂਰਪ ਵਿੱਚ ਦੂਜੇ ਵਿਸ਼ਵ ਯੁੱਧ ਦੀ ਸ਼ੁਰੂਆਤ ਕੀਤੀ।

ਜਦੋਂ ਲੋਕ ਨਿੱਜੀ ਸ਼ਕਤੀ ਦੇ ਵਾਧੇ ਨੂੰ ਉਸ ਹੱਦ ਤੱਕ ਜਾਣ ਦੇਣ ਜਿੱਥੇ ਨਿੱਜੀ ਸ਼ਕਤੀ ਜਮਹੂਰੀ ਰਾਜ ਤੋਂ ਵੀ ਮਜ਼ਬੂਤ ਹੋ ਜਾਵੇ ਤਾਂ ਲੋਕਤੰਤਰ ਸੁਤੰਤਰ ਨਹੀਂ ਰਹਿ ਜਾਂਦਾ। ਇਹ ਇਸ ਦੇ ਤੱਤ ਵਿੱਚ ਫਾਸ਼ੀਵਾਦ ਹੈ। ਅੱਜ ਸਾਡੇ ਸਮਾਜ ਦੇ ਇਤਿਹਾਸ ਅੰਦਰ ਬਰਾਬਰੀ ਦੇ ਬਿਨਾਂ ਨਿੱਜੀ ਸ਼ਕਤੀ ਦਾ ਇੱਕ ਥਾਂ ਇਕੱਤਰੀਕਰਨ ਵਧ ਰਿਹਾ ਹੈ। ਇਹ ਇਕੱਤਰੀਕਰਨ ਕਿਰਤ ਅਤੇ ਪੂੰਜੀ ਲਈ ਰੁਜ਼ਗਾਰ ਪ੍ਰਦਾਨ ਕਰਨ ਅਤੇ ਸਮੁੱਚੇ ਦੇਸ਼ ਦੇ ਲੋਕਾਂ ਵਿੱਚ ਆਮਦਨ ਤੇ ਕਮਾਈ ਦੀ ਵਧੇਰੇ ਬਰਾਬਰ ਵੰਡ ਨੂੰ ਯਕੀਨੀ ਬਣਾਉਣ ਦੇ ਨਿੱਜੀ ਉਦਯੋਗ ਦੀ ਆਰਥਿਕ ਪ੍ਰਭਾਵਸ਼ੀਲਤਾ ਨੂੰ ਗੰਭੀਰਤਾ ਨਾਲ ਵਿਗਾੜ ਰਿਹਾ ਹੈ। ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਅੰਦਰ ਇਹੋ ਕੁੱਝ ਹੋ ਰਿਹਾ ਹੈ।

ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਹਿਟਲਰ ਦੇ ਪਦ ਚਿੰਨ੍ਹਾਂ 'ਤੇ ਚੱਲ ਕੇ ਭਾਰਤ ਨੂੰ ਇੱਕ ਫਾਸ਼ੀ ਰਾਜ ਵੱਲ ਕਿਵੇਂ ਧੱਕ ਰਹੇ ਹਨ, ਬਾਰੇ ਵਿਚਾਰ ਕਰਨਾ ਜ਼ਰੂਰੀ ਹੈ। ਇਸ ਦੀ ਸ਼ੁਰੂਆਤ ਮੋਦੀ ਨੇ ਧਾਰਾ 370 ਨੂੰ ਰੱਦ ਕਰਨ ਅਤੇ ਭਾਰਤੀ ਕਬਜ਼ੇ ਵਾਲੇ ਕਸ਼ਮੀਰ ਨੂੰ ਇਸ ਦੇ ਵਿਸ਼ੇਸ਼ ਦਰਜੇ ਤੋਂ ਇਨਕਾਰ ਕਰਨ ਤੋਂ ਕਰ ਦਿੱਤੀ। ਇਸ ਦੇ ਬਾਅਦ ਭਾਰਤੀ ਪ੍ਰਧਾਨ ਮੰਤਰੀ ਨੇ ਇੱਕ ਨਾਗਰਿਕਤਾ ਸੋਧ ਬਿੱਲ ਵੀ ਪਾਸ ਕੀਤਾ, ਜੋ ਮੁਸਲਮਾਨਾਂ ਨੂੰ ਭਾਰਤੀ ਨਾਗਰਿਕਤਾ ਪ੍ਰਾਪਤ ਕਰਨ ਤੋਂ ਰੋਕਦਾ ਹੈ ਜਦੋਂ ਕਿ ਮੁਸਲਮਾਨਾਂ ਲਈ ਇੱਕ ਚਿੰਤਾਜਨਕ ਸਥਿਤੀ ਪੈਦਾ ਕੀਤੀ, ਜੋ ਪਹਿਲਾਂ ਹੀ ਭਾਰਤੀ ਨਾਗਰਿਕ ਹਨ। ਸਿਰਫ਼ ਇਹ ਤੱਥ ਕਿ ਉਸ ਦੇ ਬਿੱਲ ਨੇ ਧਰਮ ਨੂੰ ਕੌਮੀਅਤ ਹਾਸਲ ਕਰਨ ਦਾ ਆਧਾਰ ਬਣਾ ਦਿੱਤਾ ਹੈ।

ਨਰਿੰਦਰ ਮੋਦੀ ਨਿੱਜੀ ਉਦਯੋਗਾਂ ਨੂੰ ਪਹਿਲ ਦੇਣ ਵਾਲਾ ਸਿਆਸਤਦਾਨ ਹੈ। ਉਹ ਇਜ਼ਾਰੇਦਾਰ ਕਾਰੋਬਾਰੀਆਂ ਦਾ ਬਹੁਤ ਘੱਟ ਕੀਮਤਾਂ, ਸਬਸਿਡੀਆਂ ਅਤੇ ਦੇਸ਼ ਦੇ ਕੁਦਰਤੀ ਸਰੋਤ ਦੇ ਕੇ ਸਮਰਥਨ ਕਰਦਾ ਹੈ। ਹਿਟਲਰ ਨੇ ਜਰਮਨ ਕੰਪਨੀਆਂ ਨੂੰ ਉਨ੍ਹਾਂ ਦਾ ਸਮਰਥਨ ਪ੍ਰਾਪਤ ਕਰਨ ਲਈ ਗੁਲਾਮ ਅਤੇ ਹੋਰ ਵਿੱਤੀ ਸਹਾਇਤਾ ਪ੍ਰਦਾਨ ਕੀਤੀ।

ਮੋਦੀ ਦੀ ਸਿਆਸੀ ਪਾਰਟੀ - ਭਾਰਤੀ ਜਨਤਾ ਪਾਰਟੀ ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਦਾ ਹਿੱਸਾ ਹੈ, ਜੋ ਇੱਕ ਕੱਟੜ ਸੱਜੇ-ਪੱਖੀ ਹਿੰਦੂ ਵਿਚਾਰਧਾਰਾ ਦਾ ਪਾਲਣ ਕਰਦੀ ਹੈ। ਆਰ ਐੱਸ ਐੱਸ ਆਪਣੀ ਫਾਸ਼ੀਵਾਦੀ ਹਿੰਦੂਤਵੀ ਨੀਤੀ ਤੋਂ ਇਲਾਵਾ ਜਿਸ ਤਰ੍ਹਾਂ ਹਿਟਲਰ ਚਾਹੁੰਦਾ ਸੀ ਕਿ ਸਾਰੇ ਯਹੂਦੀਆਂ ਨੂੰ ਜਰਮਨੀ ਤੋਂ ਹਟਾ ਦਿੱਤਾ ਜਾਵੇ, ਮੋਦੀ ਸਿਰਫ਼ ਹਿੰਦੂ ਰਾਸ਼ਟਰ ਚਾਹੁੰਦਾ ਹੈ ਅਤੇ ਮੁਸਲਮਾਨਾਂ ਨੂੰ ਸਮਾਜ ਦੀਆਂ ਬੁਰਾਈਆਂ ਦਾ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ।

ਦੋਵੇਂ ਤੱਤਕਾਲੀਨ ਸਰਕਾਰਾਂ ਵਿਰੁੱਧ ਘੋਰ ਅਸੰਤੁਸ਼ਟੀ ਦੇ ਪਲੇਟਫਾਰਮ 'ਤੇ ਉੱਠੇ ਹਿਟਲਰ ਦੀ ਤਰ੍ਹਾਂ ਮੋਦੀ ਕੋਲ ਇੱਕ ਮਜ਼ਬੂਤ ਕੱਟੜਪੰਥੀ ਸਮਰਥਨ ਅਧਾਰ ਹੈ, ਉਹ ਹਿਟਲਰ ਵਾਂਗ ਹੀ ਇੱਕ ਵਿਲੱਖਣ ਵਿਅਕਤੀ ਹੈ। ਮੋਦੀ ਆਪਣੇ ਪਰਵਾਰ ਦੇ ਕਿਸੇ ਮੈਂਬਰ ਨਾਲ ਕੋਈ ਸੰਪਰਕ ਨਹੀਂ ਰੱਖਦੇ ਅਤੇ ਨਾ ਹੀ ਹਿਟਲਰ ਰੱਖਦਾ ਸੀ। ਦੋਵੇਂ ਅੰਧ-ਰਾਸ਼ਟਰਵਾਦੀ ਹਨ। ਦੋਵੇਂ ਆਪਣੀ ਮਾਤ ਭੂਮੀ ਦੀ ਸੰਪੂਰਨਤਾ ਅਤੇ 'ਸ਼ਾਨਦਾਰ ਅਤੀਤ' ਵਿੱਚ ਵਾਪਸੀ ਦੇ ਵਾਅਦੇ ਨੂੰ ਦਰਸਾਉਂਦੇ ਹਨ।

1920 ਵਿੱਚ ਅਡੌਲਫ ਹਿਟਲਰ ਨੇ ਯਹੂਦੀਆਂ ਦੇ ਵਿਰੁੱਧ ਇੱਕ ਨਿਰਣਾਇਕ ਏਜੰਡਾ ਰੱਖਣ ਵਾਲੀ ਨਾਜ਼ੀ ਪਾਰਟੀ ਦੀ ਸਥਾਪਨਾ ਕੀਤੀ। ਭਾਰਤ ਵਿੱਚ 27 ਸਤੰਬਰ 1925 ਨੂੰ ਹਿਟਲਰ ਦੀ ਵਿਚਾਰਧਾਰਾ ਉੱਪਰ ਰਾਸ਼ਟਰੀ ਸਵੈਮ ਸੇਵਕ ਸੰਘ ਦੀ ਸਥਾਪਨਾ ਕੀਤੀ। ਭਾਰਤੀ ਜਨਤਾ ਪਾਰਟੀ (ਪਹਿਲਾਂ ਜਨ ਸੰਘ) ਉਸੇ ਆਰ.ਐੱਸ.ਐੱਸ. ਦਾ ਸਿਆਸੀ ਵਿੰਗ ਹੈ।

'ਸੰਵਿਧਾਨਕ ਅਤੇ ਰੈਗੂਲੇਟਰੀ ਸੰਸਥਾਵਾਂ ਦੀ ਅਧੀਨਗੀ, ਲਾਗੂ ਕਰਨ ਅਤੇ ਏਜੰਸੀਆਂ ਦੀ ਘੋਰ ਦੁਰਵਰਤੋਂ, ਨਿਆਂਪਾਲਿਕਾ ਨੂੰ ਕਮਜ਼ੋਰ ਕਰਨਾ, ਹਥਿਆਰਬੰਦ ਬਲਾਂ ਦਾ ਸਿਆਸੀਕਰਨ, ਲੋਕ ਰਾਇ 'ਤੇ ਅਸਹਿਮਤੀ ਨੂੰ ਬੇਰਹਿਮ ਹੰਕਾਰ ਅਤੇ ਅਸੰਵੇਦਨਸ਼ੀਲਤਾ ਨਾਲ ਕੁਚਲਣਾ ਅਤੇ ਗੋਏਬਲੀਅਨ ਦੇ ਚਰਿੱਤਰ ਨਿਰਮਾਣ ਨੂੰ ਅਪਣਾਉਣਾ ਆਦਿ।"(-ਦਿ ਵਾਇਰ ਨੂੰ ਇੰਟਰਵਿਊ ਵਿੱਚ, ਅਵੇ ਸ਼ੁਕਲਾ )

25 ਸਤੰਬਰ 2022 ਨੂੰ ਹੋਈਆਂ ਇਟਲੀ ਦੀਆਂ ਚੋਣਾਂ ਦੇ ਨਤੀਜੇ ਭਾਰਤ ਲਈ ਹੀ ਨਹੀਂ, ਸਗੋਂ ਪੂਰੇ ਵਿਸ਼ਵ ਲਈ ਇੱਕ ਗੰਭੀਰ ਚਿਤਾਵਨੀ ਲੈ ਕੇ ਆਏ ਹਨ। ਇਨ੍ਹਾਂ ਚੋਣਾਂ ਅੰਦਰ ਇਟਲੀ ਦੀਆਂ ਅੱਤ ਸੱਜ-ਪਿਛਾਖੜ ਤੇ ਫਾਸ਼ੀਵਾਦੀ ਪਾਰਟੀਆਂ ਦੀ ਜਿੱਤ ਹੋਈ ਹੈ। ਇਟਲੀ ਵਿੱਚ ਉਥੋਂ ਦੀਆਂ ਜਮਹੂਰੀ ਤੇ ਖੱਬੇ-ਪੱਖੀ ਪਾਰਟੀਆਂ ਸੱਜ-ਪਿਛਾਖੜ ਅਤੇ ਫਾਸ਼ੀਵਾਦੀ ਪਾਰਟੀਆਂ ਦੀ ਤਾਕਤ ਨੂੰ ਘਟਾ ਕੇ ਦੇਖਦੀਆਂ ਰਹੀਆਂ ਹਨ ਅਤੇ ਉਨ੍ਹਾਂ ਵਿਰੁੱਧ ਕੋਈ ਆਪਸੀ ਸਹਿਮਤੀ ਨਹੀਂ ਬਣਾ ਸਕੀਆਂ।

ਭਾਰਤ ਦੀ ਵੀ ਇਹੋ ਤ੍ਰਾਸਦੀ ਹੈ ਜੇਕਰ ਭਾਰਤ ਦੀਆਂ ਜਮਹੂਰੀ ਤੇ ਖੱਬੇ-ਪੱਖੀ ਪਾਰਟੀਆਂ ਨੇ ਦੇਸ਼ ਦੀਆਂ ਸੱਜ-ਪਿਛਾਖੜ ਅਤੇ ਫਾਸ਼ੀਵਾਦੀ ਤਾਕਤਾਂ ਨੂੰ ਘਟਾ ਕੇ ਆਂਕਿਆ ਅਤੇ ਉਸ ਵਿਰੁੱਧ ਲੜਨ ਲਈ ਆਪਸੀ ਸਹਿਮਤੀ ਨਾ ਬਣਾਈ ਤਾਂ ਆਉਣ ਵਾਲੇ ਨਤੀਜੇ ਬੜੇ ਘਾਤਕ ਸਾਬਤ ਹੋਣਗੇ।

***# ਸੰਪਰਕ : 98550-04500***

# ਰੁੱਖਾਂ ਹੇਠ ਰਕਬਾ ਵਧਾਉਣ ਲਈ ਕਿਸਾਨ ਨਿਭਾਅ ਸਕਦੇ ਨੇ ਅਹਿਮ ਭੂਮਿਕਾ



ਬਿੰਦਰ ਸਿੰਘ ਖੁੱਡੀ ਕਲਾਂ

ਸਾਡੇ ਸੂਬੇ ਦੀ ਵਣ ਸਥਿਤੀ ਬੜੀ ਹੀ ਗੰਭੀਰ ਅਤੇ ਚਿੰਤਾਜਨਕ ਹੈ। ਇੱਕ ਰਿਪੋਰਟ ਅਨੁਸਾਰ ਬਿਹਤਰ ਵਾਤਾਵਰਨ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਕਿਸੇ ਵੀ ਖਿੱਤੇ ਦਾ ਘੱਟੋ-ਘੱਟ 33 ਫੀਸਦੀ ਰਕਬਾ ਵਣਾਂ ਅਧੀਨ ਹੋਣਾ ਚਾਹੀਦਾ ਹੈ, ਪਰ 2019 ਦੀ ਰਿਪੋਰਟ ਅਨੁਸਾਰ ਪੰਜਾਬ ਦਾ ਮਹਿਜ਼ 3.67 ਫੀਸਦੀ ਹਿੱਸਾ ਹੀ ਵਣਾਂ ਅਧੀਨ ਹੈ। ਸੂਬੇ 'ਚ ਬਿਹਤਰ ਵਾਤਾਵਰਨ ਲਈ 29.33 ਫੀਸਦੀ ਰਕਬਾ ਵਣਾਂ ਅਧੀਨ ਹੋਰ ਚਾਹੀਦਾ ਹੈ। ਇਸ ਤੋਂ ਵੱਡੀ ਚਿੰਤਾ ਵਾਲੀ ਗੱਲ ਕੀ ਹੋ ਸਕਦੀ ਹੈ। ਪੰਜਾਬ 'ਚ ਵਣਾਂ ਹੇਠਲਾ ਰਕਬਾ ਰਾਜਸਥਾਨ ਤੋਂ ਵੀ ਘੱਟ ਰਹਿ ਗਿਆ ਹੈ। ਰਾਜਸਥਾਨ 'ਚ ਵਣਾਂ ਅਧੀਨ ਰਕਬਾ 4.36 ਫੀਸਦੀ ਹੈ। ਬਦਕਿਸਮਤੀ ਵੱਸ ਪੰਜਾਬ ਦੇ ਕਿਸੇ ਵੀ ਜ਼ਿਲ੍ਹੇ 'ਚ ਵਣਾਂ ਅਧੀਨ ਘੱਟੋ-ਘੱਟ ਲੋੜੀਂਦਾ 33 ਫੀਸਦੀ ਰਕਬਾ ਨਹੀਂ ਹੈ। ਸੂਬੇ ਦਾ ਹੁਸ਼ਿਆਰਪੁਰ ਜ਼ਿਲ੍ਹਾ 21.54 ਫੀਸਦੀ ਵਣ ਰਕਬੇ ਨਾਲ ਸੂਬੇ ਭਰ 'ਚੋਂ ਮੋਹਰੀ ਹੈ। ਬਰਨਾਲਾ, ਫਤਹਿਗੜ੍ਹ ਸਾਹਿਬ, ਸੰਗਰੂਰ, ਤਰਨ ਤਾਰਨ, ਫਿਰੋਜ਼ਪੁਰ, ਮਾਨਸਾ, ਮੋਗਾ ਅਤੇ ਕਪੂਰਥਲਾ ਜ਼ਿਲ੍ਹਿਆਂ 'ਚ ਵਣਾਂ ਹੇਠਲਾ ਰਕਬਾ 1 ਫੀਸਦੀ ਤੋਂ ਵੀ ਘੱਟ ਹੈ। ਮੱਤੇਵਾੜਾ ਜੰਗਲ ਦੇ ਵਿਸ਼ਾਲ ਰਕਬੇ ਨੂੰ ਮਿਲਾ ਕੇ ਲੁਧਿਆਣਾ ਜ਼ਿਲ੍ਹੇ ਦਾ ਵਣ ਰਕਬਾ ਮਹਿਜ਼ 1.65 ਫੀਸਦੀ ਬਣਦਾ ਹੈ। ਕੇਂਦਰੀ ਵਾਤਾਵਰਨ, ਜੰਗਲੀ ਅਤੇ ਪੌਣ-ਪਾਣੀ ਮੰਤਰਾਲੇ ਦੀ ਰਿਪੋਰਟ ਅਨੁਸਾਰ ਪੰਜਾਬ 'ਚ ਪਿਛਲੇ ਦਸ ਵਰ੍ਹਿਆਂ ਦੌਰਾਨ 0.53 ਮਿਲੀਅਨ ਰੁੱਖਾਂ 'ਤੇ ਕੁਹਾੜਾ ਚੱਲਿਆ ਹੈ। ਇਸ ਹਿਸਾਬ ਨਾਲ ਪੰਜਾਬ 'ਚ ਰੋਜ਼ਾਨਾ ਰੁੱਖ ਕੱਟਣ ਦੀ ਔਸਤਨ ਗਿਣਤੀ 147 ਹੈ। ਲੁਧਿਆਣਾ ਸ਼ਹਿਰ ਅਤੇ ਜ਼ਿਲ੍ਹੇ 'ਚ ਵਿਛਾਏ ਸੜਕੀ ਜਾਲ ਦੌਰਾਨ ਕੱਟੇ ਰੁੱਖਾਂ ਦੇ ਇਵਜ਼ ਵਜੋਂ ਮੱਤੇਵਾੜਾ ਜੰਗਲ 'ਚ ਨਵੇਂ ਰੁੱਖ ਲਗਾਉਣ ਦੀ ਗੱਲ ਕਹੀ ਗਈ ਸੀ, ਜੋ ਕਿ ਅੱਜ ਤੱਕ ਵਫਾ ਨਹੀਂ ਹੋ ਸਕੀ।

ਸੂਬੇ 'ਚ ਰੁੱਖਾਂ ਦੀ ਘਟੀ ਗਿਣਤੀ ਲਈ ਬਹੁਤ ਸਾਰੇ ਕਾਰਨ ਜ਼ਿੰਮੇਵਾਰ ਹਨ। ਸੂਬੇ 'ਚ ਕੌਮੀ ਅਤੇ ਰਾਜ ਮਾਰਗਾਂ ਦੇ ਨਵੀਨੀਕਰਨ ਦੌਰਾਨ ਰੁੱਖਾਂ ਦਾ ਵੱਡੀ ਪੱਧਰ 'ਤੇ ਉਜਾੜਾ ਹੋਇਆ ਅਤੇ ਇਸ ਉਜਾੜੇ ਦੀ ਪ੍ਰਤੀ ਪੂਰਤੀ ਲਈ ਸਰਕਾਰਾਂ ਵੱਲੋਂ ਕੋਈ ਗੰਭੀਰਤਾ ਨਹੀਂ ਵਿਖਾਈ ਗਈ। ਰੁੰਡ-ਮਰੁੰਡ ਸੜਕਾਂ ਵਾਤਾਵਰਨ ਦੀ ਤਪਸ਼ 'ਚ ਇਜ਼ਾਫੇ ਦਾ ਮੁੱਖ ਕਾਰਨ ਹਨ। ਖੇਤੀ ਇਨਕਲਾਬ ਅਧੀਨ ਆਧੁਨਿਕ ਤਰੀਕਿਆਂ ਨਾਲ ਖੇਤੀ ਕਰਨ ਦੀ ਹੋਈ ਸ਼ੁਰੂਆਤ ਵੀ ਸੂਬੇ 'ਚ ਰੁੱਖਾਂ ਦੀ ਗਿਣਤੀ ਘਟਣ ਦਾ ਸਬੱਬ ਬਣੀ ਹੈ। ਖੇਤੀ ਦੇ ਹੋਏ ਮਸ਼ੀਨੀਕਰਨ ਨਾਲ ਵੱਡੀਆਂ ਖੇਤੀ ਜੋਤਾਂ ਦਾ ਪ੍ਰਚਲਨ ਹੋਇਆ ਹੈ। ਰੁੱਖਾਂ ਨੂੰ ਵੱਡੀਆਂ ਖੇਤੀ ਜੋਤਾਂ ਦੇ ਰਸਤੇ ਦੀ ਰੁਕਾਵਟ ਸਮਝਦਿਆਂ ਰੁੱਖਾਂ ਦੀ ਧੜਾਧੜ ਕਟਾਈ ਕੀਤੀ ਗਈ। ਕਿਸੇ ਸਮੇਂ ਰੁੱਖਾਂ ਦੀਆਂ ਹਰਿਆਲੀਆਂ ਦਾ ਸਿਰਨਾਵਾਂ ਸਮਝੇ ਜਾਣ ਵਾਲੇ ਖੇਤ ਰੁੱਖਾਂ ਤੋਂ ਸੱਖਣੇ ਹੋ ਗਏ। ਖੇਤਾਂ 'ਚ ਰੁੱਖਾਂ ਦੀਆਂ ਛਾਵਾਂ ਦਾ ਸੋਕਾ ਹੀ ਪੈ ਗਿਆ। ਆਧੁਨਿਕ ਖੇਤੀ ਦੇ ਰਸਤੇ ਤੁਰਿਆ ਕਿਸਾਨ ਰੁੱਖਾਂ ਦੀ ਅਹਿਮੀਅਤ ਹੀ ਵਿਸਾਰ ਬੈਠਾ। ਸਰਕਾਰਾਂ ਜਾਂ ਹੋਰ ਸੰਸਥਾਵਾਂ ਨੇ ਸਮਾਂ ਰਹਿੰਦੇ ਕਿਸਾਨ ਨੂੰ ਰੁੱਖਾਂ ਦੀ ਅਹਿਮੀਅਤ ਬਾਰੇ ਜਾਗਰੂਕ ਕਰਨ ਦੀ ਕੋਸ਼ਿਸ਼ ਹੀ ਨਹੀਂ ਕੀਤੀ। ਖੇਤਾਂ ਵਿੱਚੋਂ ਰੁੱਖਾਂ ਦੀ ਧੜਾਧੜ ਹੋਣ ਵਾਲੀ ਕਟਾਈ ਵੱਲ ਸਮੇਂ ਦੀਆਂ ਸਰਕਾਰਾਂ ਨੇ ਵੀ ਕੋਈ ਧਿਆਨ ਨਾ ਦਿੱਤਾ। ਨਤੀਜੇ ਵਜੋਂ ਸੂਬੇ 'ਚ ਵਣਾਂ ਹੇਠਲਾ ਰਕਬਾ ਚਿੰਤਾਜਨਕਪੱਧਰ 'ਤੇ ਆਣ ਖੜਾ ਹੈ।

ਰੁੱਖਾਂ ਦੀ ਘਟੀ ਗਿਣਤੀ ਦੇ ਪ੍ਰਤੱਖ ਨਤੀਜੇ ਸਾਹਮਣੇ ਆਉਣ ਲੱਗੇ ਹਨ। ਚੁਫੇਰੇ ਕੰਕਰੀਟ ਦੇ ਪਸਾਰੇ ਨੇ ਵਾਤਾਵਰਨ ਨੂੰ ਅੱਗ ਦੀ ਭੱਠੀ ਵਿੱਚ ਤਬਦੀਲ ਕਰ ਦਿੱਤਾ ਹੈ। ਇਸ ਤਪਸ਼ ਤੋਂ ਬਚਾਅ ਹਿੱਤ ਅਪਣਾਏ ਜਾਣ ਵਾਲੇ ਬਨਾਉਟੀ ਤਰੀਕੇ ਵੀ ਵਾਤਾਵਰਨ ਦੀ ਗਰਮੀ 'ਚ ਇਜ਼ਾਫੇ ਦਾ ਸਬੱਬ ਹੋ ਨਿੱਬੜੇ ਹਨ। ਏ.ਸੀ ਦੀ ਭਰਮਾਰ ਨੇ ਠੰਢਕ ਨਾਲੋਂ ਤਪਸ਼ ਵਿੱਚ ਇਜ਼ਾਫਾ ਜ਼ਿਆਦਾ ਕੀਤਾ ਹੈ। ਰੁੱਖਾਂ ਦੀ ਘਟਦੀ ਗਿਣਤੀ ਨਾਲ ਹਵਾ ਪ੍ਰਦੂਸ਼ਣ ਸਿਖਰਾਂ ਛੂਹਣ ਲੱਗਿਆ ਹੈ। ਉਦਯੋਗਿਕ ਪਸਾਰੇ ਅਤੇ ਵਾਹਨਾਂ ਦੀ ਵਧਦੀ ਗਿਣਤੀ ਦੀ ਬਦੌਲਤ ਪੈਦਾ ਹੋਣ ਵਾਲੇ ਗੈਸੀ ਅਸੰਤੁਲਨ ਨੇ ਸਾਡੀ ਹਵਾ ਨੂੰ ਵੀ ਜ਼ਹਿਰੀਲੀ ਕਰ ਧਰਿਆ ਹੈ। ਸਾਡੀਆਂ ਸਰਕਾਰਾਂ ਦੀ ਰੁੱਖ ਸੰਭਾਲ ਪ੍ਰਤੀ ਬੇਧਿਆਨੀ ਦੀ ਬਦੌਲਤ ਹੀ ਅੱਜ ਸਾਡਾ ਸੂਬਾ ਰੁੱਖਾਂ ਹੇਠਲੇ ਰਕਬੇ ਪੱਖੋਂ ਹੋਰਨਾਂ ਸਾਰੇ ਸੂਬਿਆਂ ਨਾਲੋਂ ਬਦਤਰ ਸਥਿਤੀ ਵਿੱਚ ਪਹੁੰਚ ਗਿਆ ਹੈ।

ਪ੍ਰਦੂਸ਼ਣ, ਤਪਸ਼ ਅਤੇ ਬੇਸ਼ੁਮਾਰ ਹੋਰ ਚੁਣੌਤੀਆਂ 'ਚ ਘਿਰੇ ਇਨਸਾਨ ਨੂੰ ਰੁੱਖਾਂ ਦਾ ਚੇਤਾ ਆਉਣ ਲੱਗਿਆ ਹੈ। ਸਰਕਾਰਾਂ ਵੀ ਜਾਗਰੂਕਤਾ ਵਿਖਾਉਣ ਲੱਗੀਆਂ ਹਨ। ਰੁੱਖਾਂ ਦੀ ਅਹਿਮੀਅਤ ਦੀਆਂ ਗੱਲਾਂ ਕੀਤੀਆਂ ਜਾਣ ਲੱਗੀਆਂ ਹਨ। ਵਿਦਿਆਰਥੀਆਂ ਨੂੰ ਰੁੱਖ ਲਗਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਬਹੁਤ ਸਾਰੀਆਂ ਸਮਾਜ ਸੇਵੀ ਅਤੇ ਵਾਤਾਵਰਨ ਪ੍ਰੇਮੀ ਸੰਸਥਾਵਾਂ ਵੱਲੋਂ ਰੁੱਖ ਲਗਾਉਣ ਅਤੇ ਸੰਭਾਲਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਵਣਾਂ ਹੇਠ ਰਕਬੇ 'ਚ ਇਜ਼ਾਫੇ ਲਈ ਪ੍ਰਸ਼ਾਸਨਿਕ ਕੋਸ਼ਿਸ਼ਾਂ ਵੀ ਵਿਖਾਈ ਦੇਣ ਲੱਗੀਆਂ ਹਨ, ਪਰ ਇਹਨਾਂ ਤਮਾਮ ਕੋਸ਼ਿਸ਼ਾਂ ਵਿੱਚ ਕਿਸਾਨ ਦੀ ਸ਼ਮੂਲੀਅਤ ਹਾਲੇ ਵੀ ਨਾ ਦੇ ਬਰਾਬਰ ਹੈ, ਜਦਕਿ ਹਕੀਕਤ ਰੂਪ ਵਿੱਚ ਕਿਸਾਨ ਇਸ ਪਾਸੇ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਅ ਸਕਦਾ ਹੈ।

ਕਿਸਾਨ ਕੋਲ ਰੁੱਖ ਲਗਾਉਣ ਲਈ ਜਗ੍ਹਾ, ਸਮਰੱਥਾ ਅਤੇ ਸਾਧਨ ਸਭ ਕੁੱਝ ਮੌਜੂਦ ਹਨ। ਕਿਸਾਨ ਤਾਂ ਖੇਤਾਂ ਦੇ ਆਲੇ-ਦੁਆਲੇ ਰੁੱਖ ਲਗਾ ਕੇ ਵੀ ਰੁੱਖਾਂ ਹੇਠ ਰਕਬਾ ਵਧਾਉਣ ਦੀਆਂ ਕੋਸ਼ਿਸ਼ਾਂ ਨੂੰ ਗਤੀ ਦੇਣ ਦੀ ਸਮਰੱਥਾ ਰੱਖਦੇ ਹਨ। ਰੁੱਖਾਂ ਦੀ ਆਮਦਨ ਦਾ ਹਿੱਸੇਦਾਰ ਬਣਾ ਕੇ ਕਿਸਾਨਾਂ ਨੂੰ ਸੜਕਾਂ ਅਤੇ ਰਸਤਿਆਂ ਦੇ ਨਾਲ-ਨਾਲ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਸਕਦਾ ਹੈ। ਖੇਤਾਂ 'ਚ ਰੁੱਖ ਲਗਾਉਣ ਵਾਲੇ ਕਿਸਾਨਾਂ ਲਈ ਵੀ ਆਰਥਿਕ ਸਹਾਇਤਾ ਦਾ ਐਲਾਨ ਕੀਤਾ ਜਾ ਸਕਦਾ ਹੈ। ਰੁੱਖ ਲਗਾਉਣ ਨੂੰ ਫਸਲਾਂ ਦੇ ਬਦਲ ਵਜੋਂ ਉਭਾਰਨ ਦੀਆਂ ਸੰਭਾਵਨਾਵਾਂ 'ਤੇ ਵੀ ਵਿਚਾਰ ਕੀਤਾ ਜਾਣਾ ਬਣਦਾ ਹੈ। ਰੁੱਖਾਂ ਦੀ ਕਟਾਈ ਬਾਰੇ ਹਦਾਇਤਾਂ ਜਾਰੀ ਕਰਨ ਦੇ ਨਾਲ-ਨਾਲ ਖੇਤਾਂ, ਬੰਨਿਆ ਅਤੇ ਰਸਤਿਆਂ 'ਤੇ ਲੱਗੇ ਰੁੱਖਾਂ ਦੀ ਕਟਾਈ 'ਤੇ ਵੀ ਰੋਕ ਲੱਗਣੀ ਚਾਹੀਦੀ ਹੈ। ਸੂਬੇ 'ਚ ਵਣਾਂ ਹੇਠ ਰਕਬਾ ਵਧਾਉਣ ਲਈ ਸਰਕਾਰਾਂ ਨੂੰ ਮਹਿਜ਼ ਖਾਨਾਪੂਰਤੀ ਦਾ ਰਸਤਾ ਤਿਆਗ ਕੇ ਹਕੀਕਤ ਭਰਪੂਰ ਕੋਸ਼ਿਸ਼ਾਂ ਵੱਲ ਵਧਣਾ ਚਾਹੀਦਾ ਹੈ। ਰੁੱਖਾਂ ਦੀ ਗਿਣਤੀ 'ਚ ਇਜ਼ਾਫੇ ਲਈ ਵਿੱਦਿਅਕ ਸੰਸਥਾਵਾਂ ਅਤੇ ਵਾਤਾਵਰਨ ਪ੍ਰੇਮੀ ਸੰਸਥਾਵਾਂ ਦੀਆਂ ਕੋਸ਼ਿਸ਼ਾਂ ਨੂੰ ਅੰਜਾਮ 'ਤੇ ਪਹੁੰਚਾਉਣ ਲਈ ਬਿਨਾਂ ਦੇਰੀ ਕਿਸਾਨਾਂ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ।

**# ਸੰਪਰਕ : 98786-05965**

# ਗੰਭੀਰ ਹੁੰਦੀ ਅਵਾਰਾ ਕੁੱਤਿਆਂ ਦੀ ਸਮੱਸਿਆ



ਨਰਿੰਦਰ ਸਿੰਘ

ਅਵਾਰਾ ਕੁੱਤੇ ਇਨਸਾਨਾਂ ਲਈ ਖ਼ਤਰਾ ਬਣੇ ਹੋਏ ਹਨ। ਪਿਛਲੇ 8 ਸਾਲਾਂ ਦੌਰਾਨ ਸਰਕਾਰੀ ਹਸਪਤਾਲਾਂ ਵਿਚ ਕੁੱਤਿਆਂ ਦੇ ਵੱਢਣ ਦੇ 4.7 ਲੱਖ ਤੋਂ ਵੱਧ ਮਾਮਲੇ ਸਾਹਮਣੇ ਆਏ ਹਨ। ਪੰਜਾਬ ਸਰਕਾਰ ਨੇ ਆਵਾਰਾ ਕੁੱਤਿਆਂ ਦੀ ਵਧਦੀ ਗਿਣਤੀ ਰੋਕਣ ਲਈ ਕੁਝ ਖ਼ਾਸ ਨਹੀਂ ਕੀਤਾ। ਜ਼ਿਆਦਾਤਰ ਕੁੱਤੇ ਮੈਰਿਜ ਪੈਲਸਾਂ ਨੇੜੇ ਤੁਰੇ ਫਿਰਦੇ ਹਨ। ਜਿੱਥੇ ਉਹ ਰਹਿੰਦ-ਖੂੰਹਦ ਨਾਲ ਆਪਣਾ ਢਿੱਡ ਭਰਦੇ ਹਨ। ਇਸ ਤੋਂ ਇਲਾਵਾ ਇਹ ਕੁੱਤੇ ਹੱਡਾ-ਰੋੜੀਆਂ ਵਿਚ ਮਰੇ ਹੋਏ ਪਸ਼ੂਆਂ ਦਾ ਮਾਸ ਖਾ ਕੇ ਪਲ ਰਹੇ ਹਨ। ਹੱਡਾ ਰੋੜੀਆਂ 'ਤੇ ਪਲਣ ਵਾਲੇ ਕੁੱਤੇ ਇਸ ਹੱਦ ਤੱਕ ਖੂੰਖਾਰ ਬਣ ਜਾਂਦੇ ਹਨ ਕਿ ਕਈ ਵਾਰ ਉਹ ਇਕੱਲੇ ਤੁਰੇ ਜਾ ਰਹੇ ਵਿਅਕਤੀ ਨੂੰ ਵੀ ਨੋਚ-ਨੋਚ ਕੇ ਮਾਰ ਦਿੰਦੇ ਹਨ। ਹੁਣ ਹਾਲਾਤ ਇੱਥੋਂ ਤੱਕ ਪਹੁੰਚ ਗਏ ਹਨ ਕਿ ਅਵਾਰਾ ਕੁੱਤਿਆਂ ਦੀ ਦਹਿਸ਼ਤ ਸ਼ਹਿਰਾਂ ਦੇ ਅੰਦਰੂਨੀ ਇਲਾਕਿਆਂ ਤੱਕ ਵੀ ਪਹੁੰਚ ਗਈ ਹੈ। ਇਨ੍ਹਾਂ ਕੁੱਤਿਆਂ ਦੀ ਦਹਿਸ਼ਤ ਇੰਨੀ ਜ਼ਿਆਦਾ ਹੋ ਗਈ ਹੈ ਕਿ ਇਹ ਕੁੱਤੇ ਪਸ਼ੂਆਂ ਤੋਂ ਲੈ ਕੇ ਇਨਸਾਨਾਂ ਨੂੰ ਨਿਸ਼ਾਨਾ ਬਣਾ ਰਹੇ ਹਨ, ਪਰ ਪ੍ਰਸ਼ਾਸਨ ਤੇ ਸਰਕਾਰ ਦੀ ਹੋਂਦ ਕਿਤੇ ਨਜ਼ਰ ਨਹੀਂ ਆ ਰਹੀ ਹੈ। ਸਮੱਸਿਆ ਤੋਂ ਨਜ਼ਰਾਂ ਫੇਰਨ ਨਾਲ ਉਹ ਘਟਦੀਆਂ ਨਹੀਂ, ਸਗੋਂ ਉਹ ਹੋਰ ਵੱਡੀਆਂ ਹੋ ਜਾਂਦੀਆਂ ਹਨ। ਸਮਾਂ ਬੀਤਣ ਨਾਲ ਘਟਨਾ 'ਤੇ ਮਿੱਟੀ ਜੰਮ ਜਾਂਦੀ ਹੈ ਅਤੇ ਸਮੱਸਿਆ ਜਿਵੇਂ ਦੀ ਤਿਵੇਂ ਬਣੀ ਰਹਿੰਦੀ ਹੈ।

ਅਵਾਰਾ ਕੁੱਤਿਆਂ ਦਾ ਕਹਿਰ ਨਹੀਂ ਰੁਕ ਰਿਹਾ ਹੈ। ਅੰਕੜੇ ਇਹ ਦਰਸਾਉਂਦੇ ਹਨ ਕਿ ਸਾਲ 2019 ਦੌਰਾਨ ਸੂਬੇ ਦੇ ਸਰਕਾਰੀ ਹਸਪਤਾਲਾਂ ਵਿਚ ਕੁੱਤਿਆਂ ਦੇ ਵੱਢੇ 1.35 ਲੱਖ ਵਿਅਕਤੀਆਂ ਦਾ ਇਲਾਜ਼ ਕੀਤਾ ਜੋ ਕਿ 2018 ਦੇ ਮੁਕਾਬਲੇ ਤਕਰੀਬਨ 20 ਫੀਸਦੀ ਵੱਧ ਹੈ। ਸਾਲ 2016 ਵਿਚ 1.10 ਲੱਖ ਕੁੱਤਿਆਂ ਦੇ ਵੱਢਣ ਦੇ ਮਾਮਲੇ ਸਾਹਮਣੇ ਆਏ ਸਨ। 2017 ਵਿਚ ਇਹ ਗਿਣਤੀ ਵਧਕੇ 1.12 ਲੱਖ ਹੋ ਗਈ। ਸਾਲ 2018 ਵਿਚ ਅਵਾਰਾ ਕੁੱਤਿਆਂ ਨੇ 1.13 ਲੱਖ ਲੋਕਾਂ ਨੂੰ ਵੱਢਿਆ। ਵਿਸ਼ਵ ਸਿਹਤ ਸੰਗਠਨ ਦੀ ਰਿਪੋਰਟ ਮੁਤਾਬਕ ਭਾਰਤ ਵਿਚ ਅਵਾਰਾ ਕੁੱਤਿਆਂ ਦੀ ਗਿਣਤੀ 3.5 ਕਰੋੜ ਹੋ ਗਈ ਹੈ, ਜਦਕਿ ਪੰਜਾਬ ਵਿਚ ਅਵਾਰਾ ਕੁੱਤਿਆਂ ਦੀ ਗਿਣਤੀ ੫ ਲੱਖ ਦੇ ਕਰੀਬ ਹੈ। ਕੁੱਤਿਆਂ ਦੀ ਗਿਣਤੀ ਇਸ ਤੋਂ ਵੱਧ ਹੋ ਸਕਦੀ ਹੈ, ਕਿਉਂਕਿ ਇਹਨਾਂ ਮਾਮਲਿਆਂ ਵਿੱਚ ਉਹ ਵਿਅਕਤੀ ਸ਼ਾਮਲ ਨਹੀਂ ਹੁੰਦੇ, ਜਿਨ੍ਹਾ ਦਾ ਇਲਾਜ ਪ੍ਰਾਈਵੇਟ ਹਸਪਤਾਲਾਂ ਵਿੱਚ ਕੀਤਾ ਜਾਂਦਾ ਹੈ ਜਾਂ ਜਿਹੜੇ ਕੋਈ ਇਲਾਜ ਨਹੀਂ ਕਰਵਾਉਂਦੇ। ਇਨ੍ਹਾਂ ਖੂੰਖਾਰ ਕੁੱਤਿਆਂ ਦੇ ਵੱਢਣ ਕਾਰਨ ਹਰ ਸਾਲ ਹਜ਼ਾਰਾਂ ਲੋਕਾਂ ਦੀ ਮੌਤ ਹੋ ਜਾਂਦੀ ਹੈ। ਸਿਤਮਜ਼ਰੀਫੀ ਇਹ ਹੈ ਕਿ ਅਵਾਰਾ ਕੁੱਤਿਆਂ ਨੂੰ ਮਾਰਨ 'ਤੇ ਰੋਕ ਲੱਗੀ ਹੋਈ ਹੈ। ਇਹ ਖੂੰਖਾਰ ਕੁੱਤੇ ਮਰੇ ਪਸ਼ੂਆਂ ਦਾ ਮਾਸ ਖਾ ਕੇ ਪਲ ਰਹੇ ਹਨ।

ਪਿੰਡਾਂ ਤੇ ਸ਼ਹਿਰਾਂ ਦੀਆਂ ਹੱਡਾ-ਰੋੜੀਆਂ ਅਵਾਰਾ ਕੁੱਤਿਆਂ ਦੀਆਂ ਪਨਾਹਗਾਹ ਬਣੀਆਂ ਹੋਈਆਂ ਹਨ। ਮਾਸ ਦਾ ਸੁਆਦ ਪੈ ਜਾਣ ਕਾਰਨ ਇਹ ਕੁੱਤੇ ਹੁਣ ਇਨਸਾਨਾਂ 'ਤੇ ਹਮਲਾ ਕਰਦੇ ਹਨ। ਹੱਡਾ-ਰੋੜੀਆਂ ਵਿਚ ਅਜਿਹੇ ਸੈਂਕੜੇ ਕੁੱਤੇ ਆਮ ਹਰਲ-ਹਰਲ ਕਰਦੇ ਵੇਖੇ ਜਾ ਸਕਦੇ ਹਨ। ਸਾਲ 2012 ਵਿਚ ਹੋਈ 19ਵੀਂ ਪਸ਼ੂ ਗਣਨਾ ਮੁਤਾਬਕ ਸੂਬੇ ਵਿਚ ੩ ਲੱਖ ਤੋਂ ਵਧੇਰੇ ਅਵਾਰਾਂ ਕੁਤੇ ਸਨ, ਪਰ ਹੁਣ ਇਨ੍ਹਾਂ ਦੀ ਗਿਣਤੀ 5 ਲੱਖ 78 ਹਜ਼ਾਰ ਤੱਕ ਪਹੁੰਚ ਗਈ ਹੈ। ਅਵਾਰਾ ਕੁੱਤੇ ਆਮ ਮਜ਼ਲੂਮ ਲੋਕਾਂ ਨੂੰ ਹੀ ਨਹੀਂ, ਸਗੋਂ ਸਰਕਾਰੀ ਅਧਿਕਾਰੀਆਂ ਨੂੰ ਵੀ ਨਿਸ਼ਾਨਾ ਬਣਾ ਚੁੱਕੇ ਹਨ। ਬਠਿੰਡਾ ਵਿਚ ਐੱਸ.ਐੱਸ.ਪੀ. ਤੇ ਮੇਅਰ ਨੂੰ ਅਵਾਰਾ ਕੁੱਤੇ ਵੱਢ ਚੁੱਕੇ ਹਨ। ਇਕ ਸਤੰਬਰ 2017 ਨੂੰ ਸਰਕਟ ਹਾਊਸ ਵਿਚ ਉਸ ਸਮੇਂ ਦੇ ਐੱਸ.ਐੱਸ.ਪੀ. ਨਵੀਨ ਸਿੰਗਲਾ 'ਤੇ ਅਵਾਰਾ ਕੁੱਤੇ ਨੇ ਹਮਲਾ ਕਰ ਦਿੱਤਾ ਸੀ। ਉਦੋਂ ਉਹ ਆਪਣੇ ਵਾਹਨ ਵਿਚ ਸਵਾਰ ਹੋ ਰਹੇ ਸਨ। ਇਵੇਂ ਹੀ ਇਕ ਬਸਤੀ ਵਿਚ ਦੌਰੇ 'ਤੇ ਗਏ ਨਿਗਮ ਦੇ ਮੇਅਰ ਬਲਵੰਤ ਰਾਏ ਨਾਥ ਨੂੰ ਅਵਾਰਾ ਕੁੱਤੇ ਨੇ ਵੱਢ ਲਿਆ ਸੀ।

ਪੰਜਾਬ ਦੇ ਹਾਜੀਪੁਰ 'ਚ ਤਿੰਨ ਸਾਲਾਂ ਦੀ ਇਕ ਮਾਸੂਮ ਬੱਚੀ ਨੂੰ ਅਵਾਰਾ ਕੁੱਤਿਆਂ ਵੱਲੋਂ ਨੋਚ-ਨੋਚ ਕੇ ਮੌਤ ਦੇ ਘਾਟ ਉਤਾਰ ਦੇਣ ਦੀ ਦਿਲ ਕੰਬਾਊ ਘਟਨਾ ਨੇ ਅਵਾਰਾ ਕੁੱਤਿਆਂ ਦੀ ਦਹਾਕਿਆਂ ਪੁਰਾਣੀ ਸਮੱਸਿਆ ਵੱਲ ਇਕ ਵਾਰ ਫਿਰ ਲੋਕਾਂ ਦਾ ਧਿਆਨ ਖਿੱਚਿਆ ਹੈ। ਘਟਨਾ ਅਨੁਸਾਰ ਬੱਚੀ ਆਪਣੇ ਘਰ 'ਚ ਆਪਣੇ ਮਾਤਾ-ਪਿਤਾ ਦੀ ਗੈਰ-ਹਾਜ਼ਰੀ 'ਚ ਹੋਰ ਬੱਚਿਆਂ ਨਾਲ ਖੇਡ ਰਹੀ ਸੀ ਕਿ ਅਵਾਰਾ ਕੁੱਤਿਆਂ ਦਾ ਇਕ ਝੁੰਡ ਬੱਚੀ ਨੂੰ ਖਿੱਚ ਕੇ ਨੇੜੇ ਦੇ ਖੇਤਾਂ 'ਚ ਲੈ ਗਿਆ, ਜਿੱਥੇ ਖੂੰਖਾਰ ਕੁੱਤਿਆਂ ਨੇ ਉਸ ਨੂੰ ਨੋਚ-ਨੋਚ ਕੇ ਮਾਰ ਦਿੱਤਾ। ਜਦੋਂ ਤੱਕ ਬੱਚੀ ਦੇ ਘਰ ਵਾਲੇ ਅਤੇ ਪਿੰਡ ਦੇ ਹੋਰ ਲੋਕ ਬੱਚੀ ਨੂੰ ਕੁੱਤਿਆਂ ਤੋਂ ਬਚਾਉਂਦੇ, ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਇਹ ਘਟਨਾ ਦਿਨ ਦੇ ਗਿਆਰਾਂ ਵਜੇ ਵਾਪਰੀ, ਜਦੋਂ ਬੱਚੀ ਦੇ ਮਾਤਾ-ਪਿਤਾ ਖੇਤਾਂ 'ਚ ਕੰਮ ਕਰਨ ਲਈ ਗਏ ਹੋਏ ਸਨ। ਇਸੇ ਤਰ੍ਹਾਂ ਜਨਵਰੀ 'ਚ ਲੁਧਿਆਣਾ ਜ਼ਿਲ੍ਹੇ ਦੇ ਖੰਨਾ ਦੇ ਇਕ ਪਿੰਡ 'ਚ ਅਵਾਰਾ ਕੁੱਤਿਆਂ ਨੇ ਇਕ ਘਰ 'ਚ ਦਾਦਾ-ਦਾਦੀ ਦੀ ਹਾਜ਼ਰੀ 'ਚ ਉਨ੍ਹਾਂ ਦੇ ਸਾਹਮਣੇ ਹੀ ਉਨ੍ਹਾਂ ਦੇ ਸੱਤ ਸਾਲਾ ਪੋਤਰੇ ਨੂੰ ਨੋਚ-ਨੋਚ ਕੇ ਮਾਰ ਦਿੱਤਾ। ਜਦੋਂ ਇਹ ਘਟਨਾ ਵਾਪਰੀ, ਉਸ ਸਮੇਂ ਘਰ 'ਚ ਬੱਚੇ ਦੇ ਜਨਮ ਦਿਨ ਦਾ ਜਸ਼ਨ ਮਨਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਸਨ। ਅਵਾਰਾ ਕੁੱਤਿਆਂ ਦੀ ਇਹ ਸਮੱਸਿਆ ਬੜੇ ਲੰਮੇ ਸਮੇਂ ਤੋਂ ਇਸੇ ਤਰ੍ਹਾਂ ਨਿਰੰਤਰ ਗੰਭੀਰ ਬਣਦੀ ਜਾ ਰਹੀ ਹੈ।

ਪੰਜਾਬ ਸਰਕਾਰ ਨੇ ਕੁੱਤਿਆਂ ਦੇ ਵੱਢਣ ਦੇ ਇਲਾਜ ਲਈ ਸਾਲ 2017 ਵਿਚ 1,20,000 ਯੂਨਿਟ ਐਂਟੀ ਰੈਬਿਜ਼ ਵੈਕਸੀਨ ਜਾਰੀ ਕੀਤੀ ਤੇ 2018 ਵਿਚ 1,98,780 ਯੂਨਿਟ ਜਾਰੀ ਕੀਤੇ ਗਏ। ਕੁੱਤਿਆਂ ਦੇ ਵੱਢਣ ਦੇ ਇਲਾਜ ਲਈ ਪੰਜਾਬ 'ਚ 195 ਐਂਟੀਰੈਬਿਜ਼ ਸੈਂਟਰ ਸਥਾਪਤ ਕੀਤੇ ਗਏ ਹਨ। ਪਿੰਡਾਂ ਦੀਆਂ ਪੰਚਾਇਤਾਂ, ਨਗਰ ਪਾਲਿਕਾਵਾਂ ਤੇ ਨਗਰ ਨਿਗਮਾਂ ਵੱਲੋਂ ਕੁੱਤਿਆਂ ਦੀ ਨਸਬੰਦੀ ਅਤੇ ਟੀਕਾਕਰਨ ਵਿਵਸਥਾ ਦਾ ਅਕਸਰ ਐਲਾਨ ਕੀਤਾ ਜਾਂਦਾ ਹੈ ਅਤੇ ਫਿਰ ਅਜਿਹੀਆਂ ਯੋਜਨਾਵਾਂ ਅਸਫਲ ਹੋ ਕੇ ਰਹਿ ਜਾਂਦੀਆਂ ਹਨ। ਇਸ ਦੇ ਪਿੱਛੇ ਅਕਸਰ ਪਸ਼ੂ ਅਧਿਕਾਰਾਂ ਦੀ ਰਾਖੀ ਕਰਨ ਵਾਲੇ ਸੰਗਠਨ ਜ਼ਿੰਮੇਵਾਰ ਹੁੰਦੇ ਹਨ। ਪਸ਼ੂ ਅਧਿਕਾਰਾਂ ਦੀ ਰਾਖੀ ਕਰਨ ਵਾਲੀਆਂ ਸੰਸਥਾਵਾਂ, ਸੰਗਠਨਾਂ ਅਤੇ ਜਯੋਤਸ਼ੀਆਂ ਵੱਲੋਂ ਦੁੱਖ ਨਿਵਾਰਨ ਲਈ ਸੁਝਾਏ ਗਏ ਉਪਾਵਾਂ ਦੇ ਮੱਦੇਨਜ਼ਰ, ਖੁੱਲ੍ਹੇਆਮ ਸੜਕਾਂ ਅਤੇ ਗਲੀਆਂ ਵਿਚ ਅਵਾਰਾ ਕੁੱਤਿਆਂ ਨੂੰ ਰੋਟੀ, ਦੁੱਧ, ਹੱਡੀਆਂ, ਬਰੈੱਡ ਆਦਿ ਪਾਉਣ ਨਾਲ ਇਹ ਸਮੱਸਿਆ ਪਿੰਡਾਂ ਦੇ ਨਾਲ-ਨਾਲ ਸ਼ਹਿਰਾਂ 'ਚ ਵੀ ਗੰਭੀਰ ਹੋਣ ਲੱਗੀ ਹੈ। ਪਸ਼ੂ ਅਧਿਕਾਰਾਂ ਦੀ ਰਾਖੀ ਕਰਨ ਵਾਲੀਆਂ ਸੰਸਥਾਵਾਂ ਅਕਸਰ ਕੁੱਤਿਆਂ ਦੀ ਦੇਖਭਾਲ ਲਈ ਤਾਂ ਬਹੁਤ ਆਵਾਜ਼ ਚੁੱਕਦੀਆਂ ਹਨ, ਪਰ ਕੁੱਤਿਆਂ ਵੱਲੋਂ ਲੋਕਾਂ ਨੂੰ ਇਸ ਤਰ੍ਹਾਂ ਮਾਰੇ ਜਾਣ ਦੀਆਂ ਘਟਨਾਵਾਂ ਤੋਂ ਬਾਅਦ ਪ੍ਰਸ਼ਾਸਨ ਨੂੰ ਜਾਗਰੂਕ ਜਾਂ ਜ਼ਿੰਮੇਵਾਰ ਠਹਿਰਾਏ ਜਾਣ ਦਾ ਕੋਈ ਯਤਨ ਕਦੇ ਨਹੀਂ ਕੀਤਾ ਜਾਂਦਾ।

ਦੁਨੀਆ ਭਰ 'ਚ ਬਹੁਤ ਸਾਰੇ ਅਜਿਹੇ ਜੀਵ ਹਨ, ਜੋ ਆਪਣੀ ਮਿਸਾਲ ਲਈ ਗਿਣੇ ਜਾਂਦੇ ਹਨ। ਇਨ੍ਹਾਂ ਵਿੱਚੋਂ ਕੁੱਤਾ ਇਕ ਅਜਿਹਾ ਜੀਵ ਹੈ, ਜੋ ਕਿ ਸਭ ਤੋਂ ਵੱਧ ਵਫਾਦਾਰ ਹੈ। ਸਮਾਜ ਵਿਚ ਬਹੁਤ ਸਾਰੇ ਲੋਕ ਅਜਿਹੇ ਹਨ, ਜੋ ਕਿ ਕੁੱਤਿਆਂ ਨੂੰ ਘਰਾਂ ਵਿਚ ਪਾਲਤੂ ਬਣਾ ਕੇ ਰੱਖਦੇ ਹਨ। ਕਈ ਵਾਰ ਸ਼ੌਕੀਆਂ, ਕਈ ਘਰ ਦੀ ਰਖਵਾਲੀ ਲਈ ਅਤੇ ਕਈ ਆਪਣੀ ਸ਼ਾਨੋ-ਸ਼ੌਕਤ ਦਿਖਾਉਣ ਲਈ ਇਨ੍ਹਾਂ ਨੂੰ ਘਰਾਂ ਵਿਚ ਰੱਖਦੇ ਹਨ। ਬਹੁਤ ਸਾਰੇ ਲੋਕ ਅਜਿਹੇ ਹਨ, ਜੋ ਅਮੀਰ ਹੋਣ ਜਾਂ ਗਰੀਬ, ਕੁੱਤੇ ਪਾਲਣ ਦਾ ਸ਼ੌਕ ਰੱਖਦੇ ਹਨ। ਕਈ ਘਰਾਂ ਵਿਚ ਬਜ਼ੁਰਗਾਂ ਦੀ ਦੇਖ-ਭਾਲ ਘੱਟ ਤੇ ਕੁੱਤਿਆਂ ਦੀ ਦੇਖਭਾਲ ਵੱਧ ਕੀਤੀ ਜਾਂਦੀ ਹੈ, ਪਰੰਤੂ ਇਸ ਦੇ ਉਲਟ ਸਮਾਜ ਵਿਚ ਕੁਝ ਅਜਿਹੇ ਕੁੱਤੇ ਵੀ ਹਨ, ਜੋ ਕਿ ਅਵਾਰਾ ਘੁੰਮਦੇ ਫਿਰਦੇ ਦਿਖਾਈ ਦਿੰਦੇ ਹਨ। ਇਹ ਅਵਾਰਾ ਕੁੱਤੇ ਸੜਕ 'ਤੇ ਆ ਰਹੇ ਲੋਕਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਆਪਣਾ ਸ਼ਿਕਾਰ ਬਣਾਉਂਦੇ ਹਨ। ਉਨ੍ਹਾਂ ਦੇ ਹੱਥਾਂ-ਪੈਰਾਂ ਨੂੰ ਕੱਟ ਲੈਂਦੇ ਹਨ, ਜਿਸ ਕਾਰਨ ਇਨ੍ਹਾਂ ਅਵਾਰਾ ਕੁੱਤਿਆਂ ਦਾ ਖੌਫ ਲਗਾਤਾਰ ਵਧਦਾ ਜਾ ਰਿਹਾ ਹੈ। ਕੋਈ ਬੱਚਾ ਸਕੂਲ ਜਾ ਰਿਹਾ ਹੈ, ਕੋਈ ਬਜ਼ੁਰਗ ਕੋਈ ਔਰਤ ਜਾ ਰਹੀ ਹੁੰਦੀ ਹੈ ਤਾਂ ਅਚਾਨਕ ਪਿੱਛੋਂ ਆ ਕੇ ਉਨ੍ਹਾਂ ਨੂੰ ਭੌਂਕਣਾ ਸ਼ੁਰੂ ਕਰ ਦਿੰਦੇ ਹਨ ਜਾਂ ਕਈ ਵਾਰ ਉਨ੍ਹਾਂ ਨੂੰ ਵੱਢ ਵੀ ਲੈਂਦੇ ਹਨ, ਜਿਸ ਕਾਰਨ ਉਨ੍ਹਾਂ ਲੋਕਾਂ ਵਿਚ ਡਰ ਪੈਦਾ ਹੋ ਜਾਂਦਾ ਹੈ। ਨਤੀਜੇ ਵਜੋਂ ਘਰੋਂ ਬਾਹਰ ਨਹੀਂ ਨਿਕਲਦੇ। ਬੱਚੇ ਅਕਸਰ ਸ਼ਾਮ ਵੇਲੇ ਘਰ ਦੇ ਬਾਹਰ ਖੇਡਦੇ ਹਨ, ਪਰੰਤੂ ਜਦੋਂ ਕੁੱਤਿਆਂ ਨੂੰ ਆਉਂਦੇ ਦੇਖਦੇ ਹਨ ਤਾਂ ਡਰ ਕੇ ਘਰ ਅੰਦਰ ਭੱਜ ਜਾਂਦੇ ਹਨ।

ਵਿਕਸਤ ਦੇਸ਼ਾਂ ਵਾਂਗ ਜੇਕਰ ਸਰਕਾਰ ਨੇ ਕੁੱਤੇ ਨਹੀਂ ਮਾਰਨੇ ਤਾਂ ਉਨ੍ਹਾਂ ਦੇਸ਼ਾਂ ਵਾਂਗ ਕੁੱਤਿਆਂ ਦੇ ਰਹਿਣ-ਸਹਿਣ ਲਈ ਪ੍ਰਬੰਧ ਜ਼ਰੂਰ ਕਰਨੇ ਚਾਹੀਦੇ ਹਨ। ਇਹ ਸਮੱਸਿਆ ਸੱਚਮੁੱਚ ਬਹੁਤ ਗੰਭੀਰ ਹੈ। ਇਸ ਸਮੱਸਿਆ 'ਤੇ ਕਾਨੂੰਨੀ ਆਧਾਰ 'ਤੇ ਨਹੀਂ, ਸਗੋਂ ਮਨੁੱਖੀ ਆਧਾਰ 'ਤੇ ਸੋਚਣ ਦੀ ਲੋੜ ਹੈ। ਪਸ਼ੂ ਅਧਿਕਾਰਾਂ ਦੀ ਰਾਖੀ ਕਰਨ ਵਾਲੀਆਂ ਸੰਸਥਾਵਾਂ ਵੱਲੋਂ ਪਸ਼ੂਆਂ ਖਾਸ ਕਰਕੇ ਅਵਾਰਾ ਕੁੱਤਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਦੀ ਗੱਲ ਕਰਨਾ ਜਾਇਜ਼ ਹੋ ਸਕਦਾ ਹੈ, ਪਰ ਅਵਾਰਾ ਕੁੱਤਿਆਂ ਦੀ ਕੀਮਤ ਤੇ ਮਨੁੱਖੀ ਹਿੱਤਾਂ ਖਾਸ ਤੌਰ 'ਤੇ ਮਾਸੂਮ ਬੱਚਿਆਂ ਦੀ ਜ਼ਿੰਦਗੀ ਨੂੰ ਦਾਅ 'ਤੇ ਨਹੀਂ ਲਗਾਇਆ ਜਾ ਸਕਦਾ। ਪਸ਼ੂਆਂ ਨੂੰ ਵੀ ਜਿਊਣ ਦਾ ਅਧਿਕਾਰ ਹੈ, ਪਰ ਅਵਾਰਾ ਪਸ਼ੂਆਂ ਦੇ ਜ਼ੁਲਮ ਤੇ ਹਿੰਸਾ ਨਾਲ ਮਨੁੱਖੀ ਜਾਨਾਂ ਨੂੰ ਬਣਾਏ ਜਾਣ ਦੀ ਵੀ ਓਨੀ ਹੀ ਵੱਡੀ ਜ਼ਰੂਰਤ ਹੈ। ਅਵਾਰਾ ਕੁੱਤਿਆਂ ਦੀ ਵਧਦੀ ਦਹਿਸ਼ਤ ਤੇ ਹਮਲਿਆਂ ਤੋਂ ਸਮਾਜ ਤੇ ਆਮ ਲੋਕਾਂ ਨੂੰ ਛੁਟਕਾਰਾ ਦਿਵਾਉਣਾ ਪ੍ਰਸ਼ਾਸਨਿਕ ਵਿਵਸਥਾ ਦੀ ਜ਼ਿੰਮੇਵਾਰੀ ਹੈ ਅਤੇ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਸਰਕਾਰ ਤੇ ਪ੍ਰਸ਼ਾਸਨ ਨੂੰ ਹਰ ਹਾਲਤ ਵਿਚ ਤਿਆਰ ਰਹਿਣਾ ਚਾਹੀਦਾ ਹੈ। ਉਂਜ ਵੀ ਸਭਿਅਕ ਸਮਾਜਾਂ 'ਚ ਫ਼ਰਜ਼ਾਂ ਦਾ ਸੰਬੰਧ ਅਧਿਕਾਰਾਂ ਦੇ ਨਾਲ ਵੀ ਹੁੰਦਾ ਹੈ ਅਤੇ ਅਧਿਕਾਰਾਂ ਦੀ ਪ੍ਰਾਪਤੀ ਦੇ ਨਾਲ ਹੀ ਫ਼ਰਜ਼ਾਂ ਦੀ ਪੂਰਤੀ ਵੀ ਓਨੀ ਹੀ ਜ਼ਰੂਰੀ ਹੁੰਦੀ ਹੈ।

ਇਹ ਠੀਕ ਹੈ ਕਿ ਇਨ੍ਹਾਂ ਅਵਾਰਾ ਕੁੱਤਿਆਂ ਨੂੰ ਕੰਟਰੋਲ ਕਰਨ ਲਈ ਕਈ ਮੁਹਿੰਮਾਂ ਸਮੇਂ-ਸਮੇਂ 'ਤੇ ਚਲਾਈਆ ਜਾਂਦੀਆਂ ਹਨ, ਪਰੰਤੂ ਉਹ ਕਿਤੇ ਨਾ ਕਿਤੇ ਅਵਾਰਾ ਕੁੱਤਿਆਂ ਨੂੰ ਨੱਥ ਪਾਉਣ ਲਈ ਕਾਫ਼ੀ ਨਹੀਂ ਹਨ। ਅਧਿਕਾਰੀਆਂ ਨੂੰ ਚਾਹੀਦਾ ਹੈ ਕਿ ਦਿਨੋਂ-ਬ-ਦਿਨ ਵਧ ਰਹੀ ਅਵਾਰਾ ਕੁੱਤਿਆਂ ਦੀ ਜਨ ਸੰਖਿਆ ਨੂੰ ਕੰਟਰੋਲ ਕਰਨ ਲਈ ਠੋਸ ਕਦਮ ਚੁੱਕੇ ਜਾਣ। ਅਲੱਗ-ਅਲੱਗ ਟੀਮਾਂ ਬਣਾ ਕੇ ਤਿੰਨ-ਚਾਰ ਚੱਕਰ ਗਲੀ-ਮੁਹੱਲਿਆਂ ਵਿਚ ਲਗਾਏ ਜਾਣ ਤਾਂ ਜੋ ਇਨ੍ਹਾਂ ਅਵਾਰਾ ਕੁੱਤਿਆਂ ਦੀ ਭਰਮਾਰ ਨੂੰ ਰੋਕਿਆ ਜਾ ਸਕੇ ਅਤੇ ਆਮ ਲੋਕਾਂ ਦੀ ਜਾਨ ਤੇ ਮਾਲ ਦਾ ਨੁਕਸਾਨ ਹੋਣ ਤੋਂ ਬਚਾਇਆ ਜਾ ਸਕੇ।

**# ਸੰਪਰਕ : 98146-62260**

# ਕਹਿਣ ਨੂੰ ਸਬ ਡਵੀਜ਼ਨ, ਹਾਲਾਤ ਪਿੰਡਾਂ ਤੋਂ ਵੀ ਬਦਤਰ




ਸ਼ਹਿਰ ਅੰਦਰ ਟੁੱਟੀਆਂ ਸੜਕਾਂ, ਖਿਲਰੀ ਬੱਜਰੀ ਤੇ ਪੱਥਰਾਂ ਦਾ ਦ੍ਰਿਸ਼।

**ਲਹਿਰਾਗਾਗਾ (ਸਿੰਗਲਾ/ਸ਼ਰਮਾ)**

ਕਰੀਬ 15 ਸਾਲ ਪਹਿਲਾਂ 2 ਅਪ੍ਰੈਲ 2007 ਨੂੰ ਅਕਾਲੀ-ਭਾਜਪਾ ਸਰਕਾਰ ਵੱਲੋਂ ਲਹਿਰਾਗਾਗਾ ਨੂੰ ਸਬ ਡਵੀਜ਼ਨ ਦਾ ਦਰਜਾ ਦਿੱਤਾ ਗਿਆ ਸੀ, ਪਰ 15 ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰਾਂ ਬਦਲਦੀਆਂ ਰਹੀਆਂ, ਪਰ ਸਬ ਡਵੀਜ਼ਨ ਲਹਿਰਾਗਾਗਾ ਦੀ ਕਿਸਮਤ ਨਹੀਂ ਬਦਲੀ, ਕਿਉਂਕਿ ਸਬ ਡਵੀਜ਼ਨ ਲਹਿਰਾਗਾਗਾ ਦੇ ਲੋਕ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਸੱਖਣੇ ਹਨ, ਜਿਸਦੇ ਚੱਲਦੇ ਸਬ ਡਵੀਜ਼ਨ ਦਾ ਦਰਜਾ ਪ੍ਰਾਪਤ ਲਹਿਰਾਗਾਗਾ ਦੀ ਹਾਲਤ ਪਿੰਡਾਂ ਤੋਂ ਵੀ ਬਦਤਰ ਬਣੀ ਹੋਈ ਹੈ, ਸ਼ਹਿਰ ਦੇ ਹਰ ਮੁਹੱਲੇ, ਬਜ਼ਾਰ ਦੀਆਂ ਟੁੱਟੀਆਂ ਸੜਕਾਂ ਤੇ ਸੜਕਾਂ 'ਤੇ ਪਏ ਵੱਡੇ-ਵੱਡੇ ਖੱਡੇ ਲੋਕਾਂ ਦੇ ਜੀਅ ਦਾ ਜੰਜਾਲ ਬਣੇ ਹੋਏ ਹਨ। ਇੱਥੋਂ ਤੱਕ ਕਿ ਸੜਕਾਂ 'ਤੇ ਪੈਦਲ ਜਾਂ ਵਹੀਕਲ 'ਤੇ ਚੱਲਣਾ ਮੌਤ ਨੂੰ ਸੱਦਾ ਦੇਣ ਦੇ ਬਰਾਬਰ ਹੈ। ਕੋਈ ਪਤਾ ਨਹੀਂ ਕਦੋਂ ਖੱਡੇ ਵਿੱਚ ਡਿੱਗ ਕੇ ਅਣਸੁਖਾਵੀਂ ਘਟਨਾ ਹੋ ਜਾਵੇ, ਪਰ ਇਨਕਾਰ ਨਹੀਂ ਕੀਤਾ ਜਾ ਸਕਦਾ। ਦੂਜੇ ਪਾਸੇ ਕਈ ਸਰਕਾਰੀ ਵਿਭਾਗ ਕਿਰਾਏ ਤੇ ਤਰਸਯੋਗ ਹਾਲਤ ਬਿਲਡਿੰਗਾਂ ਵਿੱਚ ਚੱਲ ਰਹੇ ਹਨ। ਸ਼ੁੱਧ ਪੀਣ ਦੇ ਪਾਣੀ ਅਤੇ ਗੰਦੇ ਅਤੇ ਬਰਸਾਤੀ ਪਾਣੀ ਦੀ ਨਿਕਾਸੀ ਦੀ ਸਮੱਸਿਆ ਵੀ ਲੋਕਾਂ ਲਈ ਜੀਅ ਦਾ ਜੰਜਾਲ ਬਣੀ ਹੋਈ ਹੈ। ਲੋਕ ਕੈਂਸਰ ਜਿਹੀ ਨਾਮੁਰਾਦ ਬਿਮਾਰੀ ਨਾਲ ਪੀੜਤ ਹੋ ਰਹੇ ਹਨ, ਪਰ ਸ਼ਹਿਰ ਵਾਸੀਆਂ ਨੂੰ ਸਮਝ ਨਹੀਂ ਆਉਂਦੀ ਤਾਂ ਇਸ ਮਸਲੇ 'ਤੇ ਕਰਨ ਤਾਂ ਕੀ ਕਰਨ, ਸ਼ਹਿਰ ਨਿਵਾਸੀ ਕਿਸੇ ਅਜਿਹੇ ਫਰਿਸ਼ਤੇ ਦੀ ਉਡੀਕ ਵਿੱਚ ਹਨ, ਜੋ ਆ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕੇ ਤੇ ਉਹ ਸੁੱਖ ਭਰੀ ਜ਼ਿੰਦਗੀ ਬਤੀਤ ਕਰ ਸਕਣ। ਹੁਣ ਦੇਖਣਾ ਇਹ ਹੈ ਕਿ ਸਰਕਾਰ ਜਾਂ ਪ੍ਰਸ਼ਾਸਨ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਕੇ ਹੱਲ ਕਰਦਾ ਹੈ ਜਾਂ ਨਹੀਂ ਜਾਂ ਫਿਰ ਸ਼ਹਿਰ ਵਾਸੀਆਂ ਨੂੰ ਭਗਵਾਨ ਭਰੋਸੇ ਹੀ ਸਮੱਸਿਆਵਾਂ ਨਾਲ ਦੋ-ਚਾਰ ਹੁੰਦੇ ਹੋਏ ਆਪਣਾ ਜੀਵਨ ਬਤੀਤ ਕਰਨਾ ਪਵੇਗਾ।

ਲੱਗਦਾ ਨਗਰ ਕੌਂਸਲ ਕਿਸੇ ਅਣਸੁਖਾਵੀਂ ਘਟਨਾ ਦੀ ਇੰਤਜ਼ਾਰ ਵਿੱਚ ਹੈ, ਟੁੱਟੀਆਂ ਸੜਕਾਂ ਦੇ ਕਾਰਨ ਲੋਕਾਂ ਦੀ ਕਾਰੋਬਾਰ ਪ੍ਰਭਾਵਤ ਹੋ ਰਹੇ ਹਨ।

ਇੱਥੇ ਹੀ ਬਸ ਨਹੀਂ, ਸ਼ਹਿਰ ਅੰਦਰ ਸਰਕਾਰੀ ਹਸਪਤਾਲ ਅੰਤਮ ਸਾਹਾਂ 'ਤੇ ਹੈ। ਡਾਕਟਰਾਂ ਦੀ ਘਾਟ ਦੇ ਕਾਰਨ ਹਸਪਤਾਲ ਦੇ ਕਿਸੇ ਵੀ ਸਮੇਂ ਬੰਦ ਹੋਣ ਤੋਂ

## ਈ.ਟੀ.ਟੀ.ਅਧਿਆਪਕ ਯੂਨੀਅਨ ਵੱਲੋਂ ਸਿੱਖਿਆ ਭਵਨ ਮੁਹਾਲੀ ਦਾ ਘਿਰਾਓ 11 ਨੂੰ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਈ.ਟੀ.ਟੀ.ਅਧਿਆਪਕ ਯੂਨੀਅਨ ਪੰਜਾਬ ਦੀ ਇਕਾਈ ਗੁਰੂਹਰਸਹਾਏ-2 ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਸਤਨਾਮ ਚਾਂਦੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਜਥੇਬੰਦੀ ਵੱਲੋਂ 11 ਅਕਤੂਬਰ ਨੂੰ ਸਿੱਖਿਆ ਭਵਨ ਮੁਹਾਲੀ ਦੇ ਸੂਬਾ ਪੱਧਰੀ ਘਿਰਾਓ ਦੇ ਪ੍ਰੋਗਰਾਮ ਦੀ ਤਿਆਰੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਪੂਰਨ ਵਿਰਕ ਪ੍ਰਧਾਨ ਮਾਲਵਾ ਜ਼ੋਨ ਤੇ ਵਿਪਨ ਲੋਟਾ ਮੈਂਬਰ ਸਟੇਟ ਕਮੇਟੀ ਨੇ ਦੱਸਿਆ ਕਿ ਪੇ-ਕਮਿਸ਼ਨ ਰਿਪੋਰਟ ਲਾਗੂ ਹੋਣ ਤੋਂ ਬਾਅਦ ਬਣੀ ਪੇ ਅਨਾਮਲੀ ਦੂਰ ਕਰਾਉਣ, ਪੇਅ ਫਿਕਸੇਸ਼ਨ ਪੂਰੇ ਪੰਜਾਬ ਵਿੱਚ ਇਕਸਾਰ ਕਰਾਉਣ, ਮਾਸਟਰ ਕਾਡਰ ਪ੍ਰਮੋਸ਼ਨ ਸ਼ੁਰੂ ਕਰਾਉਣ, ਸਿੱਧੀ ਭਰਤੀ ਰਾਹੀਂ ਆਏ ਹੈਡ ਟੀਚਰ, ਸੈਂਟਰ ਹੈੱਡ ਟੀਚਰ ਉਪਰ ਥੋਪੀ ਜਾ ਰਹੀ ਵਿਭਾਗੀ ਟੈਸਟ ਦੀ ਸ਼ਰਤ ਖਤਮ ਕਰਾਉਣ, ਐਕਸ ਜ਼ਿਲ੍ਹਾ ਪ੍ਰੀਸ਼ਦ ਅਧਿਆਪਕਾਂ ਦੀ ਜ਼ਿਲ੍ਹਾ ਪ੍ਰੀਸ਼ਦ ਸਮੇਂ ਦੀ ਸਰਵਿਸ ਖਤਮ ਕਰਨ ਸਬੰਧੀ ਜਾਰੀ ਹੁਕਮ ਵਾਪਸ ਕਰਾਉਣ, ਐਕਸ, ਜੈਂਡ ਪੀ ਅਧਿਆਪਕਾਂ ਦੀ ਆਪਸੀ ਸੀਨੀਅਰਤਾ ਦਰੁਸਤ ਕਰਨ, ਜ਼ਿਲ੍ਹਾ ਪ੍ਰੀਸ਼ਦ ਸਮੇਂ ਦੇ ਹਰ ਤਰ੍ਹਾਂ ਦੇ ਬਕਾਏ ਜਾਰੀ ਕਰਨ, ਬਦਲੀਆਂ ਦਾ ਪ੍ਰੋਸੈਸ ਪੂਰਾ ਕਰਨ ਆਦਿ ਵਿਭਾਗੀ ਮੰਗਾਂ ਨੂੰ ਪੂਰਾ ਕਰਾਉਣ ਲਈ ਜਥੇਬੰਦੀ ਵੱਲੋਂ 11 ਅਕਤੂਬਰ ਨੂੰ ਸਿੱਖਿਆ ਭਵਨ ਮੁਹਾਲੀ ਦਾ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਥੇਬੰਦੀ ਇਨ੍ਹਾਂ ਮੰਗਾਂ ਦੇ ਹੱਲ ਲਈ ਪਿਛਲੇ ਕਈ ਮਹੀਨਿਆਂ ਤੋਂ ਕਈ ਵਾਰ ਉੱਚ ਅਧਿਕਾਰੀਆਂ ਤੇ ਸਿੱਖਿਆ ਮੰਤਰੀ ਨੂੰ ਮਿਲ ਚੁੱਕੀ ਹੈ, ਪਰ ਸਰਕਾਰ ਤੇ ਅਫ਼ਸਰਸ਼ਾਹੀ ਮਸਲਿਆਂ ਦੇ ਹੱਲ ਲਈ ਸੰਜੀਦਾ ਨਹੀਂ, ਸੋ ਮਜਬੂਰਨ ਜਥੇਬੰਦੀ ਨੂੰ ਐਕਸ਼ਨ ਦੇਣ ਲਈ ਮਜਬੂਰ ਹੋਣਾ ਪਿਆ ਹੈ। ਉਨ੍ਹਾਂ ਕਿਹਾ ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕ ਤੇ ਅਧਿਆਪਕਾਵਾਂ ਸ਼ਾਮਲ ਹੋਣਗੀਆਂ।

ਇਸ ਮੌਕੇ ਬਿੰਦਰ ਸਿੰਘ, ਮੈਡਮ ਅਮਰਜੀਤ, ਦਰਸ਼ਨ ਸਿੰਘ, ਗੁਰਦੀਪ ਸਿੰਘ, ਜਸਪਾਲ ਸਿੰਘ, ਚੰਦਰ ਕੰਬੋਜ, ਜਗਸੀਰ ਕੁਮਾਰ, ਜੋਗਿੰਦਰ ਸਿੰਘ, ਜਸਵੰਤ ਸਿੰਘ, ਅੰਮ੍ਰਿਤਪਾਲ ਸਿੰਘ, ਜਗਦੀਸ਼ ਕੁਮਾਰ ਤੇ ਜੀਵਨ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਵੱਲੋਂ ਸੂਬੇ ਭਰ 'ਚ ਐਕਸ਼ਨ ਸ਼ੁਰੂ



**ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)**

ਸ਼ੁੱਕਰਵਾਰ ਨੂੰ ਏਕਤਾ ਮੰਚ ਦੇ ਫੈਸਲੇ ਅਨੁਸਾਰ, ਜੋ ਕਿ ਸਾਰੇ ਪੰਜਾਬ ਵਿੱਚ 20 ਸਤੰਬਰ 2022 ਤੋਂ 10 ਅਕਤੂਬਰ 2022 ਤੱਕ ਸਬ ਡਵੀਜ਼ਨਾਂ/ਡਵੀਜ਼ਨਾਂ ਦੀਆਂ ਰੋਸ ਭਰਪੂਰ ਗੇਟ ਰੈਲੀਆਂ ਕੀਤੀਆਂ ਜਾ ਰਹੀਆਂ ਹਨ, ਉਨ੍ਹਾਂ ਦੇ ਤਹਿਤ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਨੇ ਪੀ ਤੇ ਐੱਮ ਸ਼ਹਿਰੀ ਡਵੀਜ਼ਨ ਲੁਧਿਆਣਾ ਦੀ ਗੇਟ ਰੈਲੀ ਕੀਤੀ ਗਈ, ਜਿਸ ਨੂੰ ਵਿਸ਼ੇਸ਼ ਤੌਰ 'ਤੇ ਸੂਬੇ ਦੇ ਸਕੱਤਰ ਰਸ਼ਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਕੀ ਸਰਕਾਰਾਂ ਵਾਂਗ ਆਪ ਸਰਕਾਰ ਤੇ ਵੀ ਬਿਜਲੀ ਮੁਲਾਜ਼ਮਾਂ ਤੇ ਪੰਜਾਬ ਦੇ ਲੋਕਾਂ ਦੀਆਂ ਮੰਗਾਂ ਨੂੰ ਨਾ-ਪੂਰਾ ਕਰਨ ਦੇ ਦੋਸ਼ ਲਗਾਏ ਸਾਥੀ ਨੇ ਆਪਣੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਦੇ ਸਾਰੇ ਮੁਲਾਜ਼ਮ 6 ਮਹੀਨੇ ਦੇ ਇੰਤਜ਼ਾਰ ਤੋਂ ਬਾਅਦ ਸੜਕਾਂ 'ਤੇ ਉਤਰਨ ਲਈ ਮਜਬੂਰ ਹੋ ਗਏ ਹਨ, ਕਿਉਂਕਿ ਆਪ ਸਰਕਾਰ ਨੇ ਕਿਹਾ ਸੀ ਸਾਡੀ ਸਰਕਾਰ ਬਣਾਉਣ ਵਿੱਚ ਸਾਡਾ ਸਹਿਯੋਗ ਕਰੋ, ਅਸੀਂ ਮੰਗਾਂ ਇੰਨੀ ਜਲਦੀ ਪੂਰੀਆਂ ਕਰ ਦਿਆਂਗੇ ਕਿ ਪੰਜਾਬ ਦੇ ਲੋਕਾਂ ਨੂੰ ਸੰਘਰਸ਼ ਕਰਨਾ ਹੀ ਭੁੱਲ ਜਾਵੇਗਾ, ਪਰ ਬਹੁਤ ਹੀ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਹਰ ਤਰ੍ਹਾਂ ਦੇ ਕੱਚੇ ਕਾਮੇਂ ਪੱਕੇ ਕਰਨੇ, ਪ੍ਰੋਬੇਸ਼ਨ ਸਮਾਂ ਖਤਮ ਕਰਨਾ, ਪੀ ਟੀ ਐੱਸ ਕਾਮੇਂ ਪੱਕੇ ਕਰਨੇ, ਪੱਕੇ ਕੰਮ 'ਤੇ ਪੱਕੀ ਭਰਤੀ ਕਰਨੀ, ਆਰ ਟੀ ਐੱਮ ਤੇ ਓ ਸੀ ਦਾ ਪੇ ਬੈਂਡ ਲਾਗੂ ਕਰਨਾ, ਰਹਿੰਦੀਆਂ ਪੇ ਕਮਿਸ਼ਨ ਦੀਆਂ ਤਰੁਟੀਆਂ ਦੂਰ ਕਰਨਾ, ਨਵੇਂ ਭਰਤੀ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਤਹਿਤ ਸ਼ਾਮਲ ਤੇ ਯੂਨਿਟਾਂ ਵਿੱਚ ਰੈਤ ਦੇਣਾ, ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨਾ ਤੇ ਪੰਜਾਬ ਵਿੱਚੋਂ ਮਾਫੀਆ ਤੇ ਨਸ਼ੇ ਨੂੰ ਖਤਮ ਕਰਨਾ ਆਦਿ ਮੰਗਾਂ ਨਾ ਪੂਰੀਆਂ ਕਰਨ ਵਿੱਚ ਅਸਫਲ ਰਹਿਣ ਦੇ ਦੋਸ਼ੀ ਦੱਸਿਆ ਅਤੇ ਬੋਰਡ ਮੈਨੇਜਮੈਂਟ ਨੂੰ ਵੀ ਮੰਗਾਂ ਨੂੰ ਨਾ ਮੰਨਣ ਦੀ ਸੂਰਤ ਵਿੱਚ 18 ਅਕਤੂਬਰ 2022 ਨੂੰ ਹੈੱਡ ਆਫਿਸ ਪਟਿਆਲੇ ਦੇ ਗੇਟਾਂ 'ਤੇ ਜ਼ਬਰਦਸਤ ਰੋਸ ਪ੍ਰਦਰਸ਼ਨ ਕਰਨ ਦੀ ਚਿਤਾਵਨੀ ਦਿੱਤੀ। ਇਸ ਵਿੱਚ ਵੱਖ ਵੱਖ ਬੁਲਾਰਿਆਂ ਤੋਂ ਇਲਾਵਾ ਜ਼ੋਨ ਆਗੂ ਸ੍ਰ ਅਸ਼ੋਕ ਕੁਮਾਰ, ਕੇਵਲ ਸਿੰਘ ਬਨਵੈਤ, ਹਿੰਮਤ ਸਿੰਘ ਸਰੀਂਹ ਨੇ ਵੀ ਸੰਬੋਧਨ ਕੀਤਾ ਅਤੇ ਰੋਸ ਦਾ ਪ੍ਰਗਟਾਵਾ ਨਾਰਿਆਂ ਰਾਹੀਂ ਕੀਤਾ।

ਇਸ ਰੋਸ ਰੈਲੀ ਵਿੱਚ ਰਵਿੰਦਰ ਗੋਗੀ, ਜੇ ਈ ਕੇਬਲ ਸਿੰਘ, ਜੇ ਈ ਗੁਰਇਕਬਾਲ ਸਿੰਘ, ਮਨੀਸ਼ ਕੁਮਾਰ, ਜਤਿੰਦਰ ਸਿੰਘ, ਬਿਸ਼ਨ ਦਾਸ, ਜੋਗਿੰਦਰ ਸਿੰਘ, ਪ੍ਰਿੰਸ ਕੁਮਾਰ, ਤਰਲੋਕ ਸਿੰਘ ਤੇ ਪਾਰਸ ਨਾਥ ਆਦਿ ਨੇ ਸਾਥੀ ਕਰਮਚਾਰੀਆਂ ਨੂੰ ਨਾਲ ਲੈ ਕੇ ਸ਼ਮੂਲੀਅਤ ਕੀਤੀ। ਅਖੀਰ ਵਿੱਚ ਸਾਰੇ ਆਏ ਸਾਥੀਆਂ ਦਾ ਪ੍ਰਧਾਨ ਰਾਜੀਵ ਕੁਮਾਰ ਨੇ ਧੰਨਵਾਦ ਕੀਤਾ ਤੇ ਤਿੱਖੇ ਘੋਲਾਂ ਵਿੱਚ ਕੁੱਦਣ ਦੀ ਤਿਆਰੀ ਕਰਨ ਲਈ ਜ਼ੋਰ ਦਿੱਤਾ।

## ਕਾਤਰਾਂ

### ਇੰਗਲਿਸ਼ ਸਟੂਡੀਓ ਨੇ ਲਵਾਇਆ ਆਸਟ੍ਰੇਲੀਆ ਦਾ ਸਟੱਡੀ ਵੀਜ਼ਾ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੰਗਲਿਸ਼ ਸਟੂਡੀਓ ਸੰਸਥਾ ਵਿਖੇ ਵਿਦਿਆਰਥਣ ਸੁਨੈਨਾ ਪੁੱਤਰੀ ਸੁਭਾਸ਼ ਕੁਮਾਰ ਦਾ ਆਸਟ੍ਰੇਲੀਆ ਦਾ ਸਟੱਡੀ ਵੀਜ਼ਾ ਸੈਂਟਰਲ ਕੁਈਨਸਲੈਂਡ ਯੂਨੀਵਰਸਿਟੀ ਮੈਲਬੌਰਨ ਵਿਚ 25% ਸਕਾਲਰਸ਼ਿਪ ਨਾਲ ਲਵਾਇਆ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥਣ ਨੂੰ ਵਧਾਈ ਦਿੰਦੇ ਉਸਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।



### ਕਰਜ਼ੇ ਦੇ ਦੈਂਤ ਨੇ ਲਈ ਇੱਕ ਹੋਰ ਕਿਸਾਨ ਦੀ ਜਾਨ

**ਮਾਨਸਾ (ਰੀਤਵਾਲ)**-ਜ਼ਿਲ੍ਹੇ ਦੇ ਪਿੰਡ ਬਾਜੇਵਾਲਾ ਦੇ ਕਿਸਾਨ ਦਰਸ਼ਨ ਸਿੰਘ ਨੇ ਕਰਜ਼ੇ ਤੋਂ ਤੰਗ ਆ ਕੇ ਆਪਣੇ ਖ਼ੇਤ 'ਚ ਖ਼ੁਦਕੁਸ਼ੀ ਕਰ ਲਏ ਜਾਣ ਦੀ ਖਬਰ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਪਿਛਲੇ ਕੁਝ ਸਮੇਂ ਤੋਂ ਫ਼ਸਲ ਨਾ ਹੋਣ ਕਾਰਨ, ਖੇਤ ਝੋਨੇ 'ਚ ਅਤੇ ਘਰ ਨੀਵਾਂ ਹੋਣ ਕਰਕੇ ਪਿਛਲੇ ਦਿਨੀਂ ਹੋਈ ਵਰਖਾ ਕਾਰਨ ਪਾਣੀ ਵੜ੍ਹਨ ਕਾਰਨ ਉਹ ਕਾਫੀ ਪ੍ਰੇਸ਼ਾਨ ਰਹਿੰਦਾ ਸੀ। ਦੂਸਰਾ ਇੱਕ ਬੈਂਕ ਦੇ ਅਧਿਕਾਰੀਆਂ ਵੱਲੋਂ ਕਰਜ਼ੇ ਕਾਰਨ ਉਨ੍ਹਾਂ ਦੇ ਘਰ ਆ ਕੇ ਪ੍ਰੇਸ਼ਾਨ ਕੀਤਾ ਜਾਂਦਾ ਸੀ, ਜਿਸ ਤੋਂ ਤੰਗ ਹੁੰਦਿਆਂ ਦੇਰ ਰਾਤ ਘਰੋਂ ਆਪਣੇ ਖੇਤ 'ਚ ਜਾ ਕੇ ਕਿਸਾਨ ਦਰਸ਼ਨ ਸਿੰਘ ਨੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਹੈ। ਦੂਜੇ ਪਾਸੇ ਪੁਲਸ ਥਾਣਾ ਜੌੜਕੀਆਂ ਦੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਮ੍ਰਿਤਕ ਦਰਸ਼ਨ ਸਿੰਘ ਦੀ ਪਤਨੀ ਦੇ ਬਿਆਨਾਂ 'ਤੇ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ, ਜਿਸ ਤੋਂ ਬਾਅਦ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਜਾਵੇਗੀ।

### ਫੌਜ ਭਰਤੀ ਲਈ ਲੜਕੀਆਂ ਨੂੰ ਮੁਫ਼ਤ ਸਿਖਲਾਈ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਹਰਜੀਤ ਸਿੰਘ ਸੰਧੂ ਸੀ-ਪਾਈਟ ਕੈਂਪ ਪਿੰਡ ਕਾਲਝਰਾਣੀ ਜ਼ਿਲ੍ਹਾ ਬਠਿੰਡਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਤੇ ਫਾਜ਼ਿਲਕਾ ਦੀਆਂ ਵੋਮੈਨ ਮਿਲਟਰੀ ਪੁਲਸ ਫੋਰਸ ਵਿੱਚ ਭਰਤੀ ਹੋਣ ਦੀਆਂ ਚਾਹਵਾਨ ਲੜਕੀਆਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੁਫਤ ਸਿਖਲਾਈ ਦਿੱਤੀ ਜਾਵੇਗੀ। ਸਿਖਲਾਈ ਲੈਣ ਦੀਆਂ ਚਾਹਵਾਨ ਲੜਕੀਆਂ ਜਿਨ੍ਹਾਂ ਦਾ ਕੱਦ 162 ਸੈਂ:ਮੀ: ਹੋਵੇ, 04 ਤੇ 05 ਅਕਤੂਬਰ, 2022 ਨੂੰ ਨਿੱਜੀ ਤੌਰ 'ਤੇ ਸੀ-ਪਾਈਟ ਕੈਂਪ, ਕਾਲਝਰਾਣੀ ਵਿਖੇ ਆਨਲਾਈਨ ਅਪਲਾਈ ਫਾਰਮ ਦੀ ਫੋਟੋ ਕਾਪੀ, ਦਸਵੀਂ ਸਰਟਿਫਿਕੇਟ ਦੀ ਫੋਟੋ ਕਾਪੀ, ਆਧਾਰ ਕਾਰਡ ਦੀ ਫੋਟੋ ਕਾਪੀ, ਕਰੋਨਾ ਵੈਕਸੀਨ ਸਰਟੀਫਿਕੇਟ ਦੀ ਫੋਟੋ ਕਾਪੀ ਤੇ 02 ਪਾਸਪੋਰਟ ਸਾਈਜ਼ ਫੋਟੋ ਆਦਿ ਲੈ ਕੇ ਸਵੇਰੇ 09:00 ਵਜੇ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਸਕਦੀਆਂ ਹਨ।

### ਨਜਾਇਜ਼ ਸ਼ਰਾਬ ਸਮੇਤ 2 ਕਾਬੂ

**ਜਲਾਲਾਬਾਦ (ਦਹੂਜਾ)**-ਥਾਣਾ ਸਿਟੀ ਦੀ ਪੁਲਸ ਨੇ 40.15 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ 2 ਆਰੋਪੀਆਂ ਨੂੰ ਗ੍ਰਿਫਤਾਰ ਕੀਤਾ ਹੈ।ਜਾਂਚ ਅਧਿਕਾਰੀ ਜਰਨੈਲ ਚੰਦ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਸੀ ਕਿ ਅਮਨ ਸਿੰਘ ਵਾਸੀ ਧੰਨ ਖੁਸ਼ਹਾਲ ਜੋਈਆਂ ਤੇ ਗੋਗਾ ਰਾਣੀ ਵਾਸੀ ਬਸਤੀ ਘੁਮਿਆਰਾਂ ਵਾਲੀ ਜਲਾਲਾਬਾਦ ਇਸ ਸਮੇਂ ਨਵੀਨ ਸਕੂਲ ਜਲਾਲਾਬਾਦ ਨੇੜੇ ਨਾਜਾਇਜ਼ ਸ਼ਰਾਬ ਵੇਚ ਰਹੇ ਹਨ, ਜਿਸ 'ਤੇ ਪੁਲਸ ਨੇ ਛਾਪਾ ਮਾਰ ਕੇ 40 ਬੋਤਲਾਂ ਨਜਾਇਜ਼ ਸ਼ਰਾਬ ਤੇ ਇੱਕ ਮੋਟਰਸਾਈਕਲ ਬਜਾਜ ਪਲਟੀਨਾ ਨੰਬਰ ਪੀ.ਬੀ.-61ਸੀ-7942 ਸਮੇਤ ਆਰੋਪੀਆਂ ਨੂੰ ਕਾਬੂ ਕਰ ਲਿਆ। ਪੁਲਸ ਨੇ ਆਰੋਪੀਆਂ ਖ਼ਿਲਾਫ਼ ਪਰਚਾ ਦਰਜ ਕਰ ਲਿਆ ਹੈ।

# 200 ਕਿਲੋ ਭੁੱਕੀ ਚੂਰਾ ਪੋਸਤ ਸਮੇਤ 2 ਕਾਬੂ




ਫੜੇ ਗਏ ਦੋਸ਼ੀਆਂ ਤੇ ਭੁੱਕੀ ਨਾਲ ਪੁਲਸ ਪਾਰਟੀ ਤੇ (ਸੱਜੇ) ਗੱਲਬਾਤ ਕਰਦੇ ਹੋਏ ਡੀ ਐੱਸ ਪੀ ਪੁਸ਼ਪਿੰਦਰ ਸਿੰਘ।

**ਲਹਿਰਾਗਾਗਾ (ਸਿੰਗਲਾ/ਸ਼ਰਮਾ)**

ਜ਼ਿਲ੍ਹਾ ਪੁਲਸ ਮੁਖੀ ਮਨਦੀਪ ਸਿੰਘ ਸਿੱਧੂ ਵੱਲੋਂ ਸਮੁੱਚੇ ਜ਼ਿਲ੍ਹੇ ਅੰਦਰ ਚਲਾਈ ਗਈ ਨਸ਼ਾ ਵਿਰੋਧੀ ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ, ਜਿਸ ਤਹਿਤ ਡੀ ਐੱਸ ਪੀ ਪੁਸ਼ਪਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਲਹਿਰਾ ਦੀ ਪੁਲਸ ਨੇ ਦੋ ਵਿਅਕਤੀਆਂ ਨੂੰ ਦੋ ਕੁਇੰਟਲ ਭੁੱਕੀ ਚੂਰਾ ਪੋਸਤ ਸਮੇਤ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਡੀ.ਐੱਸ.ਪੀ ਪੁਸ਼ਪਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਮੁਖੀ ਇੰਸਪੈਕਟਰ ਜਤਿੰਦਰਪਾਲ ਸਿੰਘ ਅਗਵਾਈ ਵਿੱਚ ਪੁਲਸ ਚੌਕੀ ਚੋਟੀਆਂ ਦੇ ਇੰਚਾਰਜ ਹਰਮਿੰਦਰ ਸਿੰਘ ਨੇ ਮੁਖਬਰ ਦੀ ਇਤਲਾਹ 'ਤੇ ਚੋਟੀਆਂ ਨਾਕੇ ਉੱਪਰ ਗੁਜਰਾਤ ਤੋਂ ਆ ਰਹੇ ਕੈਮੀਕਲ ਨਾਲ ਲੱਦੇ ਇੱਕ ਟਰੱਕ ਨੂੰ ਰੋਕ ਕੇ ਉਸ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ ਦੋ ਕੁਇੰਟਲ ਭੁੱਕੀ ਚੂਰਾ ਪੋਸਤ ਬਰਾਮਦ ਕੀਤੀ ਗਈ।

ਪੁਲਸ ਨੇ ਟਰੱਕ ਦੇ ਡਰਾਇਵਰ ਗੁਰਪ੍ਰੀਤ ਸਿੰਘ ਵਾਸੀ ਰਤਨਗੜ੍ਹ ਪਾਟਿਆਂ ਵਾਲੀ ਥਾਣਾ ਧਰਮਗੜ੍ਹ ਤੇ ਗੁਰਦੀਪ ਸਿੰਘ ਵਾਸੀ ਰਹੌਣ ਜ਼ਿਲ੍ਹਾ ਲੁਧਿਆਣਾ ਨੂੰ ਕਾਬੂ ਕਰਕੇ ਨਸ਼ਾ ਰੋਕੂ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

ਉਨ੍ਹਾਂ ਕਿਹਾ ਕਿ ਇਲਾਕਾ ਹਰਿਆਣਾ ਦੇ ਨਾਲ ਲੱਗਦਾ ਹੋਣ ਦੇ ਕਾਰਨ ਪੁਲਸ ਵੱਲੋਂ ਨਸ਼ਾ ਤਸਕਰਾਂ ਤੇ ਪੈਨੀ ਨਜ਼ਰ ਰੱਖੀ ਜਾ ਰਹੀ ਹੈ ਤੇ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਝੋਨੇ ਦੀ ਆਮਦ ਸ਼ੁਰੂ ਹੁੰਦੇ ਹੀ ਬਾਹਰਲੇ ਸੂਬਿਆਂ ਤੋਂ ਆਉਂਦੇ ਝੋਨੇ ਦੀ ਨਜਾਇਜ਼ ਆਮਦ ਨੂੰ ਰੋਕਣ ਲਈ ਸਪੈਸ਼ਲ ਨਾਕਾ ਸ਼ੁਰੂ ਕੀਤਾ ਗਿਆ ਹੈ। ਜਿੱਥੇ ਪੁਲਸ ਵੱਲੋਂ 24 ਘੰਟੇ ਹਰਿਆਣਾ ਸਾਈਡ ਤੋਂ ਆਉਂਦੇ ਹਰ ਵਾਹਨ ਦੀ ਚੈਕਿੰਗ ਕੀਤੀ ਜਾਂਦੀ ਹੈ।

## ਸੰਤ ਈਸ਼ਰ ਸਿੰਘ ਦੇ ਬਰਸੀ ਸਮਾਗਮਾਂ ਸੰਬੰਧੀ ਸੰਪ੍ਰਦਾਇ ਦੇ ਸੰਤਾਂ ਦੀ ਸਾਂਝੀ ਇਕੱਤਰਤਾ

**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਵਿਸ਼ਵ ਪ੍ਰਸਿੱਧ ਗੁਰਦੁਆਰਾ ਨਾਨਕਸਰ ਕਲੇਰਾਂ ਦੇ ਦੂਜੇ ਬਾਨੀ ਸੱਚਖੰਡ ਵਾਸੀ ਧੰਨ ਧੰਨ ਬਾਬਾ ਈਸ਼ਰ ਸਿੰਘ ਜੀ ਦੇ ਬਰਸੀ ਸਮਾਗਮਾਂ ਨੂੰ ਲੈ ਕੇ ਸੰਪਰਦਾਇ ਦੇ ਮੁਖੀ ਸੰਤਾਂ ਦੀ ਸਾਂਝੀ ਇਕੱਤਰਤਾ ਹੋਈ। ਇਸ ਇਕੱਤਰਤਾ ਵਿੱਚ ਸੰਪਰਦਾਏ ਦੇ ਸੰਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ 3 ਅਕਤੂਬਰ ਤੋਂ 7 ਅਕਤੂਬਰ ਤੱਕ ਸ਼ੁਰੂ ਹੋਣ ਜਾ ਰਹੇ ਮੁੱਖ ਸਮਾਗਮਾਂ ਨੂੰ ਵੱਡੇ ਪੱਧਰ 'ਤੇ ਮਨਾਉਣ ਦਾ ਫੈਸਲਾ ਕੀਤਾ ਗਿਆ।

ਇਸ ਵਾਰ ਵੀ ਦੇਸ਼ ਦੁਨੀਆ ਤੋਂ ਪਹੁੰਚ ਰਹੀਆਂ ਸੰਗਤਾਂ ਦੀ ਆਮਦ ਨੂੰ ਲੈ ਕੇ ਵੱਡੇ ਪੱਧਰ 'ਤੇ ਪ੍ਰਬੰਧ ਕੀਤੇ ਜਾ ਰਹੇ ਹਨ। ਸੰਪ੍ਰਦਾਇ ਦੇ ਸੰਤ ਬਾਬਾ ਗੁਰਚਰਨ ਸਿੰਘ, ਸੰਤ ਬਾਬਾ ਘਾਲਾ ਸਿੰਘ, ਸੰਤ ਬਾਬਾ ਗੁਰਜੀਤ ਸਿੰਘ ਤੇ ਸੰਤ ਬਾਬਾ ਲੱਖਾ ਸਿੰਘ ਵੱਲੋਂ ਸਮੇਤ ਸੰਤਾਂ ਮਹਾਂਪੁਰਸ਼ਾਂ ਤੇ ਸੇਵਾਦਾਰਾਂ ਨੇ ਵਿਚਾਰ ਵਟਾਂਦਰਾ ਕਰਦਿਆਂ 3 ਅਕਤੂਬਰ ਦੀ ਸ਼ਾਮ ਨੂੰ ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਪ੍ਰਕਾਸ਼ ਹੋ ਰਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਹਿਲੀ ਪਾਠਾਂ ਦੀ ਲੜੀ ਮੌਕੇ ਬਣਦੀਆਂ ਜ਼ਿੰਮੇਵਾਰੀਆਂ ਸੇਵਾਵਾਂ ਦਾ ਖਾਸ ਜ਼ਿਕਰ ਕੀਤਾ, ਨਾਲ ਹੀ 7 ਅਕਤੂਬਰ ਨੂੰ ਗੁਰਦੁਆਰਾ ਸਾਹਿਬ ਤੋਂ ਸਜਾਏ ਜਾ ਰਹੇ ਵਿਸ਼ਾਲ ਨਗਰ ਕੀਰਤਨ ਦੀਆਂ ਤਿਆਰੀਆਂ ਨੂੰ ਲੈ ਕੇ ਪਰਿਕਰਮਾ ਰਸਤੇ ਨੂੰ ਖ਼ੂਬਸੂਰਤ ਢੰਗ ਨਾਲ ਸਜਾਇਆ ਜਾਵੇਗਾ। ਧਾਰਮਿਕ ਸਮਾਗਮਾਂ ਵਿੱਚ ਸ੍ਰੀ ਤਖ਼ਤਾਂ ਦੇ ਜਥੇਦਾਰਾਂ ਤੋਂ ਇਲਾਵਾ ਸ਼ਖ਼ਸੀਅਤਾਂ ਨੂੰ ਸੱਦਾ ਪੱਤਰ ਭੇਜਿਆ ਜਾਵੇਗਾ। ਇਸ ਦੇ ਨਾਲ ਹੀ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਦੁਨੀਆ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਲੈ ਕੇ ਅਪੀਲ ਕੀਤੀ ਕਿ ਸਾਰੀਆਂ ਸੰਗਤਾਂ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਸੇਵਾਵਾਂ ਨੂੰ ਨਿਭਾਉਂਦੇ ਹੋਏ ਆਪਣੀ ਡਿਊਟੀਆਂ 'ਤੇ ਪਹਿਰਾ ਦੇਣ।

## ਐੱਨ ਜੀ ਓ ਸੰਸਥਾਵਾਂ ਰਾਜਨੀਤੀ ਤੋਂ ਉੱਪਰ ਉੱਠ ਲੋਕ ਭਲਾਈ ਲਈ ਕੰਮ ਕਰਨ : ਹਰਪਾਲ ਚੀਮਾ



**ਸੰਗਰੂਰ (ਪ੍ਰਵੀਨ ਸਿੰਘ)**-ਨੌਜਵਾਨ ਕਲੱਬ ਗੁੱਜਰਾਂ ਵੱਲੋਂ ਅੱਖਾਂ ਦਾ 34ਵਾਂ ਮੁਫਤ ਅਪ੍ਰੇਸ਼ਨ ਕੈਂਪ ਤੇ ਲੈਂਨਜ਼ (ਫੇਕੋ) ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਸ. ਹਰਪਾਲ ਸਿੰਘ ਚੀਮਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਆਪ ਪਾਰਟੀ ਦੇ ਬਲਾਕ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਤੇ ਪ੍ਰਿੰਸੀਪਲ ਲੱਾ ਸਿੰਘ ਧਾਲੀਵਾਲ ਨੇ ਦੱਸਿਆ ਕਿ 34ਵੇਂ ਮੁਫਤ ਕੈਂਪ ਵਿੱਚ 650 ਦੇ ਕਰੀਬ ਮਰੀਜ਼ਾਂ ਦੀ ਓ ਪੀ ਡੀ ਹੋਈ ਤੇ 95 ਮਰੀਜ਼ਾਂ ਦੇ ਅਪ੍ਰੇਸ਼ਨ ਤੇ ਲੈਂਜ ਪਾਏ ਗਏ। ਇਸ ਮੌਕੇ ਹਰਪਾਲ ਸਿੰਘ ਚੀਮਾ ਨੇ ਆਪਣੇ ਭਾਸ਼ਣ ਵਿੱਚ ਨੌਜਵਾਨ ਕਲੱਬ ਦੇ ਪ੍ਰਧਾਨ ਜਸਪਾਲ ਸਿੰਘ ਧਾਲੀਵਾਲ ਤੇ ਸਮੂਹ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਕੈਂਪ ਵਿੱਚ ਪਹੁੰਚੇ ਮਹਿੰਦਰ ਸਿੰਘ ਸਿੱਧੂ ਚੇਅਰਮੈਂਨ ਸੀਡ ਕਾਰਪੋਰੇਸ਼ਨ, ਸਰਪੰਚ ਗੁਰਮੇਲ ਸਿੰਘ ਘਰਾਂਚੋਂ ਤੇ ਜਸਵਿੰਦਰ ਸਿੰਘ ਧੀਮਾਨ ਨੇ ਕਲੱਬ ਨਾਲ ਆਪਣੀ ਸਾਂਝ ਦੀਆਂ ਆਪਣੀਆਂ ਯਾਦਾਂ ਤਾਜ਼ਾ ਕੀਤੀਆਂ। ਸਮਾਪਤੀ ਸਮਾਰੋਹ 'ਤੇ ਧੰਨਵਾਦ ਕਰਦਿਆਂ ਇੰਜ. ਜਗਦੀਪ ਸਿੰਘ ਗੁੱਜਰਾਂ ਨੇ ਕਿਹਾ ਕਿ ਜਦੋਂ ਨੌਜਵਾਨ ਕਲੱਬ ਸਥਾਪਨਾ ਦੇ 50 ਸਾਲ ਪੂਰੇ ਹੋਣ 'ਤੇ ਗੋਲਡਨ ਜੁਬਲੀ ਮਨਾ ਰਿਹਾ ਹੈ ਤਾਂ ਸਰਕਾਰ ਨੂੰ ਆਪਣੇ ਪੱਧਰ 'ਤੇ ਇਸ ਰੋਲ ਮਾਡਲ ਨੌਜਵਾਨ ਕਲੱਬ ਦੇ ਸਮਾਜ ਭਲਾਈ ਕਾਰਜਾਂ ਨੂੰ ਪਰਖਦੇ ਹੋਏ ਇਨ੍ਹਾਂ ਦੀ ਸਟੇਟ ਐਵਾਰਡ ਦੇ ਕੇ ਹੌਸਲਾ ਅਫਜ਼ਾਈ ਕਰਨੀ ਚਾਹੀਦੀ ਹੈ। ਇਸ ਕੈਂਪ ਵਿੱਚ ਵੱਖ ਵੱਖ ਦਾਨੀ ਸੱਜਣਾਂ ਤੇ ਐੱਨ.ਆਰ.ਆਈ. ਪਰਵਾਰਾਂ ਦਾ ਵਿਸ਼ੇਸ਼ ਯਾਦਗਰੀ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।

## ਆਰ.ਐੱਮ.ਪੀ.ਆਈ. ਵੱਲੋਂ 10 ਨੂੰ ਰੇਤ ਮਾਫੀਆ ਦੀ ਲੁੱਟ ਖਿਲਾਫ ਰੋਸ ਮੁਜ਼ਾਹਰਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐੱਮ.ਪੀ.ਆਈ.) ਵੱਲੋਂ ਪੰਜਾਬ ਸਰਕਾਰ ਦੀ ਘਟੀਆ ਖਨਨ ਨੀਤੀ, ਜਿਸ ਕਰਕੇ ਰੇਤ ਦੇ ਭਾਅ ਆਸਮਾਨੀਂ ਜਾ ਚੜ੍ਹੇ ਹਨ ਤੇ ਉਸਾਰੀ ਦਾ ਕੰਮ ਠੱਪ ਹੋ ਕੇ ਰਹਿ ਗਿਆ ਹੈ, ਵਿਰੁੱਧ ਆਉਣ ਵਾਲੀ 10 ਅਕਤੂਬਰ ਨੂੰ ਡੀ ਸੀ ਦਫਤਰ ਬਠਿੰਡਾ ਸਾਹਵੇਂ ਰੋਸ ਭਰਪੂਰ ਮੁਜ਼ਾਹਰਾ ਕੀਤਾ ਜਾਵੇਗਾ। ਉਕਤ ਜਾਣਕਾਰੀ ਇੱਥੋਂ ਜਾਰੀ ਇੱਕ ਸਾਂਝੇ ਬਿਆਨ ਰਾਹੀਂ ਪਾਰਟੀ ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਬਠਿੰਡਾ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਸਾਥੀ ਮਿੱਠੂ ਸਿੰਘ ਘੁੱਦਾ ਤੇ ਖਜ਼ਾਨਚੀ ਸਾਥੀ ਪ੍ਰਕਾਸ਼ ਸਿੰਘ ਨੰਦਗੜ੍ਹ ਨੇ ਦਿੱਤੀ।

ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਉਕਤ ਨੀਤੀ ਸਦਕਾ ਰੇਤੇ 'ਤੇ ਲਾਏ ਗਏ ਬੇਬਹਾ ਟੈਕਸ ਦੇ ਨਤੀਜੇ ਵਜੋਂ ਕੰਮ-ਧੰਦੇ ਤੋਂ ਵਾਂਝੇ ਹੋ ਗਏ ਸੂਬੇ ਦੇ ਹਜ਼ਾਰਾਂ ਨਿਰਮਾਣ ਕਾਮਿਆਂ ਤੇ ਕਰਸ਼ਰ ਮਜ਼ਦੂਰਾਂ ਦੇ ਟੱਬਰ ਭੁੱਖਮਰੀ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਂਗੂੰ ਹੀ ਮੌਜੂਦਾ ਸਰਕਾਰ ਸਮੇਂ ਵੀ ਖਨਨ ਮਾਫੀਆ ਦੀ ਗੈਰ-ਕਾਨੂੰਨੀ ਮਾਈਨਿੰਗ ਦੇ ਜ਼ੋਰਾਂ-ਸ਼ੋਰਾਂ ਨਾਲ ਜਾਰੀ ਰਹਿਣ ਨੇ ਲੋਕਾਂ ਦੀਆਂ ਦੁਸ਼ਵਾਰੀਆਂ 'ਚ ਢੇਰਾਂ ਵਾਧਾ ਕੀਤਾ ਹੈ।

ਉਕਤ ਮੁਜ਼ਾਹਰਿਆਂ ਦੀ ਤਿਆਰੀ ਲਈ ਪਿੰਡਾਂ/ਸ਼ਹਿਰਾਂ ਅੰਦਰ ਸੰਘਣੀ ਜਨ ਸੰਪਰਕ ਮੁਹਿੰਮ ਚਲਾਈ ਜਾਵੇਗੀ ਤੇ ਭਿਅੰਕਰ ਬੇਰੁਜ਼ਗਾਰੀ ਲਈ ਜ਼ਿੰਮੇਵਾਰ ਮੋਦੀ ਸਰਕਾਰ ਦੀਆਂ ਨਿੱਜੀਕਰਨ ਦੀਆਂ ਨੀਤੀਆਂ, ਜਿਨ੍ਹਾਂ ਨੂੰ ਪੰਜਾਬ ਸਰਕਾਰ ਵੀ ਇੰਨ-ਬਿੰਨ ਲਾਗੂ ਕਰ ਰਹੀ ਹੈ, ਦੇ ਘਾਤਕ ਨਤੀਜਿਆਂ ਤੋਂ ਲੋਕਾਂ ਨੂੰ ਜਾਣੂੰ ਕਰਵਾਇਆ ਜਾਵੇਗਾ।

# ਤਰਖਾਣਵਾਲਾ ਵਿਖੇ ਪਰਾਲੀ ਪ੍ਰਬੰਧਨ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ



ਤਰਖਾਣਵਾਲਾ ਵਿਖੇ ਕੈਂਪ ਦੌਰਾਨ ਕਿਸਾਨਾਂ ਨੂੰ ਜਾਣਕਾਰੀ ਦਿੰਦੇ ਹੋਏ ਖੇਤੀਬਾੜੀ ਅਧਿਕਾਰੀ।

**ਮਲੋਟ (ਗੁਰਮੀਤ ਸਿੰਘ ਮੱਕੜ)**

ਜ਼ੀਰੋ ਬਰਨਿੰਗ ਦੇ ਟੀਚੇ ਨੂੰ ਪੂਰਾ ਕਰਨ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਡਾ. ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤੇ ਡਾ. ਪਰਮਿੰਦਰ ਸਿੰਘ ਧੰਜੂ, ਬਲਾਕ ਖੇਤੀਬਾੜੀ ਅਫ਼ਸਰ ਦੀ ਯੋਗ ਅਗਵਾਈ ਹੇਠ ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਚਲਾਈ ਗਈ ਮੁਹਿੰਮ ਤਹਿਤ ਪਿੰਡ ਤਰਖਾਣਵਾਲਾ ਵਿਖੇ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਕੈਂਪ ਵਿੱਚ ਮਿਸ. ਜਸਨੀਨ ਕੌਰ ਖੇਤੀਬਾੜੀ ਵਿਕਾਸ ਅਫਸਰ, ਸਰਕਲ ਮਿੱਡਾ ਨੇ ਕਿਸਾਨਾਂ ਨੂੰ ਪਰਾਲੀ ਤੋਂ ਹੋਣ ਵਾਲੇ ਨੁਕਸਾਨ ਤੇ ਇਸ ਨੂੰ ਖੇਤ ਵਿੱਚ ਮਿਲਾਉਣ ਤੋਂ ਹੋਣ ਵਾਲੇ ਫ਼ਾਇਦੇ ਸਬੰਧੀ ਜਾਗਰੂਕ ਕਰਾਇਆ ਅਤੇ ਕਿਸਾਨਾਂ ਨੂੰ ਦੱਸਿਆ ਕਿ ਪਰਾਲੀ ਸਾੜਨ ਨਾਲ ਜਿੱਥੇ ਵਾਤਾਵਰਣ ਦੂਸ਼ਿਤ ਹੁੰਦਾ ਹੈ, ਉੱਥੇ ਮਿੱਟੀ ਵਿੱਚ ਮੌਜੂਦ ਬਹੁਤ ਸਾਰੇ ਸੂਖਮ ਜੀਵ ਅਤੇ ਖੁਰਾਕੀ ਤੱਤ ਵੀ ਨਸ਼ਟ ਹੋ ਜਾਂਦੇ ਹਨ।

ਇਸ ਤੋਂ ਬਾਅਦ ਸ਼੍ਰੀ ਅਮ੍ਰਿਤਕਿਰਪਾਲ ਸਿੰਘ ਖੇਤੀਬਾੜੀ ਵਿਸਥਾਰ ਅਫਸਰ, ਸਰਕਲ ਕੋਲਿਆਂਵਾਲੀ ਨੇ ਪਰਾਲੀ ਪ੍ਰਬੰਧਨ ਅਧੀਨ ਕਿਸਾਨਾਂ ਨੂੰ ਸੁਪਰ ਸੀਡਰ, ਐਮ.ਬੀ. ਪਲੋਅ ਅਤੇ ਸਮਾਰਟ ਸੀਡਰ ਰਾਹੀ ਕਣਕ ਬੀਜਣ ਲਈ ਪ੍ਰੇਰਿਤ ਕੀਤਾ ਕੀਤਾ ਅਤੇ ਕਿਸਾਨਾਂ ਨੂੰ ਦੱਸਿਆ ਕਿ ਕਸਟਮ ਹਾਇਰਿੰਗ ਸੈਂਟਰਾਂ ਵਿਚੋਂ ਵੱਧ ਤੋਂ ਵੱਧ ਸਬਸਿਡੀ ਵਾਲੇ ਸੰਦਾਂ ਦੀ ਵਰਤੋਂ ਕਰਨ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇਂ। ਡਾ. ਪਰਮਿੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸਰਕਲ ਕੱਟਿਆਂਵਾਲੀ ਨੇ ਹਾੜ੍ਹੀ ਸੀਜ਼ਨ ਦੌਰਾਨ ਬੀਜੀਆਂ ਜਾਣ ਵਾਲੀਆਂ ਕਣਕ ਦੀਆਂ ਕਿਸਮਾਂ, ਕਣਕ ਦੀ ਫ਼ਸਲ ਵਿਚ ਨਦੀਨਾਂ ਦੀ ਰੋਕਥਾਮ ਲਈ ਵੱਖ-ਵੱਖ ਨਦੀਨਨਾਸ਼ਕ ਬਾਰੇ ਕਿਸਾਨਾਂ ਨੂੰ ਦੱਸਿਆ।

ਸ਼੍ਰੀ ਗੁਰਬਾਜ ਸਿੰਘ ਏ.ਟੀ.ਐਮ. ਨੇ ਕਿਸਾਨਾਂ ਨੂੰ ਮਿੱਟੀ ਪਾਣੀ ਦੀ ਪਰਖ ਤੇ ਮਿੱਟੀ ਪਾਣੀ ਦੀ ਪਰਖ ਕਰਾਉਣ ਉਪਰੰਤ ਹੀ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਅਤੇ ਝੋਨੇ ਦੀ ਫ਼ਸਲ ਤੇ ਮੌਜੂਦਾ ਸਮੇਂ ਤੇ ਆਉਣ ਵਾਲੇ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਸੰਬਧੀ ਜਾਣਕਾਰੀ ਦਿੱਤੀ।

ਸ਼੍ਰੀ ਮਨਦੀਪ ਸਿੰਘ ਜੇ.ਟੀ, ਮਲੋਟ ਵਲੋਂ ਪੰਜਾਬ ਰਾਜ ਦੀ ਖੇਤੀਬਾੜੀ ਮਸ਼ੀਨਰੀ ਦੀ ਜਾਣਕਰੀ ਲੈਣ ਲਈ ਕਿਸਾਨਾਂ ਨੂੰ ਆਈ ਖੇਤ ਐਪ ਡਾਊਨਲੋਡ ਕਰਨ ਦੀ ਅਪੀਲ ਕੀਤੀ ਗਈ।

## ਜਗਜੀਤ ਸਿੰਘ ਲੱਡਾ ਨੂੰ ਸਨਮਾਨ ਮਿਲਣ 'ਤੇ ਸਾਹਿਤਕਾਰਾਂ 'ਚ ਖ਼ੁਸ਼ੀ ਦੀ ਲਹਿਰ



**ਸੰਗਰੂਰ (ਪ੍ਰਵੀਨ ਸਿੰਘ)**-ਬਾਲ-ਸਾਹਿਤ ਵਿੱਚ ਗ਼ਜ਼ਲ-ਵਿਧਾ ਨੂੰ ਲਿਆਉਣ ਵਾਲੇ ਉੱਘੇ ਬਾਲ-ਕਵੀ ਤੇ ਮਾਲਵਾ ਲਿਖਾਰੀ ਸਭਾ ਸੰਗਰੂਰ ਰਜਿ:) ਦੇ ਮੁੱਢਲੇ ਮੈਂਬਰ ਜਗਜੀਤ ਸਿੰਘ ਲੱਡਾ ਦੀ ਪੁਸਤਕ 'ਰੁੱਖ ਦੇਣ ਸੁੱਖ' ਨੂੰ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਰਵੋਤਮ ਸਾਹਿਤਕ ਪੁਸਤਕ ਚੁਣੇ ਜਾਣ 'ਤੇ ਜ਼ਿਲ੍ਹਾ ਸੰਗਰੂਰ ਦੇ ਸਮੂਹ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਸਭਾ ਦੇ ਪ੍ਰਧਾਨ ਕਰਮ ਸਿੰਘ ਜ਼ਖ਼ਮੀ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਲੋਟੇ ਤੇ ਜਨਰਲ ਸਕੱਤਰ ਰਜਿੰਦਰ ਸਿੰਘ ਰਾਜਨ ਨੇ ਕਿਹਾ ਕਿ ਭਾਸ਼ਾ ਵਿਭਾਗ ਵੱਲੋਂ ਕੀਤੀ ਗਈ ਇਹ ਨਿਰਪੱਖ ਚੋਣ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਜਗਜੀਤ ਸਿੰਘ ਲੱਡਾ ਨੂੰ ਤਾਂ ਇਹ ਸਨਮਾਨ ਬਹੁਤ ਪਹਿਲਾਂ ਹੀ ਮਿਲ ਜਾਣਾ ਚਾਹੀਦਾ ਸੀ, ਕਿਉਂਕਿ ਬਾਲ-ਸਾਹਿਤ ਵਿੱਚ ਉਨ੍ਹਾਂ ਦਾ ਕੀਤਾ ਗਿਆ ਕਾਰਜ ਬਹੁਤ ਹੀ ਮਹੱਤਵਪੂਰਨ ਅਤੇ ਜ਼ਿਕਰਯੋਗ ਹੈ। ਸਭਾ ਦੇ ਪ੍ਰੈੱਸ ਸਕੱਤਰ ਅਮਨ ਜੱਖਲਾਂ ਨੇ ਕਿਹਾ ਕਿ ਜਗਜੀਤ ਸਿੰਘ ਲੱਡਾ ਨੇ ਆਪਣੀ ਕਲਮ ਤੋਂ ਦਰਜਨ ਤੋਂ ਵੱਧ ਕਿਤਾਬਾਂ ਦੀ ਸਿਰਜਣਾ ਕੀਤੀ ਹੈ, ਜਿਨ੍ਹਾਂ ਨੂੰ ਪੁਸਤਕਾਂ ਸਾਹਿਤਕ ਹਲਕਿਆਂ ਵਿੱਚ ਬੇਹੱਦ ਸਲਾਹਿਆ ਗਿਆ ਹੈ। ਡਾ. ਮੀਤ ਖਟੜਾ, ਡਾ. ਇਕਬਾਲ ਸਿੰਘ ਸਕਰੌਦੀ, ਦਲਬਾਰ ਸਿੰਘ, ਕੁਲਵੰਤ ਖਨੌਰੀ, ਸਤਪਾਲ ਸਿੰਘ ਲੌਂਗੋਵਾਲ, ਅਮਨ ਜੱਖਲਾਂ, ਧਰਮਵੀਰ ਸਿੰਘ, ਜਸਵਿੰਦਰ ਸਿੰਘ ਜੌਲੀ, ਪਰਮਜੀਤ ਕੌਰ, ਗੁਰਮੀਤ ਸਿੰਘ ਸੋਹੀ, ਗੋਬਿੰਦ ਸਿੰਘ ਤੂਰਬਨਜਾਰਾ, ਗੁਰਪ੍ਰੀਤ ਕੌਰ ਸੱਪਲ, ਭੁਪਿੰਦਰ ਨਾਗਪਾਲ, ਜਸਪਾਲ ਸਿੰਘ ਸੰਧੂ, ਸੁਰਜੀਤ ਸਿੰਘ ਮੌਜੀ ਤੇ ਲਾਭ ਸਿੰਘ ਝੱਮਟ ਆਦਿ ਸਭਾ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਭਾਸ਼ਾ ਵਿਭਾਗ ਪੰਜਾਬ ਦੀ ਇਸ ਵਧੀਆ ਚੋਣ ਦੀ ਪ੍ਰਸ਼ੰਸਾ ਕਰਦਿਆਂ ਜਗਜੀਤ ਸਿੰਘ ਲੱਡਾ ਨੂੰ ਹਾਰਦਿਕ ਵਧਾਈਆਂ ਦਿੱਤੀਆਂ ਹਨ।

# ਡੀ ਟੀ ਐੱਫ ਲੁਧਿਆਣਾ ਦਾ ਵਫ਼ਦ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਮਿਲਿਆ



**ਲੁਧਿਆਣਾ (ਐੱਮ ਐੱਸ ਭਾਟੀਆ/ਰੈਕਟਰ ਕਥੂਰੀਆ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਜ਼ਿਲ੍ਹਾ ਲੁਧਿਆਣਾ ਦਾ ਵਫ਼ਦ ਜ਼ਿਲ੍ਹਾ ਸਕੱਤਰ ਦਲਜੀਤ ਸਮਰਾਲਾ ਤੇ ਮੀਤ ਪ੍ਰਧਾਨ ਦਵਿੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ-ਕਮ-ਐਲੀਮੈਂਟਰੀ) ਨੂੰ ਮਿਲਿਆ। ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਸਾਂਝੀਆਂ ਕਰਦੇ ਹੋਏ ਦੱਸਿਆ ਕਿ ਜਥੇਬੰਦੀ ਦੀ ਲਡਿਰਸ਼ਿਪ ਵੱਲੋਂ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ਼੍ਰੀਮਤੀ ਜਸਵਿੰਦਰ ਕੌਰ ਨਾਲ ਵੱਖ ਵੱਖ ਬਲਾਕਾਂ ਤੋਂ ਇਕੱਤਰ ਕਰਕੇ ਏਜੰਡੇ ਵਿੱਚ ਸੂਚੀਬੱਧ ਕੀਤੀਆਂ ਅਧਿਆਪਕਾਂ ਦੀਆਂ ਸਮੱਸਿਆਵਾਂ ਉੱਤੇ ਚਰਚਾ ਕੀਤੀ ਗਈ। ਇਨ੍ਹਾਂ ਵਿੱਚ ਮਿਡਲ ਤੇ ਪ੍ਰਾਇਮਰੀ ਸਕੂਲਾਂ ਵਿੱਚ ਸਿੰਗਲ ਅਧਿਆਪਕ ਵਾਲੇ ਸਕੂਲਾਂ ਵਿੱਚ ਅਧਿਆਪਕਾਂ ਦੇ ਪ੍ਰਬੰਧ ਕਰਨ, 3704 ਅਧਿਆਪਕਾਂ ਦੀ ਦਫ਼ਤਰ ਵਿੱਚ ਹਾਜ਼ਰੀ ਸਮੇਂ ਦੀ ਤਨਖਾਹ ਕਢਵਾਉਣ, ਜ਼ਿਲ੍ਹਾ ਪ੍ਰੀਸ਼ਦ ਤੋਂ ਸਿੱਖਿਆ ਵਿਭਾਗ 'ਚ ਸ਼ਿਫ਼ਟ ਹੋਏ ਅਧਿਆਪਕਾਂ ਦੀ ਤਨਖਾਹ ਅਨਾਮਲੀ ਦੂਰ ਕਰਨ ਸਬੰਧੀ ਮਸਲੇ ਵਿਚਾਰੇ ਗਏ। ਡੀ. ਈ. ਓ. ਵੱਲੋਂ ਇਨ੍ਹਾਂ ਨੂੰ ਹੱਲ ਕਰਰਨ ਦਾ ਭਰੋਸਾ ਦਿੱਤਾ ਗਿਆ।

ਇਸ ਤੋਂ ਇਲਾਵਾ 2500/4500 ਭਰਤੀ ਦੇ ਹੈਂਡੀਕੈਪਡ ਕੋਟੇ ਦੇ ਬੈਕਲੌਗ ਅਧੀਨ ਭਰਤੀ 108 ਅਧਿਆਪਕਾਂ ਦੇ ਨਿਯੁਕਤੀ ਪੱਤਰ ਦੀ ਮੱਦ-7 ਦੇ ਗ਼ਲਤ ਅਰਥ ਕੱਢ ਕੇ ਪਰਖ ਸਮਾਂ ਪਾਰ ਮਿਆਦ ਪੂਰੀ ਹੋਣ ਦੇ ਬਾਵਜੂਦ ਰੈਗੂਲਰ ਨਾ ਕਰਨ ਦਾ ਤਿੱਖਾ ਵਿਰੋਧ ਜਥੇਬੰਦੀ ਵੱਲੋਂ ਡੀ. ਈ. ਓ. ਦੇ ਸਨਮੁੱਖ ਦਰਜ ਕਰਵਾਇਆ ਗਿਆ। ਇਸ ਦੇ ਨਾਲ ਹੀ ਬੇਨਾਮੀ ਸ਼ਿਕਾਇਤਾਂ ਉੱਪਰ ਵਾਲੀਆਂ ਪੜਤਾਲਾਂ ਰਾਹੀਂ ਜਾਣਬੁੱਝ ਕੇ ਸਕੂਲਾਂ ਦਾ ਵਿੱਦਿਅਕ ਮਾਹੌਲ ਖ਼ਰਾਬ ਕਰਨ ਬਾਰੇ ਵੀ ਆਗੂਆਂ ਵੱਲੋਂ ਰੋਸ ਪ੍ਰਗਟ ਕੀਤਾ ਗਿਆ, ਜਿਸ ਦੇ ਪ੍ਰਤੀਕਰਮ ਵਿੱਚ ਡੀ. ਈ. ਓ. ਮੈਡਮ ਵੱਲੋਂ ਭਵਿੱਖ ਵਿੱਚ ਅਜਿਹਾ ਨਾ ਹੋਣ ਦੇਣ ਦੀ ਗੱਲ ਆਖੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪਿੰਦਰ ਸ਼ਾਹੀ (ਬਲਾਕ ਪ੍ਰਧਾਨ ਖੰਨਾ 2), ਹਰਜੀਤ ਸਿੰਘ (ਬਲਾਕ ਪ੍ਰਧਾਨ ਸੁਧਾਰ), ਰਾਣਾ ਆਲਮਦੀਪ, ਹਰਦੀਪ ਸਿੰਘ ਹੇਰਾਂ, ਬਲਦੇਵ ਰਾਮ ਸਮਰਾਲਾ, ਪਵਿੱਤਰ ਸਿੰਘ (ਵਿੱਤ ਸਕੱਤਰ ਖੰਨਾ 2) ਤੇ ਵਰਿੰਦਰ ਪਟੇਲ ਹਾਜ਼ਰ ਸਨ।

## ਬਲਾਕ ਪੱਧਰੀ ਸਕੂਲ ਖੇਡਾਂ 'ਚ ਸਿਟੀ ਸਕੂਲ ਨੇ ਮਾਰੀਆਂ ਮੱਲਾਂ



ਜੇਤੂ ਖਿਡਾਰੀ ਨੂੰ ਸਨਮਾਨਤ ਕਰਦਾ ਸਕੂਲ ਸਟਾਫ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਡੀਈਓ ਰਾਜੀਵ ਛਾਬੜਾ ਡਿਪਟੀ ਡੀਈਓ ਸੁਖਵਿੰਦਰ ਸਿੰਘ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਫਿਰੋਜ਼ਪੁਰ-1 ਸੁਮਨਦੀਪ ਕੌਰ ਤੇ ਸੈਂਟਰ ਹੈੱਡ ਟੀਚਰ ਜਸਵਿੰਦਰ ਕੌਰ ਦੀ ਅਗਵਾਈ 'ਚ ਸਟੇਡੀਅਮ ਝੋਕ ਹਰੀਹਰ ਵਿਖੇ ਸ਼ਾਨੋ ਸ਼ੌਕਤ ਨਾਲ ਕਰਵਾਈਆਂ ਗਈਆਂ। ਇਨ੍ਹਾਂ ਖੇਡਾਂ ਵਿੱਚ ਸਰਕਾਰੀ ਪ੍ਰਾਇਮਰੀ ਸਿਟੀ ਸਕੂਲ ਦੇ ਵਿਦਿਆਰਥੀਆਂ ਨੇ ਵੱਡੀਆਂ ਮੱਲਾਂ ਮਾਰੀਆਂ। ਕਰਾਟੇ ਵਿੱਚ ਵਿਦਿਆਰਥੀ ਅਭਿਜੋਤ ਤੇ ਰਾਜਵੀਰ ਨੇ ਪਹਿਲਾ ਸਥਾਨ, ਸਕੇਟਿੰਗ 'ਚ ਰੋਹਿਤ ਨੇ ਪਹਿਲਾ, ਵੰਸ਼ ਸ਼ਰਮਾ ਨੇ ਪੇਂਟਿੰਗ 'ਚ ਪਹਿਲਾ, ਕੁਸ਼ਤੀਆਂ 25 ਕਿੱਲੋ 'ਚ ਰਾਜਵੀਰ ਨੇ ਦੂਸਰਾ, ਯੋਗ ਟੀਮ 'ਚ ਅਵਿਨਾਸ਼, ਰਾਜਵੀਰ, ਕਬੀਰ, ਰਣਵੀਰ, ਅਰਮਾਨ ਨੇ ਦੂਸਰਾ ਅਤੇ ਰਾਹੁਲ ਨੇ ਦੌੜ ਵਿੱਚ ਤੀਸਰਾ ਸਥਾਨ ਪ੍ਰਾਪਤ ਕੀਤਾ। ਸਰਕਾਰੀ ਪ੍ਰਾਇਮਰੀ ਸਿਟੀ ਸਕੂਲ ਦੇ ਵਿਦਿਆਰਥੀਆਂ ਨੇ 4 ਮੈਡਲ ਗੋਲਡ ਤੇ 7 ਮੈਡਲ ਸਿਲਵਰ ਅਤੇ ਇੱਕ ਮੈਡਲ ਤਾਂਬੇ ਦਾ ਹਾਸਲ ਕਰਕੇ ਵੱਡੀਆਂ ਮੱਲਾਂ ਮਾਰ ਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਜੇਤੂ ਬੱਚਿਆਂ ਨੂੰ ਸਰਕਾਰੀ ਪ੍ਰਾਇਮਰੀ ਸਿਟੀ ਸਕੂਲ ਦੀ ਸਵੇਰ ਦੀ ਸਭਾ ਵਿੱਚ ਸੈਂਟਰ ਹੈੱਡ ਜਸਵਿੰਦਰ ਕੌਰ, ਐੱਚ ਟੀ ਕਮਲੇਸ਼ ਕੁਮਾਰੀ, ਪੂਜਾ ਗਰਗ, ਸੁਮਨਦੀਪ ਕੌਰ, ਕੰਵਲਜੀਤ ਕੌਰ, ਰੰਜਨਾ ਪੁੱਗਲ, ਰਿਤੂ, ਰੁਚਿਕਾ ਆਦਿ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।

## ਫੌਜਾ ਸਿੰਘ ਸਰਾਰੀ ਫਿਰ ਵਿਵਾਦਾਂ 'ਚ

# ਪਿੰਡ ਨੌਂ ਬਹਿਰਾਮ ਸ਼ੇਰ ਸਿੰਘ ਵਾਲਾ ਦੀ ਜ਼ਮੀਨ 'ਤੇ ਜਬਰੀ ਕਬਜ਼ਾ ਕਰਨ ਦੇ ਲਾਏ ਦੋਸ਼



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਜਿੱਥੇ ਕਥਿਤ ਆਡੀਓ ਨੂੰ ਲੈ ਕੇ ਚਰਚਾ 'ਚ ਹਨ, ਉੱਥੇ ਉਨ੍ਹਾਂ ਦੇ ਹਲਕਾ ਗੁਰੂਹਰਸਹਾਏ ਦੇ ਪਿੰਡ ਨੌਂ ਬਹਿਰਾਮ ਸ਼ੇਰ ਸਿੰਘ ਵਾਲਾ ਢਾਣੀ (ਗੁਰਮੁੱਖ ਸਿੰਘ) ਦੇ ਪੀੜਤ ਪਰਵਾਰ ਮਹਿੰਦਰ ਸਿੰਘ ਪੁੱਤਰ ਗੁਰਮੁਖ ਸਿੰਘ ਫਲਕ ਸਿੰਘ ਪੁੱਤਰ ਗੁਰਮੁਖ ਸਿੰਘ ਨੇ ਕਥਿਤ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਪਿਓ-ਦਾਦਿਆਂ ਵੇਲਿਆਂ ਦੀ ਮਾਲਕੀ ਜ਼ਮੀਨ 'ਤੇ ਫੌਜਾ ਸਿੰਘ ਸਰਾਰੀ ਕੈਬਨਿਟ ਮੰਤਰੀ ਨੇ ਬੀ ਡੀ ਪੀ ਓ ਤੇ ਪੁਲਸ ਪ੍ਰਸ਼ਾਸਨ ਨੂੰ ਨਾਲ ਲੈ ਕੇ ਜਬਰੀ ਕਬਜ਼ਾ ਕਰਾ ਦਿੱਤਾ ਹੈ, ਜਦਕਿ ਉਨ੍ਹਾਂ ਕੋਲ ਉਨ੍ਹਾਂ ਦੇ ਨਾਂਅ, ਜਮ੍ਹਾਂਬੰਦੀ, ਗਿਰਦਾਵਰੀ, ਸੁਪਰੀਮ ਕੋਰਟ ਦੇ ਸਟੇਅ ਆਰਡਰ ਦੀ ਕਾਪੀ ਤੇ ਡਿਗਰੀਆਂ ਤੇ ਕੋਰਟ 'ਚ ਹੋਰ ਚੱਲਦੇ ਕੇਸ ਹਨ, ਜਿਨ੍ਹਾਂ ਨੂੰ ਉਸ ਸਮੇਂ ਕਬਜ਼ਾ ਕਰਨ ਆਏ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਦਿਖਾਏ ਸਨ, ਪਰ ਮੰਤਰੀ ਦੇ ਕਹਿਣ 'ਤੇ ਪ੍ਰਸ਼ਾਸਨ ਨੇ ਧੱਕੇ ਨਾਲ ਉਨ੍ਹਾਂ ਦੀ ਜ਼ਮੀਨ 'ਤੇ ਜਬਰੀ ਕਬਜ਼ਾ ਕਰ ਲਿਆ, ਜਿਸ ਸਬੰਧੀ ਉਨ੍ਹਾਂ ਨੇ ਐੱਸ ਐੱਸ ਪੀ ਫ਼ਿਰੋਜ਼ਪੁਰ, ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਗੁਹਾਰ ਲਾਈ, ਪਰ ਪ੍ਰਸ਼ਾਸਨ ਤੇ ਸਿਵਲ ਪ੍ਰਸ਼ਾਸਨ ਵੱਲੋਂ ਕੋਈ ਵੀ ਕਾਰਵਾਈ ਅਮਲ 'ਚ ਨਾ ਲਿਆਂਦੇ ਜਾਣ ਤੋਂ ਦੁਖੀ ਹੋਏ ਫਲਕ ਸਿੰਘ ਨੇ ਫੌਜਾ ਸਿੰਘ ਸਰਾਰੀ ਅਤੇ ਉਸ ਦੇ ਭਾਣਜੇ ਲਾਡੀ ਨੂੰ ਲੰਮੇ ਹੱਥੀਂ ਲੈਂਦਿਆਂ ਕਿਹਾ ਕਿ ਜਦ ਉਹ ਇਸ ਸਬੰਧੀ ਲਾਡੀ ਨੂੰ ਦਫ਼ਤਰ ਆਮ ਆਦਮੀ ਪਾਰਟੀ ਵਿੱਚ ਮਿਲੇ ਤਾਂ ਉਨ੍ਹਾਂ ਨੇ ਕਿਹਾ ਕਿ ਮੰਤਰੀ ਸਾਬ੍ਹ ਦੇ ਕਹਿਣ 'ਤੇ ਤੁਹਾਡੇ ਹੱਕ 'ਚ ਕੋਈ ਵੀ ਕਾਰਵਾਈ ਨਹੀਂ ਕੀਤੀ ਜਾਵੇਗੀ। ਮਹਿੰਦਰ ਸਿੰਘ ਨੇ ਕਿਹਾ ਕਿ ਇਸ ਸਬੰਧੀ ਜਦ ਮੌਕੇ 'ਤੇ ਪਹੁੰਚੇ ਏ ਐੱਸ ਆਈ ਗਹਿਣਾ ਰਾਮ ਨੂੰ ਸਾਰੇ ਕਾਗਜ਼ ਦਿਖਾਏ, ਸਾਨੂੰ ਸਾਡੀ ਜ਼ਮੀਨ 'ਤੇ ਜਬਰੀ ਕੀਤੇ ਕਬਜ਼ੇ ਸਬੰਧੀ ਇਨਸਾਫ਼ ਦਿੱਤਾ ਜਾਵੇ ਤਾਂ ਉਨ੍ਹਾਂ ਕਿਹਾ ਕਿ ਮੰਤਰੀ ਦਾ ਆਰਡਰ ਹੈ ਤੁਹਾਡਾ ਕੁਝ ਵੀ ਨਹੀਂ ਵੱਟਿਆ ਜਾਣਾ। ਕਾਨਫਰੰਸ ਨੂੰ ਸੰਬੋਧਨ ਕਰਦਿਆਂ ਫਲਕ ਸਿੰਘ ਪੁੱਤਰ ਗੁਰਮੁਖ ਸਿੰਘ ਨੇ ਕਿਹਾ ਕਿ ਫੌਜਾ ਸਿੰਘ ਸਰਾਰੀ ਦੀ ਸ਼ਹਿ 'ਤੇ ਨਾ ਤਾਂ ਸਾਡੀ ਪੁਲਸ, ਪ੍ਰਸ਼ਾਸਨਿਕ ਅਧਿਕਾਰੀ ਗੱਲ ਸੁਣ ਰਿਹਾ, ਜਿਸ ਤੋਂ ਦੁਖੀ ਹੋ ਗਏ। ਅਸੀਂ ਪ੍ਰੈੱਸ ਕਾਨਫ਼ਰੰਸ ਕਰਕੇ ਵੱਡੇ ਖੁਲਾਸੇ ਕਰ ਰਹੇ ਹਾਂ। ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੇ ਡੀਜੀਪੀ ਤੋਂ ਮੰਗ ਕੀਤੀ ਕਿ ਇਸ ਉਕਤ ਸਾਰੇ ਮਾਮਲੇ ਦੀ ਜਾਂਚ ਕਰਵਾਈ ਜਾਵੇ ਤੇ ਸਾਨੂੰ ਸਾਡੀ ਬਣਦੀ ਜ਼ਮੀਨ ਵਾਪਸ ਦਿਵਾਈ ਜਾਵੇ। ਸਾਡੀ ਜ਼ਮੀਨ 'ਤੇ ਜਬਰੀ ਕਬਜ਼ਾ ਕਰਾਉਣ ਵਾਲੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕੈਬਨਿਟ ਮੰਤਰੀ ਅਤੇ ਉਸ ਦੇ ਭਾਣਜੇ ਖਿਲਾਫ਼ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਫਲਕ ਸਿੰਘ ਨੇ ਕਿਹਾ ਕਿ ਮੇਰੇ ਭਰਾ ਮਹਿੰਦਰ ਸਿੰਘ ਦੀ ਜ਼ਮੀਨ ਦੇ ਸਬੰਧ ਵਿੱਚ ਉਹ ਪੁਲਸ ਦੇ ਅਫਸਰਾਂ ਨੂੰ ਵੀ ਮਿਲੇ ਹਨ ਤੇ ਏਐਸਆਈ ਦਰਸ਼ਨ ਸਿੰਘ ਨੇ ਵੀ ਇਹ ਗੱਲ ਸਪਸ਼ਟ ਤੌਰ 'ਤੇ ਕਹੀ ਹੈ। ਮੰਤਰੀ ਦੇ ਕਹਿਣ ਮੁਤਾਬਕ ਤੁਹਾਡੇ ਹੱਕ 'ਚ ਕੋਈ ਵੀ ਅਸੀਂ ਕਾਰਵਾਈ ਨਹੀਂ ਕਰ ਸਕਦੇ। ਡੀ ਐੱਸ ਪੀ ਗੁਰੂਹਰਸਹਾਏ ਯਾਦਵਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਇਹ ਮਾਮਲਾ ਮੇਰੇ ਧਿਆਨ ਵਿੱਚ ਨਹੀਂ ਹੈ, ਜੇ ਕੋਈ ਜ਼ਮੀਨ ਦਾ ਕਬਜ਼ਾ ਬੀਡੀਪੀਓ ਨੇ ਦਿਵਾਇਆ ਤਾਂ ਉਹੀ ਦੱਸ ਸਕਦੇ ਹਨ।

ਜਦ ਬੀਡੀਪੀਓ ਗੁਰੂਹਰਸਹਾਏ ਗੁਰਮੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਜ਼ਮੀਨ ਪੰਚਾਇਤ ਦੀ ਬੋਲਦੀ ਹੈ ਤੇ ਸਿਰਫ਼ ਇਨ੍ਹਾਂ ਕੋਲ ਜਮ੍ਹਾਂਬੰਦੀ ਗਿਰਦਾਵਰੀ ਹੈ। ਜੇਕਰ ਕੋਈ ਆਰਡਰ ਹੈ ਤਾਂ ਉਸ ਨੂੰ ਲੀਗਲ ਪ੍ਰੋਸੈਸ ਦੇ ਜ਼ਰੀਏ ਕੋਰਟ ਵਿੱਚ ਪੇਸ਼ ਕੀਤਾ ਜਾਵੇਗਾ। ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦਾ ਇੱਕ ਫੋਨ ਨੰਬਰ ਸਵਿੱਚ ਆਫ ਆ ਰਿਹਾ ਸੀ ਤੇ ਦੂਸਰਾ ਨੰਬਰ ਉਨ੍ਹਾਂ ਨੇ ਕਾਲ ਜਾਣ 'ਤੇ ਕੱਟ ਦਿੱਤਾ। ਫੌਜਾ ਸਿੰਘ ਸਰਾਰੀ ਦੇ ਦਫ਼ਤਰ ਇੰਚਾਰਜ ਤੇ ਉਸ ਦੇ ਰਿਸ਼ਤੇਦਾਰ ਬਲਵੰਤ ਸਿੰਘ ਲਾਡੀ ਪ੍ਰੈੱਸ ਕਾਨਫਰੰਸ 'ਚ ਮਹਿੰਦਰ ਸਿੰਘ ਅਤੇ ਫਲਕ ਸਿੰਘ ਵੱਲੋਂ ਲਾਏ ਗਏ ਦੋਸ਼ਾਂ ਦੇ ਸਬੰਧ ਵਿੱਚ ਜਦ ਫੌਜਾ ਸਿੰਘ ਸਰਾਰੀ ਦੇ ਭਾਣਜੇ ਅਤੇ ਦਫ਼ਤਰ ਇੰਚਾਰਜ ਬਲਵੰਤ ਸਿੰਘ ਲਾਡੀ ਨਾਲ ਗੱਲ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਦਾ ਫੋਨ ਕਈ ਵਾਰ ਮਿਲਾਉਣ ਦੇ ਬਾਵਜੂਦ ਵੇਟਿੰਗ 'ਚ ਆ ਰਿਹਾ ਸੀ।

## ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰ ਕਾਲਜ 'ਚ ਜਾਗਰੂਕਤਾ ਕੈਂਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਮੀਤ ਸਿੰਘ ਦੀ ਅਗਵਾਈ ਹੇਠ ਸਖੀ ਵੰਨ ਸਟਾਪ ਸੈਂਟਰ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰ ਕਾਲਜ ਵਿਖੇ ਸਖੀ ਵਨ ਸਟਾਪ ਸੈਂਟਰ ਸਕੀਮ ਸਬੰਧੀ ਅਵੇਅਰਨੈੱਸ ਕੀਤੀ ਗਈ।

ਇਸ ਮੌਕੇ ਮੌਜੂਦ ਵਿਦਿਆਰਥੀਆਂ ਨੂੰ ਸਖੀ-ਵਨ ਸਟਾਪ ਸੈਂਟਰ ਦੇ ਇੰਚਾਰਜ ਰਜਨੀ ਬਾਲਾ ਵੱਲੋਂ ਦੱਸਿਆ ਗਿਆ ਕਿ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੁਆਰਾ ਔਰਤਾਂ ਦੀ ਸਹਾਇਤਾ ਕਰਨ ਲਈ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਸਖੀ ਵਨ ਸਟਾਪ ਸੈਂਟਰ ਖੋਲ੍ਹੇ ਗਏ ਹਨ। ਸਖੀ ਵੰਨ ਸਟਾਪ ਸੈਂਟਰ ਵਿਖੇ ਇੱਕੋ ਹੀ ਛੱਤ ਨੀਚੇ ਕਿਸੇ ਵੀ ਤਰ੍ਹਾਂ ਦੀ ਹਿੰਸਾ ਜਿਵੇਂ ਘਰੇਲੂ ਹਿੰਸਾ, ਜਬਰ ਜਨਾਹ, ਕੁੱਟਮਾਰ, ਛੇੜਛਾੜ, ਦੁਰਵਿਹਾਰ, ਮਾਨਸਿਕ ਹਿੰਸਾ, ਤੇਜਾਬੀ ਹਮਲਾ, ਕਿਡਨੈਪਿੰਗ ਆਦਿ ਹਿੰਸਾ ਨਾਲ ਪੀੜਤ ਮਹਿਲਾ ਨੂੰ ਸੈਂਟਰ ਵੱਲੋਂ ਸਾਇਕੋ ਸੋਸ਼ਲ ਕਾਊਂਸਲਿੰਗ, ਮੁਫ਼ਤ ਕਾਨੂੰਨੀ ਸਹਾਇਤਾ, ਪੁਲਸ ਮਦਦ ਅਤੇ ਮੈਡੀਕਲ ਸਹਾਇਤਾ, ਅਸਥਾਈ ਆਸਰਾ 5 ਦਿਨਾਂ ਲਈ (ਔਰਤ ਸਮੇਤ ਬੇਟਾ 8 ਸਾਲ ਤੱਕ ਦਾ, ਬੇਟੀ ਕਿਸੇ ਵੀ ਉਮਰ ਦੀ) ਦੀਆਂ ਸੇਵਾਵਾਂ ਦਿੱਤੀਆ ਜਾਂਦੀਆਂ ਹਨ। ਚੰਦਨ ਸਿੰਗਲਾ,ਪੈਰਾ ਲੀਗਲ ਵਕੀਲ ਵੱਲੋਂ ਮੌਜੂਦਾ ਕਾਲਜ ਦੇ ਵਿਦਿਆਰਥੀਆਂ ਨੂੰ ਔਰਤਾਂ ਦੇ ਕਾਨੂੰਨੀ ਅਧਿਕਾਰਾ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਆਪਣੇ ਆਲ਼ੇ-ਦੁਆਲੇ ਹੋ ਰਹੀ ਹਿੰਸਾ ਪ੍ਰਤੀ ਜਾਗਰੂਕ ਹੋਣ ਲਈ ਕਿਹਾ ਗਿਆ।

# ਦੁਕਾਨਦਾਰਾਂ ਵੱਲੋਂ ਨਜਾਇਜ਼ ਕਬਜ਼ਿਆਂ ਕਾਰਨ ਲੋਕ ਪ੍ਰੇਸ਼ਾਨ

■ ਨਜਾਇਜ਼ ਕਬਜ਼ਾ ਧਾਰਕਾਂ 'ਤੇ ਹੋਏਗੀ ਕਾਰਵਾਈ : ਕੌਂਸਲ ਪ੍ਰਧਾਨ, ਡੀ.ਐੱਸ.ਪੀ.



**ਜਲਾਲਾਬਾਦ (ਦਹੂਜਾ)**

ਨਗਰ ਕੌਂਸਲ ਵੱਲੋਂ ਤੇ ਟ੍ਰੈਫਿਕ ਪੁਲਸ ਵੱਲੋਂ ਸਮੇਂ ਸਮੇਂ 'ਤੇ ਜਨਤਾ ਨੂੰ ਅਪੀਲ ਕੀਤੀ ਜਾਂਦੀ ਰਹੀ ਹੈ ਕਿ ਕੋਈ ਨਜਾਇਜ਼ ਕਬਜ਼ਾ ਨਾ ਕਰੇ ਤੇ ਦੁਕਾਨਦਾਰ ਵੀ ਆਪਣੀ ਹੱਦ ਅੰਦਰ ਹੀ ਸਾਮਾਨ ਰੱਖਣ ਅਤੇ ਕਿਸੇ ਨੂੰ ਵੀ ਆਪਣੀ ਦੁਕਾਨ ਅੱਗੇ ਫੜ੍ਹੀ ਜਾਂ ਰੇਹੜੀ ਨਾ ਲਗਾਉਣ ਦੇਣ ਤਾਂ ਜੋ ਸ਼ਹਿਰ ਅੰਦਰ ਟ੍ਰੈਫਿਕ ਸਮੱਸਿਆ ਤੋਂ ਨਿਜਾਤ ਮਿਲ ਸਕੇ। ਪ੍ਰੰਤੂ ਕੁਝ ਲਾਲਚੀ ਕਿਸਮ ਦੇ ਲੋਕ ਆਪਣੇ ਨਿੱਜੀ ਮੁਨਾਫੇ ਲਈ ਜਿੱਥੇ ਨਿਯਮਾਂ ਨੂੰ ਛਿੱਕੇ ਟੰਗ ਕੇ ਨਿਯਮਾਂ ਦੀ ਉਲੰਘਣਾ ਕਰਦੇ ਹਨ ਤੇ ਨਾਲ ਹੀ ਰਾਹਗੀਰਾਂ ਲਈ ਹਾਦਸਿਆਂ ਦਾ ਕਾਰਨ ਬਣਦੇ ਹਨ ਤੇ ਦੁਕਾਨਾਂ ਅੱਗੇ ਰੇਹੜੀ ਜਾਂ ਫੜ੍ਹੀ ਲਾਉਣ ਬਦਲੇ ਰੋਜ਼ਾਨਾ ਦੇ 250 ਰੁਪਏ ਤੋਂ ਲੈ ਕੇ 500 ਰੁਪਏ ਵਸੂਲਦੇ ਹਨ। ਉਕਤ ਸਮੱਸਿਆ ਬਾਰੇ ਜਾਣਕਾਰੀ ਦਿੰਦਿਆਂ ਮਿਸਤਰੀ ਬਲਬੀਰ ਚੰਦ ਕੰਬੋਜ, ਮੇਜਰ ਸਿੰਘ, ਕਪਿਲ ਵਾਟਸ, ਜਸਵੰਤ ਸਿੰਘ, ਰਣਜੀਤ ਸਿੰਘ ਢਾਲਾ ਤੇ ਸਤਨਾਮ ਸਿੰਘ ਨੇ ਦੱਸਿਆ ਕਿ ਪੂਰੇ ਸ਼ਹਿਰ ਅੰਦਰ ਹੀ ਨਜਾਇਜ਼ ਕਬਜ਼ਿਆਂ ਦੀ ਭਰਮਾਰ ਹੈ ਤੇ ਨਗਰ ਕੌਂਸਲ ਅਧਿਕਾਰੀਆਂ ਵੱਲੋਂ ਬਹੁਤ ਵਾਰ ਮੁਨਾਦੀ ਰਾਹੀਂ ਅਪੀਲ ਕੀਤੀ ਗਈ ਕਿ ਜੋ ਵੀ ਨਜਾਇਜ਼ ਕਬਜ਼ਾ ਧਾਰਕ ਹਨ, ਉਹ ਕਬਜ਼ਿਆਂ ਨੂੰ ਹਟਾ ਲੈਣ, ਪਰ ਕੁਝ ਸ਼ਰਾਰਤੀ ਅਨਸਰ ਆਪਣੇ ਨਿੱਜੀ ਮੁਨਾਫੇ ਲਈ ਇਸ ਦੀ ਪ੍ਰਵਾਹ ਕੀਤੇ ਬਗੈਰ ਆਪਣੀਆਂ ਦੁਕਾਨਾਂ ਅੱਗੇ ਨਜਾਇਜ਼ ਕਬਜ਼ੇ ਕਰਵਾ ਕੇ, ਨਜਾਇਜ਼ ਕਬਜ਼ਾ ਧਾਰਕਾਂ ਕੋਲੋਂ ਆਪਣੀ ਮਨਮਰਜ਼ੀ ਦੀ ਰਕਮ ਵਸੂਲਦੇ ਹਨ ਤੇ ਆਪਣੀਆਂ ਜੇਬਾਂ ਭਰਦੇ ਹਨ ਤੇ ਟ੍ਰੈਫਿਕ ਸਮੱਸਿਆ 'ਚ ਅਥਾਹ ਵਾਧਾ ਕਰਦੇ ਹਨ। ਕੁਝ ਦੁਕਾਨਦਾਰ ਵੇਖੋ ਵੇਖੀ ਆਪਣਾ ਸਾਮਾਨ ਦੂਜੇ ਦੁਕਾਨਦਾਰ ਦੇ ਸਾਮਾਨ ਤੋਂ ਅੱਗੇ ਵਧਾ ਕੇ ਰੱਖਣ ਦੀ ਕੋਸ਼ਿਸ਼ 'ਚ ਸੜਕ 'ਤੇ ਨਜਾਇਜ਼ ਤੌਰ 'ਤੇ ਅੱਗੇ ਸਾਮਾਨ ਵਧਾ ਕੇ ਰੱਖ ਦਿੰਦੇ ਹਨ, ਜਿਸ ਨਾਲ ਗੁਆਂਢੀ ਦੁਕਾਨਦਾਰਾਂ ਦੀ ਦੁਕਾਨ ਨੂੰ ਓਹਲਾ ਹੁੰਦਾ ਹੈ ਤੇ ਦੁਕਾਨਦਾਰੀ ਨੂੰ ਫਰਕ ਪੈਂਦਾ ਹੈ। ਉਨ੍ਹਾਂ ਨੇ ਐੱਸ.ਡੀ.ਐੱਮ. ਤੇ ਨਗਰ ਕੌਂਸਲ ਪ੍ਰਧਾਨ ਅੱਗੇ ਅਪੀਲ ਕੀਤੀ ਕਿ ਸ਼ਹਿਰ ਅੰਦਰ ਕੀਤੇ ਨਜਾਇਜ਼ ਕਬਜ਼ਿਆਂ ਨੂੰ ਹਟਾਇਆ ਜਾਵੇ ਤਾਂ ਜੋ ਜਨਤਾ ਨੂੰ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਏ ਤੇ ਟ੍ਰੈਫਿਕ ਸਮੱਸਿਆ 'ਚ ਵੀ ਸੁਧਾਰ ਹੋ ਸਕੇ। ਇਸ ਸਬੰਧੀ ਨਗਰ ਕੌਂਸਲ ਪ੍ਰਧਾਨ ਵਿਕਾਸਦੀਪ ਚੌਧਰੀ ਤੇ ਡੀ.ਐੱਸ.ਪੀ ਅਤੁਲ ਸੋਨੀ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਜਲਦ ਹੀ ਨਗਰ ਕੌਂਸਲ ਤੇ ਪੁਲਸ ਪ੍ਰਸ਼ਾਸਨ ਰਲ ਕੇ ਸਾਂਝਾਂ ਅਭਿਆਨ ਚਲਾਉਣ ਜਾ ਰਹੇ ਹਨ ਤੇ ਇਨ੍ਹਾਂ ਨਜਾਇਜ਼ ਕਬਜ਼ਾ ਧਾਰਕਾਂ 'ਤੇ ਵੱਡੀ ਕਾਰਵਾਈ ਕਰਨ ਜਾ ਰਹੇ ਹਨ ਤਾਂ ਜੋ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਨੂੰ ਠੱਲ੍ਹ ਪਾਈ ਜਾ ਸਕੇ। ਉਨ੍ਹਾਂ ਕਿਹਾ ਕਿ ਪਹਿਲਾਂ ਤਾਂ ਦੁਕਾਨਦਾਰਾਂ ਦਾ ਆਪਣਾ ਹੀ ਫਰਜ਼ ਬਣਦਾ ਹੈ ਕਿ ਉਹ ਅਜਿਹਾ ਨਾ ਕਰਨ, ਜਿਸ ਨਾਲ ਰਾਹਗੀਰਾਂ ਨੂੰ ਟ੍ਰੈਫਿਕ ਦੀ ਸਮੱਸਿਆ ਆਉਂਦੀ ਹੈ ਤੇ ਉਹ ਜਨਤਾ ਲਈ ਪ੍ਰੇਸ਼ਾਨੀ ਦਾ ਸਬਬ ਬਣਦੇ ਹਨ।

# ਝਾੜ ਸਾਹਿਬ ਸੜਕ ਦੀ ਉਸਾਰੀ ਸੰਬੰਧੀ ਹਲਕਾ ਵਿਧਾਇਕ ਨੂੰ ਮੰਗ ਪੱਤਰ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਦੀ ਅਗਵਾਈ ਵਿੱਚ ਸਮਰਾਲਾ ਤੋਂ ਵਾਇਆ ਝਾੜ ਸਾਹਿਬ, ਚਮਕੌਰ ਸਾਹਿਬ ਰੋਡ ਬਣਾਉਣ ਸੰਬੰਧੀ ਐੱਮ.ਐੱਲ.ਏ. ਹਲਕਾ ਸਮਰਾਲਾ ਜਗਤਾਰ ਸਿੰਘ ਦਿਆਲਪੁਰਾ ਰਾਹੀਂ ਮਾਣਯੋਗ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਦਿੱਤਾ ਗਿਆ। ਸੁਪਿੰਦਰ ਸਿੰਘ ਬੱਗਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਰੋਡ 2009 ਵਿੱਚ ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਅਧੀਨ ਬਣਿਆ ਸੀ, ਜਿਸ ਦੀ ਹਾਲਤ ਬਦ ਤੋਂ ਬਦਤਰ ਹੋ ਚੁੱਕੀ ਹੈ, ਜਿਸ ਕਾਰਨ ਕਈ ਕੀਮਤੀ ਜਾਨਾਂ ਜਾ ਚੁੱਕੀਆਂ ਹਨ ਤੇ ਇਸ ਸੜਕ 'ਤੇ ਸਫਰ ਕਰਨ ਵਾਲੇ ਲੋਕਾਂ ਦੀ ਹਰ ਸਮੇਂ ਜਾਨ ਨੂੰ ਖਤਰਾ ਬਣਿਆ ਰਹਿੰਦਾ ਹੈ ਅਤੇ ਇਸ ਰੋਡ ਦੀ ਮਿਆਦ ਕਈ ਸਾਲ ਪਹਿਲਾਂ ਖਤਮ ਹੋ ਚੁੱਕੀ ਹੈ ਅਤੇ ਦੇਸ ਦਾ ਭਵਿੱਖ ਜੋ ਸਕੂਲਾਂ, ਕਾਲਜਾਂ ਵਿੱਚ ਪੜ੍ਹ ਰਿਹੈ, ਉਨ੍ਹਾਂ ਨੂੰ ਪੜ੍ਹਨ ਲਈ ਜਾਣ ਸਮੇਂ ਇਸ ਰੋਡ ਦੇ ਟੁੱਟੇ ਹੋਣ ਕਾਰਨ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗੁਰਦੀਪ ਸਿੰਘ ਬਰਮਾਂ ਨੇ ਕਿਹਾ ਕਿ ਇਸ ਸੜਕ ਬਣੀ ਨੂੰ 14 ਸਾਲ ਤੋਂ ਵੱਧ ਦਾ ਸਮਾਂ ਹੋ ਚੁੱਕਾ ਹੈ ਤੇ ਇਸ ਦੀ ਮਿਆਦ ਕਈ ਸਾਲ ਪਹਿਲਾਂ ਖਤਮ ਹੋਈ ਗਈ ਹੈ। ਇਸ ਲਈ ਲੋਕਾਂ ਦੀ ਲੰਮੇ ਸਮੇਂ ਤੋਂ ਲਟਕੀ ਹੋਈ ਇਸ ਮੰਗ ਵੱਲ ਧਿਆਨ ਦੇਣਾ ਸਰਕਾਰ ਦਾ ਇਖਲਾਕੀ ਫਰਜ਼ ਬਣਦਾ ਹੈ ਤੇ ਇਸ ਰੋਡ ਦੀ ਤਰਫ ਧਿਆਨ ਦੇ ਕੇ ਜਲਦੀ ਤੋਂ ਜਲਦੀ ਇਸ ਨੂੰ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਨਾਲ ਰਮਨਦੀਪ ਸਿੰਘ ਨੀਲੋ, ਹਰਦੀਪ ਸਿੰਘ ਰਾਣਵਾਂ, ਦਲਜੀਤ ਸਿੰਘ ਸਰਪੰਚ, ਮਲਕੀਤ ਸਿੰਘ ਘੁਲਾਲ, ਪ੍ਰਲਾਦ ਸਿੰਘ, ਸਵਰਨਜੀਤ ਸਿੰਘ, ਗੁਰਜਿੰਦਰ ਸਿੰਘ, ਸਰਬਜੀਤ ਸਿੰਘ, ਪਰਮਜੀਤ ਸਿੰਘ, ਬਿੱਕਾ ਬਿਜਲੀਪੁਰ, ਜੋਤੀ ਟੋਡਰਪੁਰ, ਮਨਪ੍ਰੀਤ ਸਿੰਘ, ਵਰਿੰਦਰ ਸਿੰਘ ਆਦਿ ਹਾਜ਼ਰ ਸਨ।

# ਐੱਸ ਆਰ ਐੱਸ ਵਿੱਦਿਆਪੀਠ 'ਚ ਅਧਿਆਪਕਾਂ ਲਈ ਵਰਕਸ਼ਾਪ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਵਿਖੇ ਅਧਿਆਪਕਾਂ ਦੇ ਗਿਆਨ 'ਚ ਹੋਰ ਵਾਧਾ ਕਰਨ ਲਈ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਐੱਸ ਆਰ ਐੱਸ ਵਿੱਦਿਆਪੀਠ ਵਿਦਿਆਰਥੀਆਂ, ਮਾਪਿਆਂ ਤੇ ਅਧਿਆਪਕਾਂ ਦੀ ਭਲਾਈ ਲਈ ਹਮੇਸ਼ਾ ਯਤਨਸ਼ੀਲ ਰਿਹਾ ਹੈ। ਇਸ ਵਾਰ, ਅਧਿਆਪਕਾਂ ਦੀ ਭਲਾਈ ਲਈ 'ਮੈਕਮਿਲਨ' ਦੀ ਪ੍ਰਤੀਨਿਧੀ ਸ੍ਰੀਮਤੀ ਕੁਲਵੰਤ ਕੌਰ ਰਿਹਾਲ ਦੁਆਰਾ ਕਲਾਸਰੂਮ ਮੈਨੇਜਮੈਂਟ ਤੇ ਸਟਰੈਸ ਮੈਨੇਜਮੈਂਟ 'ਤੇ ਇੱਕ ਇੰਟਰਐਕਟਿਵ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਅਧਿਆਪਕਾਂ ਨੂੰ ਬਹੁਤ ਕੁਝ ਨਵਾਂ ਸਿੱਖਣ ਲਈ ਮਿਲਿਆ। ਇਸ ਵਿੱਚ ਸ੍ਰੀਮਤੀ ਕੁਲਵੰਤ ਕੌਰ ਵੱਲੋਂ ਸਾਰੇ ਅਧਿਆਪਕਾਂ ਨੂੰ ਕਈ ਪ੍ਰਕਾਰ ਦੀਆਂ ਉਦਾਹਰਨਾਂ ਦੇ ਕੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਸਮਝਾਇਆ ਗਿਆ। ਇਸ ਵਰਕਸ਼ਾਪ ਵਿੱਚ ਮਿਲੇ ਗਿਆਨ ਨੂੰ ਅਪਣਾ ਕੇ ਆਪਣੇ ਪੇਸ਼ੇ ਨੂੰ ਹੋਰ ਵੀ ਨਿਖਾਰ ਸਕਦਾ ਹੈ। ਇਸ ਵਰਕਸ਼ਾਪ ਤੋਂ ਮਿਲੇ ਗਿਆਨ ਤੋਂ ਪ੍ਰਭਾਵਿਤ ਹੋ ਕੇ ਸਕੂਲ ਦੀ ਮੁੱਖ ਅਧਿਆਪਕਾ ਮਿਸ ਮਿਲੀ ਬੋਸ ਤੇ ਚੇਅਰਮੈਨ ਅਮਿਤ ਸਿੰਗਲਾ ਨੇ ਵਰਕਸ਼ਾਪ ਦੀ ਤਾਰੀਫ ਕਰਦਿਆਂ ਸ੍ਰੀਮਤੀ ਕੁਲਵੰਤ ਕੌਰ ਰਿਹਾਲ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਿਆਨ ਨਾਲ ਭਰਪੂਰ ਵਰਕਸ਼ਾਪਾਂ ਲਗਾਉਣ ਲਈ ਕਿਹਾ।

# ਬੇਰੁਜ਼ਗਾਰ ਨੌਜਵਾਨਾਂ ਨੂੰ ਦਿੱਤੀ ਜਾਵੇਗੀ ਬੀ ਪੀ ਓ ਦੀ ਮੁਫਤ ਸਿਖਲਾਈ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫਸਰ ਫਾਜ਼ਿਲਕਾ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀ.ਪੀ.ਓ./ਆਈ.ਟੀ. ਆਊਟਸੋਰਸਿੰਗ ਸੈਕਟਰ ਦੀਆਂ ਅਸਾਮੀਆਂ ਲਈ ਸਾਫਟ ਸਕਿਲ ਤੇ ਇੰਟਰਵਿਊ ਦੀ ਤਿਆਰੀ ਲਈ ਮੁਫਤ ਸਿਖਲਾਈ ਦਿੱਤੀ ਜਾਣੀ ਹੈ, ਜਿਸ ਤਹਿਤ ਚਾਹਵਾਨ ਨੌਜਵਾਨ ਪ੍ਰਾਰਥੀ ਦਫਤਰੀ ਕੰਮ-ਕਾਜ ਵਾਲੇ ਦਿਨਾਂ ਦਫਤਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਰਜਿਸਟਰੇਸ਼ਨ ਕਰਵਾ ਸਕਦੇ ਹਨ। ਸ੍ਰੀ ਰਾਜ ਸਿੰਘ ਪਲੇਸਮੈਂਟ ਅਫਸਰ ਨੇ ਦੱਸਿਆ ਕਿ ਬੀ.ਪੀ.ਓ. ਸੈਕਟਰ ਦੀ ਵੱਖ-ਵੱਖ ਕੰਪਨੀਆਂ 'ਚ ਕਸਟਮਰ ਕੇਅਰ ਐਗਜ਼ੈਕਟਿਵ ਦੀ ਆਸਾਮੀ ਲਈ ਵਿੱਦਿਅਕ ਯੋਗਤਾ 12ਵੀਂ ਪਾਸ, ਕਮਿਊਨੀਕੇਸ਼ਨ ਸਕਿੱਲ ਵਾਲੇ ਪ੍ਰਾਰਥੀਆਂ ਦੀ ਲੋੜ ਹੈ ਤੇ ਇਸ ਵਾਸਤੇ 0 ਤੋਂ 1 ਸਾਲ ਦਾ ਤਜਰਬਾ ਹੋਣਾ ਲਾਜ਼ਮੀ ਹੈ। ਆਈ.ਟੀ., ਆਊਟਸੋਰਸਿੰਗ ਸੈਕਟਰ ਵਿੱਚ 12ਵੀਂ ਪਾਸ ਤੇ ਗ੍ਰੈਜੂਏਸ਼ਨ (ਅਕਾਊਟਸ ਤੇ ਕਾਮਰਸ), ਸੀ.ਏ., ਮਾਸਟਰ ਇਨ ਇੰਗਲਿਸ਼, ਸਪੈਸ਼ਲਾਈਜ਼ਡ ਡਿਪਲੋਮਾ, ਐੱਲ.ਐੱਲ.ਬੀ. ਵਿੱਦਿਅਕ ਯੋਗਤਾ ਵਾਲੇ ਪ੍ਰਾਰਥੀਆਂ ਦੀ ਲੋੜ ਹੈ ਤੇ ਇਸ ਵਾਸਤੇ ਅਕਾਊਂਟਸ ਇੰਟਰਨੈਸ਼ਨਲ ਪ੍ਰੋਸੈੱਸ ਦਾ ਤਜਰਬਾ ਹੋਣਾ ਲਾਜ਼ਮੀ ਹੈ। ਵਧੇਰੇ ਜਾਣਕਾਰੀ ਲਈ ਮੋਬ. ਨੰ. 798-6115001, 9814543684, 8906022220 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਕਾਤਰਾਂ

### ਪੀ ਓ ਸਟਾਫ ਵੱਲੋਂ ਭਗੌੜਾ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਪੀ. ਓ. ਸਟਾਫ ਜ਼ਿਲ੍ਹਾ ਫਾਜ਼ਿਲਕਾ ਵੱਲੋਂ ਇੱਕ ਭਗੌੜੇ ਵਿਅਕਤੀ ਨੂੰ ਕਾਬੂ ਕੀਤਾ ਹੈ। ਪੀ. ਓ. ਸਟਾਫ ਇੰਚਾਰਜ਼ ਏ.ਐੱਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਸਿਟੀ ਫਾਜ਼ਿਲਕਾ ਵਿਖੇ ਮੁਕੱਦਮਾ ਨੰਬਰ 131 ਨੂੰ ਮਿਤੀ 29-08-2019 ਨੂੰ ਧਾਰਾ 21-61-85 ਐੱਨ.ਡੀ.ਪੀ.ਐਸ. ਐਕਟ ਤਹਿਤ ਬਲਜਿੰਦਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਮਾਧਵ ਨਗਰੀ ਗਲੀ ਨੰਬਰ 2 ਫਾਜ਼ਿਲਕਾ ਦੇ ਖਿਲਾਫ ਦਰਜ ਹੋਇਆ ਸੀ। ਇਸ ਨਾਮਜ਼ਦ ਵਿਅਕਤੀ ਬਲਜਿੰਦਰ ਸਿੰਘ ਨੂੰ ਉਪਰੋਕਤ ਪਰਚੇ ਦੇ ਸਬੰਧ ਵਿੱਚ ਮਾਣਯੋਗ ਅਦਾਲਤ ਵੱਲੋਂ 05 ਅਗਸਤ 2022 ਨੂੰ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਅੱਜ ਪੀ. ਓ. ਸਟਾਫ ਦੀ ਪੁਲਸ ਨੇ ਇਸ ਭਗੌੜੇ ਵਿਅਕਤੀ ਨੂੰ ਕਾਬੂ ਕੀਤਾ ਹੈ।

### ਕੌਂਸਲਰ ਪ੍ਰੇਮ ਕੁਮਾਰ ਸ੍ਰੀ ਲੋਕ ਕਲਿਆਣ ਸੇਵਾ ਸੰਮਤੀ ਦੇ ਪ੍ਰਧਾਨ ਬਣੇ



**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਸ਼ਹਿਰ ਦੀ ਸਮਾਜ ਸੇਵੀ ਸੰਸਥਾ ਸ੍ਰੀ ਲੋਕ ਕਲਿਆਣ ਸੇਵਾ ਸੰਮਤੀ ਦੀ ਮੀਟਿੰਗ ਸੰਸਥਾ ਦੇ ਆਗੂ ਕਸਤੂਰੀ ਲਾਲ ਦੀ ਅਗਵਾਈ ਹੇਠ ਹੋਈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂਆਂ ਨੇ ਦੱਸਿਆ ਕਿ ਮੀਟਿੰਗ ਦੌਰਾਨ ਸੰਸਥਾ ਦੀ ਸਰਬਸੰਮਤੀ ਨਾਲ ਕੀਤੀ ਗਈ ਨਵੀਂ ਚੋਣ 'ਚ ਕੌਂਸਲਰ ਪ੍ਰੇਮ ਕੁਮਾਰ ਗਰਗ ਨੂੰ ਪ੍ਰਧਾਨ, ਅੰਮ੍ਰਿਤਪਾਲ ਬਾਂਸਲ ਨੂੰ ਸਰਪ੍ਰਸਤ, ਰਾਜ ਕੁਮਾਰ ਗੋਇਲ ਨੂੰ ਕੈਸ਼ੀਅਰ, ਕਸਤੂਰੀ ਲਾਲ ਨੂੰ ਸਕੱਤਰ, ਅਸ਼ੋਕ ਕੁਮਾਰ ਸਿੰਗਲਾ ਨੂੰ ਪ੍ਰੋਜੈਕਟ ਚੇਅਰਮੈਨ, ਵਿੱਕੀ ਸਿੰਗਲਾ ਉੱਪ ਪ੍ਰਧਾਨ ਤੇ ਵਿਨੋਦ ਕੁਮਾਰ ਨੂੰ ਸਹਿ-ਸਕੱਤਰ ਚੁਣਿਆ ਗਿਆ। ਨਵ-ਨਿਯੁਕਤ ਪ੍ਰਧਾਨ ਸ੍ਰੀ ਗਰਗ ਨੇ ਕਿਹਾ ਕਿ ਉਹ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਦੇ ਸਹਿਯੋਗ ਨਾਲ ਸੰਸਥਾ ਦੇ ਮਾਟੋ 'ਮਾਨਵ ਸੇਵਾ-ਉੱਤਮ ਸੇਵਾ' ਅਨੁਸਾਰ ਇਲਾਕਾ ਨਿਵਾਸੀਆਂ ਦੀ ਸਹੂਲਤ ਅਨੁਸਾਰ ਅੱਖਾਂ, ਗੋਡਿਆਂ ਦੇ ਮੁਫਤ ਕੈਂਪ ਲਗਾਉਣ ਸਮੇਤ ਲੋੜੀਂਦੇ ਸਮਾਜ ਸੇਵੀ ਕਾਰਜ ਕੀਤੇ ਜਾਣਗੇ ਤੇ ਨਵੀਂ ਐਂਬੂਲੈਂਸ ਲਿਆਉਣ ਦਾ ਉਪਰਾਲਾ ਕੀਤਾ ਜਾਵੇਗਾ। ਸੰਸਥਾ ਦੇ ਸਮੂਹ ਮੈਂਬਰਾਂ ਤੇ ਅਹੁਦੇਦਾਰਾਂ ਨੇ ਹਰ ਪ੍ਰੋਜੈਕਟ ਲਈ ਹਮੇਸ਼ਾ ਵਾਂਗ ਅੱਗੇ ਹੋ ਕੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

### ਜਬਰ ਜਨਾਹ ਦੇ ਮਾਮਲੇ 'ਚ 20 ਸਾਲ ਦੀ ਕੈਦ ਤੇ 1 ਲੱਖ ਜੁਰਮਾਨਾ

**ਮਾਨਸਾ (ਰੀਤਵਾਲ)**-ਮਾਣਯੋਗ ਵਧੀਕ ਸੈਸ਼ਨ ਜੱਜ ਮੈਡਮ ਮਨਜੋਤ ਕੌਰ ਵੱਲੋਂ ਥਾਣਾ ਬਰੇਟਾ ਵੱਲੋਂ ਪੋਕਸੋ ਐਕਟ ਤਹਿਤ ਦਰਜ ਕੀਤੇ ਮੁਕੱਦਮੇ ਵਿੱਚ ਇੱਕ ਦੋਸ਼ੀ ਨੂੰ 20 ਸਾਲ ਦੀ ਸਜ਼ਾ ਤੇ 1 ਲੱਖ ਰੁਪਏ ਜੁਰਮਾਨਾ ਕੀਤਾ ਗਿਆ ਹੈ। ਮੁਦਈ (ਪੀੜਤ) ਧਿਰ ਦੇ ਵਕੀਲ ਰਣਵੀਰ ਸਿੰਘ ਸੋਮਲ ਨੇ ਦੱਸਿਆ ਕਿ ਉਨ੍ਹਾਂ ਦੇ ਕਲਾਇੰਟ ਵੱਲੋਂ ਇੱਕ ਮੁਕੱਦਮਾ ਜਬਰ ਜ਼ਨਾਹ ਤੇ ਪੋਕਸੋ ਐਕਟ ਤਹਿਤ ਦਰਜ ਕੀਤਾ ਗਿਆ ਸੀ, ਜਿਸ ਦੀ ਸੁਣਵਾਈ ਦੇ ਚਲਦਿਆਂ ਬੀਤੇ ਕੱਲ੍ਹ ਦੋਸ਼ ਤੈਅ ਹੋਣ ਤੋਂ ਬਾਅਦ ਅੱਜ ਸ੍ਰੀਮਤੀ ਮਨਜੋਤ ਕੌਰ ਦੀ ਅਦਾਲਤ ਨੇ ਮੁਦਈ ਧਿਰ ਦੇ ਵਕੀਲ ਰਣਵੀਰ ਸਿੰਘ ਸੋਮਲ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਦੋਸ਼ੀ ਨੂੰ 20 ਸਾਲ ਸਜ਼ਾ, 1 ਲੱਖ ਰੁਪਏ ਜੁਰਮਾਨਾ ਅਤੇ ਪੀੜਤਾ ਨੂੰ ਮੁਆਵਜ਼ਾ ਦੇਣ ਦਾ ਹੁਕਮ ਸੁਣਾਇਆ ਹੈ। ਉਨ੍ਹਾਂ ਕਿਹਾ ਕਿ ਉਹ ਮਾਣਯੋਗ ਅਦਾਲਤ ਦੇ ਇਸ ਫੈਸਲੇ ਦਾ ਧੰਨਵਾਦ ਕਰਦੇ ਹਨ।

### 'ਕੌਣ ਬਣੇਗਾ ਪਿਆਰੇ ਦਾ ਪਿਆਰਾ' ਪ੍ਰੋਗਰਾਮ ਅੱਜ

**ਬੁਢਲਾਡਾ (ਅਸ਼ੋਕ ਲਾਕੜਾ)**-ਜੀਵਨ ਜਾਚ ਚੈਰੀਟੇਬਲ ਸੁਸਾਇਟੀ ਸਿੱਧੂਵਾਲ (ਪਟਿਆਲਾ) ਵੱਲੋਂ 1 ਅਕਤੂਬਰ ਨੂੰ ਕਰਵਾਏ ਜਾ ਰਹੇ ਪ੍ਰੋਗਰਾਮ 'ਕੌਣ ਬਣੇਗਾ ਪਿਆਰੇ ਦਾ ਪਿਆਰਾ' ਦੇ ਬੁਢਲਾਡਾ ਵਿਖੇ ਕਰਵਾ ਰਹੀ ਸੰਸਥਾ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਦੀ ਮੀਟਿੰਗ ਸੰਸਥਾ ਦੇ ਮੁਖੀ ਮਾਸਟਰ ਕੁਲਵੰਤ ਸਿੰਘ ਦੀ ਅਗਵਾਈ ਹੇਠ ਹੋਈ। ਇਸ ਪ੍ਰਤੀਯੋਗਤਾ ਸਬੰਧੀ ਜਾਣਕਾਰੀ ਦਿੰਦੇ ਹੋਏ ਉਨ੍ਹਾ ਦੱਸਿਆ ਕਿ ਬੱਚਿਆਂ ਨੂੰ ਚੰਗੀ ਜੀਵਨ ਜਾਚ ਸਿਖਾਉਣ ਤੇ ਨੈਤਿਕ ਗੁਣਾਂ ਲਈ ਇਹ ਇਕ ਬਹੁਤ ਵਧੀਆ ਉਪਰਾਲਾ ਹੈ, ਜਿਸ ਵਿੱਚ ਚਾਰ ਸੌ ਤੋਂ ਵੱਧ ਬੱਚੇ ਭਾਗ ਲੈ ਰਹੇ ਹਨ। ਇਸ ਮੁਕਾਬਲੇ ਵਿੱਚ 9 ਸਾਲ ਤੋਂ ਲੈ ਕੇ 90 ਸਾਲ ਤੱਕ ਵਿਅਕਤੀਆਂ ਲਈ ਦੋ ਗਰੁੱਪਾਂ ਵਿੱਚ ਪੇਪਰ ਹੋਵੇਗਾ। ਇਹ ਸਾਰਾ ਪ੍ਰੋਗਰਾਮ ਬੱਸ ਸਟੈਂਡ ਦੇ ਨੇੜੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਹੋਵੇਗਾ। ਬੱਚਿਆਂ ਨੂੰ ਸਰਟੀਫਿਕੇਟ ਤੇ ਇਨਾਮ ਵੀ ਦਿੱਤੇ ਜਾਣਗੇ।

### ਪੁਰਾਣੀ ਪੈਨਸ਼ਨ ਬਹਾਲੀ ਲਈ ਦਸ ਮੈਂਬਰੀ ਕਮੇਟੀ ਦਾ ਗਠਨ

**ਧੂਰੀ (ਸੁਖਦੇਵ ਧੂਰੀ)**-ਪੀ ਐੱਸ ਪੀ ਸੀ ਐੱਲ ਉਪ-ਮੰਡਲ ਰੰਗੀਆਂ ਦੇ ਸਮੂਹ ਮੁਲਾਜ਼ਮਾਂ ਦੀ ਇਕ ਵਿਸ਼ੇਸ਼ ਮੀਟਿੰਗ ਪੁਰਾਣੀ ਪੈਨਸ਼ਨ ਬਹਾਲੀ ਦੇ ਸੰਬੰਧ ਵਿੱਚ ਹੋਈ। ਮੀਟਿੰਗ ਵਿੱਚ ਨੈਸ਼ਨਲ ਪੈਨਸ਼ਨ ਸਕੀਮ ਹੰਢਾਉਂਦੇ ਪੀ ਐੱਸ ਪੀ ਸੀ ਐੱਲ ਦੇ ਸਮੂਹ ਮੁਲਾਜ਼ਮ ਸ਼ਾਮਲ ਹੋਏ। ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਨੈਸ਼ਨਲ ਪੈਨਸ਼ਨ ਸਕੀਮ ਅਧੀਨ ਆ ਰਹੇ ਪੰਜਾਬ ਸਰਕਾਰ ਤੇ ਕਾਰਪੋਰੇਸ਼ਨਾਂ ਦੇ ਮੁਲਾਜ਼ਮਾਂ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਕਰਵਾਉਣ ਲਈ ਲੜੇ ਜਾ ਰਹੇ ਸੰਘਰਸ਼ ਵਿੱਚ ਪੀ.ਐੱਸ.ਪੀ.ਸੀ.ਐੱਲ. ਦੇ ਮੁਲਾਜ਼ਮਾਂ ਵੱਲੋਂ ਵਧ ਚੜ੍ਹ ਕੇ ਹਮਾਇਤ ਕੀਤੀ ਜਾਵੇਗੀ। ਇਸ ਸੰਬੰਧੀ ਰੰਗੀਆਂ ਸਬ ਡਵੀਜ਼ਨ ਅਧੀਨ ਮੁਲਾਜ਼ਮਾਂ ਦੀ 10 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਵਿੱਚ ਅਮਨਦੀਪ ਕਾਂਸਲ ਧੂਰੀ, ਸੁਖਜੀਤ ਸਿੰਘ ਰਣੀਕੇ, ਜਸਬੀਰ ਸਿੰਘ ਹਸਨਪੁਰ, ਦਵਿੰਦਰ ਸਿੰਘ ਖੰਗੂੜਾ, ਪੁੰਨਾਵਾਲ ਮਨਦੀਪ ਸਿੰਘ ਮਾਨਸਾ, ਜਸਵਿੰਦਰ ਸਿੰਘ ਅਲਾਲ, ਜਗਜੀਤ ਸਿੰਘ ਰਾਜੋਮਾਜਰਾ, ਅਮਨਦੀਪ ਸਿੰਘ ਪੁੰਨਾਵਾਲ, ਗੁਰਪ੍ਰੀਤ ਸਿੰਘ ਲੱਡਾ, ਨਰਿੰਦਰਪਾਲ ਸਿੰਘ ਬਾਲੀਆਂ ਮੈਂਬਰ ਲਏ ਗਏ। ਪ੍ਰੈੱਸ ਨੂੰ ਇਹ ਜਾਣਕਾਰੀ ਅਮਨਦੀਪ ਕਾਂਸਲ ਨੇ ਦਿੱਤੀ।

### ਪਟਾਕਿਆਂ ਦੀ ਵਿਕਰੀ ਲਈ ਅਰਜ਼ੀਆਂ 3 ਤੋਂ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਸ਼ੇਰਗਿੱਲ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਵੱਲੋਂ ਸਿਵਲ ਰਿਟ ਪਟੀਸ਼ਨ ਨੰਬਰ 23548 ਆਫ 2017 ਅਨੁਸਾਰ ਇਹ ਹੁਕਮ ਜਾਰੀ ਕੀਤੇ ਹਨ ਕਿ ਦੀਵਾਲੀ/ਗੁਰਪੁਰਬ ਤਿਉਹਾਰ ਦੇ ਮੱਦੇਨਜ਼ਰ, ਜੋ ਵਿਅਕਤੀ ਪਟਾਕਿਆਂ ਦੀ ਵਿੱਕਰੀ ਲਈ ਆਰਜ਼ੀ ਲਾਇਸੰਸ ਲੈਣ ਦੇ ਚਾਹਵਾਨ ਆਪਣੀ ਦਰਖਾਸਤ (ਸਮੇਤ ਅਧਾਰ ਕਾਰਡ, ਦੋ ਪਾਸਪੋਰਟ ਸਾਈਜ਼ ਫੋਟੋਆਂ ਤੇ ਪਟਾਕਿਆਂ ਦੀ ਵਿੱਕਰੀ ਲਈ ਸਬ ਡਵੀਜ਼ਨ ਦਾ ਨਾਂ) ਸਮੇਤ ਫੀਸ 200/- ਪ੍ਰਤੀ ਐਪਲੀਕੇਸ਼ਨ 3 ਅਕਤੂਬਰ ਤੋਂ 10 ਅਕਤੂਬਰ 2022 ਤੱਕ ਸਵੇਰੇ 10.00 ਵਜੇ ਤੋਂ 3.00 ਵਜੇ ਤੱਕ (ਕੰਮ ਵਾਲੇ ਦਿਨਾਂ ਦੌਰਾਨ) ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਤਹਿਗੜ੍ਹ ਸਾਹਿਬ ਵਿਖੇ ਲਗਾਏ ਗਏ ਕਾਊਂਟਰ ਵਿਖੇ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਲਾਟਰੀ ਡਰਾਅ ਸਿਸਟਮ ਰਾਹੀਂ ਡਰਾਅ 17 ਅਕਤੂਬਰ 2022 ਨੂੰ ਸਵੇਰੇ 11.30 ਵਜੇ ਬਚਤ ਭਵਨ ਫਤਹਿਗੜ੍ਹ ਸਾਹਿਬ ਵਿਖੇ ਕੱਢਿਆ ਜਾਵੇਗਾ। ਡਰਾਅ ਨਿਕਲਣ ਵਾਲੇ ਵਿਅਕਤੀ ਨੂੰ ਹੀ ਪਟਾਕੇ ਵੇਚਣ ਦਾ ਆਰਜੀ ਲਾਇਸੰਸ ਜਾਰੀ ਕੀਤਾ ਜਾਵੇਗਾ ਤੇ ਸੰਬੰਧਤ ਵਿਅਕਤੀ ਪ੍ਰਸ਼ਾਸਨ ਵੱਲੋਂ ਨਿਰਧਾਰਤ ਜਗ੍ਹਾ 'ਤੇ ਹੀ ਪਟਾਕਿਆਂ ਦੀ ਵਿਕਰੀ ਕਰ ਸਕੇਗਾ।

# ਜ਼ਿਲ੍ਹਾ ਪ੍ਰਸ਼ਾਸਨ ਤੇ ਉਲੰਪਿਕ ਐਸੋਸੀਏਸ਼ਨ ਵੱਲੋਂ ਖਿਡਾਰਨਾਂ ਦਾ ਸਨਮਾਨ



ਤੂਤ ਸਕੂਲ ਦੀਆਂ ਖਿਡਾਰਨਾਂ ਦਾ ਸਨਮਾਨ ਕਰਦੇ ਹੋਏ ਏ ਡੀ ਸੀ ਸਾਗਰ ਸੇਤੀਆ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੇਟੀ ਬਚਾਓ, ਬੇਟੀ ਪੜ੍ਹਾਓ ਤੇ ਜ਼ਿਲ੍ਹਾ ਉਲੰਪਿਕ ਐਸੋਸੀਏਸ਼ਨ ਤਹਿਤ ਏਡੀਸੀ ਡਿਵੈਲਪਮੈਂਟ ਸਾਗਰ ਸੇਤੀਆ ਆਈਏਐੱਸ ਵੱਲੋਂ ਤੂਤ ਸਕੂਲ ਦੀਆਂ 60 ਹੈਂਡਬਾਲ ਖਿਡਾਰਨਾਂ ਨੂੰ 60 ਹੈਂਡਬਾਲ ਤੇ ਸਪੋਰਟਸ ਕਿੱਟਾਂ ਪ੍ਰਦਾਨ ਕੀਤੀਆਂ ਗਈਆਂ। ਏਡੀਸੀ ਸਾਗਰ ਸੇਤੀਆ ਨੇ ਦੱਸਿਆ ਕਿ ਤੂਤ ਸਕੂਲ ਦੀਆਂ ਖਿਡਾਰਨਾਂ ਵੱਲੋਂ ਪਿਛਲੇ 14-15 ਸਾਲਾਂ ਤੋਂ ਲਗਾਤਾਰ ਰਾਜ ਪੱਧਰ ਤੇ ਨੈਸ਼ਨਲ ਪੱਧਰ 'ਤੇ ਹੈਂਡਬਾਲ ਖੇਡ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਅਤੇ ਭਵਿੱਖ ਵਿੱਚ ਹੋਰ ਵਧੀਆ ਢੰਗ ਨਾਲ ਤਿਆਰੀ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਤੇ ਉਲੰਪਿਕ ਐਸੋਸੀਏਸ਼ਨ ਵੱਲੋਂ ਬੱਚੀਆਂ ਨੂੰ ਇਹ ਸਨਮਾਨ ਦਿੱਤਾ ਗਿਆ ਹੈ। ਉਨ੍ਹਾਂ ਖਿਡਾਰਨਾਂ ਨੂੰ ਕੋਚਿੰਗ ਦੇ ਰਹੇ ਜਸਵੀਰ ਸਿੰਘ ਸਾਇੰਸ ਮਾਸਟਰ ਸਟੇਟ ਐਵਾਰਡੀ, ਜਗਮੀਤ ਸਿੰਘ ਹੈਂਡਬਾਲ ਕੋਚ ਤੇ ਗੁਰਪ੍ਰੀਤ ਸਿੰਘ ਡੀਪੀਈ ਦੀ ਕੀਤੀ ਜਾ ਰਹੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ। ਨੈਸ਼ਨਲ ਪੱਧਰ ਦੀਆਂ ਖਿਡਾਰਨਾਂ ਨੇ ਵਿਸ਼ੇਸ਼ ਤੌਰ 'ਤੇ ਏਡੀਸੀ ਫਿਰੋਜ਼ਪੁਰ ਸਾਗਰ ਸੇਤੀਆ, ਗੌਰਵ ਕੁਮਾਰ ਗੋਡਰ ਏਡੀਸੀ ਫਿਰੋਜ਼ਪੁਰ, ਚਕਮੌਰ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ, ਮੈਡਮ ਅਮਿੰਦਰ ਵੀਰ ਕੌਰ ਡੀ ਐੱਸ ਓ ਫਿਰੋਜ਼ਪੁਰ, ਰਾਜਪਾਲ ਸਿੰਘ ਪ੍ਰਧਾਨ ਹੈਂਡਬਾਲ ਐਸੋਸੀਏਸ਼ਨ ਫਿਰੋਜ਼ਪੁਰ, ਲਖਵਿੰਦਰ ਸਿੰਘ ਲੱਖਾ, ਗੁਰਮੀਤ ਸਿੰਘ ਪ੍ਰਧਾਨ ਰੋਟਰੀ ਕਲੱਬ ਤੂਤ, ਸਕੂਲ ਮੁਖੀ ਮੈਡਮ ਮਨਦੀਪ ਕੌਰ, ਕੋਚ ਜਸਵੀਰ ਸਿੰਘ, ਜਗਮੀਤ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ ਤੇ ਸਮੂਹ ਸਕੂਲ ਸਟਾਫ ਪੂਜਾ, ਗੀਤੂ, ਮੀਨੂ, ਵੀਰਪਾਲ ਕੌਰ ਆਦਿ ਦਾ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ।

# ਬੀਰਪ੍ਰਤਾਪ ਸਿੰਘ ਨਗਰ ਪੰਚਾਇਤ ਕੋਟ ਈਸੇ ਖਾਂ ਦੇ ਬ੍ਰਾਂਡ ਅੰਬੈਸਡਰ ਨਿਯੁਕਤ



**ਕੋਟ ਈਸੇ ਖਾਂ (ਅਰੋੜਾ)**-ਦਫ਼ਤਰ ਨਗਰ ਪੰਚਾਇਤ ਕੋਟ ਈਸੇ ਖਾਂ ਵੱਲੋਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜਾਰੀ ਸਵੱਛ ਭਾਰਤ ਮਿਸ਼ਨ ਦੀਆਂ ਗਤੀਵੀਧਿਆਂ ਦੀ ਲਗਾਤਾਰਤਾ ਵਿੱਚ ਚੱਲ ਰਹਾ ਸਵੱਛਤਾ ਸਰਵੇਖਣ 2023 ਸ਼ੁਰੂ ਹੋਣ ਜਾ ਰਿਹਾ ਹੈ। ਇਸ ਸਰਵੇਖਣ ਨਾਲ ਪੂਰੇ ਭਾਰਤ ਵਿੱਚ ਕੋਟ ਈਸੇ ਖਾਂ ਸ਼ਹਿਰ ਦੀ ਸਵੱਛਤਾ ਰੈਕਿੰਗ ਵੀ ਤਹਿ ਹੋਵੇਗੀ। ਸਵੱਛ ਭਾਰਤ ਦੇ ਤਹਿਤ ਇਸ ਕੰਮ ਨੂੰ ਸਫ਼ਲ ਬਣਾਉਣ ਲਈ ਸਵੱਛ ਸਰਵੇਖਣ ਦਾ ਪ੍ਰਚਾਰ ਪ੍ਰਸਾਰ ਕਰਨ ਲਈ ਨਗਰ ਪੰਚਾਇਤ, ਕੋਟ ਈਸੇ ਖਾਂ ਵੱਲੋਂ ਬੀਰਪ੍ਰਤਾਪ ਸਿੰਘ (ਰਿਟਾਇਰਡ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ) ਨੂੰ ਸਵੱਛਤਾ ਬ੍ਰਾਂਡ ਅੰਬੈਸਡਰ ਨਿਯੁਕਤ ਕੀਤਾ ਗਿਆ ਹੈ, ਜਿਨ੍ਹਾਂ ਨੇ ਸ਼ਹਿਰ ਕੋਟ ਈਸੇ ਖਾਂ ਦੇ ਵੱਖ-ਵੱਖ ਵਾਰਡਾਂ ਦੇ ਲੋਕਾਂ ਨੂੰ ਜਾਗਰੂਕ ਤੇ ਪ੍ਰੇਰਿਤ ਕਰਨ ਲਈ ਅਤੇ ਉਕਤ ਮੰਤਵ ਲਈ ਨਗਰ ਪੰਚਾਇਤ, ਕੋਟ ਈਸੇ ਖਾਂ ਨੂੰ ਸਹਿਯੋਗ ਦੇਣ ਦਾ ਮੁੱਖ ਟੀਚਾ ਰੱਖਿਆ ਹੈ।

# ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਕੀਤੇ ਜਾ ਰਹੇ ਹਨ ਵਿਸ਼ੇਸ਼ ਉਪਰਾਲੇ : ਡਾ. ਬਲਜੀਤ ਕੌਰ

■ ਸੂਫ਼ੀ ਕਲਾਕਾਰ ਕੰਵਰ ਗਰੇਵਾਲ ਤੇ ਵਿੱਕੀ ਨੇ ਦਿਖਾਏ ਗਾਇਕੀ ਦੇ ਜੌਹਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਖੇਡਾਂ ਜਿੱਥੇ ਨੌਜਵਾਨ ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਕਰਦੀਆਂ ਹਨ, ਉੱਥੇ ਹੀ ਉਹ ਖੇਡਾਂ ਰਾਹੀਂ ਆਪਣੇ ਮਾਤਾ-ਪਿਤਾ ਤੇ ਦੇਸ਼ ਦਾ ਨਾਮ ਵੀ ਚਮਕਾ ਸਕਦੇ ਹਨ। ਖੇਡਾਂ ਨੌਜਵਾਨਾਂ ਦੇ ਸਰੀਰਕ ਤੇ ਮਾਨਸਿਕ ਪੱਧਰ ਨੂੰ ਉੱਚਾ ਚੁੱਕਣ ਵਿੱਚ ਸਹਾਈ ਸਿੱਧ ਹੁੰਦੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸਥਾਨਕ ਬਹੁ-ਮੰਤਵੀ ਖੇਡ ਸਟੇਡੀਅਮ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈਆਂ ਜਾ ਰਹੀਆਂ ਬਠਿੰਡਾ ਰੂਰਲ ਓਲੰਪਿਕਸ-2022 ਦਾ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਡਵੀਜ਼ਨਲ ਕਮਿਸ਼ਨਰ ਫਰੀਦਕੋਟ ਸ੍ਰੀ ਚੰਦਰ ਗੈਂਦ, ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ, ਜ਼ਿਲ੍ਹਾ ਪੁਲਸ ਮੁਖੀ ਸ੍ਰੀ ਜੇ. ਇਲਨਚੇਲੀਅਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈਆਂ ਜਾ ਰਹੀਆਂ ਇਨ੍ਹਾਂ ਖੇਡਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਸਹਾਈ ਸਿੱਧ ਹੋਣਗੀਆਂ। ਉਨ੍ਹਾ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ 'ਚ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ, ਖੇਡ ਸਰਗਰਮੀਆਂ ਵਿੱਚ ਮਹੱਤਵਪੂਰਨ ਸਥਾਨ ਤੇ ਅਹਿਮ ਕਿਰਦਾਰ ਨਿਭਾਉਂਦੀਆਂ ਹਨ। ਇਸ ਮੌਕੇ ਉਨ੍ਹਾ ਸਥਾਨਕ ਬਹੁ-ਮੰਤਵੀਂ ਖੇਡ ਸਟੇਡੀਅਮ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ 'ਤੇ ਰੱਖਣ ਤੇ ਇਨਡੋਰ ਸਟੇਡੀਅਮ ਬਣਾਉਣ ਦਾ ਵੀ ਐਲਾਨ ਕੀਤਾ।

ਸਮਾਗਮ ਦੌਰਾਨ ਪ੍ਰਸਿੱਧ ਪੰਜਾਬੀ ਲੋਕ ਗਾਇਕ ਵਿੱਕੀ ਤੇ ਸੂਫ਼ੀ ਗਾਇਕ ਕੰਵਰ ਗਰੇਵਾਲ ਵੱਲੋਂ ਆਪਣੇ ਫਨ ਦਾ ਮੁਜ਼ਾਹਰਾ ਕਰਕੇ ਸਰੋਤਿਆਂ ਦਾ ਮਨੋਰੰਜਨ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਗੀਤਕਾਰ ਕਪਤਾਨ ਬਠਿੰਡੇ ਵਾਲੇ ਤੇ ਗਾਇਕ ਹਰਸਿਮਰਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ੍ਰੀ ਅੰਮ੍ਰਿਤ ਲਾਲ ਅਗਰਵਾਲ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਰਾਹੁਲ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਮੈਡਮ ਲਵਜੀਤ, ਕਮਿਸ਼ਨਰ ਨਗਰ ਨਿਗਮ ਮੈਡਮ ਪਲਵੀ, ਸਹਾਇਕ ਕਮਿਸ਼ਨਰ ਸ਼ਿਕਾਇਤਾਂ ਸ. ਸਾਰੰਗਪ੍ਰੀਤ ਸਿੰਘ ਔਜਲਾ ਤੇ ਜ਼ਿਲ੍ਹੇ ਨਾਲ ਸਬੰਧਤ ਸਮੂਹ ਐੱਸ ਡੀ ਐੱਮਜ਼, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਆਦਿ ਤੋਂ ਇਲਾਵਾ ਆਮ ਲੋਕ ਹਾਜ਼ਰ ਸਨ।

# ਨਰੇਸ਼ ਜਿੰਦਲ ਪੰਜਾਬ ਵਿਉਪਾਰ ਮੰਡਲ ਦੇ ਉਪ ਪ੍ਰਧਾਨ ਨਿਯੁਕਤ



**ਜੈਤੋ (ਸਤੀਸ਼ ਕੁਮਾਰ ਭੀਰੀ)**

ਪੰਜਾਬ ਪ੍ਰਦੇਸ਼ ਵਿਉਪਾਰ ਮੰਡਲ ਦੇ ਪ੍ਰਧਾਨ ਅਮਿਤ ਕਪੂਰ ਵੱਲੋਂ ਬਾਲਾ ਜੀ ਆਇਲ ਮਿੱਲ ਦੇ ਐਮ ਡੀ ਨਰੇਸ਼ ਜਿੰਦਲ ਨੂੰ ਪੰਜਾਬ ਪ੍ਰਦੇਸ਼ ਵਿਉਪਾਰ ਮੰਡਲ ਦਾ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ। ਨਰੇਸ਼ ਜਿੰਦਲ ਨੇ ਕਿਹਾ ਕਿ ਉਹ ਸੌਂਪੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਵਿਉਪਾਰੀ ਵਰਗ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਸਮਝਦੇ ਹੋਏ ਪਿੱਛੇ ਨਹੀਂ ਹਟਣਗੇ। ਜਿੰਦਲ ਨੇ ਕਿਹਾ ਕਿ ਵਿਉਪਾਰ ਮੰਡਲ ਦਾ ਮੁੱਖ ਕੰਮ ਵਿਉਪਾਰੀਆਂ ਨੂੰ ਕਾਰੋਬਾਰ ਕਰਨ ਵਿੱਚ ਆਉਣ ਵਾਲੀਆਂ ਔਕੜਾਂ ਪ੍ਰੇਸ਼ਾਨੀਆਂ ਤੋਂ ਰੱਖਿਆ ਕਰਨਾ ਹੈ।

ਵਿਉਪਾਰੀਆਂ ਨੂੰ ਦਿੱਤੇ ਸੰਦੇਸ਼ ਵਿੱਚ ਨਰੇਸ਼ ਜਿੰਦਲ ਨੇ ਕਿਹਾ ਕਿ ਸਾਨੂੰ ਸ਼ੁੱਧ ਤੇ ਸਾਫ ਸੁਥਰਾ ਸਾਮਾਨ ਖਰੀਦਣ ਅਤੇ ਵੇਚਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੁ ਇੱਕ ਚੰਗੇ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਸ਼ਹਿਰ ਦੇ ਕੁਲਭੂਸ਼ਨ ਮਹੇਸ਼ਵਰੀ, ਭੀਮ ਜਿੰਦਲ, ਸੋਨੂੰ ਵਰਮਾ, ਸੱਤਪਾਲ ਜਿੰਦਲ ਆਦਿ ਉਦਯੋਗਪਤੀ ਨਰੇਸ਼ ਜਿੰਦਲ ਦੀ ਨਿਯਕਤੀ ਸਮੇਂ ਹਾਜ਼ਰ ਸਨ।

# ਨੈਸ਼ਨਲ ਕਾਲਜ ਵਿਖੇ ਵਿਸ਼ਵ ਹਲਕਾਅ ਰੋਕੂ ਦਿਵਸ ਮਨਾਇਆ

**ਭੀਖੀ (ਧਰਮਵੀਰ ਸ਼ਰਮਾ)**

ਸਿਹਤ ਵਿਭਾਗ ਵੱਲੋਂ ਸਿਵਲ ਸਰਜਨ ਮਾਨਸਾ ਡਾ. ਹਰਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੱਧਰੀ ਵਿਸ਼ਵ ਹਲਕਾਅ ਦਿਵਸ ਨੈਸ਼ਨਲ ਕਾਲਜ ਭੀਖੀ ਵਿਖੇ ਮਨਾਇਆ ਗਿਆ। ਇਸ ਮੌਕੇ ਨੈਸ਼ਨਲ ਰੈਬੀਜ ਕੰਟਰੋਲ ਪ੍ਰੋਗਰਾਮ ਦੇ ਨੋਡਲ ਅਫਸਰ ਐਪੀਡੀਮੈਲੋਜਿਸਟ ਸੰਤੋਸ਼ ਭਾਰਤੀ ਨੇ ਦੱਸਿਆ ਕਿ ਜਦੋਂ ਵੀ ਕਿਸੇ ਵਿਅਕਤੀ ਨੂੰ ਜਾਨਵਰ ਕੱਟ-ਵੱਢ ਲਵੇ ਜਾਂ ਖਰੋਚਾ ਮਾਰ ਦੇਵੇ ਤਾਂ ਉਸ ਨੂੰ ਅਣਦੇਖਾ ਨਹੀਂ ਕਰਨਾ ਚਾਹੀਦਾ ਤੇ ਤੁਰੰਤ ਨੇੜੇ ਦੇ ਸਿਹਤ ਕੇਂਦਰ ਵਿੱਚ ਜਾ ਕੇ ਇਲਾਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਜਾਨਵਰਾਂ ਦੇ ਕੱਟੇ ਦਾ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਹੈਲਥ ਸੁਪਰਵਾਇਜ਼ਰ ਰਾਮ ਕੁਮਾਰ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪਾਲਤੂ ਪਸ਼ੂ ਰੱਖੇ ਹੋਏ ਹਨ, ਉਨ੍ਹਾਂ ਦਾ ਸਮੇਂ-ਸਮੇਂ 'ਤੇ ਲੋੜੀਂਦਾ ਟੀਕਾਕਰਨ ਕਰਵਾਉਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜੇਕਰ ਫਿਰ ਵੀ ਕਿਸੇ ਵਿਅਕਤੀ ਨੂੰ ਜਾਨਵਰ ਵੱਢ ਲਵੇ ਤਾਂ ਜ਼ਖ਼ਮ ਨੂੰ ਤੁਰੰਤ ਸਾਬਣ ਤੇ ਚਲਦੇ ਪਾਣੀ ਨਾਲ ਪੰਦਰਾਂ ਮਿੰਟ ਤੱਕ ਧੋਣਾ ਚਾਹੀਦਾ ਹੈ। ਇਸ ਤੋਂ ਇਲਾਵਾ ਜ਼ਖ਼ਮ ਨੂੰ ਮੌਕੇ 'ਤੇ ਉਪਲਬਧ ਆਇਓਡੀਨ, ਸਪਿਰਟ ਜਾਂ ਘਰ ਵਿੱਚ ਉਪਲੱਬਧ ਐਂਟੀਸੈਪਟਿਕ ਨਾਲ ਰੋਗਾਣੂ ਮੁਕਤ ਕਰਨਾ ਚਾਹੀਦਾ ਹੈ ਅਤੇ ਬਿਨਾਂ ਕਿਸੇ ਦੇਰੀ ਤੋਂ ਆਪਣੇ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾਉਣਾ ਚਾਹੀਦਾ ਹੈ।

ਇਸ ਮੌਕੇ ਪ੍ਰੋ. ਸ਼ੰਟੀ ਕੁਮਾਰ, ਪ੍ਰੋ. ਗੁਰਸੇਵਕ ਸਿੰਘ, ਪ੍ਰੋ. ਦੀਪਕ ਜਿੰਦਲ, ਪ੍ਰੋ. ਵਿਕਰਮਜੀਤ ਕੌਰ, ਪ੍ਰੋ. ਕੁਲਦੀਪ ਸਿੰਘ, ਗੁਰਜੰਟ ਸਿੰਘ ਏ.ਐੱਮ.ਓ. ਤੇ ਗੁਰਦੀਪ ਸਿੰਘ ਐੱਸ ਆਈ ਵੀ ਮੌਜੂਦ ਸਨ।

# ਪ੍ਰੈੱਸ ਕਲੱਬ ਵੱਲੋਂ ਤ੍ਰਿਵੈਣੀ ਮੁਹਿੰਮ ਜ਼ੋਰਾਂ 'ਤੇ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**

ਪ੍ਰੈੱਸ ਕਲੱਬ ਅਜਿਹੀ ਸੰਸਥਾ ਹੈ, ਜੋ ਲੋਕ ਸਮੱਸਿਆਵਾਂ ਨੂੰ ਸਰਕਾਰਾਂ ਤੱਕ ਪੁਚਾ ਕੇ ਹੱਲ ਕਰਾਉਣ ਦੇ ਨਾਲ-ਨਾਲ ਸਮਾਜ ਸੇਵਾ ਦੇ ਕਾਰਜਾਂ ਲਈ ਅਹਿਮ ਯੋਗਦਾਨ ਪਾ ਰਹੀ ਹੈ। ਪਿਛਲੇ ਸਾਲ ਹੋਈ ਕੁਦਰਤੀ ਕਰੋਪੀ ਸਮੇਂ ਆਕਸੀਜਨ ਦੀ ਘਾਟ ਕਾਰਨ ਅਨੇਕਾਂ ਕੀਮਤੀ ਜਾਨਾਂ ਸਾਡੇ ਕੋਲੋਂ ਸਦਾ ਲਈ ਚਲੀਆਂ ਗਈਆਂ। ਇਨ੍ਹਾਂ ਅਣਹੋਣੀਆਂ ਨੂੰ ਦੇਖਦੇ ਹੋਏ ਪ੍ਰੈੱਸ ਕਲੱਬ ਵੱਲੋਂ ਪਿੰਡ-ਪਿੰਡ ਤ੍ਰਿਵੈਣੀਆਂ ਲਵਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਸੀ, ਜੋ ਹੁਣ ਵੀ ਚੇਅਰਮੈਨ ਅਵਤਾਰ ਸਿੰਘ ਅਣਖੀ ਦੀ ਅਗਵਾਈ ਵਿੱਚ ਸਮੁੱਚੀ ਟੀਮ ਦੇ ਸਹਿਯੋਗ ਨਾਲ ਜ਼ੋਰਾਂ 'ਤੇ ਚੱਲ ਰਹੀ ਹੈ। ਪਿਛਲੇ ਦਿਨੀਂ ਵੀ ਇਸੇ ਲੜੀ ਤਹਿਤ ਟੱਲੇਵਾਲ, ਹਿੰਮਤਪੁਰਾ, ਗਰਿੱਡ ਠੀਕਰੀਵਾਲ, ਮਾਛੀਕੇ ਆਦਿ ਪਿੰਡਾਂ ਵਿੱਚ ਵੱਖ-ਵੱਖ ਥਾਂਵਾਂ 'ਤੇ ਤ੍ਰਿਵੈਣੀਆਂ ਅਤੇ ਹੋਰ ਬੂਟੇ ਲਾਏ ਗਏ। ਵਾਤਾਵਰਣ ਦੀ ਸ਼ੁੱਧਤਾ ਲਈ ਪੰਜਾਬ ਨੂੰ ਹਰਾ-ਭਰਾ ਬਣਾਉਣ ਪ੍ਰੈੱਸ ਕਲੱਬ ਦੇ ਸਾਰੇ ਅਹੁਦੇਦਾਰ ਤੇ ਮੈਂਬਰ ਸਿਰਤੋੜ ਯਤਨ ਕਰ ਰਹੇ ਹਨ।

ਇਸ ਸ਼ੁਭ ਕੰਮ ਵਿੱਚ ਉੱਘੇ ਲੇਖਕ ਸਿਕੰਦਰ ਸਿੰਘ ਟੱਲੇਵਾਲ, ਜੇਈ ਗੁਰਲਾਲ ਸਿੰਘ, ਗੁਰਜੰਟ ਸਿੰਘ, ਅਮਰਜੀਤ ਸਿੰਘ, ਗੁਰਚਰਨ ਸਿੰਘ, ਹਰਜਿੰਦਰ ਸਿੰਘ, ਸੰਦੀਪ ਸਿੰਘ, ਵਿਜੈ ਕੁਮਾਰ, ਮੇਹਰ ਸਿੰਘ, ਗੁਰਮੀਤ ਸਿੰਘ, ਸੰਤੋਖ ਸਿੰਘ ਟੱਲੇਵਾਲ, ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਆਗੂ ਸਰਬਜੀਤ ਸਿੰਘ ਮਾਛੀਕੇ, ਬੇਅੰਤ ਸਿੰਘ ਬੰਟੀ ਹਿੰਮਤਪੁਰਾ ਆਦਿ ਸ਼ਖ਼ਸੀਅਤਾਂ ਦਾ ਵਿਸ਼ੇਸ਼ ਯੋਗਦਾਨ ਰਿਹਾ।

# ਸਰਕਾਰੀ ਹਾਈ ਸਕੂਲ 'ਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ



**ਭਗਤਾ ਭਾਈ ਕਾ (ਰਾਜੀਵ ਗੋਇਲ)**

ਪਿੰਡ ਰਾਜਗੜ੍ਹ ਦੇ ਸਰਕਾਰੀ ਹਾਈ ਸਕੂਲ ਵਿਖੇ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ 115ਵਾਂ ਜਨਮ ਦਿਹਾੜਾ ਮਨਾਇਆ ਗਿਆ। ਸਮਾਗਮ ਦੀ ਅਗਵਾਈ ਪ੍ਰਿੰਸੀਪਲ ਮਨਦੀਪ ਸਿੰਘ ਵੱਲੋਂ ਕੀਤੀ ਗਈ। ਸਵੇਰ ਦੀ ਸਭਾ ਵਿੱਚ ਸਿਮਰਜੀਤ ਕੌਰ ਅਧਿਆਪਕਾ, ਗੁਰਿੰਦਰ ਸਿੰਘ ਤੇ ਪ੍ਰਦੀਪ ਸਿੰਘ ਵੱਲੋਂ ਬੱਚਿਆਂ ਨੂੰ ਸ਼ਹੀਦ ਭਗਤ ਸਿੰਘ ਦੇ ਜੀਵਨ ਬਾਰੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੇ ਅਸੂਲਾਂ ਨੂੰ ਜ਼ਿੰਦਗੀ ਵਿੱਚ ਅਪਨਾਏ ਜਾਣ ਸੰਬੰਧੀ ਸੰਬੋਧਨ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰਪੂਰ ਸ਼ਬਦ ਗਾਉਣ ਕਰਨ ਦੇ ਨਾਲ-ਨਾਲ ਭਗਤ ਸਿੰਘ ਦੀ ਜੀਵਨੀ ਨਾਲ ਸਬੰਧਤ ਕਵਿਤਾਵਾਂ ਪੜ੍ਹੀਆਂ ਗਈਆਂ। ਇਸ ਮੌਕੇ ਸਕੂਲ ਦੇ ਡੀ.ਪੀ ਹਰਬੰਸ ਸਿੰਘ ਵੱਲੋਂ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ। ਇਸ ਮੌਕੇ ਸਮੂਹ ਸਕੂਲ ਸਟਾਫ਼ 'ਤੇ ਬੱਚੇ ਹਾਜ਼ਰ ਸਨ।

# ਮਿਆਦ ਪੁਗਾ ਚੁੱਕੀਆਂ ਦਵਾਈਆਂ ਦੀ ਤਰੀਕ ਬਦਲੇ ਜਾਣ ਦਾ ਮਾਮਲਾ ਸੋਸ਼ਲ ਮੀਡੀਆ 'ਤੇ ਵਾਇਰਲ

**ਮਾਨਸਾ (ਰੀਤਵਾਲ)**-ਸ਼ਹਿਰ ਦੇ ਇੱਕ ਨਿੱਜੀ ਡਾਕਟਰ ਵੱਲੋਂ ਮਿਆਦ ਪੁਗਾ ਚੁੱਕੀਆਂ ਦਵਾਈਆਂ ਦੀ ਤਾਰੀਕ ਬਦਲ ਕੇ ਮਰੀਜ਼ਾਂ ਨੂੰ ਦਿੱਤੇ ਜਾਣ ਬਾਰੇ ਸੋਸ਼ਲ ਮੀਡੀਆ 'ਤੇ ਵਾਇਰਲ ਇੱਕ ਵੀਡੀਓ ਨੇ ਤਰਥੱਲੀ ਮਚਾ ਦਿੱਤੀ ਹੈ, ਜਿਸ ਨੂੰ ਲੈ ਕੇ ਖੇਤਰ 'ਚ ਸਹਿਮ ਦਾ ਮਾਹੌਲ ਬਣ ਗਿਆ ਹੈ। ਇਸ ਬਾਰੇ ਸ਼ਹਿਰ ਦੇ ਇੱਕ ਸਮਾਜ ਸੇਵੀ ਨੇ ਉੱਚ ਪੱਧਰੀ ਜਾਂਚ ਲਈ ਵੱਖ-ਵੱਖ ਪੱਤਰ ਲਿਖ ਕੇ ਉਕਤ ਡਾਕਟਰ ਕਿਸੇ ਮਰੀਜ਼ ਨਾਲ ਖਿਲਵਾੜ ਨਾ ਕਰ ਸਕਣ ਬਾਰੇ ਕਿਹਾ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ 'ਚ ਸ਼ਹਿਰ ਦੇ ਇੱਕ ਨਿੱਜੀ ਡਾਕਟਰ ਦੇ ਕਲੀਨਕ 'ਚ ਉਸਦੀ ਦੁਕਾਨ 'ਤੇ ਕੰਮ ਕਰਦੇ ਹੋਏ ਵਿਅਕਤੀਆਂ ਦੀ ਵੀਡੀਓ ਵਾਇਰਲ ਹੋਣ ਉਪਰੰਤ ਸ਼ਹਿਰ ਦੇ ਇੱਕ ਸਮਾਜ ਸੇਵੀ ਤੇ ਵਕੀਲ ਐਡਵੋਕੇਟ ਗੁਰਲਾਭ ਸਿੰਘ ਮਾਹਲ ਨੇ ਇਸ ਮਾਮਲੇ ਨੂੰ ਲੈ ਕੇ ਪੰਜਾਬ ਦੇ ਸਿਹਤ ਮੰਤਰੀ, ਪਰਵਾਰ ਭਲਾਈ ਮੰਤਰੀ, ਡੀਸੀ ਮਾਨਸਾ, ਸਿਵਲ ਸਰਜਨ ਮਾਨਸਾ ਨੂੰ ਕੀਤੇ ਚਿੱਠੀ ਪੱਤਰ 'ਚ ਲਿਖਿਆ ਹੈ ਕਿ ਉਹ ਇਸ ਬੇਹੱਦ ਸੰਜੀਦਾ ਮਾਮਲੇ ਬਾਰੇ ਉੱਚ ਰੂਪ 'ਚ ਧਿਆਨ ਦਿੱਤਾ ਜਾਵੇ ਤਾਂ ਜੁ ਕਿਸੇ ਉਕਤ ਡਾਕਟਰ ਕਿਸੇ ਮਰੀਜ਼ ਨਾਲ ਖਿਲਵਾੜ ਨਾ ਕਰ ਸਕੇ। ਪੱਤਰ ਲਿਖੇ ਜਾਣ ਉਪਰੰਤ ਸਿਵਲ ਸਰਜਨ ਵੱਲੋਂ ਇਸਦੀ ਜਾਂਚ ਲਈ ਕਮਰ ਕਸ ਲਈ ਹੈ, ਜਿਸ 'ਤੇ ਕਾਰਵਾਈ ਕਰਦਿਆਂ ਸਿਵਲ ਸਰਜਨ ਵੱਲੋਂ ਜਾਂਚ ਲਈ ਇੱਕ ਕਮੇਟੀ ਤਿਆਰ ਕੀਤੀ ਹੈ, ਜੋ ਛੇਤੀ ਹੀ ਇਸਦੀ ਜਾਂਚ ਕਰਕੇ ਰਿਪੋਰਟ ਸੌਂਪੇਗੀ। ਜ਼ਿਕਰਯੋਗ ਹੈ ਕਿ ਉਕਤ ਡਾਕਟਰ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿੱਚ ਉਕਤ ਡਾਕਟਰ ਦੀ ਦੁਕਾਨ 'ਤੇ ਕੰਮ ਕਰਨ ਵਾਲੇ ਕੁੱਝ ਵਿਆਕਤੀ ਮਿਆਦ ਪੁਗਾ ਚੁੱਕੀਆਂ ਦਵਾਈਆਂ ਨੂੰ ਦੁਬਾਰਾ ਮਰੀਜ਼ਾਂ ਨੂੰ ਵੇਚਣ ਲਈ ਪੈਕ ਕਰ ਰਹੇ ਹਨ।

# ਮਨਜੀਤ ਕੌਰ ਬਸਤੀ ਆਸਾ ਸਿੰਘ ਦੀ ਪੰਚ ਚੁਣੀ



ਪਿੰਡ ਬਹਿਕ ਫੱਤੂ ਦੀ ਚੁਣੀ ਗਈ ਅਧਿਕਾਰਤ ਪੰਚ ਮਨਜੀਤ ਕੌਰ ਤੇ ਸਮੂਹ ਪੰਚਾਇਤ ਮੈਂਬਰ।

**ਮੱਖੂ (ਰਛਪਾਲ ਸਿੰਘ ਸੰਧੂ)**

ਬਸਤੀ ਆਸਾ ਸਿੰਘ ਦੀ ਪਹਿਲੀ ਸਰਪੰਚ ਰਾਜਵਿੰਦਰ ਕੌਰ ਦੇ ਅਸਤੀਫ਼ਾ ਦੇਣ ਤੋਂ ਬਾਅਦ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਮੱਖੂ ਵੱਲੋਂ ਮੁੜ ਤੋਂ ਅਧਿਕਾਰਤ ਪੰਚ ਤੇ ਮੈਂਬਰ ਚੁਣਨ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿਚ ਸਰਬਸੰਮਤੀ ਨਾਲ ਬਖ਼ਸ਼ੀਸ਼ ਸਿੰਘ ਮੈਂਬਰ ਪੰਚਾਇਤ, ਮਨਜੀਤ ਕੌਰ ਪਤਨੀ ਕੁਲਵਿੰਦਰ ਸਿੰਘ ਮੈਂਬਰ ਪੰਚਾਇਤ ਤੇ ਦੋ ਹੋਰ ਮੈਂਬਰਾਂ ਦੇ ਸਹਿਯੋਗ ਨਾਲ ਮਨਜੀਤ ਕੌਰ ਪਤਨੀ ਪਰਵਿੰਦਰ ਸਿੰਘ ਨੂੰ ਅਧਿਕਾਰਤ ਪੰਚ ਨਾਮਜ਼ਦ ਕਰ ਦਿੱਤਾ ਗਿਆ। ਪੰਚ ਮਨਜੀਤ ਕੌਰ ਨੇ ਦੱਸਿਆ ਕਿ ਉਹ ਸਮੂਹ ਪੰਚਾਇਤ ਮੈਂਬਰਾਂ ਦੇ ਸਹਿਯੋਗ ਨਾਲ ਧੜੇਬੰਦੀ ਤੋਂ ਉੱਪਰ ਉੱਠ ਕੇ ਪਿੰਡ ਦਾ ਸਰਵਪੱਖੀ ਵਿਕਾਸ ਕਰਾਉਣ ਦੇ ਨਾਲ-ਨਾਲ ਪਿੰਡ ਵਾਸੀਆਂ ਵਿੱਚ ਭਾਈਚਾਰਕ ਸਾਂਝ ਪੈਦਾ ਕਰਕੇ ਸਰਕਾਰ ਵੱਲੋਂ ਆਉਣ ਵਾਲੀਆਂ ਸਹੂਲਤਾਂ ਦਾ ਹਰ ਵਰਗ ਦੇ ਲੋਕਾਂ ਨੂੰ ਲਾਭ ਪੁਚਾਉਣਗੇ।

# ਸਹਿਕਾਰੀ ਖੰਡ ਮਿੱਲ ਬੋਦੀਵਾਲਾ ਪਿੱਥਾ ਦਾ 7ਵਾਂ ਆਮ ਇਜਲਾਸ




**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਦੀ ਸਹਿਕਾਰੀ ਖੰਡ ਮਿੱਲ ਬੋਦੀਵਾਲਾ ਪਿੱਥਾ ਦਾ 7ਵਾਂ ਆਮ ਇਜਲਾਸ ਮਿੱਲ ਦੇ ਚੇਅਰਮੈਨ ਸ੍ਰੀ ਅਸ਼ਵਨੀ ਕੁਮਾਰ ਦੀ ਪ੍ਰਧਾਨਗੀ ਹੇਠ ਕਰਾਇਆ ਗਿਆ। ਇਜਲਾਸ ਵਿੱਚ ਮਿੱਲ ਦੇ ਹਿੱਸੇਦਾਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਮਿੱਲ ਦੇ ਚੇਅਰਮੈਨ ਵੱਲੋਂ ਸਮੂਹ ਹਾਜ਼ਰ ਮੈਂਬਰਾਂ ਨੂੰ ਜੀ ਆਇਆਂ ਨੂੰ ਆਖਦਿਆਂ ਆਮ ਇਜਲਾਸ ਦੀ ਸ਼ੁਰੂਆਤ ਕੀਤੀ ਗਈ।

ਆਮ ਇਜਲਾਸ ਦੇ ਸ਼ੁਰੂਆਤ ਵਿੱਚ ਮਿੱਲ ਦੇ ਜਨਰਲ ਮੈਨੇਜਰ ਸ੍ਰੀ ਕੇ.ਆਰ. ਮਾਥੁਰ ਵੱਲੋਂ ਮਿੱਲ ਦੀ ਸਾਲ 2021-22 ਦੀ ਕਾਰਗੁਜ਼ਾਰੀ, ਬੈਲੰਸ ਸੀਟ, ਲੇਖਾ ਲਾਭ ਹਾਨੀ ਤੇ ਉਤਪਾਦਕ ਅਤੇ ਵਪਾਰਕ ਲੇਖਾ ਸਾਲ 2021-22 ਪੜ੍ਹ ਕੇ ਸਮੂਹ ਹਿੱਸੇਦਾਰਾਂ ਨੂੰ ਦੱਸਿਆ ਗਿਆ। ਮਿੱਲ ਦੇ ਚੇਅਰਮੈਨ ਸ੍ਰੀ ਅਸ਼ਵਨੀ ਕੁਮਾਰ ਵੱਲੋਂ ਮਿੱਲ ਦੇ ਇਤਿਹਾਸ ਬਾਰੇ ਸੰਖੇਪ ਵਰਨਣ ਕੀਤਾ ਗਿਆ, ਜਿਸ ਵਿੱਚ ਮਿੱਲ ਵੱਲੋਂ ਕੀਤੀਆਂ ਪ੍ਰਾਪਤੀਆਂ ਤੇ ਦਰਪੇਸ਼ ਆਈਆਂ ਮੁਸ਼ਕਲਾਂ ਬਾਰੇ ਦੱਸਿਆ ਗਿਆ। ਡਾ. ਰਾਜਨ ਭੱਟ, ਪ੍ਰਮੁੱਖ ਭੂਮੀ ਵਿਗਿਆਨੀ ਤੇ ਡਾ. ਜੋਸਨ ਜੋਤ, ਐਗਰੋਨੋਮਿਸਟ, ਖੇਤਰੀ ਖੋਜ ਕੇਂਦਰ, ਕਪੂਰਥਲਾ ਤੇ ਡਾ. ਸੁਰਜੀਤ ਸਿੰਘ, ਸਹਾਇਕ ਗੰਨਾ ਵਿਕਾਸ ਅਫ਼ਸਰ, ਫਰੀਦਕੋਟ ਵੱਲੋਂ ਸਮੂਹ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀਆਂ ਕਿਸਮਾਂ, ਗੰਨੇ ਦੀ ਬਿਜਾਈ, ਗੰਨੇ ਦੀ ਫ਼ਸਲ ਦੀ ਸਾਂਭ-ਸੰਭਾਲ, ਗੰਨੇ ਦੀਆਂ ਬਿਮਾਰੀਆਂ ਤੇ ਉਨ੍ਹਾਂ ਦੀ ਰੋਕਥਾਮ, ਗੰਨੇ ਦੇ ਝਾੜ ਅਤੇ ਕਟਾਈ ਸਬੰਧੀ ਆਧੁਨਿਕ ਤਕਨੀਕਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ।

ਮਿੱਲ ਦੇ ਜਨਰਲ ਮੈਨੇਜਰ ਵੱਲੋਂ ਗੰਨਾ ਕਾਸ਼ਤਕਾਰਾਂ ਨੂੰ ਅਪੀਲ ਕੀਤੀ ਗਈ ਹੈ ਇਸ ਲਈ ਉਹ ਵੱਧ ਤੋਂ ਵੱਧ ਗੰਨਾ ਬੀਜਣ ਤਾਂ ਜੁ ਮਿੱਲ ਗੰਨੇ ਪੱਖੋਂ ਆਪਣੇ ਪੈਰਾਂ 'ਤੇ ਖੜ੍ਹੀ ਹੋ ਸਕੇ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਉਹ ਪੰਜਾਬ ਸਰਕਾਰ ਦੁਆਰਾ ਜਾਰੀ ਹਦਾਇਤਾਂ ਮੁਤਾਬਕ ਆਪਣਾ ਗੰਨਾ ਸਾਫ਼ ਸੁਥਰਾ ਲੈ ਕੇ ਆਉਣ, ਜੋ ਬਾਈਡਿੰਗ ਮੈਟੀਰੀਅਲ ਸਬੰਧੀ ਨਿਰਧਾਰਤ ਮਾਪਦੰਡਾਂ ਤੋਂ ਵੱਧ ਨਾ ਹੋਵੇ, ਤਾਂ ਜੁ ਮਿੱਲ ਨੂੰ ਅਣਚਾਹੇ ਨੁਕਸਾਨ ਤੋਂ ਬਚਾਇਆ ਜਾ ਸਕੇ ਤੇ ਮਿੱਲ ਮਿੱਥੇ ਗਏ ਟੀਚੇ ਪ੍ਰਾਪਤ ਕਰ ਸਕੇ।

ਉਨ੍ਹਾਂ ਕਿਹਾ ਕਿ ਸਮੂਹ ਗੰਨਾ ਕਾਸ਼ਤਕਾਰ ਵੱਧ ਤੋਂ ਵੱਧ ਗੰਨਾ ਬੀਜਣ ਤਾਂ ਜੁ ਇਹ ਮਿੱਲ ਇਸ ਕੰਮ ਵਿੱਚ ਆਪਣਾ ਪੂਰਨ ਸਹਿਯੋਗ ਦੇਣ, ਕਿਉਂਕਿ ਇਹ ਮਿੱਲ ਉਨ੍ਹਾਂ ਦੀ ਆਪਣੀ ਮਿੱਲ ਹੈ।

ਇਸ ਸਮਾਰੋਹ ਵਿੱਚ ਸ਼ੂਗਰਫੈੱਡ ਪੰਜਾਬ ਦੇ ਨੁਮਾਇੰਦੇ ਵਜੋਂ ਸ੍ਰੀ ਸੀਆ ਰਾਮ ਗੌਤਮ, ਜਨਰਲ ਮੈਨੇਜਰ, ਸਹਿਕਾਰੀ ਖੰਡ ਮਿੱਲ ਬੁੱਢੇਵਾਲ ਵੱਲੋਂ ਸ਼ਿਰਕਤ ਕੀਤੀ ਗਈ। ਮਿੱਲ ਦੇ ਹਿੱਸੇਦਾਰਾਂ ਤੋਂ ਇਲਾਵਾ ਮਿੱਲ ਦੇ ਅਫ਼ਸਰ, ਕ੍ਰਮਚਾਰੀ ਤੇ ਵਰਕਰ ਵੀ ਹਾਜ਼ਰ ਸਨ। ਸਮੂਹ ਹਾਜ਼ਰ ਪਤਵੰਤੇ ਸੱਜਣਾਂ ਲਈ ਮਿੱਲ ਵੱਲਂ ਲੰਗਰ ਦਾ ਪ੍ਰਬੰਧ ਕੀਤਾ ਗਿਆ। ਪ੍ਰੋਗਰਾਮ ਦਾ ਸੰਚਾਲਨ ਮਿੱਲ ਦੇ ਗੰਨਾ ਵਿਭਾਗ ਦੇ ਮੁਖੀ ਤੇ ਸ੍ਰੀ ਪ੍ਰਿਥੀ ਰਾਜ ਨੇ ਕੀਤਾ।

# ਦੇਸ਼ ਭਗਤ ਯੂਨੀਵਰਸਿਟੀ ਨੇ ਮਨਾਇਆ ਵਿਸ਼ਵ ਸੈਰ ਸਪਾਟਾ ਦਿਵਸ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਯੂਨੀਵਰਸਿਟੀ ਦੇ ਸਕੂਲ ਆਫ਼ ਹੋਟਲ ਮੈਨੇਜਮੈਂਟ ਤੇ ਟੂਰਿਜਮ ਨੇ ਤਿੰਨ ਦਿਨਾਂ ਦੇ ਸਮਾਗਮਾਂ ਦੀ ਲੜੀ ਵਜੋਂ ਸੈਰ ਸਪਾਟਾ ਹਫ਼ਤਾ ਮਨਾਇਆ। ਇਸ ਮੌਕੇ ਰੰਗੋਲੀ ਅਤੇ ਪੋਸਟਰ ਬਣਾਉਣ ਦੇ ਮੁਕਾਬਲੇ ਕਰਾਏ ਗਏ। ਵਿਦਿਆਰਥੀਆਂ ਨੇ ਸੈਰ-ਸਪਾਟੇ ਤੇ ਕੁਦਰਤ ਨੂੰ ਦਰਸਾਉਂਦੀਆਂ ਰੰਗੋਲੀ ਅਤੇ ਪੋਸਟਰ ਤਿਆਰ ਕੀਤੇ। ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜੋਰਾ ਸਿੰਘ ਮੁੱਖ ਮਹਿਮਾਨ ਵਜੋਂ ਅਤੇ ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਵਿੱਚ ਖੋਜ ਦੇ ਡੀਨ ਡਾ. ਰਾਜਨ ਸੇਠੀ ਅਤੇ ਭਾਸ਼ਾ ਤੇ ਸਮਾਜਿਕ ਵਿਗਿਆਨ ਦੇ ਡੀਨ ਡਾ. ਦਵਿੰਦਰ ਕੁਮਾਰ ਜੱਜ ਸਨ। ਰੰਗੋਲੀ ਮੁਕਾਬਲੇ ਵਿੱਚ ਕਸਕ ਸ਼ਰਮਾ ਅਤੇ ਕਾਜਲ ਜੇਤੂ ਰਹੇ, ਜਦਕਿ ਸੁਖਜੋਤ ਕੌਰ ਤੇ ਮਨਪ੍ਰੀਤ ਕੌਰ ਨੇ ਦੂਜਾ ਥਾਂ ਹਾਸਲ ਕੀਤਾ। ਪੋਸਟਰ ਬਣਾਉਣ ਦੇ ਮੁਕਾਬਲੇ ਵਿੱਚ ਅਮਨਦੀਪ ਕੌਰ ਨੂੰ ਜੇਤੂ ਤੇ ਮਨਦੀਪ ਕੌਰ ਨੂੰ ਉਪ ਜੇਤੂ ਚੁਣਿਆ ਗਿਆ। ਵਿਦਿਆਰਥੀਆਂ ਨੂੰ ਚਾਂਸਲਰ ਡਾ. ਜੋਰਾ ਸਿੰਘ ਨੇ ਕਿਹਾ ਕਿ ਸੈਰ ਸਪਾਟਾ ਤੇ ਪ੍ਰਾਹੁਣਚਾਰੀ ਉਦਯੋਗ ਮਹਾਂਮਾਰੀ ਨਾਲ ਬਹੁਤ ਪ੍ਰਭਾਵਤ ਹੋਏ ਸਨ, ਪਰ ਹੁਣ ਇਸ ਵਿੱਚ ਤੇਜ਼ੀ ਨਾਲ ਸੁਧਾਰ ਹੋ ਰਿਹਾ ਹੈ। ਇਸ ਨਾਲ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਕਈ ਮੌਕੇ ਪੈਦਾ ਹੋਣਗੇ। ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ ਨੇ ਕਿਹਾ ਕਿ ਸੈਰ ਸਪਾਟਾ ਦੁਨੀਆ ਭਰ ਦੇ ਲੋਕਾਂ ਨੂੰ ਜੋੜਦਾ ਹੈ। ਸਾਨੂੰ ਇਸ ਸੁੰਦਰ ਸੰਸਾਰ ਨੂੰ ਦੇਖਣ ਲਈ ਯਾਤਰਾ ਕਰਨੀ ਚਾਹੀਦੀ ਹੈ। ਡਾ. ਏ.ਐਸ. ਬੇਦੀ ਨੇ ਕਿਹਾ ਕਿ ਉਨ੍ਹਾਂ ਨੂੰ ਅਜਿਹੇ ਸਮਾਗਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੁ ਆਪਣੇ ਹੁਨਰ ਨੂੰ ਨਿਖਾਰਿਆ ਜਾ ਸਕੇ। ਕਰੁਣਦੀਪ ਸ਼ਰਮਾ ਤੇ ਰਿਚਾ ਨੇ ਸਮਾਗਮ ਦਾ ਸਫ਼ਲਤਾਪੂਰਵਕ ਸੰਚਾਲਨ ਕੀਤਾ।

1-Oct Page 8.qxd 9/30/2022 9:34 PM Page 1



# ਨਿਗਰਾਨ ਇੰਜੀਨੀਅਰ ਦਫਤਰ ਅੱਗੇ ਜਲ ਸਪਲਾਈ ਵਰਕਰਾਂ ਵਲੋਂ ਪਰਵਾਰਾਂ ਸਮੇਤ 2 ਰੋਜ਼ਾ ਧਰਨਾ



**ਅੱਡਾ ਸਰਾਂ (ਜਸਵੀਰ ਕਾਜਲ )** - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਫੈਸਲੇ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਸਰਕਲ ਦਫਤਰ ਦੇ ਨਿਗਰਾਨ ਇੰਜੀਨੀਅਰ ਦਫਤਰ ਅੱਗੇ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਬੱਧਣ ਦੀ ਅਗਵਾਈ ਹੇਠ ਧਰਨਾ ਲਗਾਇਆ ਗਿਆ। ਜਿਸ 'ਚ ਜਲ ਸਪਲਾਈ ਵਰਕਰ ਨੇ ਆਪਣੇ ਪਰਵਾਰਾਂ ਸਮੇਤ ਹਿੱਸਾ ਲਿਆ ਅਤੇ ਵਿਭਾਗੀ ਅਧਿਕਾਰੀਆਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸੂਬਾ ਆਗੂਆਂ ਉਕਾਰ ਸਿੰਘ ਢਾਂਡਾ ਅਤੇ ਮਨਜੀਤ ਸਿੰਘ ਬਲਵਿੰਦਰ ਸਿੰਘ ਸੰਧੂ ਰਜਤ ਕੁਮਾਰ ਸੁਖਵਿੰਦਰ ਸਿੰਘ ਚੁੰਬਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਆਊਟਸੋਰਸ 'ਤੇ ਵਰਕਰ ਦੇ ਰੂਪ 'ਚ ਸਾਨੂੰ ਭਰਤੀ ਕੀਤਾ ਗਿਆ ਸੀ ਅਤੇ ਇਹ ਵਰਕਰ ਆਪਣਾ ਪੱਕਾ ਰੁਜਗਾਰ ਕਰਵਾਉਣ ਦੀ ਮੰਗ ਕੀਤੀ ਗਈ ਤਾਂ ਵਿਭਾਗੀ ਅਧਿਕਾਰੀਆਂ ਵਲੋਂ ਧੱਕੇ ਨਾਲ ਇੰਨਲਿਸਟਡ ਠੇਕੇਦਾਰ ਬਣਾ ਕੇ ਸਾਡੀ ਰੈਗੂਲਰ ਕਰਨ ਦੀ 'ਮੰਗ' ਦੇ ਉਲਟ ਫੈਸਲਾ ਲਿਆ ਗਿਆ ਹੈ ਪ੍ਰੰਤੂ ਇਕ-ਇਕ ਵਰਕਰ ਕੋਲੋ 5-7 ਵੱਖ ਵੱਖ ਪੋਸਟਾਂ ਦੇ ਪੱਕੇ ਕੰਮਾਂ ਨੂੰ ਕਰਵਾਇਆ ਜਾਂਦਾ ਹੈ, ਪਿਛਲੇ ਸਮੇਂ ਦੌਰਾਨ ਲੇਬਰ ਐਕਟ ਅਧੀਨ ਤਨਖਾਹ, ਰੈਸਟਾਂ ਅਤੇ ਵਾਧੂ ਕੰਮ ਕਰਵਾਉਣ ਪ੍ਰਤੀ ਭੱਤਿਆ ਦੇ ਰੂਪ 'ਚ ਤਨਖਾਹ ਮਿਲ ਰਹੀ ਹੈ ਜੋਕਿ 0-5 ਸਾਲ, 5-10 ਸਾਲ ਅਤੇ 10 ਸਾਲ ਤੋਂ ਵੱਧ ਸਮੇਂ ਦੇ ਵਰਕਰਾਂ ਨੂੰ 3 ਕੈਟਾਗਿਰੀਆਂ ਵਿਚ ਵੰਡ ਕੇ ਤਨਖਾਹ ਮਿਲਦੀ ਹੈ ਪਰ ਇਸ ਸਾਡੀ ਸਰਵਿਸ ਨੂੰ ਰੱਦ ਕਰਕੇ ਪੱਕੇ ਠੇਕੇਦਾਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਭਵਿੱਖ 'ਚ ਲੋਕਾਂ ਦੀ ਤਿੱਖੀ ਲੁੱਟ ਕਰਨ ਦਾ ਸਰਕਾਰ ਦਾ ਏਜੰਡਾ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਮਨੈਜਮੈਂਟ ਵਲੋਂ ਕਾਰਪੋਰੇਟਰਾਂ ਦੇ ਹਿੱਤਾਂ ਦੀ ਪੂਰਤੀ ਲਈ ਵਾਟਰ ਸਪਲਾਈ ਮਹਿਕਮੇ ਵਿਚ ਕੰਮ ਕਰਦੇ ਵਰਕਰਾਂ ਨੂੰ ਧੱਕੇ ਨਾਲ ਇੰਨਲਿਸਮੈਂਟ ਬਣਾਇਆ ਗਿਆ ਸੀ, ਪਰ ਫਿਰ ਵੀ ਪਿਛਲੇ 10-15 ਸਾਲਾਂ ਤੋਂ ਪੱਕੇ ਸੇਵਾ ਦੇ ਕੰਮ ਕਰਦੇ ਵਰਕਰ, ਆਪਣੇ ਤਜਰਬੇ ਦੇ ਅਧਾਰ ਤੇ ਵਿਭਾਗ 'ਚ ਮਰਜ ਕਰਕੇ ਪੱਕੇ ਰੁਜਗਾਰ ਦੀ ਮੰਗ ਕਰਦੇ ਆ ਰਹੇ ਹਨ, ਇਸ ਪ੍ਰਤੀ ਚੱਲ ਰਹੇ ਸੰਘਰਸ਼ ਦੇ ਦੌਰਾਨ ਸਾਡੀਆਂ "ਮੰਗਾਂ-ਮਸਲਿਆਂ" ਦਾ ਹੱਲ ਕਰਨ ਦੀ ਬਜਾਏ ਸਾਨੂੰ ਬੇਰੁਜਗਾਰ ਕਰਨ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਜਥੇਬੰਦੀ ਵਲੋਂ ਮੰਗ ਕੀਤੀ ਕਿ ਇੰਨਲਿਸਟਮੈਂਟ/ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕੀਤਾ ਜਾਵੇ। 0-5 ਸਾਲ, 5-10 ਸਾਲ ਅਤੇ 10 ਸਾਲ ਤੋਂ ਵੱਧ ਸਮੇਂ ਤੋਂ ਕੰਮ ਕਰਦੇ ਵਰਕਰਾਂ ਨੂੰ ਤਿੰਨ ਕੈਟਾਗਿਰੀਆਂ 'ਚ ਵੰਡ ਕੇ ਤਨਖਾਹਾਂ ਪਹਿਲਾਂ ਮਿਲ ਰਹੀਆਂ ਹਨ, ਉਸੇ ਮੁਤਾਬਿਕ ਭਵਿੱਖ 'ਚ ਵੀ ਵਰਕਰਾਂ ਨੂੰ ਤਜਰਬੇ ਦੇ ਅਧਾਰ 'ਤੇ ਤਨਖਾਹ ਨਿਯਮ ਲਾਗੂ ਕੀਤੇ ਜਾਣ ਅਤੇ ਵਾਧੂ ਕੰਮ ਕਰਵਾਉਣ ਦੇ ਬਦਲੇ ਭੱਤੇ ਦਿੱਤੇ ਜਾਣ। ਵਰਕਰਾਂ ਦੀਆਂ ਰੁਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ, ਆਊਟਸੋਰਸ ਵਰਕਰਾਂ ਦੀ ਤਨਖਾਹ 'ਚ ਵਾਧਾ ਕੀਤਾ ਜਾਵੇ।

# ਸੰਸਾਰ ਦਿਲ ਦਿਵਸ'ਤੇ 'ਵਾਕਥਾਨ'



**ਮੋਹਾਲੀ, : (ਗੁਰਜੀਤ ਬਿੱਲਾ)**- ਡਾਕਟਰ, ਪੈਰਾ-ਮੈਡੀਕਲ ਸਟਾਫ ਅਤੇ ਲਾਇੰਸ ਕਲੱਬ, ਮੋਹਾਲੀ ਅਤੇ ਸੀਨੀਅਰ ਸਿਟੀਜਨ ਐਸੋਸਿਏਸਨ, ਮੋਹਾਲੀ ਦੇ ਮੈਂਬਰਾਂ ਸਹਿਤ 100 ਨਾਲੋਂ ਜਿਆਦਾ ਲੋਕਾਂ ਨੇ ਵੀਰਵਾਰ ਨੂੰ ਸੰਸਾਰ ਹਾਰਟ ਡੇ ਮੌਕੇ ਮੋਹਾਲੀ 'ਚ ਆਯੋਜਿਤ ਇੱਕ 'ਵਾਕਥਾਨ' ਵਿਚ ਭਾਗ ਲਿਆ। ਤੰਦਰੁਸਤ ਦਿਲ ਅਤੇ ਜੀਵਨਸ਼ੈਲੀ ਦੇ ਬਾਰੇ 'ਚ ਜਾਗਰੂਕਤਾ ਨੂੰ ਹੁੰਗਾਰਾ ਦੇਣ ਦੇ ਲਈ ਵਾਕਥਾਨ ਦਾ ਆਯੋਜਨ ਸੈਲਬੀ ਹਸਪਤਾਲ, ਮੋਹਾਲੀ ਵੱਲੋਂ ਲਾਇੰਸ ਕਲੱਬ ਮੋਹਾਲੀ ਅਤੇ ਸੀਨੀਅਰ ਸਿਟੀਜਨ ਐਸੋਸਿਏਸ਼ਨ, ਮੋਹਾਲੀ ਦੇ ਸਹਿਯੋਗ ਨਾਲ ਕੀਤਾ ਗਿਆ ਸੀ । ਇਸ ਨਾਲੋਂ ਪਹਿਲਾਂ ਸੈਲਬੀ ਹਸਪਤਾਲ 'ਚ ਤੰਦਰੁਸਤ ਦਿਲ ਜਾਗਰੂਕਤਾ 'ਤੇ ਇੱਕ ਤੰਦਰੁਸਤੀ ਵਾਰਤਾ ਵੀ ਆਯੋਜਿਤ ਕੀਤੀ ਗਈ ਸੀ, ਜਿੱਥੇ ਡਾ. ਸੰਕਲਪ ਸਰਮਾ, ਸੀਨੀਅਰ ਸਲਾਹਕਾਰ ਦਿਲ ਦੇ ਰੋਗਾਂ ਦੇ ਮਾਹਿਰ ਨੇ ਦਿਲ ਨੂੰ ਤੰਦਰੁਸਤ ਅਤੇ ਫਿੱਟ ਰੱਖਣ ਦੇ ਸੁਝਾਵਾਂ ਦੇ ਬਾਰੇ 'ਚ ਗੱਲਬਾਤ ਕੀਤੀ .

ਉਨ੍ਹਾਂ ਨੇ ਕਿਹਾ ਕਿ 80 ਪ੍ਰਤੀਸਤ ਦਿਲ ਦੇ ਰੋਗਾਂ ਨੂੰ ਘਾਤਕ ਹੋਣ ਤੋਂ ਰੋਕਿਆ ਜਾ ਸਕਦਾ ਹੈ, ਜੇਕਰ ਇਸਦਾ ਜਲਦੀ ਪਤਾ ਲੱਗ ਜਾਵੇ ਅਤੇ ਇਸਦਾ ਉਚਿਤ ਪ੍ਰਬੰਧਨ ਕੀਤਾ ਜਾਵੇ। ਡਾ. ਸੰਕਲਪ ਨੇ ਕਿਹਾ ਕਿ ਤਣਾਅ ਪ੍ਰਬੰਧਨ ਚਾਹੇ ਉਹ ਸਕੂਲ ਦਾ ਅਧਿਅਨ ਤਣਾਅ ਹੋਵੇ, ਸਾਥੀਆਂ ਦਾ ਦਬਾਅ, ਨੌਕਰੀ ਦਾ ਤਣਾਅ ਜਾਂ ਪਰਵਾਰਕ ਤਣਾਅ ਹੋਵੇ, ਇਸ ਨਾਲ ਠੀਕ ਤਰ੍ਹਾਂ ਨਾਲ ਨਿਪਟਣ ਦੀ ਜਰੂਰਤ ਹੈ। ਇਸ ਮੌਕੇ 'ਤੇ ਲਾਇੰਸ ਕਲੱਬ ਦੇ ਚੇਅਰਮੈਨ ਜਸਵਿੰਦਰ ਸਿੰਘ, ਪ੍ਰੈਜ਼ੀਡੈਂਟ ਜਗਜੀਤ ਸਿੰਘ, ਸਕੱਤਰ ਰਾਮ ਦਾਸ ਵਾਹੀ ਅਤੇ ਖਜਾਨਚੀ ਅੰਕਿਤ ਤਨੇਜਾ ਵੀ ਮੌਜੂਦ ਸਨ।

# ਚੌਂਕ ਦਾ ਨਾਂਅ ਸ਼ਹੀਦ ਭਗਤ ਸਿੰਘ ਰੱਖਣ ਲਈ ਦਿੱਤਾ ਮੰਗ ਪੱਤਰ



**ਫਿਲੌਰ (ਨਿਰਮਲ)** - ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤਹਿਸੀਲ ਕਮੇਟੀ ਫਿਲੌਰ ਵਲੋਂ ਇੱਕ ਮੰਗ ਪੱਤਰ ਸਥਾਨਕ ਨਗਰ ਕੌਂਸਲ ਨੂੰ ਦੇ ਕੇ ਮੰਗ ਕੀਤੀ ਗਈ ਕਿ ਸ਼ਹਿਰ ਦੇ ਅੰਦਰ ਬਣੇ ਹੋਏ ਇੱਕ ਚੌਕ ਦਾ ਨਾਂਅ ਸ਼ਹੀਦ ਭਗਤ ਸਿੰਘ ਰੱਖਿਆ ਜਾਵੇ। ਇਸ ਸਬੰਧੀ ਤਹਿਸੀਲ ਪ੍ਰਧਾਨ ਗੁਰਦੀਪ ਗੋਗੀ ਅਤੇ ਸਕੱਤਰ ਮੱਖਣ ਸੰਗਰਾਮੀ ਨੇ ਦੱਸਿਆ ਕਿ ਅਜਿਹਾ ਕਰਕੇ ਅਸੀਂ ਦੇਸ਼ ਦੀ ਅਜ਼ਾਦੀ ਦੇ ਪ੍ਰਵਾਨਿਆਂ ਨੂੰ ਯਾਦ ਕਰ ਰਹੇ ਹੋਵਾਂਗੇ। ਇਨ੍ਹਾਂ ਆਗੂਆਂ ਨੇ ਆਸ ਪ੍ਰਗਟਾਈ ਕਿ ਨਗਰ ਕੌਂਸਲ ਇਸ ਮੰਗ ਨੂੰ ਜਲਦੀ ਹੀ ਪ੍ਰਵਾਨ ਕਰੇਗੀ। ਸਥਾਨਕ ਨਗਰ ਕੌਂਸਲ ਦੇ ਪ੍ਰਧਾਨ ਮਹਿੰਦਰ ਪਾਲ ਅਤੇ ਈ.ਓ ਫਿਲੌਰ ਰਾਜੀਵ ਦਿਓਲ ਨੂੰ ਇਹ ਮੰਗ ਪੱਤਰ ਦਿੱਤਾ ਗਿਆ। ਮਗਰੋਂ ਕੌਂਸਲ ਪ੍ਰਧਾਨ ਨੇ ਵਿਸ਼ਵਾਸ਼ ਦਵਾਇਆ ਕਿ ਇਸ ਬਾਰੇ ਜਲਦੀ ਹੀ ਦੂਜੇ ਕੌਂਸਲਰਾਂ ਨਾਲ ਸਲਾਹ ਕਰਕੇ ਮਤਾ ਪਾਇਆ ਜਾਵੇਗਾ ਅਤੇ ਆਉਂਦੇ ਜਨਮ ਦਿਨ ਤੋਂ ਪਹਿਲਾ ਪਹਿਲਾ ਚੌਂਕ ਦਾ ਨਾਂਅ ਰੱਖ ਦਿੱਤਾ ਜਾਵੇਗਾ। ਮੰਗ ਪੱਤਰ ਦੇਣ ਵੇਲੇ ਅਰਸ਼ਪ੍ਰੀਤ, ਆਨੰਤ, ਸੁਨੀਲ ਭੈਣੀ, ਸੰਦੀਪ ਫਿਲੌਰ, ਪ੍ਰਭਾਤ ਕਵੀ, ਲਵ ਬਿਰਦੀ, ਅਰੁਨ, ਕੁਲਵੀਰ ਕੁਮਾਰ, ਗਗਨਦੀਪ ਸਿੰਘ, ਰਮਨਦੀਪ ਸਿੰਘ, ਗੁਰਵਿੰਦਰ ਸਿੰਘ, ਹਮਰਾਜ ਆਦਿ ਹਾਜ਼ਰ ਸਨ।

# ਮੁਢਲਾ ਸਿਹਤ ਕੇਂਦਰ ਵਿਖੇ ਵਿਸ਼ਵ ਦਿਲ ਦਿਵਸ ਮਨਾਇਆ



**ਮਹਿਤਪੁਰ (ਰਾਜਾ)** ਸਿਵਲ ਸਰਜਨ ਜਲੰਧਰ ਡਾ. ਰਮਨ ਸ਼ਰਮਾ ਅਤੇ ਪੀ ਐਚ ਸੀ ਮਹਿਤਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਮਹੇਸ਼ ਪ੍ਰਭਾਕਰ ਦੀ ਅਗੁਵਾਈ ਵਿੱਚ ਪੀ ਐਚਸੀ ਵਿਖੇ ਵਿਸ਼ਵ ਦਿੱਲ ਦਿਵਸ ਦੇ ਮੌਕੇ 'ਤੇ ਜਾਗਰੂਕਤਾ ਪ੍ਰੋਗ੍ਰਾਮ ਆਯੋਜਿਤ ਕੀਤਾ ਗਿਆ । ਇਸ ਬਾਰੇ ਵਿੱਚ ਜਾਣਕਾਰੀ ਦਿੰਦੇ ਹੋਏ ਆਈ ਈ ਸੀ ਦੇ ਨੋਡਲ ਅਫਸਰ ਸੰਦੀਪ ਨੇ ਦੱਸਿਆ ਕਿ ਵਿਸ਼ਵ ਭਰ ਵਿੱਚ 29 ਸਤੰਬਰ ਨੂੰ ਵਿਸ਼ਵ ਦਿਲ ਦਿਵਸ ਦੇ ਦਿਨ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ । ਦਿੱਲ ਮਨੁੱਖੀ ਸਰੀਰ ਦੇ ਸਭ ਤੋਂ ਅਹਿਮ ਅੰਗਾਂ ਵਿੱਚੋਂ ਇੱਕ ਹੈ । ਜੇਕਰ ਦਿੱਲ ਆਪਣਾ ਕੰਮ ਕਰਨਾ ਬੰਦ ਕਰ ਦੇ ਤਾਂ ਵਿਅਕਤੀ ਦੀ ਮੌਤ ਹੋ ਜਾਂਦੀ ਹੈ । ਅਜੋਕੇ ਸਮੇਂ ਵਿੱਚ ਲਗਾਤਾਰ ਨਵੀਆਂ ਬਿਮਾਰੀਆਂ ਅਤੇ ਸਾਡੀ ਖ਼ਰਾਬ ਖਾਨਪਾਨ ਦੇ ਕਾਰਨ ਸਿਹਤ ਤੇ ਖ਼ਰਾਬ ਅਸਰ ਪੈ ਰਿਹਾ ਹੈ, ਜਿਸਦੇ ਨਾਲ ਦਿਲ ਨੂੰ ਵੀ ਕਾਫ਼ੀ ਨੁਕਸਾਨ ਪੁੱਜਦਾ ਹੈ । ਅਜਿਹੇ ਵਿੱਚ ਦਿਲ ਨੂੰ ਤੰਦੁਰੁਸਤ ਬਣਾਏ ਰੱਖਣ ਹੇਤੂ ਜਾਗਰੂਕ ਕਰਨ ਲਈ ਵਿਸ਼ਵ ਦਿੱਲ ਦਿਵਸ ਮਨਾਇਆ ਜਾਂਦਾ ਹੈ । ਉਨ੍ਹਾਂ ਨੇ ਕਿਹਾ ਕਿ ਸਾਡੇ ਖਰਾਬ ਖਾਣ- ਪਾਣ ਦੇ ਕਾਰਨ ਦਿਲ ਨੂੰ ਸਭ ਤੋਂ ਜ਼ਿਆਦਾ ਨੁਕਸਾਨ ਪੁੱਜਦਾ ਹੈ । ਹਰੇਕ ਵਿਅਕਤੀ ਨੂੰ ਸਵੇਰ ਦੇ ਸਮੇਂ ਆਪਣੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਘੱਟੋ- ਘੱਟ 30 ਮਿੰਟ ਦੀ ਕਸਰਤ ਕਰਨੀ ਚਾਹੀਦੀ ਹੈ, ਉਥੇ ਹੀ ਤੇਲ ਅਤੇ ਫੈਟ ਯੁਕਤ ਖਾਦ ਪਦਾਰਥਾਂ ਤੋਂ ਦੂਰੀ ਬਣਾਉਣੀ ਚਾਹੀਦੀ ਹੈ । ਸਿਗਰੇਟ ਪੀਣ ਦੇ ਮਾਮਲੇ ਦਿਲ ਨਾਲਾਂ ਸਬੰਧਤ ਬਿਮਾਰੀਆਂ ਨੂੰ ਜਨਮ ਦੇ ਰਹੇ ਹਨ ।

# ਸਰਬਜੀਤ ਸਿੱਧੂ ਬਣੇ ਇੰਪਲਾਈ ਐਸੋਸੀਏਸ਼ਨ ਦੇ ਤਹਿਸੀਲ ਪ੍ਰਧਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੀਤੇ ਦਿਨੀ ਪੰਜਾਬ ਸਟੇਟ ਜ਼ਿਲ੍ਹਾ (ਡੀ.ਸੀ. ਦਫਤਰ) ਇੰਪਲਾਈ ਐਸੋਸੀਏਸ਼ਨ ਰਜਿ. ਹੁਸ਼ਿਆਰਪੁਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਵਿਕਰਮ ਆਦੀਆ ਦੀ ਪ੍ਰਧਾਨਗੀ ਹੇਠ ਐਸ.ਡੀ.ਐਮ ਦਫਤਰ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਵਿੱਚ 2 ਸਾਲ ਲਈ ਸਰਬਸੰਮਤੀ ਨਾਲ ਪ੍ਰਧਾਨ ਤੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਸਰਬਜੀਤ ਸਿੱਧੂ ਸਟੈਨੋ (ਐਸ.ਡੀ.ਐਮ) ਦਫਤਰ ਨੂੰ ਤਹਿਸੀਲ ਪ੍ਰਧਾਨ, ਕਲਰਕ ਹੇਮਕਰਨ ਸਿੰਘ ਨੂੰ ਜਨਰਲ ਸਕੱਤਰ, ਕਲਰਕ ਚੇਤਨ ਕਪਾਟੀਆ ਨੂੰ ਕੈਸ਼ੀਅਰ ਬਣਾਇਆ ਗਿਆ। ਸਰਬਜੀਤ ਸਿੱਧੂ ਨੂੰ ਜਿਲ੍ਹਾ ਕਾਰਜਕਾਰੀ ਕਮੇਟੀ ਵਿੱਚ ਬਤੌਰ ਮੈਂਬਰ ਵੀ ਸ਼ਾਮਿਲ ਕੀਤਾ ਗਿਆ। ਇਸ ਮੀਟਿੰਗ ਵਿੱਚ ਸੁਪਰਡੰਟ ਗੁਰਜਿੰਦਰ ਕੌਰ, ਜੋਗਿੰਦਰ ਪਾਲ ਜੂਨੀਅਰ ਸਹਾਇਕ ਅਤੇ ਹੋਰ ਸਟਾਫ ਵੀ ਹਾਜਰ ਸੀ।

# ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ 9 ਨੂੰ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ ਉਂਕਾਰ ਸਿੰਘ )**-ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੀਬੀਆਂ ਟਾਂਡਾ ਵਿਖੇ 9 ਅਕਤੂਬਰ ਨੂੰ ਕਰਵਾਇਆ ਜਾਵੇਗਾ। ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਮਹਾਨ ਗੁਰਮਤਿ ਸਮਾਗਮ ਸਜਾਇਆ ਜਾਵੇਗਾ। ਜਿਸ ਵਿਚ ਭਾਈ ਰਣਜੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਕਥਾਵਾਚਕ ਭਾਈ ਮਨਦੀਪ ਸਿੰਘ ਮੁਰੀਦ ਸੰਗਰੂਰ ਵਾਲੇ ਤੇ ਹੋਰ ਜਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕਰਨਗੇ। ਤਿੰਨ ਅਕਤੂਬਰ ਤੋਂ ਅੰਮ੍ਰਿਤ ਵੇਲੇ ਪ੍ਰਭਾਤ ਫੇਰੀਆਂ ਦੀ ਅਰੰਭਤਾ ਕੀਤੀ ਜਾਵੇਗੀ ਜੋ 7 ਅਕਤੂਬਰ ਤੱਕ ਨਿਰੰਤਰ ਜਾਰੀ ਰਹਿਣਗੀਆਂ। ਸੱਤ ਅਕਤੂਬਰ ਨੂੰ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। ਜਿਨ੍ਹਾਂ ਦੇ ਭੋਗ 9 ਅਕਤੂਬਰ ਨੂੰ ਪੈਣ ਉਪਰੰਤ ਮਹਾਨ ਗੁਰਮਤਿ ਸਮਾਗਮ ਸਜਾਏ ਜਾਣਗੇ। ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਤੁੱਲੀ, ਸੰਦੀਪ ਕੁਮਾਰ,ਕੈਪਟਨ ਪਿਆਰਾ ਸਿੰਘ, ਰਣਜੀਤ ਸਿੰਘ ਤੁੱਲੀ,ਬਲਵੀਰ ਸਿੰਘ ਸੈਣੀ,ਇੰਸ. ਪਰਮਿੰਦਰ ਸਿੰਘ ,ਗੁਰਪਾਲ ਸਿੰਘ, ਗੁਰਪ੍ਰੀਤ ਸਿੰਘ ਕੰਬੋਜ, ਭਾਰਤ ਕਪੂਰ, ਮਾਸਟਰ ਸੁਖਮੀਤ ਸਿੰਘ ,ਰਾਜਵਿੰਦਰ ਸਿੰਘ, ਬਲਵੰਤ ਸਿੰਘ ਆਦਿ ਹਾਜ਼ਰ ਸਨ।

# ਦਾਨੀ ਸੱਜਣਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ



**ਗੁਰਾਇਆ (ਬਿੰਦਰ ਸੁਮਨ)**—ਅੰਬੀ ਢੰਡਾ ਯੂ.ਕੇ ਅਤੇ ਉਸ ਦੇ ਸਮੂਹ ਪਰਵਾਰ ਵਲੋਂ ਸਵ: ਬੀਬੀ ਜਸਵਿੰਦਰ ਕੌਰ ਦੀ ਯਾਦ 'ਚ ਪਿੰਡ ਢੰਡਾ ਦੇ ਵਾਸੀਆਂ ਦੀ ਸਹੂਲਤ ਲਈ ਇੱਕ ਐਂਬੂਲੈਂਸ ਗੁਰਦੁਆਰਾ ਸ਼ਹੀਦਾਂ ਸਿੰਘਾਂ ਨੂੰ ਭੇਂਟ ਕੀਤੀ ਗਈ ਸੀ। ਇਹ ਐਂਬੂਲੈਂਸ ਪਿਛਲੇ ਤਿੰਨ ਸਾਲਾਂ ਤੋ ਪਿੰਡ ਵਾਸੀਆਂ ਨੂੰ ਸੇਵਾ ਪ੍ਰਦਾਨ ਕਰ ਰਹੀ ਹੈ। ਇਸ ਐਂਬੂਲੈਂਸ ਦੀ ਸੇਵਾ ਨੂੰ ਜਾਰੀ ਰੱਖਣ ਲਈ ਵਿਦੇਸ਼ਾਂ ਦੀ ਧਰਤੀ 'ਤੇ ਰਹਿੰਦੇ ਪਿੰਡ ਵਾਸੀਆਂ ਨੇ ਅੰਬੀ ਢੰਡਾ ਰਾਹੀਂ ਦੋ ਲੱਖ ਰੁਪਏ ਦਾ ਯੋਗਦਾਨ ਅਦਾ ਕੀਤਾ ਹੈ। ਜਿਨ੍ਹਾਂ ਦਾਨੀ ਸੱਜਣਾਂ ਵਲੋਂ ਆਪਣੀ ਨੇਕ ਵਿੱਚੋਂ ਇਹ ਸੇਵਾ ਕੀਤੀ ਗਈ ਹੈ, ਉਨ੍ਹਾਂ ਦੀ ਚੜ੍ਹਦੀ ਕਲਾ ਲਈ ਗੁਰਦੁਆਰਾ ਸ਼ਹੀਦਾਂ ਸਿੰਘਾਂ ਪਿੰਡ ਢੰਡਾ ਵਿਖੇ ਅਰਦਾਸ ਬੇਨਤੀ ਕੀਤੀ ਗਈ, ਜਿਸ ਵਿੱਚ ਪਿੰਡ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਪਿੰਡ ਵਾਸੀਆਂ ਨੇ ਕਿਹਾ ਕਿ ਅੰਬੀ ਢੰਡਾ ਦੇ ਪਰਵਾਰ ਵਲੋਂ ਕੀਤੀ ਗਈ ਇਸ ਸੇਵਾ ਦੇ ਨਾਲ ਲੋਕ ਸਮੇਂ ਸਿਰ ਹਸਪਤਾਲ ਪਹੁੰਚ ਕੇ ਆਪਣਾ ਇਲਾਜ਼ ਕਰਵਾ ਸਕਦੇ ਹਨ।

ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਅੰਬੀ ਢੰਡਾ ਨੂੰ ਸਿਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਗੁਰਵਿੰਦਰ ਸਿੰਘ, ਗੁਰਦਿਆਲ ਸਿੰਘ, ਦਲਜੀਤ ਸਿੰਘ, ਸੰਤੋਖ ਸਿੰਘ ਕਾਲੀਆ, ਰਸ਼ਪਾਲ ਸਿੰਘ ਬਿੱਲੂ, ਬਿੰਦਰ ਸੁੰਮਨ, ਦਿਆਲ ਸਿੰਘ ਨੰਬਰਦਾਰ, ਝਲਮਣ ਸਿੰਘ ਢੰਡਾ, ਸੋਡੀ ਸਿੰਘ ਰੂਪਲ, ਦੀਪਾ ਢੰਡਾ, ਸਰਬਜੀਤ ਸਿੰਘ ਢੇਸੀ, ਜੀਤਾ ਯੂਕੇ, ਹਰਜਿੰਦਰ ਸਿੰਘ, ਦਲਵੀਰ ਸਿੰਘ, ਦਵਿੰਦਰ ਸਿੰਘ,ਜਸਵੀਰ ਸਿੰਘ, ਸਦਾ ਰਾਮ, ਅਮਰੀਕ ਸਿੰਘ, ਸੁਰਜੀਤ ਸਿੰਘ ਤੋ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

# ਕੈਮੀਕਲ ਵਰਤ ਕੇ ਮਨੁੱਖੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ : ਡੀ ਸੀ



**ਹੁਸ਼ਿਆਰਪੁਰ, (ਓ ਪੀ ਰਾਣਾ)** ਜ਼ਿਲ੍ਹੇ ਵਿੱਚ ਲਗਭਗ 25000 ਹੈਕਟੇਅਰ ਰਕਬੇ 'ਤੇ ਗੰਨੇ ਦੀ ਕਾਸ਼ਤ ਕੀਤੀ ਜਾਂਦੀ ਹੈ ਅਤੇ ਸਮੁੱਚੇ ਪੰਜਾਬ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਗੰਨੇ ਦੀ ਕਾਸ਼ਤ ਵਿੱਚ ਮੋਹਰੀ ਹੈ। ਗੁੜ ਅਤੇ ਸ਼ੱਕਰ ਦੇ ਮਿਆਰੀ ਉਤਪਾਦਨ ਅਤੇ ਇਸ ਦੀ ਗਾਹਕਾਂ ਨੂੰ ਮਿਆਰੀ ਉਪਲਬੱਧਤਾ ਲਈ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸੰਦੀਪ ਹੰਸ ਨੇ ਸਮੂਹ ਬੇਲਣਾਂ ਮਾਲਕਾਂ ਨੂੰ ਗੁੜ ਅਤੇ ਸ਼ੱਕਰ ਦੇ ਉਤਪਾਦਨ ਦੌਰਾਨ ਕਿਸੇ ਵੀ ਤਰ੍ਹਾਂ ਦੇ ਕੈਮੀਕਲ ਜਾਂ ਘਟੀਆ ਕੁਆਲਿਟੀ ਦੀ ਖੰਡ ਦੀ ਵਰਤੋਂ ਨਾ ਕਰਨ ਦੇ ਸਖਤ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਸੀਜ਼ਨ ਦੌਰਾਨ ਜ਼ਿਲ੍ਹੇ ਵਿੱਚ ਇਸ ਦੀ ਮਿਆਰੀ ਉਪਲਬੱਧਤਾ ਲਈ ਜ਼ਿਲ੍ਹਾ ਸਿਹਤ ਅਫਸਰ ਅਤੇ ਉਨ੍ਹਾਂ ਦੀਆਂ ਫੂਡ ਸੇਫਟੀ ਟੀਮਾਂ ਵਲੋਂ ਵੱਖ-ਵੱਖ ਥਾਵਾਂ 'ਤੇ ਬੇਲਣਿਆਂ ਦੀ ਚੈਕਿੰਗ ਕੀਤੀ ਜਾਵੇਗੀ। ਜੇਕਰ ਕਿਸੇ ਵੀ ਬੇਲਣੇ 'ਤੇ ਮਨੁੱਖੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਕੈਮੀਕਲ ਜਾਂ ਕੋਈ ਹੋਰ ਅਜਿਹੇ ਪਦਾਰਥ ਪਾਏ ਜਾਂਦੇ ਹਨ ਤਾਂ ਅਜਿਹੀ ਸੂਰਤ ਵਿੱਚ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਕੁੱਲੀ ਬਾਬਾ ਖੁਸ਼ਦਿਲ 'ਚ ਸਲਾਨਾ ਬਰਸੀ ਸਮਾਗਮ ਦੇ ਰਾਤਰੀ ਦੀਵਾਨਾਂ ਦੀ ਆਰੰਭਤਾ



**ਅੱਡਾ ਸਰਾਂ ( ਜਸਵੀਰ ਕਾਜਲ)**-ਧੰਨ ਧੰਨ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਨੂੰ ਸਮਰਪਿਤ 49ਵਾਂ ਸਾਲਾਨਾ ਖੁਸ਼ਦਿਲ ਕੀਰਤਨ ਦਰਬਾਰ ਅਤੇ 26 ਵੀਂ ਸਾਲਾਨਾ ਬਰਸੀ ਪਿੰਡ ਦਰੀਆ (ਨਜਦੀਕ ਅੱਡਾ ਸਰਾਂ ) ਵਿਖੇ ਆਰੰਭਤਾ ਹੋ ਚੁੱਕੀ ਹੈ । ਜਿਸ ਵਿਚ ਰਾਤਰੀ ਦੇ ਦੀਵਾਨਾਂ ਦੀ ਆਰੰਭਤਾ ਭਾਈ ਮਲਕੀਤ ਸਿੰਘ ਖਾਨਪੁਰ ਥਿਆੜਾ ਵਾਲਿਆਂ ਦੇ ਕੀਰਤਨੀ ਜਥੇ ਨੇ ਹਾਜ਼ਰੀ ਭਰ ਕੇ ਕੀਤੀ । ਉਨ੍ਹਾਂ ਨੇ ਪਰਮਾਤਮਾ ਦੀ ਉਸਤਤ ਕਰਦਿਆਂ ਹੋਇਆਂ ਦੱਸਿਆ ਕਿ ਭਗਤਾਂ,ਬ੍ਰਹਮਗਿਆਨੀ ਸੰਤਾਂ ਦਾ ਦਰਜਾ ਬਹੁਤ ਉੱਚਾ ਹੈ ਜੋ ਸਾਨੂੰ ਪ੍ਰਭੂ ਪਰਮੇਸ਼ਰ ਨਾਲ ਜੋੜਨ ਲਈ ਅਹਿਮ ਯੋਗਦਾਨ ਪਾਉਂਦੇ ਹਨ । ਸੰਤ ਬਾਬਾ ਮੱਖਣ ਸਿੰਘ ਦੀ ਰਹਿਨੁਮਾਈ ਹੇਠ ਹੋ ਰਹੇ ਇਸ ਸਮਾਗਮ ਵਿਚ ਉਨ੍ਹਾਂ ਨੇ ਦੱਸਿਆ ਕਿ ਤੋਂ ਰਾਤਰੀ ਦੇ ਦੀਵਾਨਾਂ ਦੀ ਆਰੰਭਤਾ ਹੋ ਗਈ ਹੈ। ਜਿਸ ਦੌਰਾਨ ਸੰਤ ਜੀਵਾ ਸਿੰਘ ਸਰਮਸਤਪੁਰ ਵਾਲੇ, ਸੰਤ ਤਰਲੋਚਨ ਸਿੰਘ ਬਰਾਕਾਤਾ ਵਾਲੇ, ਸੰਤ ਗੁਰਵਿੰਦਰ ਸਿੰਘ ਬਸਤਰੀ ਹਜ਼ਾਰੇ ਵਾਲੇ ,ਸ਼ਹੀਦ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਜ਼ਿੰਦਾ ਸ਼ਹੀਦ ਅਤੇ ਸੰਤ ਗੁਰਦੇਵ ਸਿੰਘ ਬਜਵਾੜੇ ਵਾਲੇ ਲੜੀਵਾਰ ਦਿਨਾਂ ਵਿਚ ਰਾਤਰੀ ਦੇ ਦੀਵਾਨਾਂ ਵਿਚ ਹਾਜ਼ਰੀ ਭਰਨਗੇ । ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਲੜੀਵਾਰ ਪਾਠਾਂ ਦੇ ਭੋਗ ਤੋਂ ਉਪਰੰਤ 4 ਅਕਤੂਬਰ ਦਿਨ ਮੰਗਲਵਾਰ ਨੂੰ ਨਗਰ ਕੀਰਤਨ ਸਜਾਏ ਜਾਣਗੇ, ਜੋ ਪਿੰਡ ਦਰੀਆ ਤੋਂ ਸ਼ੁਰੂ ਹੋ ਕੇ ਪਿੰਡ ਕੰਧਾਲਾ ਜੱਟਾਂ ,ਬਾਬਕ ਘੋੜੇਵਾਹਾ ਦੀ,ਪਰਕਰਮਾ ਕਰਦੇ ਹੋਏ ਪਿੰਡ ਦਰੀਆ ਪਹੁੰਚ ਕੇ ਸਮਾਪਤੀ ਹੋਵੇਗੀ । ਨਗਰ ਕੀਰਤਨ ਵਿੱਚ ਢਾਡੀ ਸੁਖਵੀਰ ਸਿੰਘ ਚੌਹਾਨ ਅਤੇ ਕਵੀਸ਼ਰ ਵਰਿੰਦਰ ਸਿੰਘ ਬੈਂਕਾ ਦਾ ਜੱਥਾ ਢਾਡੀ ਵਾਰਾਂ ਨਾਲ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜੇਗਾ ।5 ਅਕਤੂਬਰ ਦਿਨ ਬੁੱਧਵਾਰ ਨੂੰ ਮਹਾਨ ਕੀਰਤਨ ਦਰਬਾਰ ਵੀ ਕਰਵਾਇਆ ਜਾਵੇਗਾ ਜਿਸ ਵਿਚ ਪੰਥ ਦੇ ਮਹਾਨ ਕੀਰਤਨੀ ਜਥੇ ਹਾਜ਼ਰੀ ਭਰਨਗੇ । ਬਾਬਾ ਜੀ ਨੇ ਦੱਸਿਆ ਕਿ ਰੋਜ਼ਾਨਾ ਹੀ ਗੁਰੂ ਕਾ ਲੰਗਰ ਕੁਟੀਆ ਵਿੱਚ ਅਤੁੱਟ ਵਰਤਾਇਆ ਜਾਂਦਾ ਹੈ ਕੀਰਤਨ ਦਰਬਾਰ ਤੱਕ ਇਹ ਲੰਗਰ ਨਿਰੰਤਰ ਹੀ ਚੱਲੇਗਾ।

# ਸਿਹਤ ਤੇ ਤੰਦਰੁਸਤੀ ਕੇਂਦਰਾਂ 'ਚ ਵਿਸ਼ਵ ਦਿਲ ਦਿਵਸ ਮਨਾਇਆ



**ਸ੍ਰੀ ਚਮਕੌਰ ਸਾਹਿਬ, (ਕੁਲਵਿੰਦਰ ਕਾਲਾ)**-ਡਾ. ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਅਧੀਨ ਵੱਖ-ਵੱਖ ਸਿਹਤ ਤੇ ਤੰਦਰੁਸਤੀ ਕੇਂਦਰਾਂ ਵਿੱਚ ਵਿਸ਼ਵ ਦਿਲ ਦਿਵਸ ਮਨਾਇਆ ਗਿਆ। ਇਸ ਮੌਕੇ ਪਰਦੀਪ ਕੌਰ ਸੀ.ਐਚ.ਓ ਨੇ ਸੰਬੋਧਨ ਕਰਦਿਆਂ ਕਿਹਾ ਕਿ ਚੰਗੀ ਸਿਹਤ ਮਨੁੱਖ ਦੀ ਜਿੰਦਗੀ ਵਿੱਚ ਵਾਧਾ ਕਰ ਸਕਦੀ ਹੈ ਪਰ ਮਨੁੱਖ ਨੂੰ ਆਪਣੀ ਸਿਹਤ ਚੰਗੀ ਰੱਖਣ ਲਈ ਕਾਫੀ ਗੱਲਾਂ ਦਾ ਧਿਆਨ ਰੱਖਣਾ ਪੈਂਦਾ ਹੈ,ਦਿਲ ਨੂੰ ਤੰਦਰੁਸਤ ਰੱਖਣ ਲਈ ਸੰਤੁਲਿਤ ਆਹਾਰ ਦਾ ਇਕ ਅਹਿਮ ਰੋਲ ਹੈ,ਸੰਤੁਲਿਤ ਆਹਾਰ ਜਿਸ ਵਿੱਚ ਕਰਬੋਹਾਈਡ੍ਰੇਟ, ਪ੍ਰੋਟੀਨ, ਫੈਟ, ਵਿਟਾਮਿਨ, ਖਣਿਜ ਪਦਾਰਥ ਅਤੇ ਕਾਫੀ ਮਾਤਰਾ ਵਿੱਚ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ। ਭੋਜਨ ਵਿੱਚ ਕਿਸੇ ਵੀ ਇਕ ਪੌਸ਼ਟਿਕ ਤੱਤ ਦੀ ਘਾਟ ਹੋਣ ਨਾਲ ਕਈ ਸਰੀਰਿਕ ਸਮੱਸਿਆਂਵਾ ਪੈਦਾ ਹੋ ਜਾਂਦੀਆ ਹਨ। ਹਰੇਕ ਵਿਅਕਤੀ ਦੀ ਚੰਗੀ ਸਿਹਤ ਅਤੇ ਦਿਲ ਦੀ ਤੰਦਰੁਸਤੀ ਲਈ ਪੂਰੀ ਨੀਂਦ ਆਉਣਾ ਵੀ ਬਹੁਤ ਜਰੂਰੀ ਹੈ।ਚੰਗੀ ਸਿਹਤ ਲਈ ਜਰੂਰੀ ਹੈ ਕਿ ਜੀਵਨ ਵਿੱਚ ਨਸ਼ਿਆਂ ਦੀ ਵਰਤੋਂ ਨਾ ਕੀਤੀ ਜਾਵੇ।ਇਸ ਮੌਕੇ ਤੇ ਜਗਦੀਪ ਕੌਰ ਸੀ.ਐਚ.ਓ ਨੇ ਕਿਹਾ ਕਿ ਸਿਗਰਟ,ਤੰਬਾਕੂ ਗੁਟਕਾ ਖਾਣ ਨਾਲ ਦਿਲ ਦੇ ਬਿਮਾਰੀਆਂ ਹੋ ਸਕਦੀਆਂ ਹਨ, 40 ਸਾਲ ਦੀ ਉਮਰ ਦੇ ਲੋਕਾਂ ਨੂੰ ਆਪਣੀ ਸਿਹਤ ਅਤੇ ਦਿਲ ਪ੍ਰਤੀ ਕਾਫੀ ਧਿਆਨ ਰੱਖਣ ਦੀ ਲੋੜ ਹੈ ਕਿਉਂਕਿ ਇਸ ਉਮਰ ਨੂੰ ਪਾਰ ਕਰਦਿਆਂ ਹੀ ਜਿਆਦਾ ਬਿਮਾਰੀਆਂ ਲੱਗਣ ਦੀ ਸੰਭਾਵਨਾ ਹੁੰਦੀ ਹੈ।ਕਸਰਤ,ਯੋਗਾ ਅਤੇ ਮੈਡੀਟੇਸ਼ਨ ਨਾਲ ਹਾਰਟ ਅਟੈਕ, ਸਟਰੋਕ, ਹਾਈ ਬਲੱਡ ਪ੍ਰੈਸ਼ਰ, ਡਾਇਬਟੀਜ ਟਾਈਪ 2, ਮੋਟਾਪਾ ਅਤੇ ਚਿੰਤਾ ਵਰਗੀਆਂ ਬਿਮਾਰੀਆਂ ਦੀ ਸੰਭਾਵਨਾ ਘੱਟ ਹੋ ਜਾਂਦੀ ਹੈ। ਇਸ ਮੌਕੇ ਤੇ ਸਿਹਤ ਜਾਗਰੂਕਤਾ ਸਬੰਧੀ ਲੋਕਾਂ ਨੂੰ ਪੈਫਲੇਟ ਵੀ ਤਕਸੀਮ ਕੀਤੇ ਗਏ। ਇਸ ਮੌਕੇ ਤੇ ਸਮੂਹ ਸੀ.ਐਚ.ਓਜ਼ ਏ.ਐਨ.ਐਮਜ਼ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਦੋਆਬਾ ਕਿਸਾਨ ਯੂਨੀਅਨ ਨੇ ਦਿੱਤਾ ਮੰਗ ਪੱਤਰ



**ਮਹਿਤਪੁਰ (ਰਾਜਾ)** ਪੰਜਾਬ ਵਿੱਚ ਝੋਨੇ ਦੀ ਕਟਾਈ ਦਾ ਸੀਜਨ ਸ਼ੁਰੂ ਹੋਣ ਜਾ ਰਿਹਾ ਹੈ। ਦੋਆਬਾ ਕਿਸਾਨ ਯੂਨੀਅਨ ਪੰਜਾਬ ਵਲੋਂ ਸਕੱਤਰ ਮਾਰਕੀਟ ਕਮੇਟੀ ਮਹਿਤਪੁਰ ਨੂੰ ਮੰਗ ਪੱਤਰ ਦੇ ਕੇ ਅਪੀਲ ਕੀਤੀ ਗਈ ਕਿ ਝੋਨੇ ਦੀ ਖਰੀਦ ਬਾਰੇ ਮੰਡੀਕਰਨ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ ਤਾਂ ਜੋ ਝੋਨੇ ਦੀ ਮੰਡੀਕਰਨ ਬਾਰੇ ਕਿਸਾਨਾਂ ਨੂੰ ਕੋਈ ਮੁਸ਼ਕਲ ਨਾ ਆਵੇ। ਪਿਛਲੇ ਸਮੇਂ ਵਿੱਚ ਇਹ ਵੇਖਿਆ ਗਿਆ ਹੈ ਕਿ ਮੰਡੀਆਂ ਵਿੱਚ ਝੋਨੇ ਦੀ ਬੋਲੀ ਸਮੇਂ ਸਿਰ ਨਹੀਂ ਹੁੰਦੀ। ਬਾਰਦਾਨੇ ਦੀ ਘਾਟ ਰਹਿੰਦੀ ਹੈ। ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ ਨਹੀਂ ਹੁੰਦਾ। ਮੰਡੀ ਵਿੱਚ ਚੋਰੀ ਦੀਆਂ ਘਟਨਾਵਾਂ ਆਮ ਹੁੰਦੀਆਂ ਹਨ। ਝੋਨੇ ਦੀ ਤੁਲਾਈ ਬਾਰੇ ਆਮ ਕਿਸਾਨਾਂ ਨੂੰ ਸਕਾਇਤ ਰਹਿੰਦੀ ਹੈ।

ਸੋ ਆਉਂਦੇ ਝੋਨੇ ਦੇ ਸੀਜਨ ਦੌਰਾਨ ਇਹ ਮੁਸਕਲਾਂ ਕਿਸਾਨਾਂ ਨੂੰ ਪੇਸ਼ ਨਾ ਆਉਣ। ਇਸ ਲਈ ਮੰਡੀਕਰਨ ਦੇ ਸਹੀ ਪ੍ਰਬੰਧ ਕੀਤੇ ਜਾਣ । ਇਸ ਮੌਕੇ ਦੋਆਬਾ ਕਿਸਾਨ ਯੂਨੀਅਨ ਵੱਲੋਂ ਪ੍ਰਧਾਨ ਕਸ਼ਮੀਰ ਸਿੰਘ ਪੰਨੂੰ, ਕੁਲਬੀਰ ਸਿੰਘ ਕੈਮਵਾਲਾ, ਗੁਰਨਾਮ ਸਿੰਘ ਮਹਿਸਮਪੁਰੀ, ਅਰਬਿੰਦਰ ਸਿੰਘ ਚੀਮਾ, ਗੁਰਭੇਜ ਸਿੰਘ ਕੈਮਵਾਲਾ, ਕਿਰਪਾਲ ਸਿੰਘ ਤੰਦਾਉਰਾ, ਰਛਪਾਲ ਸਿੰਘ ਧੰਜੂ, ਹਰਬੰਸ ਸਿੰਘ ਤੰਦਾਉਰਾ, ਰਾਜੂ ਟੁਰਨਾ, ਗੁਰਸ਼ਰਨ ਸਿੰਘ ਐਡਵੋਕੇਟ ਸਰਬਜੀਤ ਸਿੰਘ ਝੁੱਗੀਆਂ ਆਦਿ ਹਾਜਰ ਸਨ।

# ਬਾਰ ਐਸੋਸੀਏਸ਼ਨ ਨਾਲ ਬੁੱਧੀਜੀਵੀ ਸੰਮੇਲਨ



**ਫਿਲੌਰ (ਨਿਰਮਲ)**- ਭਾਰਤੀ ਜਨਤਾ ਪਾਰਟੀ ਵਿਧਾਨ ਸਭਾ ਹਲਕਾ ਫਿਲੌਰ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਨੂੰ ਸਮਰਪਿਤ ਸੇਵਾ ਪਖਵਾੜਾ ਸੰਮਤੀ ਪ੍ਰੋਗਰਾਮ ਦੇ ਤਹਿਤ ਫਿਲੌਰ ਬਾਰ ਐਸੋਸੀਏਸ਼ਨ ਨਾਲ ਬੁੱਧੀਜੀਵੀ ਸੰਮੇਲਨ ਕੀਤਾ ਗਿਆ। ਇਸ ਮੌਕੇ ਉਮੇਸ਼ ਸ਼ਾਰਦਾ ਸਟੇਟ ਬੂਥ ਮੈਨੇਜਮੈਂਟ ਇੰਚਾਰਜ ਪਹੁੰਚੇ ਅਤੇ ਉਨ੍ਹਾਂ ਨਾਲ ਅਮਰਜੀਤ ਅਮਰੀ ਜ਼ਿਲ੍ਹਾ ਪ੍ਰਧਾਨ ਦਿਹਾਤੀ ਅਤੇ ਰਾਜੀਵ ਪਾਂਜਾ ਕਾਰਜਕਾਰਨੀ ਮੈਂਬਰ ਪੰਜਾਬ ਵੀ ਸਨ। ਆਏ ਹੋਏ ਪਾਰਟੀ ਅਹੁਦੇਦਾਰਾਂ ਨੇ ਵਕੀਲਾਂ ਨਾਲ ਪਾਰਟੀ ਵੱਲੋਂ ਕੇਂਦਰ ਵਿੱਚ ਅਤੇ ਜਿਥੇ ਵੀ ਭਾਜਪਾ ਦੀ ਸਰਕਾਰ ਹੈ ਉੱਥੇ ਮੋਦੀ ਜੀ ਦੀ ਉੱਚੀ ਸੋਚ ਸਦਕਾ ਹੋ ਰਹੇ ਕੰਮਾਂ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਮੋਦੀ ਪੰਜਾਬ ਨੂੰ ਮੁੜ ਸੋਨੇ ਦੀ ਚਿੜੀ ਬਨਾਉਣਾ ਚਾਹੁੰਦੇ ਹਨ। ਆਪ ਸਭ ਸਾਥ ਦਿਓ ਅਤੇ ਵਕੀਲਾਂ ਨੇ ਆਪਣੇ ਵਿਚਾਰ ਅਤੇ ਸੁਝਾ ਵੀ ਰੱਖੇ। ਇਸ ਮੌਕੇ ਐਡਵੋਕੇਟ ਇੰਦਰਪਾਲ ਸਿੰਘ ਮਾਨ, ਅਮਰਦੀਪ ਸਿੰਘ, ਪਰਮਜੋਤ ਸਿੱਧੂ, ਜਸਵੀਰ ਸਿੰਘ, ਨਿਸ਼ਾਂਤ ਸ਼ਰਮਾ, ਅਮਿਤ ਭਾਰਦਵਾਜ, ਦੀਪਕ ਪੁਰੀ, ਰਾਜੇਸ਼ ਕੁਮਾਰ, ਸ਼ਾਮ ਲਾਲ ਸ਼ਰਮਾ, ਸੁਦਰਸ਼ਨ ਗੋਇਲ, ਅੱਜ ਪ੍ਰੂੰਜ ਅਤੇ ਅਸਸ਼ਕ ਭਾਰਦਵਾਜ ਆਦਿ ਹਾਜਰ ਸਨ।

# ਐੱਸ ਡੀ ਕਾਲਜ ਵਿਖੇ ਪੇਂਟਿੰਗ ਮੁਕਾਬਲਾ



**ਜਲੰਧਰ ( ਇਕਬਾਲ ਸਿੰਘ ਉੱਭੀ)**-ਪੀ. ਸੀ. ਐਮ.ਐਸ.ਡੀ ਕਾਲਜ ਫਾਰ ਵੂਮੈਨ ਵਿਖੇ ਆਈ-ਸੋਸਲ ਕਲੱਬ ਵੱਲੋਂ 'ਏਕ ਭਾਰਤ ਉੱਤਮ ਭਾਰਤ' ਨਾਮਕ ਰਾਸ਼ਟਰੀ ਪ੍ਰੋਗਰਾਮ ਦੇ ਦਿਸ਼ਾ-ਨਿਰਦੇਸਾਂ ਅਨੁਸਾਰ ਵਾਰਲੀ ਕਲਾ 'ਤੇ ਪੇਂਟਿੰਗ ਮੁਕਾਬਲਾ ਕਰਵਾਇਆ ਗਿਆ। ਵਾਰਲੀ ਕਲਾ ਇੱਕ ਕਲਾ ਰੂਪ ਹੈ ਜੋ ਵਾਰਲੀ ਕਬੀਲੇ ਦੀ ਅਰਧ-ਖਾਣਜਾਨ ਸਵਦੇਸ਼ੀ ਆਬਾਦੀ ਨੂੰ ਦਰਸਾਉਂਦੀ ਮਹਾਰਾਸ਼ਟਰ ਵਿੱਚ ਉਪਜੀ ਹੈ। ਵਿਦਿਆਰਥੀਆਂ ਨੇ ਆਪਣੇ ਕੈਨਵਸ ਦੇ ਤੌਰ 'ਤੇ ਚਮਕਦਾਰ ਰੰਗਾਂ ਦੀਆਂ ਏ4-ਆਕਾਰ ਦੀਆਂ ਸੀਟਾਂ ਦੀ ਵਰਤੋਂ ਕੀਤੀ ਜਿੱਥੇ ਉਹਨਾਂ ਨੇ ਤਿਕੋਣ, ਚੱਕਰ, ਵਰਗ, ਬਿੰਦੀਆਂ ਅਤੇ ਡੈਸ਼ਾਂ ਵਰਗੇ ਜਿਓਮੈਟ੍ਰਿਕ ਆਕਾਰਾਂ ਨੂੰ ਛਾਪਿਆ, ਜੋ ਸਧਾਰਨ ਪਰ ਸ਼ਾਨਦਾਰ ਦਿਖਾਈ ਦਿੰਦੇ ਸਨ। ਇਸ ਮੁਕਾਬਲੇ ਵਿੱਚ 16 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਬੀ.ਏ. ਸਮੈਸਟਰ ਤੀਜੇ ਦੀ ਕ੍ਰਿਸ਼ਮਾ ਨੇ ਪਹਿਲਾ, ਬੀ.ਏ. ਸਮੈਸਟਰ ਪੰਜਵੇਂ ਦੀ ਕਵਿਤਾ ਨੇ ਦੂਜਾ ਇਨਾਮ ਪ੍ਰਾਪਤ ਕੀਤਾ। ਬੀ.ਏ. ਸਮੈਸਟਰ ਪਹਿਲੇ ਦੀ ਗੌਰੀ ਨੇ ਤੀਜਾ ਸਥਾਨ ਹਾਸਲ ਕੀਤਾ ਅਤੇ ਬੀ.ਕਾਮ ਸਮੈਸਟਰ ਪੰਜਵੇਂ ਦੀ ਪੁਨੀਤ ਕੌਰ ਨੇ ਤਸੱਲੀ ਇਨਾਮ ਪ੍ਰਾਪਤ ਕੀਤਾ। ਇਸ ਮੌਕੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ , ਪ੍ਰਬੰਧਕ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਰਾਸ਼ਟਰ ਹਿੱਤ ਵਿੱਚ ਅਜਿਹੀ ਗਤੀਵਿਧੀ ਕਰਵਾਉਣ ਲਈ ਆਈ -ਕਲੱਬ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਭਗਵਾਨ ਸ਼੍ਰੀ ਰਾਮ ਦੀ ਸ਼ੋਭਾ ਯਾਤਰਾ ਪਹਿਲੀ ਨੂੰ ਧੂਮਧਾਮ ਨਾਲ ਕੱਢੀ ਜਾਵੇਗੀ



**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ )**- ਭਗਵਾਨ ਸ਼੍ਰੀ ਰਾਮ ਚੰਦਰ ਜੀ ਦੇ ਜੀਵਨ, ਕਰਮ ਅਤੇ ਉਪਦੇਸ਼ਾਂ ਨੂੰ ਦਰਸਾਉਣ ਸਬੰਧੀ 1 ਅਕਤੂਬਰ ਨੂੰ ਕੱਢੀ ਜਾ ਰਹੀ ਸ਼ੋਭਾ ਯਾਤਰਾ ਦੀਆਂ ਤਿਆਰੀਆਂ ਸਬੰਧੀ ਬਾਰੇ ਵਿਚਾਰ ਵਟਾਂਦਰਾ ਕਰਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟਾਂਡਾ ਦੀ ਗਰਾਊਂਡ ਵਿਖੇ ਦੁਸਹਿਰਾ ਕਮੇਟੀ ਦੇ ਪ੍ਰਧਾਨ ਕਮਲਕਾਂਤ ਬੰਟੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਟਾਂਡਾ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਮੁੱਖ ਮਹਿਮਾਨ ਵਜੋਂ ਸ਼੍ਰੀ ਸਨਾਤਨ ਧਰਮ ਸਭਾ ਮਹਾਦੇਵ ਮੰਦਰ ਉੜਮੁੜ ਦੇ ਪ੍ਰਧਾਨ ਦੀਪਕ ਬਹਿਲ ਵਿਸੇਸ ਤੌਰ 'ਤੇ ਸ਼ਾਮਿਲ ਹੋਏ। ਬਹਿਲ ਨੇ ਕਿਹਾ ਕਿ ਮਰਿਆਦਾ ਪ੍ਰਸ਼ੋਤਮ ਭਗਵਾਨ ਸ਼੍ਰੀ ਰਾਮ ਚੰਦਰ ਜੀ ਨੇ ਬੁਰਾਈ 'ਤੇ ਅੱਛਾਈ ਦੀ ਜਿੱਤ ਦਾ ਜਿਹੜਾ ਸੰਦੇਸ਼ ਦਿੱਤਾ ਹੈ ਸਾਨੂੰ ਸਾਰਿਆਂ ਨੂੰ ਉਸ ਸੰਦੇਸ਼ ਨੂੰ ਆਪਣੇ ਜੀਵਨ ਚ ਧਾਰ ਕੇ ਉਸ ਤੇ ਪਹਿਰਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 1 ਅਕਤੂਬਰ ਨੂੰ ਸ਼੍ਰੀ ਰਾਮ ਜੀ ਦੀ ਜੀਵਨੀ 'ਤੇ ਆਧਾਰਿਤ ਸ਼ੋਭਾ ਯਾਤਰਾ ਬੜੀ ਧੂਮਧਾਮ ਨਾਲ ਕੱਢੀ ਜਾਵੇਗੀ।

ਇਹ ਸ਼ੋਭਾ ਯਾਤਰਾ ਮਹਾਦੇਵ ਮੰਦਰ ਤੋਂ ਸ਼ੁਰੂ ਹੋ ਕੇ ਸ਼ਿਮਲਾ ਪਹਾੜੀ ਚੌਕ, ਉੜਮੁੜ ਬਾਜ਼ਾਰ, ਦਾਰਾਪੁਰ, ਥਾਣਾ ਚੌਕ, ਰੇਲਵੇ ਸਟੇਸ਼ਨ ਚੌਕ, ਪੁਰਾਣੀ ਦਾਣਾ ਮੰਡੀ ਚੌਕ, ਸਬ ਤਹਿਸੀਲ ਚੌਕ, ਬੱਸ ਸਟੈਂਡ ਚੌਕ, ਸਰਕਾਰੀ ਹਸਪਤਾਲ ਚੌਕ ਅਤੇ ਸ਼ਹਿਰ ਦੇ ਹੋਰ ਚੌਕਾਂ ਵਿੱਚੋਂ ਹੁੰਦੀ ਹੋਈ ਮਹਾਦੇਵ ਮੰਦਰ ਪਹੁੰਚ ਕੇ ਸਮਾਪਤ ਹੋਵੇਗੀ।

# ਜ਼ਿਲ੍ਹੇ 'ਚ 19 ਥਾਵਾਂ 'ਤੇ ਪਟਾਖੇ ਵੇਚਣ ਲਈ 57 ਆਰਜ਼ੀ ਲਾਇਸੰਸ ਜਾਰੀ ਕੀਤੇ ਜਾਣਗੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਮੈਜਿਸਟਰੇਟ ਸੰਦੀਪ ਹੰਸ ਨੇ ਦੱਸਿਆ ਇਸ ਸਾਲ ਦੀਵਾਲੀ ਦੇ ਤਿਉਹਾਰ ਦੌਰਾਨ ਪ੍ਰਚੂਨ ਵਿਚ ਪਟਾਖੇ ਵੇਚਣ ਸਬੰਧੀ ਟੈਂਪਰੇਰੀ ਲਾਇਸੰਸ ਜਾਰੀ ਕੀਤੇ ਜਾਣੇ ਹਨ। ਉਨ੍ਹਾਂ ਦੱਸਿਆ ਕਿ ਇਹ ਆਰਜ਼ੀ ਲਾਇਸੰਸ ਡਰਾਅ ਪ੍ਰਕਿਰਿਆ ਰਾਹੀਂ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਦਰਖਾਸਤਾਂ ਸਬੰਧਤ ਉਪ ਮੰਡਲ ਮੈਜਿਸਟਰੇਟ ਦਫ਼ਤਰ ਵਿਖੇ ਪ੍ਰਾਪਤ ਕੀਤੀਆਂ ਜਾਣਗੀਆਂ। ਚਾਹਵਾਨ ਵਿਅਕਤੀ 30 ਸਤੰਬਰ 2022 ਤੋਂ 7 ਅਕਤੂਬਰ 2022 ਤੱਕ ਸ਼ਾਮ 5 ਵਜੇ ਤੱਕ ਆਪਣੇ ਇਲਾਕੇ ਦੇ ਸਬੰਧਤ ਉਪ ਮੰਡਲ ਮੈਜਿਸਟਰੇਟ ਦਫ਼ਤਰ ਵਿਖੇ ਸਥਿਤ ਸੇਵਾ ਕੇਂਦਰ ਰਾਹੀਂ ਫੀਸ ਜਮ੍ਹਾਂ ਕਰਵਾ ਕੇ ਦਰਖਾਸਤ ਦੇ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਪ੍ਰਾਰਥੀ ਆਪਣੀ ਦਰਖਾਸਤ ਨਾਲ ਇਕ ਸਵੈ-ਘੋਸ਼ਣਾ ਪੱਤਰ, ਦੋ ਪਾਸਪੋਰਟ ਸਾਈਜ਼ ਫੋਟੋ ਅਤੇ ਰਿਹਾਇਸ਼ ਸਬੰਧੀ ਪਰੂਫ/ਆਧਾਰ ਕਾਰਡ ਦੀ ਕਾਪੀ ਲਗਾਉਣਾ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਇਹ ਆਰਜ਼ੀ ਲਾਇਸੰਸ ਡਰਾਅ ਪ੍ਰਕਿਰਿਆ / ਲਾਟਰੀ ਸਿਸਟਮ ਰਾਹੀਂ 10 ਅਕਤੂਬਰ 2022 ਨੂੰ ਸਵੇਰੇ 10 ਵਜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਹੁਸ਼ਿਆਰਪੁਰ ਦੇ ਮੀਟਿੰਗ ਹਾਲ ਵਿਖੇ ਅਲਾਟ ਕੀਤੇ ਜਾਣਗੇ। ਇਹ ਆਰਜ਼ੀ ਲਾਇਸੰਸ ਕੇਵਲ ਪ੍ਰਸ਼ਾਸਨ ਵਲੋਂ ਨਿਰਧਾਰਤ ਕੀਤੀਆਂ ਗਈਆਂ ਥਾਵਾਂ 'ਤੇ ਹੀ ਪਟਾਖੇ ਵੇਚਣ ਲਈ ਜਾਰੀ ਕੀਤੇ ਜਾਣਗੇ। ਉਨ੍ਹਾਂ ਆਮ ਜਨਤਾ ਨੂੰ ਹਦਾਇਤ ਕੀਤੀ ਕਿ ਇਸ ਪ੍ਰਕਿਰਿਆ/ਡਰਾਅ ਦੌਰਾਨ ਕੋਵਿਡ-19 ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸੋਸ਼ਲ ਡਿਸਟੈਂਸਿੰਗ ਤੇ ਮਾਸਕ ਲਗਾਉਣਾ ਯਕੀਨੀ ਬਣਾਇਆ ਜਾਵੇ। ਪ੍ਰਾਰਥੀ ਪ੍ਰਚੂਨ ਪਟਾਖੇ ਵੇਚਣ ਸਬੰਧੀ ਪ੍ਰਸ਼ਾਸਨ ਵਲੋਂ ਨਿਰਧਾਰਤ ਕੀਤੀਆਂ ਥਾਵਾਂ ਲਈ ਆਪਣੀਆਂ ਦਰਖਾਸਤਾਂ ਦੇ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵਲੋਂ ਰਿਟੇਲ ਪਟਾਖੇ ਵੇਚਣ ਲਈ ਜ਼ਿਲ੍ਹੇ ਵਿਚ 19 ਥਾਵਾਂ ਲਈ 57 ਆਰਜ਼ੀ ਲਾਇਸੰਸ ਜਾਰੀ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਅਸਥਾਈ ਲਾਇਸੰਸ ਅਤੇ ਨਿਸ਼ਚਿਤ ਕੀਤੇ ਗਏ ਸਥਾਨਾਂ ਤੋਂ ਇਲਾਵਾ ਜੇਕਰ ਕੋਈ ਪਟਾਖਾ ਵਿਕਰੇਤਾ ਪਟਾਖੇ ਵੇਚਦਾ ਪਾਇਆ ਗਿਆ ਤਾਂ ਉਸ ਖਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਹੀ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ-ਪਡਿਆਲਾ



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** :- ਸ਼ਹੀਦਾਂ ਦੀਆਂ ਕੁਬਾਨੀਆਂ ਦੀ ਬਦੌਲਤ ਹੀ ਆਪਾਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ ਅਤੇ ਆਜ਼ਾਦੀ ਨੂੰ ਬਰਕਰਾਰ ਰੱਖਣ ਲਈ ਸਾਨੂੰ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣ ਦੇ ਨਾਲ ਨਾਲ ਸ਼ਹੀਦਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣ ਦੀ ਲੋੜ ਹੈ। ਇਹ ਵਿਚਾਰ ਗੁਰਪ੍ਰਤਾਪ ਸਿੰਘ ਪਡਿਆਲਾ ਚੇਅਰਮੈਨ ਸ਼ਹੀਦ ਭਗਤ ਸਿੰਘ ਖਾਲਸਾ ਕਾਲਜ ਨੇ ਸਥਾਨਕ ਸ਼ਹਿਰ ਦੀ ਹੱਦ 'ਚ ਪੈਂਦੇ ਪਿੰਡ ਪਡਿਆਲਾ ਦੇ ਸ਼ਹੀਦ ਭਗਤ ਸਿੰਘ ਖਾਲਸਾ ਕਾਲਜ ਫ਼ਾਰ ਵੂਮੈਨ ਵਿਖੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਕਰਵਾਏ ਸਾਲਾਨਾ ਸਮਾਗਮ ਦੌਰਾਨ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਕਾਲਜ ਦੀ ਪ੍ਰਿੰਸੀਪਲ ਪ੍ਰਿਅੰਕਾ ਸ਼ਰਮਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਾਲਾਨਾ ਸਮਾਗਮ ਦੌਰਾਨ ਪਡਿਆਲਾ ਨੇ ਕਾਲਜ ਦੀ ਸਫ਼ਲਤਾ ਲਈ ਇਲਾਕਾ ਵਾਸੀਆਂ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਇਲਾਕੇ ਦੀਆਂ ਬੱਚੀਆਂ ਲਈ ਇਸ ਕਾਲਜ ਵਿੱਚ ਹਰ ਪ੍ਰਕਾਰ ਦੀ ਸਹੂਲਤ ਦੇਣ ਦਾ ਉਨ੍ਹਾਂ ਵੱਲੋਂ ਅਤੇ ਪ੍ਰਬੰਧਕ ਕਮੇਟੀ ਵੱਲੋਂ ਹਮੇਸ਼ਾਂ ਹੀ ਯਤਨ ਕੀਤੇ ਜਾਂਦੇ ਰਹੇ ਹਨ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਬੀਬੀ ਜਸਵੰਤ ਕੌਰ ਪਤਨੀ ਕੁਲਵੰਤ ਸਿੰਘ ਵਿਧਾਇਕ ਮੋਹਾਲੀ ਨੇ ਵਿਦਿਆਰਥਣਾਂ ਨੂੰ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲਣ ਅਤੇ ਉਨ੍ਹਾਂ ਦੀ ਸ਼ਹਾਦਤ ਨੂੰ ਚੇਤੇ ਕਰਨ ਦੀ ਤਾਕੀਦ ਕਰਦਿਆਂ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਬਦੌਲਤ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਇਸ ਮੌਕੇ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਗਿੱਧਾ, ਭੰਗੜਾ, ਸਕਿੱਟਾਂ, ਦੇਸ਼ ਭਗਤੀ ਦੇ ਗੀਤ ਅਤੇ ਕੋਰਿਓਗ੍ਰਾਫ਼ੀ ਪੇਸ਼ ਕੀਤੀ ਗਈ। ਇਸ ਮੌਕੇ ਚਰਨਜੀਤ ਕੌਰ, ਲਵਲੀਨ ਕੌਰ, ਸੰਜੇ ਚੋਬੇ ਸਮੇਤ ਇਲਾਕੇ ਦੇ ਮੋਹਤਬਰ ਵੀ ਹਾਜ਼ਰ ਸਨ।

# ਸਰਕਾਰ ਸ਼ਹੀਦ ਭਗਤ ਸਿੰਘ ਦਾ ਅਧੂਰਾ ਨਾਅਰਾ ਲਾਉਂਦੀ : ਬਲਜੀਤ ਧਰਮਕੋਟ



**ਬਹਿਰਾਮ (ਅਵਤਾਰ ਕਲੇਰ)** ਸ਼ਹੀਦ-ਏ-ਆਜ਼ਮ ਭਗਤ ਸਿੰਘ ਆਈ. ਟੀ.ਆਈ ਨਵਾਂਸ਼ਹਿਰ ਵਿੱਚ ਸਿਖਿਆਰਥੀਆਂ ਵੱਲੋਂ ਸਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਸੈਮੀਨਾਰ ਕਰਾਇਆ ਗਿਆ । ਇਸ ਮੌਕੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਬਲਜੀਤ ਧਰਮਕੋਟ ਨੇ ਸਿਖਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸ਼ਹੀਦ ਭਗਤ ਸਿੰਘ ਜਿਸ ਤਰ੍ਹਾਂ ਦੇ ਰਾਜ ਚਾਹੁੰਦੇ ਸਨ ਉਸ ਤਰ੍ਹਾਂ ਦਾ ਰਾਜ ਅਜੇ ਤੱਕ ਨਹੀਂ ਆਇਆ। ਸ਼ਹੀਦ ਭਗਤ ਸਿੰਘ ਨੇ ਦੇਸ਼ ਦੀ ਆਜਾਦੀ ਲਈ ਆਪਣੀ ਜਾਨ ਦੀ ਸ਼ਹਾਦਤ ਦਿੱਤੀ ਸੀ ਪਰ ਉਹ ਆਜਾਦੀ ਪੂਰਨ ਰੂਪ ਵਿਚ ਲਾਗੂ ਨਹੀਂ ਕੀਤੀ ਗਈ। ਅੱਜ ਵੀ ਸਰਕਾਰਾਂ ਕਿਸੇ ਨਾ ਕਿਸੇ ਰੂਪ ਵਿੱਚ ਹਰ ਵਰਗ 'ਤੇ ਧੱਕਾ ਕਰਦੀਆਂ ਹਨ। ਉਹਨਾਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੀਵਨ ਉਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਦੀ ਖਾਤਰ ਜਾਨ ਦੀ ਕੁਰਬਾਨੀ ਦਿੱਤੀ ਸੀ। ਸਰਕਾਰ ਸ਼ਹੀਦ ਭਗਤ ਸਿੰਘ ਜੀ ਦਾ ਅਧੂਰਾ ਨਾਅਰਾ ਲਾਉਂਦੀ ਹੈ ਕਿਉਂਕਿ ਉਹ ਕਾਰਪੋਰੇਟ ਘਰਾਣਿਆਂ ਨਾਲ ਸਬੰਧ ਰੱਖਦੀ ਹੈ। ਸ਼ਹੀਦ ਭਗਤ ਸਿੰਘ ਜੀ ਦਾ ਪੂਰਾ ਨਾਅਰਾ "ਇਨਕਲਾਬ ਜ਼ਿੰਦਾਬਾਦ ਸਾਮਰਾਜਵਾਦ ਮੁਰਦਾਬਾਦ" ਸੀ । ਉਹਨਾਂ ਨੇ ਵਿਦਿਆਰਥੀਆਂ ਨੂੰ ਪੜ੍ਹਨ ਅਤੇ ਸੰਘਰਸ਼ ਕਰਨ ਲਈ ਪ੍ਰੇਰਿਤ ਕੀਤਾ । ਇਸ ਮੌਕੇ ਆਈ ਟੀ ਆਈ ਇਕਾਈ ਦੇ ਪ੍ਰਧਾਨ ਜਸ਼ਨ ਕੁਮਾਰ ਨੇ ਗੀਤ ਅਤੇ ਆਪਣੇ ਵਿਚਾਰ ਸਿਖਆਰਥੀਆਂ ਨਾਲ ਸਾਂਝੇ ਕੀਤੇ ਉਨ੍ਹਾਂ ਕਿਹਾ ਕਿ ਜਵਾਨੀ ਸੰਘਰਸ਼ ਲਈ ਹੁੰਦੀ ਹੈ ਅਤੇ ਇਸ ਨੂੰ ਵਿਅਰਥ ਨਹੀਂ ਗੁਆਉਣਾ ਚਾਹੀਦਾ।

ਇਸ ਮੌਕੇ ਆਈ ਟੀ ਆਈ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਲੱਖਣ, ਮੀਤ ਪ੍ਰਧਾਨ ਮੈਵਿਸ, ਖਜਾਨਚੀ ਮੀਨਾ ਕੁਮਾਰੀ, ਸਹਾਇਕ ਖਜਾਨਚੀ ਆਂਚਲ, ਸੈਕਟਰੀ ਸੋਰਵ ਪ੍ਰੈਸ ਸਕੱਤਰ ਗੁਰਦਿਆਲ ਸਿੰਘ, ਸਲਾਹਕਾਰ ਅੰਮ੍ਰਿਤ ਸਿੰਘ ,ਵਿਸ਼ਾਲ ਕੁਮਾਰ ਹਰਜਿੰਦਰ ਸਿੰਘ, ਰਾਜਦੀਪ, ਗਗਨਦੀਪ ਸਿੰਘ ਤੇ ਮੈਂਬਰ ਸਾਹਿਲ, ਰੋਹਨ ਕੁਮਾਰ, ਮਨੋਜ,ਪਵਨ ਕੁਮਾਰ ਆਦਿ ਹਾਜਰ ਸਨ।

# ਮਨਿਸਟੀਰੀਅਲ ਮੁਲਾਜ਼ਮਾਂ ਨੇ ਦਫ਼ਤਰ ਇਰੀਗੇਸ਼ਨ ਵਿਖੇ ਕੀਤੀ ਰੈਲੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਸੂਬਾ ਕਮੇਟੀ ਦੀ ਕਾਲ 'ਤੇ ਪੰਜਾਬ ਭਰ ਦੇ ਸਮੂਹ ਦਫ਼ਤਰਾਂ ਦੇ ਮਨਿਸਟੀਰੀਅਲ ਮੁਲਾਜ਼ਮਾਂ ਵੱਲੋਂ ਗੇਟ ਰੈਲੀਆਂ ਕੀਤੀਆਂ ਗਈਆਂ। ਇਹ ਕਰਮਚਾਰੀ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਡੀ ਏ ਦੀਆਂ ਪੈਂਡਿੰਗ ਕਿਸ਼ਤਾਂ ਦਾ ਨਿਪਟਾਰਾ, ਪੇ ਕਮਿਸ਼ਨ ਦੇ ਰਹਿੰਦੇ ਬਕਾਏ ਜਾਰੀ ਕਰਨੇ, ਟਾਈਪ ਟੈਸਟ ਦੀ ਸ਼ਰਤ ਨੂੰ ਖ਼ਤਮ ਕਰਨਾ, ਨਵੇਂ ਕਰਮਚਾਰੀਆਂ ਦੀ ਸੈਂਟਰ ਪੈਟਰਨ 'ਤੇ ਕੀਤੀ ਜਾ ਰਹੀ ਭਰਤੀ ਨੂੰ ਬੰਦ ਕਰਨਾ, ਸਿੱਖਿਆ ਵਿਭਾਗ ਵਿੱਚ ਦੂਰ ਦੁਰਾਡੇ ਦਿੱਤੇ ਗਏ ਦੋ ਜਾਂ ਦੋ ਤੋਂ ਵੱਧ ਸਟੇਸ਼ਨਾਂ ਦੇ ਹੁਕਮ ਵਾਪਸ ਕਰਨਾ ਅਤੇ ਪਿੱਤਰੀ ਸਕੂਲ ਤੋਂ ਇਲਾਵਾ ਬਾਕੀ ਸਕੂਲਾਂ ਵਿੱਚ ਕਲਰਕ ਦੀ ਅਸਾਮੀ ਨੂੰ ਖਾਲੀ ਦਰਸਾਉਣ ਤੋਂ ਇਲਾਵਾ ਕਰਮਚਾਰੀਆਂ ਦਾ ਪ੍ਰੋਬੇਸ਼ਨ ਪੀਰੀਅਡ ਤਿੰਨ ਸਾਲ ਤੋਂ ਘਟਾ ਕੇ ਇਕ ਸਾਲ ਕਰਨਾ ਸ਼ਾਮਲ ਹਨ। ਹੁਸ਼ਿਆਰਪੁਰ ਵਿੱਚ ਰੈਲੀ ਦਫ਼ਤਰ ਇਰੀਗੇਸ਼ਨ ਵਿਭਾਗ ਦੇ ਕੰਪਲੈਕਸ ਦੇ ਬਾਹਰ ਜਨਰਲ ਸਕੱਤਰ ਇਰੀਗੇਸ਼ਨ ਵਿਭਾਗ ਮਨਿਸਟੀਰੀਅਲ ਮੰਗਲ ਸਿੰਘ ਅਤੇ ਸੰਦੀਪ ਸੰਧੀ ਮੁੱਖ ਸਲਾਹਕਾਰ ਇਰੀਗੇਸ਼ਨ ਵਿਭਾਗ ਦੀ ਅਗਵਾਈ ਵਿੱਚ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਸੁਪਰਡੈਂਟ ਜੈਪਾਲ, ਸੁਖਜਿੰਦਰ ਸਿੰਘ ਸੁੱਖੀ, ਗੁਰਦੀਪ ਸਿੰਘ ਅਤੇ ਹੋਰ ਸਾਥੀਆਂ ਵੱਲੋਂ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੀ ਸਖ਼ਤ ਨਿਖੇਧੀ ਕੀਤੀ ਗਈ। ਇਹ ਜਾਣਕਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਨਿਰੁੱਧ ਮੌਦਗਿਲ ਅਤੇ ਜਨਰਲ ਸਕੱਤਰ ਜਸਵੀਰ ਸਿੰਘ ਧਾਮੀ ਵੱਲੋਂ ਜਾਰੀ ਕੀਤੇ ਗਏ ਪ੍ਰੈਸ ਬਿਆਨ ਰਾਹੀਂ ਦਿੱਤੀ ਗਈ।

# ਬਿਜਲੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਮੁਲਾਜ਼ਮਾਂ ਨੇ ਕੀਤਾ ਰੋਸ ਪ੍ਰਦਰਸ਼ਨ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਪੀ.ਐਸ. ਈ. ਬੀ ਇੰਪਲਾਈਜ਼ ਫੋਰਮ ਵੱਲੋਂ ਬਿਜਲੀ ਘਰ ਟਾਂਡਾ ਵਿਖੇ ਭਾਰਤ ਸਰਕਾਰ ਦੇ ਬਿਜਲੀ ਮੰਤਰਾਲੇ 8 ਸਤੰਬਰ 2022 ਦੇ ਕੀਤੇ ਨੋਟੀਫਿਕੇਸ਼ਨ ਦੇ ਵਿਰੋਧ ਵਿੱਚ ਰੋਸ ਪ੍ਰਦਰਸ਼ਨ ਕਰਦਿਆਂ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ । ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਸਬ ਡਿਵੀਜਨ ਟਾਂਡਾ, ਸਬ ਅਰਬਨ ਟਾਂਡਾ ,ਸ਼ਹਿਰੀ ਅਤੇ ਕੰਧਾਲਾ ਜੱਟਾਂ ਦੇ ਸਮੂਹ ਬਿਜਲੀ ਮੁਲਾਜ਼ਮਾਂ ਨੇ ਨੋਟੀਫਿਕੇਸ਼ਨ ਨੂੰ ਮੁਲਾਜਮ ਵਿਰੋਧੀ ਦੱਸਦੇ ਹੋਏ ਇਸ ਦੀਆਂ ਕਾਪੀਆਂ ਸਾੜੀਆਂ ।ਇਸ ਮੌਕੇ ਸੰਬੋਧਨ ਕਰਦਿਆਂ ਮੰਡਲ ਭੋਗਪੁਰ ਦੇ ਪ੍ਰਧਾਨ ਦਿਲਬਰ ਸਿੰਘ ਸੈਣੀ, ਕਸਮੀਰ ਸਿੰਘ, ਨੀਰਜ ਕੁਮਾਰ, ਗੁਰਪ੍ਰੀਤ ਸਿੰਘ, ਗੁਰਵੀਰ ਸਿੰਘ, ਰਾਜ ਕੁਮਾਰ, ਅਤੇ ਸਤਨਾਮ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਬਿਜਲੀ ਵੰਡ ਸਬੰਧੀ ਲਾਇਸੈਂਸ ਬਾਰੇ ਜੋ ਸੋਧਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਬਾਰੇ ਬਿਜਲੀ ਮੁਲਾਜਮ ,ਬਿਜਲੀ ਖਪਤਕਾਰਾਂ ਅਤੇ ਕਿਸਾਨਾਂ ਵਿੱਚ ਸਖਤ ਵਿਰੋਧ ਪਾਇਆ ਜਾ ਰਿਹਾ ਹੈ। ਕਿਉਂਕਿ ਇਸ ਤਰ੍ਹਾਂ ਕਰਨਾ ਸਰਕਾਰ ਵੱਲੋਂ ਬਿਜਲੀ ਖੇਤਰ ਨੂੰ ਨਿੱਜੀ ਅਦਾਰਿਆਂ ਦੇ ਹਵਾਲੇ ਕਰਨਾ ਹੈ । ਜਿਸ ਨਾਲ ਬਿਜਲੀ ਹੋਰ ਮਹਿੰਗੀ ਅਤੇ ਆਮ ਜਨਤਾ ਦੀ ਪਹੁੰਚ ਤੋਂ ਦੂਰ ਹੋ ਜਾਏਗੀ। ਇਸ ਤੋਂ ਇਲਾਵਾ ਬਿਜਲੀ ਮੁਲਾਜਮਾਂ ਦੀਆਂ ਸੇਵਾਵਾਂ 'ਤੇ ਡੂੰਘਾ ਅਸਰ ਪਵੇਗਾ ਅਤੇ ਕਾਮਿਆਂ ਦੇ ਰੁਜ਼ਗਾਰ ਖੋਹੇ ਜਾਣਗੇ । ਸਮੂਹ ਬਿਜਲੀ ਮੁਲਾਜ਼ਮਾਂ ਨੇ ਇਸ ਮੌਕੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਵੀ ਆਵਾਜ ਬੁਲੰਦ ਕੀਤੀ ਤੇ ਮੰਗਾਂ ਨਾ ਮੰਨਣ ਦੀ ਸੂਰਤ ਵਿਚ ਆਪਣਾ ਸੰਘਰਸ਼ ਤੇਜ਼ ਕਰਨ ਦੀ ਚੇਤਾਵਨੀ ਦਿੱਤੀ।

# ਆਰ ਐਮ ਪੀ ਆਈ ਕਰੇਗੀ ਰੇਤ ਮਾਫੀਆ ਦੀ ਲੁੱਟ ਖਿਲਾਫ ਜ਼ਿਲ੍ਹਾ ਤੇ ਤਹਿਸੀਲ ਕੇਂਦਰਾਂ 'ਤੇ ਰੋਸ ਮੁਜ਼ਾਹਰੇ




**ਜਲੰਧਰ, (ਨਵਾਂ ਜ਼ਮਾਨਾ ਸਰਵਿਸ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਵੱਲੋਂ ਪੰਜਾਬ ਸਰਕਾਰ ਦੀ ਘਟੀਆ ਖਨਨ ਨੀਤੀ, ਜਿਸ ਕਰਕੇ ਰੇਤ ਦੇ ਭਾਅ ਆਸਮਾਨੀਂ ਜਾ ਚੜ੍ਹੇ ਹਨ ਅਤੇ ਉਸਾਰੀ ਦਾ ਕੰਮ ਠੱਪ ਹੋ ਕੇ ਰਹਿ ਗਿਆ ਹੈ, ਵਿਰੁੱਧ ਆਉਣ ਵਾਲੀ 10 ਅਕਤੂਬਰ ਨੂੰ ਜ਼ਿਲ੍ਹਾ ਅਤੇ ਤਹਿਸੀਲ ਕੇਂਦਰਾਂ 'ਤੇ ਰੋਸ ਭਰਪੂਰ ਮੁਜ਼ਾਹਰੇ ਕੀਤੇ ਜਾਣਗੇ। ਉਕਤ ਜਾਣਕਾਰੀ ਇੱਥੋਂ ਜਾਰੀ ਇੱਕ ਸਾਂਝੇ ਬਿਆਨ ਰਾਹੀਂ ਪਾਰਟੀ ਦੀ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਸਾਥੀ ਰਤਨ ਸਿੰਘ ਰੰਧਾਵਾ, ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਖਜ਼ਾਨਚੀ ਪ੍ਰੋਫੈਸਰ ਜੈਪਾਲ ਸਿੰਘ ਨੇ ਦਿੱਤੀ।

ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਉਕਤ ਨੀਤੀ ਸਦਕਾ ਰੇਤੇ 'ਤੇ ਲਾਏ ਗਏ ਬੇਬਹਾ ਟੈਕਸ ਦੇ ਨਤੀਜੇ ਵਜੋਂ ਕੰਮ-ਧੰਦੇ ਤੋਂ ਵਾਂਝੇ ਹੋ ਗਏ ਸੂਬੇ ਦੇ ਹਜ਼ਾਰਾਂ ਨਿਰਮਾਣ ਕਾਮਿਆਂ ਅਤੇ ਕਰਸ਼ਰ ਮਜ਼ਦੂਰਾਂ ਦੇ ਟੱਬਰ ਭੁੱਖਮਰੀ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਾਂਗੂੰ ਹੀ ਮੌਜੂਦਾ ਸਰਕਾਰ ਸਮੇਂ ਵੀ ਖਨਨ ਮਾਫੀਆ ਦੀ ਗੈਰ ਕਾਨੂੰਨੀ ਮਾਈਨਿੰਗ ਦੇ ਜ਼ੋਰਾਂ-ਸ਼ੋਰਾਂ ਨਾਲ ਜਾਰੀ ਰਹਿਣ ਨੇ ਲੋਕਾਂ ਦੀਆਂ ਦੁਸ਼ਵਾਰੀਆਂ 'ਚ ਢੇਰਾਂ ਵਾਧਾ ਕੀਤਾ ਹੈ । ਉਨ੍ਹਾਂ ਦੱਸਿਆ ਕਿ ਮੁਜ਼ਾਹਰਿਆਂ ਦੌਰਾਨ ਇਹ ਮੰਗ ਵੀ ਜ਼ੋਰ-ਸ਼ੋਰ ਨਾਲ ਉਭਾਰੀ ਜਾਵੇਗੀ ਕਿ ਪੰਜਾਬ ਸਰਕਾਰ 'ਦਿੱਲੀ ਮਾਡਲ' ਅਤੇ 'ਮੁਹੱਲਾ ਕਲੀਨਿਕਾਂ' ਆਦਿ ਦੀ ਫਜ਼ੂਲ ਅਤੇ ਭਰਮਾਊ ਬਿਆਨ ਬਾਜ਼ੀ ਰਾਹੀਂ ਕੀਤੀ ਜਾ ਰਹੀ ਡੰਗ ਟਪਾਈ ਤਿਆਗ ਕੇ ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਲਈ ਸਰਕਾਰੀ ਸਕੂਲਾਂ, ਹਸਪਤਾਲਾਂ, ਟਰਾਂਸਪੋਰਟ ਵਿਭਾਗ, ਜਨ ਸਿਹਤ ਅਤੇ ਪਾਵਰਕਾਮ ਆਦਿ ਮਹਿਕਮਿਆਂ ਦੇ ਕੱਚੇ, ਠੇਕਾ ਆਧਾਰਿਤ ਅਤੇ ਸਕੀਮ ਤੇ ਮਾਣਭੱਤਾ ਮੁਲਾਜ਼ਮਾਂ ਨੂੰ ਪੱਕਾ ਕਰੇ ਅਤੇ ਉਕਤ ਵਿਭਾਗਾਂ 'ਚ ਖਾਲੀ ਪਈਆਂ ਹਜ਼ਾਰਾਂ ਪੋਸਟਾਂ ਲਈ ਕਰਮਚਾਰੀਆਂ ਦੀ ਪੱਕੀ ਭਰਤੀ ਕਰੇ।

ਉਕਤ ਮੁਜ਼ਾਹਰਿਆਂ ਦੀ ਤਿਆਰੀ ਲਈ ਪਿੰਡਾਂ/ਸ਼ਹਿਰਾਂ ਅੰਦਰ ਸੰਘਣੀ ਜਨ ਸੰਪਰਕ ਮੁਹਿੰਮ ਚਲਾਈ ਜਾਵੇਗੀ ਅਤੇ ਭਿਅੰਕਰ ਬੇਰੁਜ਼ਗਾਰੀ ਲਈ ਜਿੰਮੇਵਾਰ ਮੋਦੀ ਸਰਕਾਰ ਦੀਆਂ ਨਿੱਜੀਕਰਨ ਦੀਆਂ ਨੀਤੀਆਂ, ਜਿਨ੍ਹਾਂ ਨੂੰ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਇੰਨ-ਬਿਨ ਲਾਗੂ ਕਰ ਰਹੀ ਹੈ, ਦੇ ਘਾਤਕ ਨਤੀਜਿਆਂ ਤੋਂ ਲੋਕਾਂ ਨੂੰ ਜਾਣੂੰ ਕਰਵਾਇਆ ਜਾਵੇਗਾ।

## ਮੀਟ ਸ਼ਰਾਬ ਦੀਆਂ ਪਾਰਟੀਆਂ ਨਾਲੋਂ ਕਿਸੇ ਲੋੜਵੰਦ ਦੀ ਸਹਾਇਤਾ ਕਰੋ: ਡਾ. ਸੀਤਾਰਾਮ ਰਾਣਾ



**ਮੋਰਿੰਡਾ( ਜੈਜੀ ਸਰਦਾਰ )** ਲੋਕਾਂ ਨੂੰ ਆਪਣੀ ਜ਼ਿੰਦਗੀ ਵਿੱਚ ਹਮੇਸ਼ਾ ਚੰਗੇ ਕੰਮ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਇਨਸਾਨ ਆਪਣੀ ਵਧੀਆ ਛਵੀ ਕਰਕੇ ਲੋਕਾਂ 'ਚ ਲੋਕਪ੍ਰਿਅਤਾ ਹਾਸਲ ਕਰੇ। ਲੋਕਾਂ ਨੂੰ ਆਪਣੇ ਖੁਸ਼ੀ ਦੇ ਮੌਕਿਆਂ ਸਮੇਂ ਮੀਟ-ਸ਼ਰਾਬ ਦੀਆਂ ਪਾਰਟੀਆਂ ਕਰਨ ਨਾਲੋਂ ਕਿਸੇ ਲੋੜਵੰਦ ਵਿਅਕਤੀ ਦੀ ਮਦੱਦ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ ਦੇ ਬਲਾਕ ਕਨਵੀਨਰ ਡਾ. ਸੀਤਾਰਾਮ ਰਾਣਾ ਵੱਲੋਂ ਆਪਣੇ ਪੋਤਰੇ ਰੁਦ੍ਰਾਂਸ ਰਾਣਾ ਦੇ ਚੌਥੇ ਜਨਮ ਦਿਨ ਸਮੇਂ ਸੀਤਲਾ ਮਾਤਾ ਦੇ ਮੰਦਿਰ ਵਿਖੇ ਬੱਚਿਆਂ ਨੂੰ ਫਲ, ਬਿਸਕੁਟ, ਮਠਿਆਈ ਅਤੇ ਚਾਕਲੇਟ ਵਗੈਰਾ ਵੰਡਦਿਆਂ ਹੋਏ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੈਂ ਹਮੇਸ਼ਾ ਚੰਗੇ ਕੰਮ ਕਰਨ ਵਾਲਿਆਂ ਲੋਕਾਂ ਦੀ ਕਦਰ ਕਰਦਾ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਸ਼ਕਾਮ ਸੇਵਾ ਸੁਸਾਇਟੀ ਦੇ ਪ੍ਰਧਾਨ ਡਾ. ਅਵਿਨਾਸ਼ ਕੁਮਾਰ ਰਾਣਾ, ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ ਬਲਾਕ ਪ੍ਰਧਾਨ ਨਰਿੰਦਰ ਪੰਡਿਤ, ਸੁਰਿੰਦਰ ਵਰਮਾ, ਉਰਮਿਲਾ, ਸੁਨੈਨਾ ਰਾਣਾ, ਆਂਗਨਵਾੜੀ ਮੈਡਮ ਸੁਨੀਤਾ ਅਤੇ ਆਂਗਨਵਾੜੀ ਵਰਕਰ ਮੌਜੂਦ ਸਨ।

# ਬੇਗਮਪੁਰਾ ਟਾਈਗਰ ਫੋਰਸ ਨੇ ਨਸ਼ੇ ਦੇ ਵਿਰੋਧ 'ਚ ਪੁਤਲਾ ਫੂਕਿਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** "ਜਿੱਥੇ ਪੰਜਾਬ ਭਰ ਵਿਚ ਪੰਜਾਬ ਦੀ ਜਵਾਨੀ ਨਸ਼ੇ ਦੀ ਦਲ ਦਲ ਵਿੱਚ ਫਸ ਰਹੀ ਹੈ ਉਥੇ ਥਾਣਾ ਮੇਹਟੀਆਣਾ ਇਲਾਕੇ ਵਿੱਚ ਵੀ ਨਸ਼ੇ ਦਾ ਛੇਵਾਂ ਦਰਿਆ ਨਿਰਵਿਘਨ ਵਹਿ ਰਿਹਾ ਹੈ। ਜਿਸ ਵੱਲ ਪ੍ਰਸ਼ਾਸਨ ਦਾ ਕੋਈ ਧਿਆਨ ਨਹੀਂ ਹੈ।" ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਤਰਸੇਮ ਦੀਵਾਨਾ ਚੇਅਰਮੈਨ ਬੇਗਮਪੁਰਾ ਟਾਈਗਰ ਫੋਰਸ ਰਜਿ. ਨੇ ਹੁਸ਼ਿਆਰਪੁਰ-ਫਗਵਾੜਾ ਰੋਡ ਤੇ ਕਸਬਾ ਮੇਹਟੀਆਣਾ ਦੇ ਮੁੱਖ ਚੌਕ ਵਿਚ ਸਰਬਜੀਤ ਸਨੀ ਸੀਣਾ ਹਲਕਾ ਪ੍ਰਧਾਨ ਚੱਬੇਵਾਲ ਦੀ ਪ੍ਰਧਾਨਗੀ ਹੇਠ ਬੇਗਮਪੁਰਾ ਟਾਈਗਰ ਫੋਰਸ ਰਜਿ. ਵੱਲੋਂ ਨਸ਼ੇ ਦੇ ਵਿਰੋਧ ਵਿੱਚ ਪੰਜਾਬ ਦੀ ਆਪ ਸਰਕਾਰ ਦਾ ਪੁਤਲਾ ਫੂਕਣ ਮੌਕੇ ਕੀਤਾ। ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਵੀਰਪਾਲ ਠਰੋਲੀ ਪੰਜਾਬ ਪ੍ਰਧਾਨ, ਸੁਰਿੰਦਰ ਕੁਮਾਰ ਹੈਪੀ ਜ਼ਿਲ੍ਹਾ ਪ੍ਰਧਾਨ, ਚਰਨਜੀਤ ਜ਼ਿਲ੍ਹਾ ਇੰਚਾਰਜ, ਜੱਸਾ ਨੰਦਨ ਦੋਆਬਾ ਇੰਚਾਰਜ ਸਮੇਤ ਹੋਰ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਪੰਜਾਬ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਤਰਸੇਮ ਦੀਵਾਨਾ ਨੇ ਪੰਜਾਬ ਭਰ ਵਿੱਚ ਵਧ ਰਹੇ ਨਸ਼ੇ ਬਾਰੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤਕ ਨਸ਼ਾ ਆਪਣੇ ਪੈਰ ਪਸਾਰ ਰਿਹਾ ਹੈ, ਇਸ ਤਰ੍ਹਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੀ ਜਵਾਨੀ ਮੁੱਢ ਤੋਂ ਹੀ ਖ਼ਤਮ ਹੋ ਜਾਵੇਗੀ। ਇਸ ਮੌਕੇ ਸੰਗਠਨ ਦੇ ਅਹੁਦੇਦਾਰਾਂ ਨੇ ਪੰਜਾਬ ਸਰਕਾਰ ਪਾਸੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਉਹ ਪੁਲਸ ਪ੍ਰਸ਼ਾਸਨ ਨੂੰ ਨਸ਼ੇ ਦੇ ਖਿਲਾਫ ਸਖਤੀ ਵਰਤਣ ਦੇ ਆਦੇਸ਼ ਦੇਵੇ। ਇਸ ਮੌਕੇ ਸੰਗਠਨ ਦੇ ਵੱਖ ਵੱਖ ਅਹੁਦੇਦਾਰਾਂ ਨੇ ਦੱਸਿਆ ਕਿ ਥਾਣਾ ਮੇਹਟੀਆਣਾ ਇਲਾਕੇ ਵਿੱਚ ਵੀ ਨਸ਼ਾ ਖੁੱਲ੍ਹੇਆਮ ਵਿਕ ਰਿਹਾ ਹੈ। ਪ੍ਰੰਤੂ ਮੇਹਟੀਆਣਾ ਪੁਲਸ ਦਾ ਧਿਆਨ ਇਸ ਪਾਸੇ ਬਿਲਕੁਲ ਹੀ ਨਹੀਂ ਹੈ। ਜਦਕਿ ਮੇਹਟੀਆਣਾ ਪੁਲਸ ਨੂੰ ਨਸ਼ਾ ਤਸਕਰਾਂ ਬਾਰੇ ਗੁਪਤ ਸੂਚਨਾ ਵੀ ਦਿੱਤੀ ਜਾ ਚੁੱਕੀ ਹ

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਨੀ ਸਿੰਘ, ਵਿਜੇ ਕੁਮਾਰ, ਅਮਨਦੀਪ ਸਿੰਘ, ਮਨਜੀਤ ਸਿੰਘ, ਸੰਦੀਪ ਕੁਮਾਰ, ਬਿਸ਼ਨਪਾਲ, ਨਾਨਕ ਚੰਦ, ਕਮਲਜੀਤ ਮਾਂਝੀ, ਜ਼ਿਲ੍ਹਾ ਇੰਚਾਰਜ ਚਰਨਜੀਤ, ਮਨੀਸ਼ ਕੁਮਾਰ ਬਲਾਕ ਸਕੱਤਰ, ਅਮਨਦੀਪ ਸਿੰਘ ਬਲਾਕ ਸਕੱਤਰ, ਸੋਮਨਾਥ, ਬਲਦੇਵ ਰਾਜ, ਰਾਮਜੀ, ਸੁਸ਼ਾਂਤ ਮੰਮਣ, ਸੋਨੂੰ ਹੈਪੀ, ਉਪਦੇਸ਼, ਹਰਵਿੰਦਰ, ਦਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਖੰਡ ਮਿੱਲ ਨੂੰ ਘਾਟੇ 'ਚੋਂ ਕੱਢਣ ਲਈ ਪੂਰੀ ਕੋਸ਼ਿਸ਼ ਕਰਾਂਗੇ : ਬੱਲੂ

**ਨਵਾਂ ਸ਼ਹਿਰ,(ਮਨੋਜ ਲਾਡੀ)**- ਸ਼ੂਗਰ ਮਿੱਲ ਨੂੰ ਕਾਮਯਾਬ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਅਗਲੇ ਕੁਝ ਦਿਨਾਂ ਵਿਚ ਬੋਰਡ ਆਫ਼ ਡਾਇਰੈਕਟਰਜ਼ ਦੇ ਚੇਅਰਮੈਨ ਦੀ ਚੋਣ ਹੋ ਜਾਵੇਗੀ ਅਤੇ ਇਸ ਦੇ ਨਾਲ ਹੀ ਮਿੱਲ ਵਿਚ ਬੋਰਡ ਵਲੋਂ ਕੀਤੇ ਜਾ ਰਹੇ ਸਾਰੇ ਕੰਮ ਤੁਰੰਤ ਸ਼ੁਰੂ ਹੋ ਜਾਣਗੇ। ਇਹ ਗੱਲ ਆਮ ਆਦਮੀ ਪਾਰਟੀ ਨਵਾਂਸ਼ਹਿਰ ਦੇ ਹਲਕਾ ਇੰਚਰਾਜ ਲਲਿਤ ਮੋਹਨ ਬੱਲੂ ਨੇ ਨਵਾਂਸ਼ਹਿਰ ਸ਼ੂਗਰ ਮਿੱਲ ਦੇ ਆਮ ਇੱਕਠ ਦੌਰਾਨ ਕਿਸਾਨਾਂ ਨੂੰ ਸੰਬੋਧਨ ਕਰਦਿਆ ਕਹੀ। ਉਨ੍ਹਾਂ ਕਿਹਾ ਕਿ ਨਵੰਬਰ ਦੇ ਪਹਿਲੇ ਹਫ਼ਤੇ ਮਿੱਲ ਨੂੰ ਚਾਲੂ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਸਰਕਾਰ ਵਲੋਂ ਮਿੱਲ ਦੇ ਸੁਧਾਰ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਿੱਲ ਘਾਟੇ ਵਿਚ ਜਾਣ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇਗਾ ਅਤੇ ਮਿੱਲ ਨੂੰ ਘਾਟੇ ਵਿਚੋਂ ਬਾਹਰ ਕੱਢਣ ਵੱਲ ਧਿਆਨ ਦਿੱਤਾ ਜਾਵੇਗਾ। ਮਿੱਲ ਵਿਚ ਗੰਨਾ ਵੇਚਣ ਵਾਲੇ ਕਿਸਾਨਾਂ ਨੂੰ 14 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਵਾਉਣ ਲਈ ਵੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵਲੋਂ ਜਿਸ ਤੇਜ਼ੀ ਨਾਲ ਕਿਸਾਨਾਂ ਅਤੇ ਆਮ ਲੋਕਾਂ ਲਈ ਕੰਮ ਕੀਤਾ ਜਾ ਰਿਹਾ ਹੈ,ਉਹ ਅੱਜ ਤੱਕ ਕਿਸੇ ਸਰਕਾਰ ਨੇ ਨਹੀਂ ਕੀਤਾ।ਇਸ ਮੌਕੇ ਡਾਇਰੈਕਟਰ ਸੋਹਣ ਸਿੰਘ ਉੱਪਲ, ਹਰੀ ਪਾਲ ਜਾਡਲਾ,ਚਰਨਜੀਤ ਸਿੰਘ ਮੁਬਾਰਕਪੁਰ,ਮਹਿੰਦਰ ਸਿੰਘ,ਸਰਤਾਜ ਸਿੰਘ ਭੰਗਲ ਕਲਾਂ,ਸੁਰਿੰਦਰ ਕੌਰ,ਗੁਰਸੇਵਕ ਸਿੰਘ,ਜੀ.ਐਮ.ਸੁਰਿੰਦਰ ਪਾਲ,ਚੌਧਰੀ ਹਰਬੰਸ ਲਾਲ,ਡੀ.ਐੱਸ.ਪੀ.ਮਹਿੰਦਰ ਸਿੰਘ,ਪਿਆਰਾ ਸਿੰਘ ਲਸਾੜਾ,ਬਹਾਦਰ ਸਿੰਘ ਕੌਲਗੜ੍ਹ ਆਦਿ ਹਾਜ਼ਰ ਸਨ।

# ਸਰਕਾਰਾਂ ਕਾਰਪੋਰੇਟ ਦਾ ਪੱਖ ਪੂਰ ਰਹੀਆਂ : ਇਕਬਾਲ ਸਿੰਘ

## * ਪ੍ਰੇਮ ਨਾਥ ਜ਼ਿਲ੍ਹਾ ਪ੍ਰਧਾਨ ਤੇ ਬਿਕਰਮ ਸਿੰਘ ਜਨਰਲ ਸਕੱਤਰ ਚੁਣੇ



**ਮੇਹਟੀਆਣਾ (ਜਗਤਾਰ ਸੰਘ ਭੁੰਗਰਨੀ** )ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ - 1680-22 ਬੀ ਦਾ ਜ਼ਿਲ੍ਹਾ ਇਜਲਾਸ ਸਥਾਨਕ ਟਰਾਂਸਪੋਰਟ ਵਰਕਰਜ ਯੂਨੀਅਨ ਦੇ ਦਫਤਰ 'ਚ ਇਕਬਾਲ ਸਿੰਘ, ਪਰੇਮ ਕੁਮਾਰ,ਤਿਲਕ ਰਾਜ,ਰੰਜਨਾ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਇਆ। ਸੂਬਾ ਇਕਾਈ ਵਲੋਂ ਬਲਕਾਰ ਸਿੰਘ ਵਲਟੋਹਾ ਤੇ ਪ੍ਰਭਜੀਤ ਸਿੰਘ ਉੱਪਲ, ਗੁਰਜੀਤ ਸਿੰਘ ਘੋੜੇਵਾਹ ਸ਼ਾਮਲ ਹੋਏ। ਇਸ ਮੌਕੇ ਜ਼ਿਲ੍ਹਾ ਇਕਾਈ ਦਾ ਗਠਨ ਕਰਦਿਆਂ ਚੇਅਰਮੈਨ ਇਕਬਾਲ ਸਿੰਘ, ਸਰਪ੍ਰਸਤ ਕੇਦਾਰ ਨਾਥ, ਮੁੱਖ ਸਲਾਹਕਾਰ,ਤਿਲਕਰਾਜ, ਪਰੇਮ ਨਾਥ, ਜਨਰਲ ਸਕੱਤਰ ਬਿਕਰਮ ਸਿੰਘ,ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਬਿੱਲਾ ਤੇ ਸ੍ਰੀਮਤੀ ਸਰਿਸ਼ਟਾ,ਮੀਤ ਸਕੱਤਰ ਕੂੜਾ ਰਾਮ ਤੇ ਦੇਵੀ ਸਿੰਘ,ਵਿੱਤ ਸਕੱਤਰ ਸੁਰੇਸ਼ ਕੁਮਾਰ ਤੇ ਪਰੈਸ ਸਕੱਤਰ ਧਿਆਨ ਸਿੰਘ ਬਣਾਏ ਗਏ। ਇਸ ਮੌਕੇ ਆਗੂਆਂ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੀ ਪਿਛਲੀਆਂ ਸਰਕਾਰਾਂ ਵਾਂਗ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਖੇਡ ਰਹੀ ਹੈ। ਵੱਡੀ ਗਿਣਤੀ ਵਿੱਚ ਠੇਕਾ ਅਧਾਰਿਤ-ਆਊਟਸੋਰਸਿੰਗ, ਸਕੀਮ ਵਰਕਰਜ ਰਾਹੀਂ ਭਰਤੀ ਕਰਕੇ ਜਵਾਨੀ ਦੀ ਆਰਥਿਕ ਲੁੱਟ ਕਰ ਰਹੀਆਂ ਹਨ। ਲੱਖਾਂ ਦੀ ਗਿਣਤੀ ਮੁਲਾਜਮਾਂ ਨੂੰ ਨਿਗੂਣੀਆਂ ਤਨਖਾਹਾਂ ਦੇ ਕੇ ਲੁੱਟਿਆ ਜਾ ਰਿਹਾ ਹੈ। ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ। ਬਾਰਡਰ ਭੱਤਾ, ਪੇਂਡੂ ਭੱਤਾ ਸਮੇਤ ਪੈਂਤੀ ਭੱਤੇ ਬੰਦ ਕੀਤੇ ਜਾ ਰਹੇ ਹਨ। ਡੀ ਏ ਨਹੀਂ ਦਿੱਤਾ ਜਾ ਰਿਹਾ। ਇਸ ਤਰ੍ਹਾਂ ਆਸ਼ਾ ਵਰਕਰਜ, ਮਿਡ ਡੇ ਮੀਲ ਵਰਕਰਜ ਤੇ ਵੱਡੀ ਗਿਣਤੀ ਚ ਕਲਾਸ ਫੋਰ ਕਾਮੇ ਲੁੱਟ ਦਾ ਸ਼ਿਕਾਰ ਹਨ ਜੋ ਫੈਡਰੇਸਨ ਨੂੰ ਮਨਜੂਰ ਨਹੀਂ। ਫੈਡਰੇਸ਼ਨ ਦੀ ਸੂਬਾਈ ਕਾਨਫਰੰਸ ਦੋ ਅਕਤੂਬਰ ਨੂੰ ਮੋਗਾ ਵਿਖੇ ਕਾਮਰੇਡ ਨਛੱਤਰ ਭਵਨ ਚ ਹੋ ਰਹੀ ਹੈ। ਉਸ ਵਿੱਚ ਵੱਡੇ ਸੰਘਰਸ਼ੀ ਫੈਸਲੇ ਹੋਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗਗਨਦੀਪ ਸਿੰਘ ਖਾਲਸਾ,ਰਜਿੰਦਰ ਸਿੰਘ ਵਰਿਆਮ ਨੰਗਲ, ਸਰਵਨ ਸਿੰਘ ਗੁਰਦਾਸਪੁਰ ਨੇ ਵੀ ਵਿਚਾਰ ਰੱਖੇ।

# ਲਾਇਲਪੁਰ ਖਾਲਸਾ ਕਾਲਜ ਫ਼ਾਰ ਵਿਮੈਨ ਵਿਖੇ ਮਨਾਇਆ 'ਰਾਸ਼ਟਰੀ ਪੋਸ਼ਣ ਮਹੀਨਾ 2022'




**ਜਲੰਧਰ ( ਇਕਬਾਲ ਸਿੰਘ ਉੱਭੀ )**-ਲਾਇਲਪੁਰ ਖਾਲਸਾ ਕਾਲਜ ਫ਼ਾਰ ਵਿਮਨ, ਜਲੰਧਰ ਵਿਖੇ ਹੋਮ ਸਾਇੰਸ ਵਿਭਾਗ ਵੱਲੋਂ ਰਾਸ਼ਟਰੀ ਪੋਸ਼ਣ ਮਹੀਨਾ 2022 ਮਨਾਉਂਦਿਆਂ ਵਿਦਿਆਰਥੀਆਂ ਦੀ ਅੰਤਰ ਕਲਾਸ ਕੁਕਿੰਗ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਇਸ ਵਿਚ ਵਿਦਿਆਰਥਣਾਂ ਨੇ ਬਹੁਤ ਉਤਸ਼ਾਹਪੂਰਵਕ ਹਿੱਸਾ ਲਿਆ। 30 ਦੇ ਲਗਭਗ ਵਿਦਿਆਰਥਣਾਂ ਨੇ ਇਸ ਪ੍ਰਤੀਯੋਗਤਾ ਵਿਚ ਭਾਗ ਲੈਂਦਿਆਂ ਸੀਡ, ਤਾਜ਼ਾ ਫਲ, ਸ਼ਬਜੀਆਂ ਸਪਰਾਓਟ ਆਦਿ ਪੋਸ਼ਣਕਾਰੀ ਭੋਜਨ ਪਦਾਰਥਾਂ ਨਾਲ ਖਾਣ ਦੀਆਂ ਵਸਤਾਂ ਤਿਆਰ ਕੀਤੀਆਂ। ਇਸ ਪ੍ਰਤਿਯੋਗਤਾ ਵਿਚ ਬੀ.ਏ ਦੂਸਰਾ ਸਮੈਸਟਰ ਦੀਆਂ ਬੰਦਨਾ ਤੇ ਮਨਪ੍ਰੀਤ ਨੇ ਪਹਿਲਾ ਸਥਾਨ, ਬੀ. ਏ. ਪਹਿਲਾ ਸਮੈਸਟਰ ਪਹਿਲਾ ਦੀਆਂ ਕੋਮਲ ਅਤੇ ਤਰਨਪ੍ਰੀਤ ਨੇ ਬਰੈਕਟਡ ਪਹਿਲਾ ਸਥਾਨ ਹਾਸਿਲ ਕੀਤਾ। ਦੂਸਰਾ ਸਥਾਨ ਬੀ.ਏ ਪਹਿਲਾ ਸਮੈਸਟਰ ਦੀਆਂ ਚਾਂਦਨੀ ਤੇ ਖ਼ੁਸ਼ੀ ਅਤੇ ਬਰੈਕਟਡ ਪੁਜੀਸ਼ਨ ਗਗਨ ਤੇ ਤਮੰਨਾ ਨੇ ਪ੍ਰਾਪਤ ਕੀਤੀ। ਤੀਸਰਾ ਸਥਾਨ ਬੀ.ਏ ਤੀਸਰੇ ਸਮੈਸਟਰ ਤੋਂ ਅੰਜਨਾ ਤੇ ਜਿਓਸ਼ਿਤਾ ਤੇ ਬਰੈਕਟਡ ਪੁਜ਼ੀਸ਼ਨ ਬੀ.ਐਸ.ਸੀ ਦੂਸਰਾ ਸਿਮੈਸਟਰ ਦੀਆਂ ਪ੍ਰੇਰਨਾ ਨੇ ਹਾਸਲ ਕੀਤੀ। ਕਾਲਜ ਪ੍ਰਿੰਸੀਪਲ ਮੈਡਮ ਡਾ. ਨਵਜੋਤ ਨੇ ਇਸ ਸਾਰਥਕ ਉਪਰਾਲੇ ਦੇ ਆਯੋਜਨ ਲਈ ਵਿਭਾਗ ਮੁਖੀ ਮੈਡਮ ਆਤਮਾ ਸਿੰਘ ਦੀ ਪ੍ਰਸੰਸਾ ਕੀਤੀ ਤੇ ਵਿਦਿਆਰਥਣਾਂ ਨੂੰ ਮੁਬਾਰਬਾਦ ਭੇਟ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ।

# ਥਾਣੇਦਾਰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਫੜਿਆ

**ਰੋਪੜ (ਬਿੰਦਰਾ )** ਵਿਜੀਲੈਂਸ ਬਿਊਰੋ ਨੇ ਏ ਐਸ ਆਈ ਨੂੰ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਮਟੌਰ ਦੇ ਵਸਨੀਕ ਬਰਜਿੰਦਰ ਸਿੰਘ ਨੇ ਸ਼ਿਕਾਇਤ ਕੀਤੀ ਕਿ ਉਸ ਦਾ ਵਾਹਨ ਪੁਲਸ ਵੱਲੋਂ ਫੜਿਆ ਗਿਆ ਸੀ। ਉਸ ਨੇ ਉਹ ਵਾਹਨ ਰਿਲੀਜ਼ ਕਰਾਇਆ ਪਰ ਏ ਐਸ ਆਈ ਜੁਝਾਰ ਸਿੰਘ ਇਸ ਲਈ 10 ਹਜਾਰ ਰੁਪਏ ਰਿਸ਼ਵਤ ਮੰਗਦਾ ਸੀ। ਮੈਂ ਉਸ ਨੂੰ 5 ਹਜਾਰ ਰੁਪਏ ਦੇ ਦਿੱਤੇ ਹਨ ਪਰ ਹੁਣ ਬਾਕੀ 5 ਹਜਾਰ ਰੁਪਏ ਹੋਰ ਮੰਗ ਰਿਹਾ ਹੈ। ਵਿਭਾਗ ਨੇ ਇਕ ਟੀਮ ਭੇਜੀ ਜਿਸ ਨੇ ਥਾਣੇਦਾਰ ਜੁਝਾਰ ਸਿੰਘ ਨੂੰ 5000 ਰੁਪਏ ਰਿਸ਼ਵਤ ਦੀ ਦੂਜੀ ਕਿਸਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਜੁਝਾਰ ਸਿੰਘ ਥਾਣਾ ਨੂਰਪੁਰ ਬੇਦੀ ਵਿੱਚ ਤਾਇਨਾਤ ਹੈ। ਇਸ ਸੰਬੰਧੀ ਐਫ ਆਈ ਆਰ ਨੰਬਰ 16 ਮਿਤੀ 30/9/22 ਨੂੰ ਵਿਜੀਲੈਂਸ ਬਿਊਰੋ ਵੱਲੋਂ ਦਰਜ ਕੀਤੀ ਗਈ ਹੈ।

# ਦਾਣਾ ਮੰਡੀ ਟਾਂਡਾ ਵਿਖੇ ਐਚ.ਆਈ.ਵੀ. ਮਲੇਰੀਆ ਟੈਸਟਿੰਗ ਅਤੇ ਜਾਗਰੂਕਤਾ ਕੈਂਪ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)**-ਸਿਵਲ ਸਰਜਨ ਹੁਸ਼ਿਆਰਪੁਰ ਡਾ. ਪ੍ਰੀਤ ਮਹਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਤੇ ਐੱਸ.ਐਮ.ਓ ਟਾਂਡਾ ਡਾ. ਬਿਕਰਮਜੀਤ ਸਿੰਘ ਦੀ ਅਗਵਾਈ ਵਿੱਚ ਸਰਕਾਰੀ ਹਸਪਤਾਲ ਟਾਂਡਾ ਦੀ ਟੀਮ ਵੱਲੋਂ ਦਾਣਾ ਮੰਡੀ ਟਾਂਡਾ ਵਿਖੇ ਐਚ.ਆਈ.ਵੀ, ਮਲੇਰੀਆ ਟੈਸਟਿੰਗ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ । ਇਸ ਮੌਕੇ ਇਸ ਮੌਕੇ ਡਾ. ਵਿਕਰਮਜੀਤ ਸਿੰਘ ਨੇ ਦਾਣਾ ਮੰਡੀ ਵਿੱਚ ਕੰਮ ਕਰਨ ਵਾਲੇ ਪਰਵਾਸੀ ਮਜਦੂਰਾਂ ਅਤੇ ਹੋਰਨਾ ਨੂੰ ਐਚ.ਆਈ.ਵੀ ਅਤੇ ਮਲੇਰੀਆ ਪ੍ਰਤੀ ਜਾਗਰੂਕ ਕਰਦਿਆਂ ਕਿਹਾ ਕਿ ਐਚ.ਆਈ. ਵੀ ਅਸੁਰੱਖਿਅਤ ਯੌਨ ਸੰਬੰਧਾਂ ਨਾਲ ਫੈਲਦਾ ਹੈ ਇਸ ਤੋਂ ਇਲਾਵਾ ਦੂਸ਼ਿਤ ਸਰਿੰਜਾਂ ਦੀ ਵਰਤੋਂ ਨਾਲ ,ਮਾਂ ਤੋਂ ਬੱਚੇ ਨੂੰ ਫੈਲਦਾ ਹੈ ਉਨ੍ਹਾਂ ਦੱਸਿਆ ਕਿ ਮਰੀਜ਼ਾਂ ਦੇ ਪੌਸ਼ਟਿਕ ਆਉਣ ਤੇ ਏ.ਆਰ.ਟੀ ਸੈਂਟਰ ਹੁਸ਼ਿਆਰਪੁਰ ਵਿਖੇ ਰੈਫਰ ਕਰ ਦਿੱਤਾ ਜਾਂਦਾ ਹੈ ਜਿੱਥੇ ਉਸ ਦੇ ਟੈਸਟ, ਇਲਾਜ ਅਤੇ ਦਵਾਈਆਂ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਹੋਰ ਦੱਸਿਆ ਕਿ ਇਨ੍ਹਾਂ ਕੇਸਾਂ ਵਿਚ ਪਾਜ਼ੇਟਿਵ ਮਰੀਜਾਂ ਨੂੰ ਦੀ ਸਾਫ ਸੁਥਰੇ ਵਾਤਾਵਰਨ ਵਿਚ ਰੱਖਣ ਤੋਂ ਇਲਾਵਾ ਪੌਸ਼ਟਿਕ ਆਹਾਰ ਦੇਣਾ ਚਾਹੀਦਾ ਹੈ ਅਤੇ ਜਿਨ੍ਹਾਂ ਕਾਰਨਾਂ ਕਰਕੇ ਉਹ ਐੱਚ.ਆਈ.ਵੀ ਪੌਜ਼ਿਟਿਵ ਹੋਇਆ ਹੈ ਉਸ ਦਾ ਤਿਆਗ ਕਰਨਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਹੋਰ ਦੱਸਿਆ ਕਿ ਕੀਤੇ ਗਏ ਐਚ.ਆਈ.ਵੀ. ਅਤੇ ਮਲੇਰੀਆ ਦੇ ਟੈਸਟਿੰਗ ਤੇ 33 ਕੇਸਾਂ ਚੋਂ ਸਾਰੇ ਨੈਗੇਟਿਵ ਆਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਐਜੂਕੇਟਰ ਅਫ਼ਸਰ ਅਵਤਾਰ ਸਿੰਘ, ਹੈਲਥ ਇੰਸਪੈਕਟਰ ਸ਼ਵਿੰਦਰ ਸਿੰਘ, ਹੈਲਥ ਇੰਸਪੈਕਟਰ ਰਾਜੀਵ ਪਾਲ ਸਿੰਘ, ਮਨਜੀਤ ਕੌਰ, ਬਲਜਿੰਦਰ ਕੌਰ, ਏ.ਐਨ.ਐਮ ਤਰਨੀਤ ਕੌਰ, ਤਰਵਿੰਦਰ ਕੁਮਾਰ,ਗੁਰਪ੍ਰੀਤ ਸਿੰਘ ਤੇ ਹੋਰ ਸਟਾਫ ਮੈਂਬਰ ਵੀ ਹਾਜਰ ਸਨ।

## ਵਿਸ਼ਵ ਦਿਲ ਦਿਵਸ ਮੌਕੇ ਨਰਸਿੰਗ ਵਿਦਿਆਰਥਣਾਂ ਦੇ ਪੋਸਟਰ ਮੇਕਿੰਗ ਤੇ ਭਾਸ਼ਨ ਮੁਕਾਬਲੇ



**ਟਾਂਡਾ ਉੜਮੁੜ (ਉਂਕਾਰ ਸਿੰਘ, ਜਸਵਿੰਦਰ ਸੰਧੂ )**-ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਨਰਸਿੰਗ ਕਾਲਜ ਟਾਂਡਾ ਵਿਖੇ ਵਰਲਡ ਹਾਰਟ ਡੇਅ ਮਨਾਇਆ ਗਿਆ। ਸੰਸਥਾ ਦੀ ਚੇਅਰਪਰਸਨ ਪਰਦੀਪ ਕੌਰ,ਐਮ.ਡੀ ਵਿਕਰਮ ਸਿੰਘ ਰਸੂਲਪੁਰ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਵਾਈਸ ਪ੍ਰਿੰਸੀਪਲ ਰੇਨੂ ਬਾਲਾ ਦੀ ਅਗਵਾਈ ਵਿੱਚ ਹੋਏ ਸਮਾਰੋਹ ਦੌਰਾਨ ਕਾਲਜ ਪ੍ਰਬੰਧਕਾਂ ਵੱਲੋਂ ਇਸ ਮੌਕੇ ਵਿਦਿਆਰਥਣਾਂ ਦੇ ਪੋਸਟਰ ਮੇਕਿੰਗ ਸਲੋਗਨ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ ਜਿਸ ਵਿਚ ਵਿਦਿਆਰਥਣਾਂ ਨੇ ਬੜੀ ਹੀ ਦਿਲਚਸਪੀ ਨਾਲ ਭਾਗ ਲੈਂਦੇ ਹੋਏ ਆਪਣੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ । ਇਨ੍ਹਾਂ ਮੁਕਾਬਲਿਆਂ ਵਿਚ ਜੇਤੂ ਰਹਿਣ ਵਾਲੀਆਂ ਅਤੇ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਅਤੇ ਵਾਈਸ ਪ੍ਰਿੰਸੀਪਲ ਰੇਨੂੰ ਬਾਲਾ ਨੇ ਸਨਮਾਨਿਤ ਕਰਦਿਆਂ ਵਰਲਡ ਹਾਰਟ ਡੇਅ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਚੰਗੀ ਸਿਹਤ ਵਾਸਤੇ ਆਪਣੇ ਦਿਲ ਦਾ ਵੀ ਵਿਸ਼ੇਸ਼ ਧਿਆਨ ਰੱਖਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਮੈਡਮ ਲਵਲੀ ਸੈਨੀ,ਦਲਜਿੰਦਰ ਕੌਰ, ਮਨਦੀਪ ਕੌਰ,ਰਮਨੀਤ ਕੌਰ,ਮੈਡਮ ਮੋਨਿਕਾ ਜਾਜਾ, ਗਗਨਦੀਪ ਕੌਰ,ਮਨਪ੍ਰੀਤ ਕੌਰ ਆਦਿ ਵੀ ਮੌਜੂਦ ਸਨ।

## 'ਸਾਲਾਨਾ ਇਕੋਤਰੀ ਸਮਾਗਮ ਦਾ ਇਕ ਵਿਲੱਖਣ ਅਸਥਾਨ'

**ਟਾਂਡਾ ਉੜਮੁੜ ( ਜਸਵਿੰਦਰ ਸੰਧੂ ਉਂਕਾਰ ਸਿੰਘ )**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਸੰਦੇਸ਼ ਸਿਧਾਂਤ ਤੇ ਵਿਚਾਰਧਾਰਾ ਦਾ ਸਿੱਖ ਜਗਤ 'ਚ ਪ੍ਰਚਾਰ ਤੇ ਪ੍ਰਸਾਰ ਕਰਨ ਵਿੱਚ ਮਹਾਨ ਸਾਲਾਨਾ ਇਕੋਤਰੀ ਸਮਾਗਮ ਦਾ ਇਕ ਵਿਲੱਖਣ ਅਸਥਾਨ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਮਤਿ ਸਮਾਗਮ ਦੌਰਾਨ ਗਿਆਨੀ ਜਸਵੰਤ ਸਿੰਘ ਪਰਵਾਨਾ ਨੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸੰਤ ਬਾਬਾ ਗੁਰਦਿਆਲ ਸਿੰਘ ਜੀ ਵੱਲੋਂ ਸਤਿਗੁਰਾਂ ਦੀ ਰਹਿਮਤ ਤੇ ਸੰਗਤ ਦੇ ਸਹਿਯੋਗ ਸਦਕਾ ਕਰਵਾਏ ਜਾਣ ਵਾਲੇ ਇਸ 23 ਰੋਜ਼ਾ ਸਮਾਗਮ ਨੂੰ ਸਿੱਖੀ ਦੇ ਪ੍ਰਚਾਰ ਹਿੱਤ ਇੱਕ ਸ਼ਲਾਘਾਯੋਗ ਉਪਰਾਲਾ ਦੱਸਿਆ।

ਇਨ੍ਹਾਂ ਤੋਂ ਇਲਾਵਾ ਸੰਤ ਜਗਦੀਪ ਸਿੰਘ ਪੁਲਪੁਖਤਾ, ਸੰਤ ਜਸਰਾਜ ਸਿੰਘ ਪ੍ਰੀਤਮਪੁਰਾ ,ਸੰਤ ਬਾਬਾ ਭਰਪੂਰ ਸਿੰਘ ਝਲੂਰ ,ਸੰਤ ਗੁਰਦੀਪ ਸਿੰਘ ਖੁਜਾਲੇ ਵਾਲੇ, ਸੰਤ ਜੋਗਾ ਸਿੰਘ ਜੀ ਰਾਮੂ ਥਿਆੜਾ , ਸੰਤ ਅਮਰੀਕ ਸਿੰਘ ਪੁੜੈਣ , ਸੰਤ ਗੁਰਦੀਪ ਸਿੰਘ ਚੰਦ ਪੁਰਾਣਾ, ਭਾਈ ਹੀਰਾ ਸਿੰਘ ਰਤਨ, ਸੰਤ ਪਵਨਦੀਪ ਸਿੰਘ ਕੜਿਆਲ, ਸੰਤ ਅਮਰਜੀਤ ਸਿੰਘ ਤੇ ਹੋਰ ਸੰਤ ਮਹਾਪੁਰਸ਼ਾਂ ਨੇ ਹਾਜ਼ਰੀ ਭਰ ਕੇ ਸਿੱਖ ਜਗਤ ਨੂੰ ਗੁਰੂ ਨਾਨਕ ਦੇਵ ਜੀ ਦੇ ਸਿਧਾਂਤ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਪੂਰਨ ਰੂਪ ਵਿੱਚ ਜੁੜ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ।

## ਸਮੁੱਚੇ ਲੇਖਕ ਇਕ ਪਲੇਟਫਾਰਮ 'ਤੇ ਇੱਕਠੇ ਹੋਣ-ਪ੍ਰਭੂ ਹਰੀਸ਼



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** :- ਸ਼ੋਸਲ ਮੀਡੀਆ ਤੇ ਮਕਬੂਲ 'ਕਲਮਾਂ ਦੀ ਸਾਂਝ ਸ਼ਬਦਾਂ ਨਾਲ' ਨਾਮਕ ਸਾਹਿਤਕ ਸੰਸਥਾ ਦੇ ਸਾਹਿਤਕਾਰਾਂ ਵੱਲੋਂ ਇੱਕ ਸਾਹਿਤਕ ਮਿਲਣੀ ਦੌਰਾਨ ਸਾਹਿਤ ਸੰਬੰਧੀ ਵਿਚਾਰਾਂ ਕੀਤੀਆਂ ਗਈਆਂ। ਉਥੇ ਸਾਹਿਤਕਾਰ ਪ੍ਰਭੂ ਹਰੀਸ਼ ਦੀ ਅਗਵਾਈ 'ਚ ਹੋਈ ਇਸ ਸਾਹਿਤਕ ਮਿਲਣੀ ਦੌਰਾਨ ਇਸ ਸੰਸਥਾ ਦੇ ਨਾਂਅ, ਨਿਸ਼ਾਨੇ ਤੋਂ ਲੈ ਕੇ ਸਮੇਂ ਸਮੇਂ ਸਰਗਰਮੀਆਂ, ਸਮਾਗਮਾਂ ਅਤੇ ਗਰੁੱਪ ਦੇ ਨਵੇਂ ਲੇਖਕਾਂ ਦੀ ਅਗਵਾਈ ਲਈ ਕੀਤੇ ਜਾਣ ਵਾਲੇ ਯੋਗ ਪ੍ਰਬੰਧਾਂ ਸਬੰਧੀ ਸਲਾਹ ਕੀਤੀ ਗਈ। ਇਸ ਮੌਕੇ ਪ੍ਰਭੂ ਹਰੀਸ਼ ਨੇ ਸਮੁੱਚੇ ਲੇਖਕਾਂ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਹੋਣ ਅਤੇ ਨਵੇਂ ਲੇਖਕਾਂ ਲਈ ਵਰਕਸ਼ਾਪ ਲਗਾ ਕੇ ਸਾਹਿਤ ਦੀਆਂ ਵੱਖ ਵੱਖ ਵੰਨਗੀਆਂ ਦੀਆਂ ਬਾਰੀਕੀਆਂ ਸੰਬੰਧੀ ਜਾਗਰੂਕ ਕਰਨ ਲਈ ਕਿਹਾ। ਇਸ ਮੌਕੇ ਲੇਖਕ ਜੱਸੀ ਧਰੌੜ ਨੇ ਇਸ ਸ਼ੋਸਲ ਮੀਡੀਆ ਗਰੁੱਪ ਦੇ ਲੇਖਕਾਂ ਨੂੰ ਪਹਿਲੀ ਸਾਹਿਤਕ ਮਿਲਣੀ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਹਰੇਕ ਮਹੀਨੇ ਇਸ ਗਰੁੱਪ ਵੱਲੋਂ ਸਾਹਿਤਕ ਗਤੀਵਿਧੀਆਂ ਜਾਰੀ ਰੱਖੀਆਂ ਜਾਣਗੀਆਂ। 'ਮੈਂ ਵੀ ਕੁਝ ਕਹਿਣਾ ਹੈ' ਵਾਲੇ ਸ਼ਾਇਰ ਸੁਖਜਿੰਦਰਜੀਤ ਸੋਢੀ ਨੇ ਸਾਰੇ ਵਿਚਾਰਾਂ ਦੀ ਕਾਰਵਾਈ ਨੂੰ ਕਲਮਬੰਦ ਕਰਦਿਆਂ, ਵਿੱਤੀ ਅਤੇ ਪ੍ਰਬੰਧਕੀ ਸਿਸਟਮ ਨੂੰ ਕਾਇਮ ਰੱਖਣ ਦੀ ਸਲਾਹ ਦੇ ਨਾਲ ਨਾਲ ਯੋਗ ਤਰੀਕਿਆਂ ਦੀ ਜਾਣਕਾਰੀ ਦਿੱਤੀ। ਗੀਤਕਾਰ ਚੰਨੀ ਖਿਜਰਾਬਾਦੀ ਨੇ ਸਹਿਜ ਅਤੇ ਸਾਰਥਿਕ ਤਰੀਕੇ ਨਾਲ ਆਉਣ ਵਾਲੇ ਸਮੇਂ ਦੀਆਂ ਔਕੜਾਂ ਨੂੰ ਦਰਸਾਇਆ ਅਤੇ ਇਸਦੇ ਹੱਲ ਦੀਆਂ ਬਰੀਕੀਆਂ ਤੋਂ ਜਾਣੂੰ ਕਰਵਾਇਆ। ਇਸ ਸਾਹਿਤਕ ਮਿਲਣੀ ਦੌਰਾਨ ਗਗਨਪ੍ਰੀਤ ਕੌਰ ਸੱਪਲ, ਡਾ. ਦਵਿੰਦਰ ਕੌਰ ਖੁਸ਼ ਧਾਲੀਵਾਲ ਨੇ ਵੀਡੀਓ ਕਾਲ ਰਾਹੀਂ ਵਿਚਾਰ ਵਿਟਾਂਦਰੇ 'ਚ ਸ਼ਿਰਕਤ ਕਰਦਿਆਂ ਗਰੁੱਪ ਦੇ ਪ੍ਰਸਾਰ ਅਤੇ ਪ੍ਰਚਾਰ ਸੰਬੰਧੀ ਵੀਚਾਰਾਂ ਕੀਤੀਆਂ। ਇਸ ਮੌਕੇ ਲੇਖਿਕਾ ਰਮਨਦੀਪ ਸੰਧੂ, ਸਾਹਿਤਕਾਰ ਬੀ.ਐਸ.ਬੇਨਾਮ, ਰਾਜਵਿੰਦਰ ਰੌਂਤਾ ਮੋਗਾ ਨੇ ਵੀ ਆਨ ਲਾਈਨ ਹੁੰਦਿਆਂ ਆਪਣੇ ਵਿਚਾਰ ਪੇਸ਼ ਕਰਦਿਆਂ ਗਰੁੱਪ ਦੀ ਪ੍ਰਬੰਧਕੀ ਟੀਮ ਨਾਲ ਸਹਿਮਤੀ ਦਾ ਪ੍ਰਗਟਾਵਾ ਕੀਤਾ।

## 185ਵਾਂ ਜਯੰਤੀ ਸਮਾਰੋਹ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ



**ਫਿਲੌਰ (ਨਿਰਮਲ)**- ਵਿਸ਼ਵ ਪ੍ਰਸਿੱਧ ਆਰਤੀ 'ਓਮ ਜੈ ਜਗਦੀਸ਼ ਹਰੇ' ਦੇ ਰਚੇਤਾ ਪੰਡਿਤ ਸ਼ਰਧਾ ਰਾਮ ਫਿਲੌਰੀ ਦਾ 185ਵਾਂ ਜਯੰਤੀ ਸਮਾਰੋਹ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਹਵਨ ਯੱਗ ਕੀਤਾ ਗਿਆ, ਪੰਡਿਤ ਜੀ ਦੁਆਰਾ ਰਚੀ ਵਿਸ਼ਵ ਪ੍ਰਸਿੱਧ ਆਰਤੀ 'ਓਮ ਜੈ ਜਗਦੀਸ਼ ਹਰੇ' ਦਾ ਗਾਇਨ ਕੀਤਾ ਗਿਆ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ। ਵਿਦਵਾਨਾਂ ਨੇ ਪੰਡਿਤ ਜੀ ਵੱਲੋਂ ਸਾਹਿਤ ਅਤੇ ਵਿਚਾਰਧਾਰਾ ਵਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਪ੍ਰਸਾਦ ਵੰਡਣ ਉਪਰੰਤ ਅਟੁੱਟ ਲੰਗਰ ਵੀ ਵਰਤਾਇਆ ਗਿਆ। ਹੋਰਨਾਂ ਤੋਂ ਇਲਾਵਾ ਇਸ ਮੌਕੇ 'ਤੇ ਪ੍ਰਬੰਧਕ ਭੁਵੇਸ਼ ਸ਼ਰਮਾ, ਰਾਕੇਸ਼ ਸ਼ਰਮਾ (ਭੋਲੂ), ਰਿੰਕਾ ਪਾਸੀ, ਡਾ.ਕੇਵਲ ਕ੍ਰਿਸ਼ਨ ਨਗਰ ਕੌਂਸਲ ਫਿਲੌਰ ਦੇ ਪ੍ਰਧਾਨ ਮਹਿੰਦਰ ਰਾਮ ਚੁੰਬਰ, ਸਾਬਕਾ ਪ੍ਰਧਾਨ ਪ੍ਰਮੋਦ ਵਸੰਧਰਾਏ, ਨਰਿੰਦਰ ਗੋਇਲ, ਕੌਂਸਲਰ ਵੈਭਵ ਸ਼ਰਮਾ, ਰਾਕੇਸ਼ ਕਾਲੀਆ, ਰਾਜੇਸ਼ ਰੋਕਸੀ, ਸਾਬਕਾ ਕੌਂਸਲਰ ਵਿਜੇ ਕੁਮਾਰ ਬਿੱਲਾ, ਰਵੀ ਕਾਂਤ ਗੁਪਤਾ, ਯਸ਼ਪਾਲ ਜੱਸੀ, ਰਾਜ ਕੁਮਾਰ ਗਰੋਵਰ, ਸੀਨੀਅਰ ਪੱਤਰਕਾਰ ਨਿਰਮਲ ਕੁਮਾਰ, ਅਸ਼ਵਨੀ ਭਾਪਾ, ਨਰੇਸ਼ ਭੰਡਾਰੀ ,ਅਮਿਤ ਪੰਮਾ, ਨਵਨੀਤ ਸ਼ਰਮਾ, ਸ਼ਾਮ ਲਾਲ ਸ਼ਰਮਾ, ਪ੍ਰਦੀਪ ਦੁਸਾਂਝ ਅਤੇ ਹੋਰ ਹਾਜ਼ਰ ਸਨ।

# ਕੈਂਪ 'ਚ 101 ਯੂਨਿਟ ਬਲੱਡ ਇਕੱਤਰ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਤਨਾਮ ਬਲੱਡ ਸੈਂਟਰ ਹੁਸ਼ਿਆਰਪੁਰ ਦੇ ਸਰਪ੍ਰਸਤ ਗੌਰਵ ਗੋਰਾਂ ਵੱਲੋਂ ਆਪਣੇ ਉਸਤਾਦ ਅਸ਼ਵਨੀ ਕਪੂਰ ਦੀ ਨਿੱਘੀ ਯਾਦ ਦੀ ਦੂਜੀ ਬਰਸੀ ਦੇ ਸਬੰਧ ਵਿੱਚ ਮਾਨਤਾ ਦੀ ਸੱਚੀ ਸੁੱਚੀ ਸੇਵਾ ਕਰਦਿਆਂ ਅਤੇ ਕਿਸੇ ਵੀ ਮਰੀਜ ਦੀ ਜਾਨ ਬਲੱਡ ਦੀ ਕਮੀਂ ਕਾਰਨ ਨਾ ਜਾ ਸਕੇ ਦੇ ਮੰਤਵ ਨਾਲ ਵਿਸ਼ਾਲ ਖੂਨਦਾਨ ਕੈਂਪ ਆਯੋਜਿਤ ਕੀਤਾ।

ਜਿਸ ਵਿੱਚ ਬਹੁਤ ਸਾਰੀਆਂ ਨਾਮਵਰ ਸ਼ਖਸੀਅਤਾਂ ਦੇ ਨਾਲ ਨਾਲ ਇਲਾਕੇ ਦੀ ਸਿਰਮੌਰ ਸੰਸਥਾ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਡਰੋਲੀ ਕਲਾਂ ਪ੍ਰਧਾਨ ਜਸਵੀਰ ਸਿੰਘ ਸਾਬੀ ਪਧਿਆਣਾ ਸੇਵਾਦਾਰ ਭਾਈ ਸੁਖਜੀਤ ਸਿੰਘ ਅਤੇ ਸੇਵਾਦਾਰ ਵੀਰ ਸੁੱਖੀ ਦਾਊਦਪੁਰੀਆ ਨੂੰ ਸ਼ਮੂਲੀਅਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਇਸ ਦੌਰਾਨ ਨੌਜਵਾਨ ਵੀਰਾਂ ਭੈਣਾਂ ਵੱਲੋਂ ਭਾਰੀ ਉਤਸ਼ਾਹ ਦਿਖਾਉਂਦਿਆਂ 101 ਯੂਨਿਟ ਬਲੱਡ ਇੱਕਠਾ ਕੀਤਾ ਗਿਆ।

## ਨਾਨ ਟੀਚਿੰਗ ਸਟਾਫ ਯੂਨੀਅਨ ਨੇ ਸਰਕਾਰ ਵਿਰੁੱਧ ਦਿੱਤਾ ਧਰਨਾ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਾਈਵੇਟ ਕਾਲਜ ਨਾਨ ਟੀਚਿੰਗ ਸਟਾਫ ਯੂਨੀਅਨ ਪੰਜਾਬ ਅਤੇ ਚੰਡੀਗੜ੍ਹ ਦੇ ਆਦੇਸ਼ ਨਾਲ ਹੰਸਰਾਜ ਮਹਿਲਾ ਮਹਾਵਿਦਿਆਲਾ, ਜਲੰਧਰ ਦੀ ਨਾਨ ਟੀਚਿੰਗ ਸਟਾਫ ਯੂਨੀਅਨ ਨੇ ਸਰਕਾਦ ਦੇ ਵਿਰੁੱਧ ਮੇਨ ਗੇਟ ਤੇ ਧਰਨਾ ਦਿੱਤਾ। ਪ੍ਰਧਾਨ ਗੁਰਦੇਵ ਵਿਰਧੀ ਨੇ ਧਰਨੇ 'ਤੇ ਬੈਠੇ ਕਰਮਚਾਰੀਆਂ ਨੂੰ ਦੱਸਿਆ ਕਿ 6ਵੇਂ ਪੇ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਨ ਕਰਨ ਤੇ ਸਰਕਾਰ ਦੁਆਰਾ ਅਪਨਾਈ ਜਾ ਰਹੀ ਟਾਲ-ਮਟੋਲ ਨੀਤੀ ਦੀ ਘੋਰ ਨਿੰਦਾ ਕੀਤੀ। ਨਾਨ ਟੀਚਿੰਗ ਸਟਾਫ ਯੂਨੀਅਨ ਦੇ ਮੈਂਬਰਾਂ ਵਿੱਚ ਸ੍ਰੀ ਮਾਤਾ ਫੇਰ ਕੋਰੀ, ਸੈਕਟਰੀ, ਪੰਕਜ ਜਯੋਤੀ, ਲਖਵਿੰਦਰ ਸਿੰਘ, ਰਵੀ ਮੈਨੀ, ਮਨੋਹਰ ਲਾਲ, ਰਾਜੀਵ ਭਾਟੀਆ, ਸ੍ਰੀਮਤੀ ਇੰਦੂ ਬਾਲਾ, ਸ੍ਰੀਮਤੀ ਸੀਮਾ ਜੋਸ਼ੀ, ਸ੍ਰੀਮਤੀ ਸੋਨੀਆ, ਰਾਜੇਸ਼ ਕੁਮਾਰ, ਕਰਮਚੰਦ ਪਾਠਕ, ਕੇਵਲ ਕ੍ਰਿਸ਼ਨ, ਰਾਜੇਸ਼ ਕਨੋਜੀਆ, ਰਾਜੇਂਦਰ ਕੁਮਾਰ, ਦੁੱਧ ਨਾਥ, ਨੰਦ ਲਾਲ, ਬੇਚਨ ਲਾਲ, ਰਾਮ ਲੁਭਾਇਆ, ਹੇਮਰਾਜ ਅਤੇ ਹੋਰ ਮੈਂਬਰ ਵੀ ਮੌਜੂਦ ਸਨ। ਇਸ ਦੌਰਾਨ ਕੰਮਕਾਜ ਪੂਰੀ ਤਰ੍ਹਾਂ ਨਾਲ ਪ੍ਰਭਾਵਿਤ ਹੋਇਆ। ।




## ਨਵੀਂ ਪੀੜ੍ਹੀ ਨੂੰ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ : ਨਵਦੀਪ ਢਿੱਲੋਂ





**ਸੁਲਤਾਨਪੁਰ ਲੋਧੀ ( ਹਨੀ )** ਫਾਲਕਨ ਇੰਟਰਨੈਸ਼ਨਲ ਸਕੂਲ ਸਵਾਲ ਵਿਖੇ ਐਮ.ਡੀ. ਕਰਨਲ ਅਜੀਤ ਸਿੰਘ ਢਿੱਲੋਂ ਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਦੀ ਅਗਵਾਈ 'ਚ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਤੇ ਸਮਾਗਮ ਆਯੋਜਿਤ ਕੀਤਾ ਗਿਆ । ਜਿਸ ਦੌਰਾਨ ਸਕੂਲ ਦੇ ਸਮੂਹ ਸਟਾਫ ਤੇ ਬੱਚਿਆਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਤਸਵੀਰ ਤੇ ਫੁੱਲ ਚੜ੍ਹਾ ਕੇ ਸ਼ਰਧਾ ਭੇਂਟ ਕੀਤੀ ਗਈ ਤੇ ਸ਼ਹੀਦ ਦੇ ਜਨਮ ਦਿਨ ਦੀ ਵਧਾਈ ਦਿੱਤੀ ਗਈ । ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸਕੂਲ ਦੇ ਡਾਇਰੈਕਟਰ ਮੈਡਮ ਨਵਦੀਪ ਢਿੱਲੋ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਦੇਸ਼ ਦੀ ਅਜਾਦੀ ਲਈ ਕੁਰਬਾਨ ਹੋਏ ਸ਼ਹੀਦਾਂ ਦਾ ਇਤਿਹਾਸ ਪੜ੍ਹ ਕੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ । ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਨੂੰ ਅਜਾਦ ਕਰਵਾਉਣ ਲਈ ਜੋ ਯੋਗਦਾਨ ਪਾਇਆ ,ਉਸਨੂੰ ਕਦੇ ਕੌਮ ਭੁਲਾ ਨਹੀਂ ਸਕਦੀ । ਉਨ੍ਹਾਂ ਕਿਹਾ ਕਿ ਸਾਨੂੰ ਸ਼ਹੀਦ ਭਗਤ ਸਿੰਘ ਦੇ ਲਏ ਸੁਪਨੇ ਨੂੰ ਸਾਕਾਰ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾਇਨ ਕੀਤੇ ਗਏ ਤੇ ਸ਼ਹੀਦ ਭਗਤ ਸਿੰਘ ਦੇ ਪੋਸਟਰ ਬਣਾ ਕੇ ਯਾਦ ਕੀਤਾ । ਇਸ ਦੌਰਾਨ ਐਕਟੀਵਿਟੀ ਇੰਚਾਰਜ ਮੈਡਮ ਮੀਰਾ ਪੁਰੀ ਨੇ ਸਮੂਹ ਵਿਦਿਆਰਥੀਆਂ ਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਗੁਰਬਚਨ ਸਿੰਘ, ਜਤਿੰਦਰ ਸਿੰਘ ਆਦਿ ਹਾਜਰ ਸਨ ।

## ਕਿਸਾਨ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ- ਖੇਤੀਬਾੜੀ ਅਫਸਰ



**ਬਹਿਰਾਮ (ਅਵਤਾਰ ਕਲੇਰ)** ਪੰਜਾਬ ਸਰਕਾਰ ਵੱਲੋ ਝੋਨੇ ਦੀ ਪਰਾਲੀ ਅਤੇ ਹੋਰ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੁੱਖ ਖੇਤੀਬਾੜੀ ਅਫਸਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਬੰਗਾ ਦੇ ਪਿੰਡ ਸਰਹਾਲਾ ਰਾਣੂਆ ਅਤੇ ਲਧਾਣਾ ਝਿੱਕਾ ਦੀ ਸਹਿਕਾਰੀ ਸਭਾਵਾਂ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ । ਇਹਨਾਂ ਕੈਂਪਾ ਦੀ ਪ੍ਰਧਾਨਗੀ ਖੇਤੀਬਾੜੀ ਅਫਸਰ ਬੰਗਾ ਡਾ. ਲਛਮਣ ਦਾਸ ਵੱਲੋਂ ਕੀਤੀ ਗਈ ।

ਉਹਨਾਂ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਅਪੀਲ ਕੀਤੀ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਨੂੰ ਜਮੀਨ ਵਿੱਚ ਗਾਲਣ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਵੱਧਦੀ ਹੈ , ਮਿੱਟੀ ਦੇ ਜਰੂਰੀ ਪੌਸ਼ਟਿਕ ਤੱਤਾਂ ਵਿੱਚ ਵਾਧਾ ਹੁੰਦਾ ਅਤੇ ਮਿੱਤਰ ਕੀੜਿਆਂ ਨੂੰ ਵੀ ਬਚਾਇਆ ਜਾ ਸਕਦਾ ਹੈ । ਉਹਨਾਂ ਇਹ ਵੀ ਦੱਸਿਆ ਕਿ ਇਸ ਸਾਲ ਪਰਾਲੀ ਦੇ ਪ੍ਰਬੰਧਨ ਲਈ ਬਲਾਕ ਬੰਗਾ ਵਿੱਚ 76 ਮਸ਼ੀਨਾਂ ਸਬਸਿਡੀ 'ਤੇ ਦਿੱਤੀਆਂ ਗਈਆਂ ਹਨ। ਡਾ. ਸੁਖਜਿੰਦਰ ਪਾਲ ਖੇਤੀਬਾੜੀ ਵਿਕਾਸ ਅਫਸਰ ਨੇ ਕਿਸਾਨਾਂ ਨੂੰ ਝੋਨੇ ਤੇ ਕੀੜੇ-ਮਕੌੜਿਆਂ ਬਾਰੇ ਅਤੇ ਹਾੜ੍ਹੀ ਦੀ ਫਸਲਾਂ ਤੋ ਪਹਿਲਾਂ ਆਪਣੇ ਖੇਤਾਂ ਦੀ ਮਿੱਟੀ ਟੈਸਟ ਕਰਵਾ ਕੇ ਖਾਦਾਂ ਦੀ ਵਰਤੋਂ ਕਰਨ ਲਈ ਦੱਸਿਆ। ਇਸ ਮੌਕੇ ਸੰਦੀਪ ਗੰਗੜ ਏ.ਟੀ.ਐਮ. ਅਤੇ ਪਿੰਡ ਸਰਹਾਲਾ ਰਣੂਆ ਦੇ ਕਿਸਾਨ ਤਰਲੋਚਨ ਸਿੰਘ , ਕਿਰਨਦੀਪ ਸਿੰਘ , ਬਲਜਿੰਦਰ ਸਿੰਘ ਚੱਕ ਮੰਡੇਰ , ਮੁੱਖਤਿਆਰ ਸਿੰਘ ਜੱਸੋ ਮਜਾਰਾ , ਦਵਿੰਦਰ ਸਿੰਘ ਝਿੱਕਾ , ਗੁਰਦੀਪ ਸਿੰਘ ਝਿੱਕਾ , ਹਰਚਰਨਜੀਤ ਸਿੰਘ ਨੰਬਰਦਾਰ ਝਿੱਕਾ , ਸੈਕਟਰੀ ਗੁਰਪ੍ਰੀਤ ਸਿੰਘ ਸਹਿਕਾਰੀ ਸਭਾ ਹਾਜਰ ਸਨ ।

# ਮਨਿੰਦਰਜੀਤ ਸਿੰਘ ਦਾ ਲਾਇਲਪੁਰ ਖ਼ਾਲਸਾ ਕਾਲਜ ਪਹੁੰਚਣ 'ਤੇ ਸ਼ਾਨਦਾਰ ਸਵਾਗਤ




**ਜਲੰਧਰ (ਸ਼ੈਲੀ ਐਲਬਰਟ)**-: ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਐਨਐਸਐਸ ਵਲੰਟੀਅਰ ਮਨਿੰਦਰਜੀਤ ਸਿੰਘ ਦਾ ਕਾਲਜ ਪਹੁੰਚਣ 'ਤੇ ਸ਼ਾਨਦਾਰ ਢੰਗ ਨਾਲ ਸਨਮਾਨ ਕੀਤਾ ਗਿਆ। ਵਿਦਿਆਰਥੀ ਦੇ ਕਾਲਜ ਪਹੁੰਚਣ 'ਤੇ ਪ੍ਰਿੰਸੀਪਲ ਡਾ. ਗੁਰਪਿੰਦਰ ਸਿੰਘ ਸਮਰਾ ਅਤੇ ਚੀਫ ਪ੍ਰੋਗਰਾਮ ਅਫ਼ਸਰ ਪ੍ਰੋ. ਸਤਪਾਲ ਸਿੰਘ ਅਤੇ ਐਨ.ਐਸ.ਐਸ. ਟੀਮ ਨੇ ਸਵਾਗਤ ਕੀਤਾ। ਉਸ ਨੂੰ ਪਰਮਾਤਮਾ ਦਾ ਆਸ਼ੀਰਵਾਦ ਲੈਣ ਲਈ ਖੁੱਲ੍ਹੀ ਗੱਡੀ ਵਿੱਚ ਗੁਰਦੁਆਰਾ ਸਾਹਿਬ ਲਿਜਾਇਆ ਗਿਆ। ਇਸ ਦੌਰਾਨ ਵਾਲੰਟੀਅਰਾਂ ਨੇ ਉਸਦੀ ਸ਼ਾਨਦਾਰ ਪ੍ਰਾਪਤੀ ਲਈ ਤਾੜੀਆਂ ਵਜਾਉਂਦੇ ਹੋਏ ਹੌਂਸਲਾ ਅਫਜਾਈ ਕੀਤੀ। ਅਰਦਾਸ ਉਪਰੰਤ ਉਸ ਨੂੰ ਸਿਰੋਪਾਓ ਦਿੱਤਾ ਗਿਆ। ਗੁਰਦੁਆਰਾ ਸਾਹਿਬ ਤੋਂ ਵਾਪਸ ਆਉਂਦੇ ਸਮੇਂ ਵੱਖ-ਵੱਖ ਵਿਭਾਗ ਦੇ ਮੁਖੀ ਨੇ ਉਨ੍ਹਾਂ ਨੂੰ ਫੁੱਲਾਂ ਦੇ ਹਾਰ ਪਹਿਨਾਏ। ਪ੍ਰਿੰਸੀਪਲ ਡਾ. ਗੁਰਪਿੰਦਰ ਸਿੰਘ ਸਮਰਾ ਨੇ ਕਿਹਾ ਕਿ ਇਹ ਮੇਰੀ ਜ਼ਿੰਦਗੀ ਦਾ ਸਭ ਤੋਂ ਖੁਸ਼ੀ ਵਾਲਾ ਪਲ ਸੀ ਜਦੋਂ ਵਿਦਿਆਰਥੀ ਮਨਿੰਦਰਜੀਤ ਨੂੰ ਨੈਸ਼ਨਲ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਨਾਂਅ ਰਾਸ਼ਟਰਪਤੀ ਭਵਨ ਵਿਖੇ ਉਚਾਰਿਆ ਗਿਆ। ਉਨ੍ਹਾਂ ਅੱਗੇ ਕਿਹਾ ਕਿ ਇਮਾਨਦਾਰੀ ਦੇ ਨਾਲ ਲਗਾਤਾਰ ਕੋਸ਼ਿਸ਼, ਅਜਿਹੀ ਉੱਚ ਦਰਜੇ ਦੀ ਸਫਲਤਾ ਦੀ ਕੁੰਜੀ ਹੈ। ਇਹ ਅਵਾਰਡ ਕਾਲਜ ਵਿੱਚ ਪਹਿਲੀ ਵਾਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਬੰਧਤ ਕਾਲਜਾਂ ਵਿੱਚ 28 ਸਾਲਾਂ ਬਾਅਦ ਮਿਲਿਆ ਹੈ। ਚੀਫ ਪ੍ਰੋਗਰਾਮ ਅਫ਼ਸਰ ਸਤਪਾਲ ਸਿੰਘ ਨੇ ਕਿਹਾ ਕਿ ਇਹ ਮਨਿੰਦਰਜੀਤ ਦੀ ਲਗਨ ਹੀ ਸੀ ਕਿ ਉਹ ਅਜਿਹਾ ਮਾਣ ਹਾਸਲ ਕਰਨ ਦੇ ਯੋਗ ਹੋਇਆ ਹੈ। ਮਨਿੰਦਰਜੀਤ ਨੇ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ, ਪ੍ਰਿੰਸੀਪਲ ਅਤੇ ਪ੍ਰੋਗਰਾਮ ਅਫਸਰਾਂ ਦਾ ਉਸ ਦੇ ਮਾਰਗਦਰਸ਼ਨ ਅਤੇ ਨਿਰੰਤਰ ਸਹਿਯੋਗ ਲਈ ਰਾਸ਼ਟਰੀ ਪੱਧਰ 'ਤੇ ਸਫਲਤਾ ਪ੍ਰਾਪਤ ਕਰਨ ਲਈ ਧੰਨਵਾਦ ਕੀਤਾ। ਉਸ ਨੇ ਵਾਅਦਾ ਕੀਤਾ ਕਿ ਉਹ ਸਮਾਜ ਦੀ ਭਲਾਈ ਲਈ ਕੰਮ ਕਰਦਾ ਰਹੇਗਾ। ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੇ ਮੁਖੀ ਅਤੇ ਸਟਾਫ਼ ਮੈਂਬਰ ਵੀ ਹਾਜ਼ਰ ਸਨ।-(

# ਕਮਿਸ਼ਨਰ ਨਗਰ ਨਿਗਮ ਵੱਲੋਂ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀਆਂ ਨਾਲ ਬੈਠਕ



**ਫਗਵਾੜਾ ( ਜਸਵਿੰਦਰ ਢੱਡਾ)**-ਕਮਿਸ਼ਨਰ ਨਗਰ ਨਿਗਮ ਫਗਵਾੜਾ ਡਾ.ਨਯਨ ਜੱਸਲ ਵਲੋਂ ਨੈਸ਼ਨਲ ਹਾਈਵੇ ਅਥਾਰਿਟੀ ਦੇ ਅਫਸਰਾਂ ਨਾਲ ਮੀਟਿੰਗ ਕਰਕੇ ਨੈਸ਼ਨਲ ਹਾਈਵੇ ਦੇ ਖੇਤਰ ਵਿਚ ਮੀਂਹ ਕਾਰਨ ਖੜ੍ਹੇ ਹੁੰਦੇ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਦੇ ਨਿਰਦੇਸ਼ ਕੀਤੇ। ਕਮਿਸ਼ਨਰ ਨੇ ਨੈਸ਼ਨਲ ਹਾਈਵੇ ਅਧੀਨ ਆਉਦੇ ਖੇਤਰ ਦੀਆਂ ਸੜਕਾਂ ਸਬੰਧੀ ਮੁਸ਼ਕਲਾ ਬਾਰੇ ਹਾਈਵੇ ਅਥਾਰਿਟੀ ਦੇ ਅਧਿਕਾਰੀਆਂ ਨੂੰ ਜਾਣੂੰ ਕਰਵਾਉਂਦੇ ਹੋਏ ਦੱਸਿਆ ਕਿ ਫ਼ਗਵਾੜਾ ਨਗਰ ਨਿਗਮ ਦੀ ਮੁੱਖ ਸਮੱਸਿਆ ਨੈਸ਼ਨਲ ਹਾਈਵੇ ਦੇ ਖੇਤਰ ਵਿੱਚ ਪਾਣੀ ਦੀ ਨਿਕਾਸੀ ਨਾਲ ਸਬੰਧਤ ਹੋਣ ਕਰਕੇ ਫਗਵਾੜਾ ਦੇ ਨਿਵਾਸੀਆਂ ਨੂੰ ਬਰਸਾਤੀ ਮੌਸਮ ਵਿਚ ਵਧੇਰੇ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਸੜਕਾਂ ਤੇ ਪਾਣੀ ਖੜ੍ਹਾ ਹੋਣ ਕਰਕੇ ਆਵਾਜਾਈ ਵਿਚ ਲੋਕਾਂ ਨੂੰ ਵਧੇਰੇ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਨੈਸ਼ਨਲ ਹਾਈਵੇ ਅਥਾਰਟੀ ਦੇ ਅਧਿਕਾਰੀਆਂ ਵਲੋਂ ਕਮਿਸ਼ਨਰ ਨਗਰ ਨਿਗਮ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਉਨ੍ਹਾਂ ਵਲੋਂ ਪਾਣੀ ਖੜ੍ਹਾਂ ਹੋਣ ਦੀ ਸਮੱਸਿਆ ਨੂੰ ਦੋ ਦਿਨਾਂ ਦੇ ਅੰਦਰ-ਅੰਦਰ ਹੱਲ ਕਰ ਦਿੱਤਾ ਜਾਵੇਗਾ ਅਤੇ ਇਸ ਦਾ ਪੱਕਾ ਹੱਲ ਕੱਢ ਕੇ ਨਗਰ ਨਿਗਮ ਫਗਵਾੜਾ ਨੂੰ ਸੂਚਿਤ ਕਰ ਦਿੱਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਗਰਾਨ ਇੰਜੀਨੀਅਰ ਸ਼੍ਰੀ ਸ਼ਾਮ ਲਾਲ ਗੁਪਤਾ, ਸਹਾਇਕ ਕਮਿਸ਼ਨਰ ਸ਼੍ਰੀ ਅਸ਼ੀਸ਼ ਕੁਮਾਰ , ਸਹਾਇਕ ਕਾਰਪੋਰੇਸ਼ਨ ਇੰਜੀਨੀਅਰ ਪਰਮਜੋਤ ਸਿੰਘ ਅਤੇ ਉਹਨਾਂ ਨਾਲ ਨੈਸ਼ਨਲ ਹਾਈਵੇ ਅਥਾਰਿਟੀ ਵੱਲੋਂ ਸਹਾਇਕ ਇੰਜੀਨੀਅਰ ਸ਼੍ਰੀ ਨਸੀਬ ਅਤੇ ਸਮੂਹ ਸਟਾਫ ਹਾਜ਼ਰ ਸਨ।

# ਕੈਂਟਰ ਗੱਡੀ ਪਲਟੀ ਜਾਨੀ ਨੁਕਸਾਨ ਦਾ ਬਚਾਅ



**ਕਾਠਗੜ੍ਹ (ਜਤਿੰਦਰ ਪਾਲ ਸਿੰਘ ਕਲੇਰ )** ਰੋਪੜ ਬਲਾਚੌਰ ਰਾਜ ਮਾਰਗ 'ਤੇ ਪਨਿਆਲੀ ਬੱਸ ਅੱਡੇ ਕੋਲ ਕੈਂਟਰ ਪਲਟ ਗਈ, ਪਰ ਜਾਨੀ ਨੁਕਸਾਨ ਦਾ ਬਚਾਅ ਹੋ ਗਿਆ। ਮੌਕੇ ਤੋਂ ਮਿਲੀ ਜਾਣਕਾਰੀ ਅਨੁਸਾਰ ਇੱਕ ਕੈਂਟਰ ਗੱਡੀ ਜਿਸ ਦਾ ਨੰਬਰ ਪੀ ਬੀ 29ਜੇ 9020 ਜੋ ਜਲੰਧਰ ਤੋਂ ਡੇਰਾਬੱਸੀ ਨੂੰ ਜਾ ਰਹੀ ਸੀ ਜਦੋਂ ਇਹ ਉਪਰੋਕਤ ਸਥਾਨ 'ਤੇ ਪਹੁੰਚੀ ਪਹੁੰਚੀ ਤਾਂ ਇਸ 'ਚ ਨੁਕਸ ਪੈ ਕਾਰਨ ਗੱਡੀ ਦੇ ਟਾਈਰ ਜਾਮ ਹੋਣ ਕਾਰਨ ਇਹ ਕੈਂਟਰ ਗੱਡੀ ਡਿਵਾਇਡਰ ਨਾਲ ਟਕਰਾ ਕੇ ਪਲਟ ਗਈ ਇਸ ਦਾ ਡਰਾਈਵਰ ਵਾਲ ਵਾਲ ਬੱਚ ਗਿਆ।

1-OCT-PAGE-10.qxd 9/30/2022 9:27 PM Page 1



# ਕਾਰਜਕਾਰੀ ਇੰਜੀਨੀਅਰ ਦਫਤਰ ਅੱਗੇ ਜਲ ਸਪਲਾਈ ਵਰਕਰਾਂ ਵੱਲੋਂ ਪਰਵਾਰਾਂ ਸਮੇਤ ਧਰਨਾ

**ਐਕਸੀਅਨ ਦੇ ਦਫਤਰ 'ਚ ਨਾ ਹੋਣ ਕਾਰਨ 4 ਨੂੰ ਫਿਰ ਦਿੱਤਾ ਜਾਵੇਗਾ ਧਰਨਾ : ਜਸਵਿੰਦਰ ਸਿੰਘ**

**ਜਲਾਲਾਬਾਦ (ਜੀਤ ਕੁਮਾਰ)**

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਫੈਸਲੇ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ ਫਾਜ਼ਿਲਕਾ ਦੇ ਕਾਰਜਕਾਰੀ ਇੰਜੀਨੀਅਰ ਦਫਤਰ ਅੱਗੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਚੱਕ ਜਾਨੀਸਰ ਦੀ ਅਗਵਾਈ ਹੇਠ ਦੋ ਰੋਜ਼ਾ ਧਰਨਾ ਲਗਾਇਆ ਗਿਆ, ਜਿਸ 'ਚ ਜਲ ਸਪਲਾਈ ਵਰਕਰ ਨੇ ਆਪਣੇ ਪਰਿਵਾਰਾਂ ਸਮੇਤ ਹਿੱਸਾ ਲਿਆ ਤੇ ਵਿਭਾਗੀ ਅਧਿਕਾਰੀਆਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।


ਕਾਰਜਕਾਰੀ ਇੰਜੀਨੀਅਰ ਦਫਤਰ ਅੱਗੇ ਧਰਨਾ ਦਿੰਦੇ ਜਲ ਸਪਲਾਈ ਵਰਕਰ ਤੇ ਪਰਵਾਰ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਚੱਕ ਜਾਨੀਸਰ, ਬਲਵਿੰਦਰ ਸਿੰਘ ਨੂਰ ਸਮੰਦ, ਸੁਖਚੈਨ ਸਿੰਘ ਸੋਢੀ, ਕੁੰਦਨ ਸਿੰਘ, ਰਾਕੇਸ਼ ਸਿੰਘ, ਗੁਰਮੀਤ ਸਿੰਘ ਹਾਂਡਾ ਆਦਿ ਨੇ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਆਊਟਸੋਰਸ 'ਤੇ ਵਰਕਰ ਦੇ ਰੂਪ 'ਚ ਸਾਨੂੰ ਭਰਤੀ ਕੀਤਾ ਗਿਆ ਸੀ ਤੇ ਇਹ ਵਰਕਰ ਆਪਣਾ ਪੱਕਾ ਰੁਜ਼ਗਾਰ ਕਰਵਾਉਣ ਦੀ ਮੰਗ ਕੀਤੀ ਗਈ ਤਾਂ ਵਿਭਾਗੀ ਅਧਿਕਾਰੀਆਂ ਵੱਲੋਂ ਧੱਕੇ ਨਾਲ ਇੰਨਲਿਸਟਡ ਠੇਕੇਦਾਰ ਬਣਾ ਕੇ ਸਾਡੀ ਰੈਗੂਲਰ ਕਰਨ ਦੀ 'ਮੰਗ' ਦੇ ਉਲਟ ਫੈਸਲਾ ਲਿਆ ਗਿਆ ਹੈ, ਪ੍ਰੰਤੂ ਇਕ-ਇਕ ਵਰਕਰ ਕੋਲੋਂ 5-7 ਵੱਖ ਵੱਖ ਪੋਸਟਾਂ ਦੇ ਪੱਕੇ ਕੰਮਾਂ ਨੂੰ ਕਰਵਾਇਆ ਜਾਂਦਾ ਹੈ। ਪਿਛਲੇ ਸਮੇਂ ਦੌਰਾਨ ਲੇਬਰ ਐਕਟ ਅਧੀਨ ਤਨਖਾਹ, ਰੈਸਟਾਂ ਤੇ ਵਾਧੂ ਕੰਮ ਕਰਵਾਉਣ ਪ੍ਰਤੀ ਭੱਤਿਆਂ ਦੇ ਰੂਪ 'ਚ ਤਨਖਾਹ ਮਿਲ ਰਹੀ ਹੈ, ਜੋ ਕਿ 0-5 ਸਾਲ, 5-10 ਸਾਲ ਤੇ 10 ਸਾਲ ਤੋਂ ਵੱਧ ਸਮੇਂ ਦੇ ਵਰਕਰਾਂ ਨੂੰ 3 ਕੈਟਾਗਿਰੀਆਂ ਵਿੱਚ ਵੰਡ ਕੇ ਤਨਖਾਹ ਮਿਲਦੀ ਹੈ, ਪਰ ਇਸ ਸਾਡੀ ਸਰਵਿਸ ਨੂੰ ਰੱਦ ਕਰਕੇ ਪੱਕੇ ਠੇਕੇਦਾਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਭਵਿੱਖ 'ਚ ਲੋਕਾਂ ਦੀ ਤਿੱਖੀ ਲੁੱਟ ਕਰਨ ਦਾ ਸਰਕਾਰ ਦਾ ਏਜੰਡਾ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਵਿਰੋਧ 'ਚ ਸੰਘਰਸ਼ ਸ਼ੁਰੂ ਕਰਕੇ ਵਿਭਾਗ ਦੀ ਮੈਨੇਜਮੈਂਟ ਨੂੰ ਸੁਣਾਉਣੀ ਕਰ ਰਹੇ ਹਾਂ ਕਿ ਵਿਭਾਗੀ ਮੁਖੀ ਮੋਹਾਲੀ ਦੇ ਨਿਰਦੇਸ਼ਾਂ ਤਹਿਤ ਵਿਭਾਗੀ ਅਧਿਕਾਰੀਆਂ ਵੱਲੋਂ 16 ਸਤੰਬਰ 2022 ਨੂੰ ਤਿਆਰ ਕੀਤੀ ਵਰਕਰ ਵਿਰੋਧੀ ਰਿਪੋਰਟ ਨੂੰ ਜੇਕਰ ਕਿਸੇ ਵੀ ਕਾਰਜਕਾਰੀ ਇੰਜੀਨੀਅਰ ਵੱਲੋਂ ਲਾਗੂ ਕਰਨ ਦਾ ਯਤਨ ਕੀਤਾ ਗਿਆ ਤਾਂ ਉਸ ਦੇ ਵਿਰੁੱਧ ਸੰਘਰਸ਼ ਸ਼ੁਰੂ ਕੀਤਾ ਜਾਵੇਗਾ ਤੇ ਇਸ ਸੰਘਰਸ਼ 'ਚ ਸੂਬਾ ਕਮੇਟੀ ਦੀ ਅਗਵਾਈ ਹੇਠ ਸਾਰੇ ਪੰਜਾਬ ਵਿੱਚ ਤਾਕਤ ਝੋਕ ਦਿੱਤੀ ਜਾਵੇਗੀ। ਇਸ ਲਈ ਜਥੇਬੰਦੀ ਵੱਲੋਂ ਸਮੂਹ ਵਰਕਰਾਂ ਨੂੰ ਜ਼ੋਰਦਾਰ ਅਪੀਲ ਹੈ ਕਿ ਆਪਣੇ ਸੰਘਰਸ਼ ਦੇ ਝੰਡੇ ਨੂੰ ਬੁਲੰਦ ਕਰਕੇ ਵਰਕਰ ਵਿਰੋਧੀ ਰਿਪੋਰਟ ਨੂੰ ਰੱਦ ਕਰਵਾਉਣ ਲਈ ਸੰਘਰਸ਼ ਅੱਗੇ ਝੁਕਦਿਆਂ ਮੈਨੇਜਮੈਂਟ ਨੂੰ ਮਜਬੂਰ ਕੀਤਾ ਜਾ ਸਕੇ। ਅੱਜ ਐਕਸੀਅਨ ਦੇ ਦਫਤਰ ਵਿੱਚ ਨਾ ਹੋਣ ਕਾਰਨ ਜਥੇਬੰਦੀ ਵੱਲੋਂ ਸ਼ੁਰੂ ਕੀਤੇ ਗਏ ਦੋ ਦਿਨ ਦੇ ਧਰਨੇ ਨੂੰ ਦੇਰ ਸ਼ਾਮ ਇੱਕ ਵਾਰ ਮੁਲਤਵੀ ਕਰਕੇ ਮੰਗਾਂ ਦੀ ਪ੍ਰਾਪਤੀ ਲਈ ਦੁਬਾਰਾ 4 ਅਕਤੂਬਰ ਨੂੰ ਕਾਰਜਕਾਰੀ ਇੰਜੀਨੀਅਰ ਦਫਤਰ ਅੱਗੇ ਪਰਵਾਰਾਂ ਸਮੇਤ ਧਰਨਾ ਦੇਣ ਦਾ ਨੋਟਿਸ ਦਿੱਤਾ ਗਿਆ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਦੋ ਦੇ ਧਰਨੇ ਦੀਆਂ ਤਿਆਰੀਆਂ ਸ਼ੁਰੂ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸੂਬੇ ਭਰ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਤੇ ਮਸਲਿਆਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਤੇ 2 ਅਕਤੂਬਰ ਨੂੰ ਬਲਾਕ ਪੱਧਰ 'ਤੇ ਸੂਬੇ ਭਰ ਵਿੱਚ ਧਰਨੇ ਲਗਾਏ ਜਾ ਰਹੇ ਹਨ। ਉਨ੍ਹਾਂ ਧਰਨਿਆਂ ਦੀਆਂ ਤਿਆਰੀਆਂ ਪੰਜਾਬ ਦੇ ਵੱਖ ਵੱਖ ਬਲਾਕਾਂ ਵਿੱਚੋਂ ਵੱਡੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਲੈ ਕੇ ਵਰਕਰਾਂ ਤੇ ਹੈਲਪਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਯੂਨੀਅਨ ਦੇ ਬਲਾਕ ਗੁਰੂ ਹਰਸਹਾਏ ਦੀ ਪ੍ਰਧਾਨ ਕੁਲਜੀਤ ਕੌਰ ਨੇ ਮੀਡੀਆ ਨਾਲ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ 2 ਅਕਤੂਬਰ ਨੂੰ ਆਈ.ਸੀ.ਡੀ.ਐੱਸ. ਸਕੀਮ ਸ਼ੁਰੂ ਹੋ ਗਈ ਸੀ ਅਤੇ 47 ਸਾਲ ਪੂਰੇ ਹੋ ਜਾਣ 'ਤੇ ਏਨਾ ਲੰਬਾ ਸਮਾਂ ਬੀਤ ਜਾਣ ਮਗਰੋਂ ਵੀ ਇਨ੍ਹਾਂ ਸਮੇਂ ਦੀਆਂ ਸਰਕਾਰਾਂ ਨੇ ਆਂਗਣਵਾੜੀ ਮੁਲਾਜ਼ਮਾਂ ਦੀਆਂ ਮੰਗਾਂ ਨਹੀਂ ਮੰਨੀਆਂ, ਜਿਸ ਕਰਕੇ ਸਾਨੂੰ ਮਜਬੂਰ ਹੋ ਕੇ ਸੰਘਰਸ਼ ਕਰਨਾ ਪੈ ਰਿਹਾ ਹੈ। ਆਗੂ ਨੇ ਸਵਾਲ ਦੇ ਜਵਾਬ ਵਿੱਚ ਦੋਸ਼ ਲਗਾਇਆ ਕਿ ਆਂਗਣਵਾੜੀ ਵਰਕਰਾਂ ਪਿਛਲੇ 47 ਸਾਲਾਂ ਤੋਂ ਲਗਾਤਾਰ ਸੇਵਾਵਾਂ ਦੇ ਰਹੀਆਂ ਹਨ, ਪ੍ਰੰਤੂ ਕੇਂਦਰ ਵਿੱਚੋਂ ਆਈਆਂ ਸਰਕਾਰਾਂ ਨੇ ਵਰਕਰਾਂ ਨੂੰ ਪੱਕਾ ਮੁਲਾਜ਼ਮ ਨਹੀਂ ਐਲਾਨਿਆ। ਬਲਾਕ ਪ੍ਰਧਾਨ ਨੇ ਸਮੇਂ ਦੀਆਂ ਸਰਕਾਰਾਂ ਤੋਂ ਮੰਗ ਕਰਦਿਆਂ ਕਿਹਾ ਕਿ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਦਿੱਤਾ ਜਾਵੇ ਤੇ ਨਵੀਂ ਸਿੱਖਿਆ ਨੀਤੀ ਅਨੁਸਾਰ ਵਰਕਰਾਂ ਨੂੰ ਪ੍ਰੀ-ਨਰਸਰੀ ਦਾ ਦਰਜਾ ਦਿੱਤਾ ਜਾਵੇ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਜੋ ਸੀਮਤ ਤਨਖਾਹ ਹੈ, ਉਹ ਵੀ ਸਮੇਂ ਸਿਰ ਨਹੀਂ ਮਿਲ ਰਹੀ, ਜਿਸ ਕਰਕੇ ਵਰਕਰਾਂ ਤੇ ਹੈਲਪਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਦਿੱਤਾ ਬਜਟ ਵੀ ਪੰਜਾਬ ਸਰਕਾਰ ਵੱਲੋਂ ਸਮੇਂ ਸਿਰ ਨਹੀਂ ਦਿੱਤਾ ਜਾ ਰਿਹਾ। ਅੰਤ ਵਿੱਚ ਯੂਨੀਅਨ ਵੱਲੋਂ ਸਰਕਾਰ ਨੂੰ ਚਿਤਾਵਨੀ ਹੈ ਕਿ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਜਲਦੀ ਰਿਲੀਜ਼ ਕੀਤਾ ਜਾਵੇ ਤੇ ਬਾਕੀ ਵੀ ਮੰਗਾਂ ਨੂੰ ਜਲਦੀ ਪੂਰਾ ਕੀਤਾ ਜਾਵੇ ਨਹੀਂ ਤਾਂ ਯੂਨੀਅਨ ਇਸ ਤੋਂ ਵੀ ਤਿੱਖਾ ਸੰਘਰਸ਼ ਵਿੱਢੇਗੀ।

# ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਖ਼ੂਨਦਾਨ ਕੈਂਪ

**ਕੋਟਕਪੂਰਾ (ਰਛਪਾਲ ਭੁੱਲਰ)**



ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਪੀ.ਬੀ.ਜੀ. ਵੈੱਲਫੇਅਰ ਕਲੱਬ ਵੱਲੋਂ ਲਾਏ ਗਏ ਸਵੈ-ਇੱਛਕ ਖ਼ੂਨਦਾਨ ਕੈਂਪ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਪੁੱਜੇ ਡਾ. ਮਨਜੀਤ ਸਿੰਘ ਢਿੱਲੋਂ ਮੈਨੇਜਿੰਗ ਡਾਇਰੈਕਟਰ ਬਾਬਾ ਫਰੀਦ ਕਾਲਜ ਆਫ ਨਰਸਿੰਗ ਨੇ ਕਲੱਬ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕਰਦਿਆਂ 3100 ਰੁਪਏ ਦਾ ਯੋਗਦਾਨ ਵੀ ਪਾਇਆ। ਕਲੱਬ ਦੇ ਪ੍ਰਧਾਨ ਰਾਜੀਵ ਮਲਿਕ, ਚੇਅਰਮੈਨ ਬਲਜੀਤ ਸਿੰਘ ਖੀਵਾ, ਸਰਪ੍ਰਸਤ ਉਦੇ ਰੰਦੇਵ ਤੇ ਇਸਤਰੀ ਵਿੰਗ ਦੀ ਆਗੂ ਮਨਜੀਤ ਕੌਰ ਨੰਗਲ ਦੀ ਅਗਵਾਈ ਵਿੱਚ ਲੱਗੇ ਖ਼ੂਨਦਾਨ ਕੈਂਪ 'ਚ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਫਰੀਦਕੋਟ ਤੇ ਵਾਦੀ ਹਸਪਤਾਲ ਬਠਿੰਡਾ ਦੇ ਬਲੱਡ ਬੈਂਕਾਂ ਦੀਆਂ ਟੀਮਾਂ ਨੇ 151 ਯੂਨਿਟ ਖ਼ੂਨ ਇਕੱਤਰ ਕੀਤਾ। ਰਵੀ ਅਰੋੜਾ ਤੇ ਅਮਨ ਗੁਲਾਟੀ ਨੇ ਦੱਸਿਆ ਕਿ ਕੈਂਪ ਦੌਰਾਨ ਲਾਇਨਜ਼ ਕਲੱਬ ਕੋਟਕਪੂਰਾ ਰਾਇਲ ਦੇ ਪ੍ਰਧਾਨ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਦੀ ਅਗਵਾਈ ਵਿੱਚ ਪੁੱਜੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਵੀ ਭਰਪੂਰ ਸਹਿਯੋਗ ਰਿਹਾ। ਕਲੱਬ ਦੇ ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਤੇ ਸਲਾਹਕਾਰ ਨਰਿੰਦਰ ਬੈੜ ਮੁਤਾਬਿਕ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ।

ਹਰਵਿੰਦਰ ਸਿੰਘ ਬਿੱਟਾ ਡਾਇਰੈਕਟਰ ਗੋਬਿੰਦ ਐਗਰੀਕਲਚਰ ਵਰਕਸ ਪੰਜਗਰਾਂਈ ਕਲਾਂ/ਕੋਟਕਪੂਰਾ ਸਮੇਤ ਹੋਰ ਵੀ ਵੱਖ ਵੱਖ ਸੰਸਥਾਵਾਂ ਤੇ ਜਥੇਬੰਦੀਆਂ ਨਾਲ ਸਬੰਧਤ ਆਗੂਆਂ ਨੇ ਵੀ ਭਰਵੀਂ ਸ਼ਮੂਲੀਅਤ ਕੀਤੀ। ਅੰਗਹੀਣ ਯੂਨੀਅਨ ਅਸੂਲ ਮੰਚ ਦੇ ਪ੍ਰਧਾਨ ਜਗਤਾਰ ਸਿੰਘ ਨੇ ਦੱਸਿਆ ਕਿ ਯੂਨੀਅਨ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਅਕਸਰ ਬਣਦਾ ਯੋਗਦਾਨ ਪਾਇਆ ਜਾਂਦਾ ਹੈ। ਗੁਰਜੰਟ ਸਿੰਘ ਪੰਜਗਰਾਂਈ, ਜਤਿੰਦਰ ਸਿੰਘ ਸੰਨੀ, ਵਰਿੰਦਰ ਕਟਾਰੀਆ ਤੇ ਅਮਨਦੀਪ ਸਿੰਘ ਘੋਲੀਆ ਮੁਤਾਬਿਕ ਅੰਤ ਵਿੱਚ ਖ਼ੂਨਦਾਨੀਆਂ ਤੇ ਸਹਿਯੋਗੀਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

## ਕਾਤਰਾਂ

### ਆਟੋ ਰਿਕਸ਼ੇ 'ਚ 52 ਕਿੱਲੋ ਭੁੱਕੀ ਲਿਜਾ ਰਹੇ 5 ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਭੁੱਕੀ ਦੀ ਤਸਕਰੀ 'ਚ ਲੱਗੇ ਬਿਹਾਰੀ ਮੂਲ ਦੇ 5 ਵਿਅਕਤੀਆਂ ਨੂੰ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ 52 ਕਿੱਲੋ ਭੁੱਕੀ (ਚੂਰਾ ਪੋਸਤ) ਤੇ ਆਟੋ ਰਿਕਸ਼ੇ ਸਣੇ ਕਾਬੂ ਕੀਤਾ ਗਿਆ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਨਸ਼ਾ ਵਿਰੋਧੀ ਮੁਹਿੰਮ ਤਹਿਤ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਪਾਰਟੀ ਵੱਲੋਂ ਮੰਡੀ ਗੋਬਿੰਦਗੜ੍ਹ ਦੇ ਬੱਤੀਆਂ ਵਾਲਾ ਚੌਕ 'ਚ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਇੱਕ ਪੀਲੇ ਰੰਗ ਦਾ ਆਟੋ-ਰਿਕਸ਼ਾ ਨੰਬਰੀ ਪੀ.ਬੀ.10.ਐੱਚ.ਐੱਸ-7268 ਆਉਂਦਾ ਦਿਖਾਈ ਦਿੱਤਾ, ਜਿਸ ਸਬੰਧੀ ਸ਼ੱਕ ਪੈਣ 'ਤੇ ਪੁਲਸ ਪਾਰਟੀ ਵੱਲੋਂ ਆਟੋ-ਰਿਕਸ਼ਾ ਨੂੰ ਰੋਕਿਆ ਗਿਆ, ਜਿਸ ਉਪਰੰਤ ਐੱਸ.ਐੱਚ.ਓ. ਥਾਣਾ ਮੰਡੀ ਗੋਬਿੰਦਗੜ੍ਹ ਸਬ-ਇੰਸਪੈਕਟਰ ਅਕਾਸ਼ ਦੱਤ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਆਟੋ 'ਚ ਸਵਾਰ ਕਥਿਤ ਵਿਅਕਤੀਆਂ ਉਪਿੰਦਰ ਕੁਮਾਰ ਵਾਸੀ ਪਿੰਡ ਮੁੜਵਾਹ ਜ਼ਿਲ੍ਹਾ ਸਾਰਨ (ਬਿਹਾਰ), ਰਾਜੇਸ਼ ਰਾਏ, ਅਰਵਿੰਦ ਕੁਮਾਰ, ਚੰਦਨ ਕੁਮਾਰ ਤੇ ਮੁੰਨਾ ਕੁਮਾਰ ਵਾਸੀਆਨ ਪਿੰਡ ਬਲਡੀਹਾ ਜ਼ਿਲ੍ਹਾ ਸੀਵਾਨ (ਬਿਹਾਰ) ਦੇ ਕਬਜ਼ੇ 'ਚੋਂ 52 ਕਿੱਲੋ ਭੁੱਕੀ ਬਰਾਮਦ ਹੋਈ, ਜਿਸ 'ਤੇ ਉਕਤ ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

### ਬੀ ਕੇ ਯੂ (ਏਕਤਾ) ਉਗਰਾਹਾਂ ਵੱਲੋਂ ਇਕਾਈ ਦਾ ਗਠਨ

**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਜ਼ਿਲ੍ਹਾ ਫਾਜ਼ਿਲਕਾ ਦੇ ਬਲਾਕ ਜਲਾਲਾਬਾਦ ਦੇ ਪਿੰਡ ਜੋੜਕੀ ਅੰਧੇਵਾਲੀ ਵਿੱਚ ਕਿਸਾਨਾਂ ਨੇ ਇਕਾਈ ਬਣਾ ਕੇ ਜਥੇਬੰਦੀ ਦੇ ਪਰਵਾਰ 'ਚ ਵਾਧਾ ਕੀਤਾ ਗਿਆ ਹੈ। ਇਹ ਚੋਣ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ, ਜ਼ਿਲ੍ਹਾ ਆਗੂ ਜਗਸੀਰ ਸਿੰਘ ਘੋਲਾ ਤੇ ਨੌਜਵਾਨ ਆਗੂ ਲਖਵਿੰਦਰ ਭਲਵਾਨ ਰੋਹੀਵਾਲਾ ਦੀ ਹਾਜ਼ਰੀ 'ਚ ਸਰਬ ਸੰਮਤੀ ਨਾਲ ਚੋਣ ਕੀਤੀ ਗਈ। ਜਿਸ ਵਿੱਚ ਹਰਜਿੰਦਰ ਸਿੰਘ ਰਾਜਾ ਇਕਾਈ ਪ੍ਰਧਾਨ, ਜਨਰਲ ਸਕੱਤਰ ਜਸਵੀਰ ਸਿੰਘ ਢਿੱਲੋਂ, ਖਜ਼ਾਨਚੀ ਲਖਵੀਰ ਸਿੰਘ ਬੋਪਾਰਾਏ, ਸੀਨੀਅਰ ਮੀਤ ਪ੍ਰਧਾਨ ਲਵਜਿੰਦਰ ਸਿੰਘ, ਮੀਤ ਪ੍ਰਧਾਨ ਸੁਖਦੀਪ ਸਿੰਘ, ਸੰਗਠਨ ਸਕੱਤਰ ਬਲਜੀਤ ਸਿੰਘ, ਪ੍ਰਚਾਰ ਸਕੱਤਰ ਜਗਤਾਰ ਸਿੰਘ, ਸਲਾਹਕਾਰ ਗੁਰਬਚਨ ਸਿੰਘ ਢਿੱਲੋਂ ਸਲਾਹਕਾਰ ਹਰਮਨ ਸਿੰਘ ਤੇ ਬੋਹੜ ਸਿੰਘ, ਪ੍ਰੈੱਸ ਸਕੱਤਰ ਸੁਖਮਿੰਦਰ ਸਿੰਘ ਤੇ ਸਲਾਹਕਾਰ ਪਾਲ ਮਸੀਹ ਨਿਯੁਕਤ ਕੀਤੇ ਗਏ।

### ਕੱਟੀਆਂ ਪੋਸਟਾਂ ਬਹਾਲ ਕਰਨ ਦੀ ਮੰਗ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇੰਪਲਾਈਜ਼ ਫੈਡਰੇਸ਼ਨ (ਚਾਹਲ) ਜੀ. ਐੱਚ. ਟੀ. ਪੀ. ਲਹਿਰਾ ਮੁਹੱਬਤ ਦੇ ਪ੍ਰਧਾਨ ਬਲਜੀਤ ਸਿੰਘ ਬਰਾੜ ਬੋਦੀਵਾਲਾ (ਸੂਬਾ ਸੀਨੀਅਰ ਮੀਤ ਪ੍ਰਧਾਨ) ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਲੰਬੇ ਸਮੇਂ ਤੋਂ ਸੰਘਰਸ਼ ਦੇ ਰਾਹ ਪਏ ਹੋਏ ਹਨ, ਪ੍ਰੰਤੂ ਸਰਕਾਰ ਕੋਈ ਸੁਣਵਾਈ ਨਹੀਂ ਕਰ ਰਹੀ। ਭਖਦੀਆਂ ਮੰਗਾਂ ਜਿਵੇਂ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਪੇ-ਸਕੇਲਾਂ ਦਾ ਬਕਾਇਆ ਅਜੇ ਤੱਕ ਨਹੀਂ ਮਿਲਿਆ ਤੇ ਡੀ. ਏ. ਦੀਆਂ ਕਿਸ਼ਤਾਂ ਬਾਰੇ ਵੀ ਕੋਈ ਐਲਾਨ ਨਹੀਂ ਕੀਤਾ ਗਿਆ ਹੈ। ਬੋਦੀਵਾਲਾ ਨੇ ਮੰਗ ਕੀਤੀ ਕਿ ਮੁਲਾਜ਼ਮਾਂ ਦਾ ਕੱਟਿਆ ਹੋਇਆ ਪੇਂਡੂ ਭੱਤਾ ਬਹਾਲ ਕੀਤਾ ਜਾਵੇ, ਕੱਟਿਆ ਹੋਇਆ ਮੋਬਾਇਲ ਅਲਾਊਂਸ ਦਿੱਤਾ ਜਾਵੇ, ਪਿਛਲੀ ਸਰਕਾਰ ਵੱਲੋਂ ਲਗਾਇਆ ਗਿਆ ਜੱਜੀਆ ਟੈਕਸ ਬੰਦ ਕੀਤਾ ਜਾਵੇ, ਥਰਮਲ ਪਲਾਂਟ ਲਹਿਰਾ ਮੁਹੱਬਤ 'ਚ 20-20 ਸਾਲਾਂ ਤੋਂ ਕੰਮ ਕਰਦੇ ਆ ਰਹੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਤੇ ਥਰਮਲ ਲਹਿਰਾ 'ਚੋਂ ਕੱਟੀਆਂ ਪੋਸਟਾਂ ਬਹਾਲ ਕੀਤੀਆਂ ਜਾਣ।

### ਵਿਸ਼ਵ ਸ਼ਾਂਤੀ ਦਿਵਸ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਨੇ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਕੋਟਕਪੂਰਾ ਵਿਖੇ ਵਿਸ਼ਵ ਸ਼ਾਂਤੀ ਦਿਵਸ ਤੇ ਵਰਲਡ ਹਰਟ ਦਿਵਸ ਮਨਾਏ। ਮੁੱਖ ਬੁਲਾਰੇ ਡਾ. ਰਮੇਸ਼ ਗਰਗ ਨੇ ਵਿਸਥਾਰ ਸਹਿਤ ਆਪਣੇ ਨੁਕਤੇ ਸਾਂਝੇ ਕੀਤੇ। ਫੂਡ ਲੌਸ-ਵੇਸਟੇਜ ਪ੍ਰਤੀ ਜਾਗਰੂਕ ਕਰਦੇ ਹੋਏ ਜ਼ੋਨ ਚੇਅਰਮੈਨ ਗੁਰਦੀਪ ਸਿੰਘ ਨੇ ਦੱਸਿਆ ਕਿ ਅਸੀਂ ਸਾਲ ਵਿੱਚ ਲਗਭਗ 92000/-ਕਰੋੜ ਰੁਪਏ ਦਾ ਖਾਣਾ ਬਰਬਾਦ ਕਰ ਦਿੰਦੇ ਹਾਂ, ਜੋ ਕਿ ਮਾਇਕ ਨੁਕਸਾਨ ਹੀਂ ਨਹੀਂ ਹੈ, ਪ੍ਰੰਤੂ ਵਾਤਾਵਰਣ ਨੂੰ ਵੀ ਦੂਸ਼ਿਤ ਕਰਦੇ ਹਾਂ। ਇਸ ਮੌਕੇ ਲਾਇਨ ਰਜਿੰਦਰ ਸਿੰਘ ਸਰਾਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੰਦੀਪ ਕੌੜਾ ਪ੍ਰਧਾਨ, ਵਿਕਰਾਂਤ ਧੀਂਗੜਾ ਸਕੱਤਰ, ਸੁਰਿੰਦਰ ਸਿੰਘ ਸਦਿਓੜਾ, ਰਵਿੰਦਰ ਕੋਛੜ, ਮਨਪ੍ਰੀਤ ਲੂੰਬਾ, ਗਾਂਧੀ ਜੀ ਤੇ ਗੁੱਡ ਮੌਰਨਿਗ ਵੈੱਲਫੇਅਰ ਕਲੱਬ ਦੇ ਸਤਿਕਾਰਤ ਮੈਂਬਰਾਂ ਤੋਂ ਇਲਾਵਾ ਪਤਵੰਤੇ ਸ਼ਹਿਰੀ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਕਾਲਜ ਸਮੇਂ ਦੇ ਪ੍ਰੋਫੈਸਰਾਂ ਨਾਲ ਕੀਤੀ ਮੁਲਾਕਾਤ

**ਸਮਰਾਲਾ (ਸੁਰਜੀਤ ਸਿੰਘ)**



ਜਦੋਂ ਅਧਿਆਪਕ ਦਾ ਪੜ੍ਹਾਇਆ ਹੋਇਆ ਕੋਈ ਵਿਦਿਆਰਥੀ ਤਰੱਕੀ ਦੀਆਂ ਸਿਖਰਾਂ ਨੂੰ ਛੋਂਹਦਾ ਹੈ ਤਾਂ ਅਧਿਆਪਕ ਦਾ ਸੀਨਾ ਗਰਵ ਨਾਲ ਫੁਲ ਕੇ ਚੌੜਾ ਹੋ ਜਾਂਦਾ ਹੈ ਤੇ ਅਧਿਆਪਕ ਸਮਝਦਾ ਹੈ ਕਿ ਹੁਣ ਉਸ ਦਾ ਅਧਿਆਪਕ ਕਾਰਜ ਮੁਕੰਮਲ ਹੋ ਗਿਆ ਹੈ। ਅਧਿਆਪਕ ਬੜੇ ਫਖਰ ਨਾਲ ਕਹਿੰਦਾ ਹੈ ਕਿ ਇਹ ਮੇਰਾ ਪੜ੍ਹਾਇਆ ਹੋਇਆ ਵਿਦਿਆਰਥੀ ਹੈ। ਇਹ ਵਿਚਾਰ ਹਨ, ਸਰਕਾਰੀ ਸ਼ਹੀਦ ਊਧਮ ਸਿੰਘ ਕਾਲਜ ਸੁਨਾਮ ਵਿੱਚ ਪ੍ਰੋਫੈਸਰ ਰਹੇ ਪ੍ਰੋ. ਡਾ. ਵੀ ਕੇ ਵਾਲੀਆਂ ਦੇ, ਜਿਨ੍ਹਾ ਨੇ ਸੁਨਾਮ ਕਾਲਜ ਵਿੱਚ ਆਪਣੇ ਅਧਿਆਪਨ ਕਾਲ ਸਮੇਂ ਅੱਜ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਦਾਕਾਰੀ ਦੀ ਪਹਿਲੀ ਪੌੜੀ ਚੜ੍ਹਾਇਆ ਸੀ। ਪ੍ਰੋ. ਵਾਲੀਆ ਨੇ ਕਿਹਾ ਕਿ ਜ਼ਿੰਦਗੀ ਦੇ ਹਰ ਫੀਲਡ ਵਿੱਚ ਲੋਕ ਆਪਣੇ ਤੋਂ ਅੱਗੇ ਲੰਘਦੇ ਹੋਏ ਵਿਅਕਤੀ ਤੋਂ ਈਰਖਾ ਕਰਦੇ ਹਨ ਤੇ ਉਸ ਦੀਆਂ ਲੱਤਾਂ ਖਿੱਚਣ ਦੀ ਕੋਸ਼ਿਸ਼ ਕਰਦੇ ਹਨ। ਇੱਕ ਅਧਿਆਪਕ ਹੀ ਅਜਿਹਾ ਪ੍ਰਾਣੀ ਹੈ, ਜੋ ਆਪਣੇ ਵਿਦਿਆਰਥੀ ਨੂੰ ਤਰੱਕੀ ਕਰਦੇ ਨੂੰ ਦੇਖ ਕੇ ਖ਼ੁਸ਼ੀ ਮਹਿਸੂਸ ਕਰਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੇ ਸੁਨਾਮ ਕਾਲਜ ਸਮੇਂ ਦੇ ਪ੍ਰੋਫੈਸਰਾਂ ਨੂੰ ਚੰਡੀਗੜ੍ਹ ਸੈਕਟਰੀਏਟ ਵਿਖੇ ਸੱਦਿਆ ਤੇ ਉਨ੍ਹਾਂ ਨਾਲ ਚਾਹ ਸਾਂਝੀ ਕੀਤੀ। ਇਨ੍ਹਾਂ ਵਿੱਚ ਪ੍ਰੋ. ਡਾ. ਵੀ. ਕੇ. ਵਾਲੀਆ, ਪ੍ਰੋ. ਗੁਰਪਾਲ ਸਿੰਘ ਸੰਧੂ, ਪ੍ਰੋ. ਅਸ਼ੋਕ ਵਰਮਾ ਤੇ ਪ੍ਰੋ. ਕਾਬਲ ਸਿੰਘ ਸ਼ਾਮਲ ਸਨ। ਪ੍ਰੋ. ਵਾਲੀਆ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਮੁੱਖ ਮੰਤਰੀ ਨੇ ਗੈਰ-ਰਸਮੀ ਗੱਲਾਂ ਕੀਤੀਆਂ ਤੇ ਆਪਣੇ ਕਾਲਜ ਦੇ ਸੁਨਹਿਰੀ ਦਿਨਾਂ ਦੀ ਯਾਦ ਤਾਜ਼ਾ ਕੀਤੀ।

ਪ੍ਰੋ. ਵਾਲੀਆ ਨੇ 'ਨਵਾਂ ਜ਼ਮਾਨਾ' ਨਾਲ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਦੱਸਿਆ ਕਿ ਭਗਵੰਤ ਮਾਨ ਇਕ ਅਜਿਹੀ ਸ਼ਖਸੀਅਤ ਹੈ ਕਿ ਉਹ ਜਿਸ ਵੀ ਫੀਲਡ ਵਿੱਚ ਪ੍ਰਵੇਸ਼ ਕਰਦਾ ਹੈ, ਉੱਥੇ ਕੋਈ ਨਾ ਕੋਈ ਨਵੇਕਲਾ ਕੰਮ ਕਰਕੇ ਲੋਕਾਂ ਦੇ ਸਾਹਮਣੇ ਲਿਆਉਂਦਾ ਹਾਂ। ਉਨ੍ਹਾਂ ਕਿਹਾ ਕਿ ਜੇ ਉਹ ਸੰਗਰੂਰ ਤੋਂ ਲੋਕ ਸਭਾ ਦੀ ਸੀਟ ਜਿੱਤ ਕੇ ਪਾਰਲੀਮੈਂਟ ਵਿੱਚ ਗਿਆ ਤਾਂ ਉੱਥੇ ਉਨ੍ਹਾਂ ਨੇ ਪੰਜਾਬ ਦੇ ਮੁੱਦੇ ਉਠਾਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਬਹੁਤ ਘੱਟ ਸਾਂਸਦ ਅਜਿਹੇ ਰਹੇ ਹਨ, ਜਿਨ੍ਹਾਂ ਪਾਰਲੀਮੈਂਟ ਵਿੱਚ ਪੰਜਾਬ ਦੇ ਮੁੱਦੇ ਜ਼ੋਰਦਾਰ ਢੰਗ ਨਾਲ ਉਠਾਏ ਹੋਣ। ਪ੍ਰੋ. ਵਾਲੀਆ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਭਗਵੰਤ ਮਾਨ ਦੇ ਕੰਮ ਕਰਨ ਦੀ ਸ਼ਕਤੀ ਤੋਂ ਵਾਕਿਫ ਹਨ। ਉਹ ਰਾਜਨੀਤੀ ਵਿੱਚੋਂ ਵੱਡੇ ਤੇ ਛੋਟੇ ਭ੍ਰਿਸ਼ਟਾਚਾਰ ਨੂੰ ਜ਼ਰੂਰ ਨੱਥ ਪਾ ਕੇ ਇੱਕ ਸਵੱਛ ਪ੍ਰਸ਼ਾਸਨਕ ਢਾਂਚਾ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਸਾਨੂੰ ਉਮੀਦ ਹੈ ਕਿ ਭਗਵੰਤ ਮਾਨ ਬਾਕੀ ਦੇ ਲੀਡਰਾਂ ਨਾਲੋਂ ਕੁੱਝ ਵੱਖਰਾ ਕਰਕੇ ਦਿਖਾਉਣਗੇ। ਉਨ੍ਹਾ ਦੱਸਿਆ ਕਿ ਮੁੱਖ ਮੰਤਰੀ ਨੇ ਆਪਣੇ ਕਾਲਜ ਪ੍ਰੋਫੈਸਰਾਂ ਨਾਲ ਉਨ੍ਹਾਂ ਦੇ ਦਫਤਰ ਵਿੱਚ ਕਰੀਬ ਦੋ ਘੰਟੇ ਗੁਜ਼ਾਰੇ ਤੇ ਇਨ੍ਹਾਂ ਦੋ ਘੰਟਿਆਂ ਦੌਰਾਨ ਉਹ ਉਨ੍ਹਾਂ ਨਾਲ ਬਹੁਤ ਹੀ ਸਾਧਾਰਨ ਤਰੀਕੇ ਨਾਲ ਰਹੇ। ਜਿਨ੍ਹਾਂ ਪ੍ਰੋਫੈਸਰਾਂ ਨੇ ਆਪਣੇ ਵਿਦਿਆਰਥੀ ਭਗਵੰਤ ਮਾਨ ਨੂੰ ਪਹਿਲਾਂ ਸਾਂਸਦ ਤੇ ਹੁਣ ਮੁੱਖ ਮੰਤਰੀ ਦੀ ਕੁਰਸੀ ਤੱਕ ਪਹੁੰਚਾਇਆ, ਹੁਣ ਦੇਖਣਾ ਇਹ ਹੈ ਕਿ ਭਗਵੰਤ ਮਾਨ ਆਪਣੇ ਅਧਿਆਪਕਾਂ ਨੂੰ ਕੀ ਮਾਣ ਬਖਸ਼ਦਾ ਹੈ।

# ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਕੋਰੀਓਗ੍ਰਾਫੀ ਦਾ ਮੰਚਨ



**ਧੂਰੀ (ਸੁਖਦੇਵ ਧੂਰੀ)**-ਸ਼ਹੀਦ ਸ੍ਰ. ਭਗਤ ਸਿੰਘ ਸੋਸ਼ਲ ਐਂਡ ਵੈੱਲਫੇਅਰ ਸੁਸਾਇਟੀ ਬਮਾਲ ਵੱਲੋਂ ਸਰਕਾਰੀ ਹਾਈ ਸਕੂਲ ਬਮਾਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕੀਤਾ ਗਿਆ। ਇਸ ਮੌਕੇ ਪਹਿਲੀ ਸ਼੍ਰੇਣੀ ਤੋਂ ਦਸਵੀਂ ਸ਼੍ਰੇਣੀ ਤੱਕ ਦੇ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਮੈਰੀਟੋਰੀਅਸ ਸਕੂਲਾਂ ਵਿੱਚ ਦਾਖਲ ਹੋਏ ਵਿਦਿਆਰਥੀਆਂ, ਐੱਨ ਐੱਮ ਐੱਮ ਐੱਸ ਪ੍ਰੀਖਿਆ ਤੇ ਪੀ ਐੱਸ ਟੀ ਐੱਸ ਈ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਇਨਾਮ ਦਿੱਤੇ ਗਏ। ਸਮਾਗਮ ਵਿੱਚ ਵੱਖ ਵੱਖ ਹਾਊਸਾਂ ਵੱਲੋਂ ਤਿਆਰ ਕੀਤੀਆਂ ਕੋਰੀਓਗ੍ਰਾਫੀ ਤੇ ਗਤੀਵਿਧੀਆਂ ਦਾ ਸੰਚਾਲਨ ਵੀ ਕੀਤਾ ਗਿਆ। ਸੁਸਾਇਟੀ ਵੱਲੋਂ ਹਰ ਸਾਲ ਆਦਰਸ਼ ਅਧਿਆਪਕ ਦੀ ਚੋਣ ਵਜੋਂ ਸਕੂਲ ਇੰਚਾਰਜ ਮੈਡਮ ਜਸਵਿੰਦਰ ਕੌਰ ਨੂੰ ਉਨ੍ਹਾਂ ਦੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਤੇ ਸਕੂਲ ਢਾਂਚੇ ਨੂੰ ਸੁੰਦਰ ਬਣਾਉਣ ਦੇ ਯੋਗਦਾਨ ਵਜੋਂ ਆਦਰਸ਼ ਅਧਿਆਪਕ ਦਾ ਸਨਮਾਨ ਦੇ ਕੇ ਨਿਵਾਜਿਆ ਗਿਆ। ਸਟੇਜ ਸੰਚਾਲਨ ਸੁਖਪਾਲ ਸਿੰਘ ਸਾਇੰਸ ਅਧਿਆਪਕ ਦੁਆਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸੁਸਾਇਟੀ ਦੇ ਸਕੂਲ ਤੇ ਸਮਾਜ ਪ੍ਰਤੀ ਯੋਗਦਾਨ ਦੀ ਚਰਚਾ ਕੀਤੀ। ਪ੍ਰੋਗਰਾਮ ਦੇ ਮੁੱਖ ਬੁਲਾਰੇ ਵਜੋਂ ਸੁਖਪਾਲ ਸਿੰਘ, ਨਿਸ਼ਾ ਰਾਣੀ, ਮਿਸ਼ਰਾ ਸਿੰਘ ਨੇ ਵਿਦਿਆਰਥੀਆਂ ਨਾਲ ਸਮਾਜ ਤੇ ਪੜ੍ਹਾਈ ਦੀ ਮਹੱਤਤਾ ਬਾਰੇ ਚਰਚਾ ਕੀਤੀ। ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਇੰਚਾਰਜ ਜਸਵਿੰਦਰ ਕੌਰ ਨੇ ਸੁਸਾਇਟੀ ਦੇ ਕੰਮਾਂ ਦੀ ਪ੍ਰਸੰਸਾ ਕਰਦੇ ਹੋਏ ਸਮਾਜ ਦੇ ਹੋਰਨਾਂ ਵਰਗਾਂ ਨੂੰ ਸਕੂਲਾਂ ਪ੍ਰਤੀ ਜਾਗਰੂਕ ਤੇ ਸਹਿਯੋਗ ਦੀ ਅਪੀਲ ਕੀਤੀ ਤਾਂ ਜੋ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਅੱਗੇ ਵਧਾਇਆ ਜਾ ਸਕੇ। ਸਾਹਿਬਜ਼ਾਦਾ ਜੁਝਾਰ ਸਿੰਘ ਹਾਊਸ ਦੇ ਕੋਆਡੀਨੇਟਰ ਨਰਿੰਦਰਪਾਲ ਕੌਰ ਤੇ ਸੁਖਜਿੰਦਰ ਕੌਰ ਨੇ ਵਿਦਿਆਰਥੀਆਂ ਰਾਹੀਂ ਵਿਲੱਖਣ ਕੋਰੀਓਗ੍ਰਾਫੀ ਤੇ ਸਕਿੱਟ ਪੇਸ਼ ਕੀਤੀ। ਹੋਰਨਾਂ ਤੋਂ ਇਲਾਵਾ ਪ੍ਰਕਾਸ਼ ਸਿੰਘ, ਸੁਖਜਿੰਦਰ ਕੌਰ, ਕ੍ਰਿਸ਼ਮਾ ਗੋਇਲ, ਮੋਨਿਕਾ, ਸੁਮਨ ਲਤਾ, ਗੁਰਤੇਜ ਸਿੰਘ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਸਹਿਕਾਰੀ ਸੁਸਾਇਟੀ ਦੀਆਂ ਚੋਣਾਂ ਅਮਨ ਅਮਾਨ ਨਾਲ ਮੁਕੰਮਲ

**ਆਪ ਤੇ ਕਾਂਗਰਸ ਵੱਲੋਂ ਜਿੱਤ ਦਾ ਦਾਅਵਾ**

**ਭੀਖੀ (ਧਰਮਵੀਰ ਸ਼ਰਮਾ)**-ਦੀ ਭੀਖੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮਿਟਡ ਭੀਖੀ ਦੀ ਚੋਣ ਹੋਈ। ਪ੍ਰੀਜ਼ਇਡਿੰਗ ਅਫਸਰ ਖੁਸ਼ਵਿੰਦਰ ਸਿੰਘ ਦੀ ਦੇਖ-ਰੇਖ ਹੇਠ ਅਮਨ ਅਮਾਨ ਨਾਲ ਮੁਕੰਮਲ ਹੋਈ ਚੋਣ ਵਿੱਚ ਭੀਖੀ ਦੀਆਂ 405 ਵੋਟਾਂ ਵਿੱਚੋਂ 401 ਵੋਟਾਂ ਪੋਲ ਹੋਈਆਂ ਤੇ ਸਮਾਉਂ ਦੀਆਂ 312 ਵੋਟਾਂ ਵਿੱਚੋਂ 311 ਵੋਟਾਂ ਪੋਲ ਹੋਈਆਂ। ਵਰਨਣਯੋਗ ਹੈ ਕਿ ਇਹ ਸਹਿਕਾਰੀ ਸਭਾ ਭੀਖੀ ਤੇ ਸਮਾਉਂ ਦੇ ਕਿਸਾਨਾਂ ਦੀ ਸਾਂਝੀ ਹੈ, ਜਿਸ ਵਿੱਚ 7 ਮੈਂਬਰ ਭੀਖੀ ਤੇ 4 ਮੈਂਬਰ ਸਮਾਉਂ ਦੇ ਚੁਣੇ ਜਾਂਦੇ ਹਨ। ਇਸ ਹੋਈ ਚੋਣ ਵਿੱਚ ਰਾਜਪ੍ਰੀਤ ਸਿੰਘ ਪੁੱਤਰ ਜੋਗਿੰਦਰ ਸਿੰਘ, ਬਿੰਦੂ ਸ਼ਰਮਾ ਪਤਨੀ ਬਿੰਦਰ ਸ਼ਰਮਾ, ਬਲਵੰਤ ਸਿੰਘ ਪੁੱਤਰ ਜੰਗ ਸਿੰਘ, ਦਰਸ਼ਨ ਸਿੰਘ ਪੁੱਤਰ ਜੀਤ ਸਿੰਘ, ਗੁਰਮੀਤ ਸਿੰਘ ਪੁੱਤਰ ਗੁਰਭੇਜ ਸਿੰਘ, ਹਰਮੇਸ਼ ਕੁਮਾਰ ਪੁੱਤਰ ਰਣਜੀਤ ਰਾਮ, ਬੂਟਾ ਸਿੰਘ ਪੁੱਤਰ ਬਿੱਕਰ ਸਿੰਘ ਭੀਖੀ ਵੱਲੋਂ ਮੈਂਬਰ ਚੁਣੇ ਗਏ ਤੇ ਸ਼ਿੰਦਰਪਾਲ ਕੌਰ ਪਤਨੀ ਧੰਨਾ ਸਿੰਘ, ਨਿਰਭੈ ਸਿੰਘ ਪੁੱਤਰ ਦਲੀਪ ਸਿੰਘ, ਮਨਜਿੰਦਰ ਸਿੰਘ ਪੁੱਤਰ ਗੁਰਜੰਟ ਸਿੰਘ ਪਿੰਡ ਸਮਾਉਂ ਵੱਲੋਂ ਮੈਂਬਰ ਚੁਣੇ ਗਏ। ਇਸ ਤੋਂ ਪਹਿਲਾਂ ਰਘਬੀਰ ਸਿੰਘ ਦਰਦੀ ਸਮਾਉਂ ਦੇ ਮੁਕਾਬਲੇ ਕੋਈ ਉਮੀਦਵਾਰ ਨਾ ਆਉਣ ਕਾਰਨ ਉਸ ਨੂੰ ਪਹਿਲਾਂ ਹੀ ਜੇਤੂ ਕਰਾਰ ਦਿੱਤਾ ਜਾ ਚੁੱਕਾ ਹੈ। ਇਸ ਮੌਕੇ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਆਪਣੇ ਉਮੀਦਵਾਰ ਵੱਧ ਜਿੱਤਣ ਦਾ ਦਾਅਵਾ ਕੀਤਾ ਗਿਆ ਹੈ। ਇੱਕ ਪਾਸੇ ਜਿੱਥੇ ਸੱਤਾਧਾਰੀ ਆਮ ਆਦਮੀ ਪਾਰਟੀ ਵੱਲੋਂ ਆਪਣੇ ਵੱਧ ਉਮੀਦਵਾਰ ਜਿੱਤਣ ਦਾ ਦਾਅਵਾ ਕੀਤਾ ਗਿਆ ਹੈ, ਉੱਥੇ ਦੂਜੇ ਪਾਸੇ ਕਾਂਗਰਸ ਪਾਰਟੀ ਵੱਲੋਂ ਵੀ ਆਪਣੇ ਵੱਧ ਉਮੀਦਵਾਰ ਜਿੱਤਣ ਦਾ ਦਾਅਵਾ ਕੀਤਾ ਗਿਆ ਹੈ। ਹੁਣ ਇਸ ਸੁਸਾਇਟੀ ਦੀ ਪ੍ਰਧਾਨਗੀ ਲਈ ਹੋਣ ਵਾਲੀ ਚੋਣ ਵਿੱਚ ਸਪੱਸ਼ਟ ਹੋ ਜਾਵੇਗਾ ਕਿ ਪ੍ਰਧਾਨਗੀ ਦਾ ਤਾਜ ਕਿਸ ਦੇ ਸਿਰ ਸਜਦਾ ਹੈ।


ਆਪਣੇ ਸਮਰਥਕਾਂ ਨਾਲ ਜੇਤੂ ਉਮੀਦਵਾਰ।

# ਰੈੱਡ ਰਿਬਨ ਕਲੱਬ ਨੇ ਜ਼ਿਲ੍ਹਾ ਪੱਧਰੀ ਕੁਇੱਜ਼ ਮੁਕਾਬਲਾ ਜਿੱਤਿਆ

**ਮਲੋਟ (ਗੁਰਮੀਤ ਸਿੰਘ ਮੱਕੜ)**

ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਡਮ ਇਕਬਾਲ ਕੌਰ ਇੰਚਾਰਜ ਰੈੱਡ ਰਿਬਨ ਕਲੱਬ ਡੀ.ਏ.ਵੀ. ਕਾਲਜ ਤੇ ਕਾਰਜਕਾਰੀ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਯੋਗ ਅਗਵਾਈ ਅਧੀਨ ਕਾਲਜ ਦੀਆਂ ਵਿਦਿਆਰਥਣਾਂ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਕੁਇੱਜ਼ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਮਾਲਵਾ ਖੇਤਰ ਵਿੱਚ ਮੱਲਾਂ ਮਾਰ ਰਹੇ ਇਸ ਕਾਲਜ ਦੀ ਸਾਰਥਕਤਾ ਨੂੰ ਸਿੱਧ ਕੀਤਾ। ਇਹ ਕਾਲਜ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਪੂਰੇ ਜ਼ਿਲ੍ਹੇ ਦੀਆਂ 13 ਟੀਮਾਂ ਵਿੱਚੋਂ ਲਿਖਤੀ ਕੁਇੱਜ਼ ਮੁਕਾਬਲੇ ਵਿੱਚ ਚੁਣੀਆਂ ਗਈਆਂ 5 ਟੀਮਾਂ ਵਿੱਚੋਂ ਸਵਾਲ ਜਵਾਬ ਮੁਕਾਬਲੇ ਵਿੱਚ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥਣਾਂ ਤਨੂੰ ਤੇ ਦੀਪਿਕਾ ਦੀ ਸਹਾਇਕ ਡਾਇਰੈਕਟਰ ਵੱਲੋਂ 2000 ਰੁਪਏ (ਪ੍ਰਤੀ ਵਿਦਿਆਰਥਣ) ਦਾ ਇਨਾਮ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ ਤੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਵਰਨਣਯੋਗ ਹੈ ਕਿ ਇਹ ਜੇਤੂ ਵਿਦਿਆਰਥਣਾਂ ਰਾਜ ਪੱਧਰੀ ਕੁਇੱਜ਼ ਮੁਕਾਬਲਿਆਂ ਵਿੱਚ ਵੀ ਹਿੱਸਾ ਲੈਣਗੀਆਂ।

ਇਸ ਮੌਕੇ ਸੁਦੇਸ਼ ਗਰੋਵਰ ਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਮੈਡਮ ਇਕਬਾਲ ਕੌਰ ਦੇ ਇਲਾਵਾ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ।


ਮਲੋਟ ਦੇ ਡੀ.ਏ.ਵੀ. ਕਾਲਜ ਵਿਖੇ ਜੇਤੂ ਵਿਦਿਆਰਥਣਾਂ ਕਾਲਜ ਸਟਾਫ਼ ਨਾਲ।

## ਬੁਰਜ ਸਿੱਧਵਾਂ ਸਕੂਲ 'ਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਪਿੰਡ ਬੁਰਜ ਸਿੱਧਵਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਸੰਤ ਰਾਮ ਦੀ ਯੋਗ ਅਗਵਾਈ ਹੇਠ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ 115ਵਾਂ ਜਨਮ ਦਿਹਾੜਾ ਬੜੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾ, ਲੇਖ, ਚਾਰਟ ਮੇਕਿੰਗ, ਕੁਇੱਜ਼ ਮੁਕਾਬਲੇ ਤੇ ਗੀਤਾਂ ਰਾਹੀਂ ਸ਼ਹੀਦ ਭਗਤ ਸਿੰਘ ਦੇ ਜੀਵਨ 'ਤੇ ਸੰਖੇਪ ਚਾਨਣਾ ਪਾਇਆ ਗਿਆ।ਵਿਦਿਆਰਥੀਆਂ ਨੇ 'ਮੈਂ ਵੀ ਭਗਤ ਸਿੰਘ' ਦੇ ਰੂਪ ਵਿੱਚ ਵੱਖਰਾ ਨਜ਼ਾਰਾ ਪੇਸ਼ ਕੀਤਾ।ਇਸ ਮੌਕੇ ਪ੍ਰਿੰਸੀਪਲ ਸੰਤ ਰਾਮ ਤੇ ਸਾਇੰਸ ਅਧਿਆਪਕਾ ਸ਼੍ਰੀਮਤੀ ਗੁਰਮੀਤ ਕੌਰ ਨੇ ਵਿਦਿਆਰਥੀਆਂ ਨੂੰ ਸ੍ਰ. ਭਗਤ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਕਿਹਾ। ਮੰਚ ਸੰਚਾਲਨ ਦੀ ਭੂਮਿਕਾ ਸ਼੍ਰੀਮਤੀ ਰਾਜਵੀਰ ਕੌਰ ਕੰਪਿਊਟਰ ਅਧਿਆਪਕਾਂ ਵੱਲੋਂ ਬਾਖ਼ੂਬੀ ਨਿਭਾਈ ਗਈ।ਅੰਤ ਵਿੱਚ ਪ੍ਰਿੰਸੀਪਲ ਵੱਲੋਂ ਸਮੂਹ ਵਿਦਿਆਰਥੀਆਂ ਨੂੰ ਵਧੀਆ ਪੇਸ਼ਕਾਰੀਆਂ ਲਈ ਵਧਾਈ ਦਿੰਦਿਆਂ ਸਮੂਹ ਅਧਿਆਪਕਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ ਗਿਆ।

# ਜੌਗਰਫ਼ੀ ਟੀਚਰਜ਼ ਯੂਨੀਅਨ ਦੇ ਆਗੂ ਸਿੱਖਿਆ ਮੰਤਰੀ ਨੂੰ ਮਿਲੇ

**ਲੈਕਚਰਾਰਾਂ ਦੀਆਂ 13252 ਅਸਾਮੀਆਂ 'ਚੋਂ ਜੌਗਰਫ਼ੀ ਦੀਆਂ ਕੇਵਲ 357**

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਦੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਭੂਗੋਲ (ਜੌਗਰਫ਼ੀ) ਵਿਸ਼ੇ ਦੇ ਲੈਕਚਰਾਰਾਂ ਦਾ ਪ੍ਰਬੰਧ ਕਰਨ, ਪੰਜਾਬ ਸਰਕਾਰ ਦੇ 17 ਅਗਸਤ 2018 ਦੇ ਗਜ਼ਟ ਨੋਟੀਫਿਕੇਸ਼ਨ ਅਨੁਸਾਰ ਮਨਜ਼ੂਰਸ਼ੁਦਾ ਜੌਗਰਫ਼ੀ ਲੈਕਚਰਾਰਾਂ ਦੀਆਂ 357 ਆਸਾਮੀਆਂ ਨੂੰ ਈ-ਪੰਜਾਬ ਪੋਰਟਲ 'ਤੇ ਦਰਸਾਉਣ, ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ 23 ਅਗਸਤ 2011 ਦੇ ਫੈਸਲੇ ਨੂੰ ਲਾਗੂ ਕਰਵਾਉਣ, ਖਾਲੀ ਤੇ ਮਨਜ਼ੂਰਸ਼ੁਦਾ ਆਸਾਮੀਆਂ ਨੂੰ ਪਦਉੱਨਤੀਆਂ, ਸਿੱਧੀ ਭਰਤੀ ਤੇ ਬਦਲੀਆਂ ਸਮੇਂ ਭਰਨ ਤੇ 405 ਅੱਪਗ੍ਰੇਡ ਕੀਤੇ ਜਾ ਰਹੇ ਐਮੀਨੈਂਸ ਸਕੂਲਾਂ ਵਿੱਚ ਭੂਗੋਲ ਵਿਸ਼ੇ ਦੇ ਲੈਕਚਰਾਰਾਂ ਦੀਆਂ ਆਸਾਮੀਆਂ ਦੇ ਪ੍ਰਬੰਧ ਕਰਨ ਲਈ ਜੌਗਰਫ਼ੀ ਪੋਸਟ ਗ੍ਰੈਜੂਏਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂ ਗੁਰਸੇਵਕ ਸਿੰਘ ਆਨੰਦਪੁਰ ਸਾਹਿਬ (ਰੋਪੜ) ਦੀ ਅਗਵਾਈ ਵਿੱਚ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ (ਸਕੂਲਾਂ) ਪੰਜਾਬ ਨੂੰ ਮਿਲੇ ਤੇ ਮੰਗ ਪੱਤਰ ਦਿੱਤਾ। ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਨੇ ਪ੍ਰੈੱਸ ਨੂੰ ਦੱਸਿਆ ਕਿ ਮੌਜੂਦਾ ਸਮੇਂ ਪੰਜਾਬ ਦੇ ਲਗਭਗ 2023 ਸੀਨੀਅਰ ਸੈਕੰਡਰੀ ਸਕੂਲਾਂ ਲਈ ਲੈਕਚਰਾਰਾਂ ਦੀਆਂ ਕੁੱਲ ਮਨਜ਼ੂਰਸ਼ੁਦਾ 13252 ਪੋਸਟਾਂ ਵਿੱਚੋਂ ਕੇਵਲ 357 ਆਸਾਮੀਆਂ ਹੀ ਮਨਜ਼ੂਰ ਹਨ ਤੇ ਲੱਗਭੱਗ 1800 ਸਕੂਲਾਂ ਦੇ ਵਿਦਿਆਰਥੀ ਇਸ ਵਿਸ਼ੇ ਦੇ ਗਿਆਨ ਤੋਂ ਵਾਂਝੇ ਹਨ। ਜੋ ਆਸਾਮੀਆਂ ਭੂਗੋਲ ਲੈਕਚਰਾਰਾਂ ਦੀਆਂ ਖਾਲੀ ਹਨ, ਉਨ੍ਹਾਂ ਨੂੰ ਵੀ ਸਿੱਖਿਆ ਵਿਭਾਗ ਪੰਜਾਬ ਵੱਲੋਂ ਈ-ਪੰਜਾਬ ਪੋਰਟਲ 'ਤੇ ਦਰਸਾਇਆ ਨਹੀਂ ਜਾਂਦਾ, ਜਿਸ ਕਰਕੇ ਭੂਗੋਲ ਦੇ ਅਧਿਆਪਕਾਂ ਦੀਆਂ ਨਾ ਤਾਂ ਪਦਉੱਨਤੀਆਂ ਹੋ ਰਹੀਆਂ ਹਨ ਤੇ ਨਾ ਹੀ ਸਿੱਧੀ ਭਰਤੀ ਕੀਤੀ ਜਾ ਰਹੀ ਹੈ। ਜਥੇਬੰਦੀ ਨੇ ਸਿੱਖਿਆ ਮੰਤਰੀ ਤੋਂ ਮੰਗ ਕੀਤੀ ਕਿ ਭੂਗੋਲ (ਜੌਗਰਫ਼ੀ) ਲੈਕਚਰਾਰਾਂ ਦੀ ਘਾਟ ਨੂੰ ਪੂਰਾ ਕਰਨ ਲਈ ਅੱਪਗ੍ਰੇਡ ਕੀਤੇ ਜਾ ਰਹੇ 405 ਐਮੀਨੈਂਸ ਸਕੂਲਾਂ ਵਿੱਚ ਲੈਕਚਰਾਰ ਜੌਗਰਫ਼ੀ ਦੀ ਆਸਾਮੀ ਪੈਦਾ ਕੀਤੀ ਜਾਵੇ ਤਾਂ ਜੋ ਵਿਦਿਆਰਥੀ ਇਹ ਵਿਸ਼ਾ ਪੜ੍ਹ ਕੇ ਮੁਕਾਬਲਿਆਂ ਦੀਆਂ ਪ੍ਰੀਖਿਆਵਾਂ ਵਿੱਚੋਂ ਮੋਹਰੀ ਹੋ ਸਕਣ। ਸਿੱਖਿਆ ਮੰਤਰੀ ਨੇ ਵਫ਼ਦ ਨੂੰ ਧਿਆਨ ਨਾਲ ਸੁਣਿਆਂ, ਅੰਕੜਿਆਂ 'ਤੇ ਹੈਰਾਨੀ ਪ੍ਰਗਟ ਕਰਦੇ ਹੋਏ ਇਸ ਵਿਸ਼ੇ ਨੂੰ ਬਣਦੀ ਥਾਂ ਦੇਣ ਲਈ ਜਲਦੀ ਹੀ ਜਥੇਬੰਦੀ ਨਾਲ ਪੈਨਲ ਮੀਟਿੰਗ ਕਰਨ ਦਾ ਭਰੋਸਾ ਦਿੱਤਾ।


ਜੌਗਰਫ਼ੀ ਟੀਚਰਜ਼ ਯੂਨੀਅਨ ਦੇ ਆਗੂ ਗੁਰਸੇਵਕ ਸਿੰਘ ਆਨੰਦਪੁਰ ਸਾਹਿਬ ਸਿੱਖਿਆ ਮੰਤਰੀ ਨੂੰ ਅੰਕੜੇ ਦੱਸਦੇ ਹੋਏ।

# ਬਾਬਾ ਈਸਰ ਸਿੰਘ ਸਕੂਲ ਦੇ ਵਿਦਿਆਰਥੀਆਂ ਦੀ ਜ਼ਿਲ੍ਹਾ ਪੱਧਰੀ ਖੇਡਾਂ ਲਈ ਚੋਣ



**ਫਤਹਿਗੜ੍ਹ ਪੰਜਤੂਰ (ਭੁੱਲਰ)**-ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਬਾਬਾ ਈਸਰ ਸਿੰਘ ਨਾਨਕਸਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮੁਹਾਰ ਮੰਦਰ ਦੇ 15 ਖਿਡਾਰੀਆਂ ਦੀ ਜ਼ਿਲ੍ਹਾ ਪੱਧਰੀ ਐਥਲੈਟਿਕਸ ਟੂਰਨਾਮੈਂਟ ਲਈ ਚੋਣ ਹੋਈ। ਚੁਣੇ ਗਏ ਵਿਦਿਆਰਥੀ ਹੋਣ ਵਾਲੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ 1500 ਮੀਟਰ ਦੌੜ, 200 ਮੀਟਰ ਦੌੜ, ਸ਼ਾਟਪੁੱਟ, ਡਿਸਕਸ ਥਰੋ, 200 ਮੀਟਰ ਦੌੜ ਆਦਿ ਵਿੱਚ ਜ਼ਿਲ੍ਹਾ ਪੱਧਰ 'ਤੇ ਸਕੂਲ ਵੱਲੋਂ ਭਾਗ ਲੈਣਗੇ। ਇਸ ਦੌਰਾਨ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਜ਼ੋਨ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੇ ਸਿੱਟੇ ਵਜੋਂ ਖਿਡਾਰੀ ਵੱਡੇ ਉਤਸ਼ਾਹ ਨਾਲ ਖੇਡਾਂ ਵਿੱਚ ਭਾਗ ਲੈਣਗੇ। ਪ੍ਰਿੰਸੀਪਲ ਸਾਹਿਬ ਦੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੀ ਰੋਜ਼ਾਨਾ ਪ੍ਰੈਕਟਿਸ ਤੇ ਹੋਰ ਸਹੂਲਤਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸਕੂਲ ਵਿੱਚ ਖੇਡਾਂ ਦਾ ਪੱਧਰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਲਾਇਨਜ਼ ਕਲੱਬ ਰਾਇਲ ਵੱਲੋਂ ਸੈਮੀਨਾਰ



**ਕੋਟਕਪੂਰਾ (ਰਛਪਾਲ ਭੁੱਲਰ)**

ਲਾਇਨਜ਼ ਕਲੱਬ ਕੋਟਕਪੂਰਾ ਰਾਇਲ ਵੱਲੋਂ ਗੋਦ ਲਏ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਵਾਰਡ ਨੰਬਰ 9 ਨੇੜੇ ਹਰੀਨੌ ਫਾਟਕ ਵਿਖੇ ਤਿੰਨ ਵਿਸ਼ਿਆਂ ਦੇ ਸੈਮੀਨਾਰ ਕਰਵਾਏ ਗਏ। ਡਾ. ਸੁਨੀਲ ਛਾਬੜਾ ਨੇ ਵਿਸ਼ਵ ਸ਼ਾਂਤੀ ਦਿਵਸ, ਵਿਸ਼ਵ ਦਿਲ ਦੇ ਰੋਗਾਂ ਤੇ ਵਿਸ਼ਵ ਭੋਜਨ ਦਿਵਸ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾ ਅੰਕੜਿਆਂ ਸਹਿਤ ਦਲੀਲਾਂ ਦੇ ਕੇ ਭੋਜਨ ਦੀ ਸਹੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਡਾ. ਛਾਬੜਾ ਮੁਤਾਬਿਕ ਜ਼ਿਆਦਾ ਮਸਾਲੇ ਵਾਲੀਆਂ ਤੇ ਬਜ਼ਾਰੀ ਚੀਜ਼ਾਂ ਖਾਣ ਨਾਲ ਦਿਲ ਦੇ ਰੋਗਾਂ ਤੋਂ ਪੀੜਤ ਮਰੀਜ਼ਾਂ ਦੀ ਗਿਣਤੀ 'ਚ ਦਿਨੋਂ ਦਿਨ ਵਾਧਾ ਹੁੰਦਾ ਜਾ ਰਿਹਾ ਹੈ। ਉਨ੍ਹਾਂ ਅਨੇਕਾਂ ਉਦਾਹਰਨਾਂ ਦੇ ਕੇ ਦੱਸਿਆ ਕਿ ਵਿਅਰਥ ਜਾ ਰਹੇ ਖਾਧ ਪਦਾਰਥਾਂ ਕਾਰਨ ਵੀ ਭੋਜਨ ਦੀ ਦੁਰਵਰਤੋਂ ਹੁੰਦੀ ਹੈ। ਫਾਸਟ ਫੂਡ ਤੇ ਬਾਹਰਲੇ ਖਾਦ ਪਦਾਰਥਾਂ ਤੋਂ ਦੂਰ ਰਹਿਣ ਤੇ ਰੇਅ ਸਪਰੇਅ ਵਾਲੇ ਖਾਦ ਪਦਾਰਥਾਂ ਤੋਂ ਪ੍ਰਹੇਜ ਕਰਨ ਦਾ ਸੁਨੇਹਾ ਦਿੰਦਿਆਂ ਆਖਿਆ ਕਿ ਸੰਤੁਲਿਤ ਖੁਰਾਕ ਨਾਲ ਅਸੀਂ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚ ਸਕਦੇ ਹਾਂ। ਇੰਜੀ ਅਸ਼ੋਕ ਸੇਠੀ ਪੀ ਆਰ ਓ ਨੇ ਦੱਸਿਆ ਕਿ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਦੀ ਅਗਵਾਈ ਹੇਠ ਕਰਵਾਏ ਉਕਤ ਸਮਾਗਮ ਦੌਰਾਨ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਸਕੂਲੀ ਬੱਚਿਆਂ ਨੂੰ ਦੁੱਧ ਦੇ ਨਾਲ ਬਿਸਕੁਟ ਵੀ ਤਕਸੀਮ ਕੀਤੇ। ਸਕੂਲ ਮੁਖੀ ਨੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਜੀ ਆਇਆਂ ਆਖਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਇੰਜੀ. ਭੁਪਿੰਦਰ ਸਿੰਘ, ਵਿਜੈ ਕੁਮਾਰ ਟੀਟੂ ਛਾਬੜਾ, ਬੀਰਇੰਦਰਪਾਲ ਸ਼ਰਮਾ, ਮਨਜੀਤ ਸਿੰਘ ਔਲਖ ਆਦਿ ਹਾਜ਼ਰ ਸਨ। ਮਨਜੀਤ ਸਿੰਘ ਲਵਲੀ ਰੀਜ਼ਨ ਚੇਅਰਮੈਨ ਨੇ ਬਾਹਰਲੇ ਮੁਲਕਾਂ ਦੀ ਤਰ੍ਹਾਂ ਭਾਰਤ ਵਾਸੀਆਂ ਨੂੰ ਵੀ ਭਾਈਚਾਰਕ ਸਾਂਝ ਬਣਾ ਕੇ ਰੱਖਣ ਤੇ ਸ਼ਾਂਤੀ ਨਾਲ ਰਹਿਣ ਦੇ ਅਨੇਕਾਂ ਨੁਕਤੇ ਸਾਂਝੇ ਕੀਤੇ। ਸੁਰਜੀਤ ਸਿੰਘ ਘੁਲਿਆਣੀ ਡਿਸਟ੍ਰਿਕ ਚੇਅਰਮੈਨ (ਹੰਗਰ) ਨੇ

# ਹਰਿਆਣਾ ਦੇ ਸਾਰੇ ਸਿੱਖ ਆਗੂਆਂ ਨੂੰ ਨਾਲ ਲੈ ਕੇ ਅੱਗੇ ਵਧਾਂਗੇ : ਝੀਂਡਾ


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦਾ ਸਨਮਾਨ ਕਰਦੇ ਬਾਬਾ ਤਿਲੋਕੇਵਾਲਾ।

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਦੇ ਗੁਰਦੁਆਰਾ ਪਾਤਸ਼ਾਹੀ ਦਸਵੀਂ ਵਿਖੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਆਪਣੇ ਸਾਥੀਆਂ ਸਮੇਤ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਉਹ ਸ਼ੁਰੂ ਤੋਂ ਹੀ ਹਰਿਆਣਾ ਗੁਰਦੁਆਰਿਆਂ ਦਾ ਪ੍ਰਬੰਧ ਸੰਭਾਲ ਰਹੇ ਹਨ। ਉਨ੍ਹਾ ਕਿਹਾ ਕਿ ਉਹ ਜਥੇਦਾਰ ਦਾਦੂਵਾਲ ਸਮੇਤ ਸਾਰੇ ਸਿੰਘ ਸਾਹਿਬਾਨਾਂ ਦਾ ਬੇਹੱਦ ਸਤਿਕਾਰ ਕਰਦੇ ਹਨ। ਪੱਤਰਕਾਰਾਂ ਦੇ ਸਵਾਲਾਂ ਦੇ ਜਾਵਾਬ ਵਿੱਚ ਉਨ੍ਹਾਂ ਕਿਹਾ ਕਿ ਮਾਨਯੋਗ ਦਾਦੂਵਾਲ ਸਮੇਤ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਅਹੁਦੇਦਾਰ ਆਪਸੀ ਮਸਲੇ ਮਿਲ ਕੇ ਸੁਲਝਾ ਲੈਣਗੇ। ਉਨ੍ਹਾ ਹਰਿਆਣਾ ਦੇ ਮੌਜੂਦਾ ਮੁੱਖ ਮੰਤਰੀ ਤੇ ਸਾਬਕਾ ਮੁੱਖ ਮੰਤਰੀ ਅਤੇ ਹਰਿਆਣਾ ਸਰਕਾਰ ਸਮੇਤ ਸਾਰੀ ਸੰਗਤ ਦਾ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੋਂਦ ਵਿੱਚ ਲਿਆਉਣ ਲਈ ਵਿਸ਼ੇਸ਼ ਧੰਨਵਾਦ ਵੀ ਕੀਤਾ। ਉਨ੍ਹਾ ਕਿਹਾ ਕਿ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੋਂਦ ਵਿੱਚ ਆਉਣ 'ਚ ਪ੍ਰੈੱਸ ਦੀ ਵੀ ਵੱਡੀ ਭੂਮਿਕਾ ਹੈ। ਗੁਰਦੁਆਰਾ ਪਾਤਸ਼ਾਹੀ ਦਸਵੀਂ ਸਿਰਸਾ ਵਿਖੇ ਪੁੱਜੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਦਾ ਗੁਰਦੁਆਰਾ ਨਿਰਮਲਸਰ ਸਾਹਿਬ ਦੇ ਮੁੱਖ ਸੇਵਾਦਾਰ ਤੇ ਐੱਸ ਜੀ ਪੀ ਸੀ ਮੈਂਬਰ ਬਾਬਾ ਗੁਰਮੀਤ ਸਿੰਘ, ਸੰਤ ਸ਼ਿਵਾਨੰਦ ਕੇਵਲ ਤੇ ਗੁਰਦੁਆਰਾ ਦਸਵੀਂ ਪਾਤਸ਼ਾਹੀ ਦੇ ਪ੍ਰਧਾਨ ਪ੍ਰਕਾਸ਼ ਸਿੰਘ ਸਾਹੂਵਾਲਾ ਤੇ ਕਾਮਰੇਡ ਸਵਰਨ ਸਿੰਘ ਵਿਰਕ ਵੱਲੋਂ ਫੁੱਲ ਮਾਲਾਵਾਂ ਪਾ ਕੇ ਅਤੇ ਸਿਰੋਪਾਓ ਦੇ ਕੇ ਵਿਸ਼ੇਸ਼ ਸਵਾਗਤ ਕੀਤਾ ਗਿਆ। ਜਥੇਦਾਰ ਝੀਂਡਾ ਨੇ ਕਿਹਾ ਕਿ ਉਹ ਗੁਰੂਘਰ ਪਾਤਸ਼ਾਹੀ ਦਸਵੀਂ ਸਿਰਸਾ ਵਿਖੇ ਸ਼ੁਕਰਾਨੇ ਲਈ ਪੁੱਜੇ ਹਨ, ਨਾ ਕਿ ਕਿਸੇ ਹੋਰ ਉਦੇਸ਼ ਲਈ। ਉਨ੍ਹਾ ਕਿਹਾ ਕਿ ਉਹ ਸੰਗਤਾਂ ਵੱਲੋਂ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਮਿਲੇ ਸਹਿਯੋਗ ਲਈ ਸੰਗਤਾਂ ਦਾ ਕੋਟਨ ਕੋਟ ਧੰਨਵਾਦ ਕਰਦੇ ਹਨ। ਇਸ ਮੌਕੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਝੀਂਡਾ ਦੇ ਨਾਲ ਹਰਿਆਣਾ ਕਮੇਟੀ ਦੇ ਕਰੀਬ ਇਕ ਦਰਜਨ ਮੈਂਬਰ ਸਾਹਿਬਾਨਾਂ ਤੋਂ ਬਿਨਾਂ ਮਨਜਿੰਦਰ ਸਿੰਘ ਸਿਰਸਾ ਦੇ ਪਿਤਾ ਜਸਬੀਰ ਸਿੰਘ ਰਿਆੜ ਵੀ ਪੁੱਜੇ ਹੋਏ ਸਨ। ਗੁਰੂਘਰ ਵਿਖੇ ਵੱਡੀ ਮਾਤਰਾ ਵਿੱਚ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ।

# ਸਵੱਛ ਭਾਰਤ ਮਿਸ਼ਨ ਤਹਿਤ ਕੈਪਟਨ ਨਰੇਸ਼ ਵਰਮਾ ਬ੍ਰਾਂਡ ਅੰਬੈਸਡਰ ਨਿਯੁਕਤ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਸ਼ਹਿਰਾਂ ਅੰਦਰ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਲਈ ਸਵੱਛ ਭਾਰਤ ਮਿਸ਼ਨ ਤਹਿਤ ਬ੍ਰਾਂਡ ਅੰਬੈਸਡਰ ਨਿਯੁਕਤ ਕਰਨ ਲਈ ਪ੍ਰਾਪਤ ਆਦੇਸ਼ਾਂ ਦੀ ਪਾਲਨਾ ਕਰਦੇ ਹੋਏ ਨਗਰ ਕੌਂਸਲ ਜਗਰਾਉਂ ਵੱਲੋਂ ਹਲਕਾ ਵਿਧਾਇਕ ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ ਦੀ ਯੋਗ ਅਗਵਾਈ ਹੇਠ ਸ਼ਹਿਰ ਦੀ ਉੱਘੀ ਸ਼ਖਸੀਅਤ ਤੇ ਸੂਝਵਾਨ ਸਮਾਜ ਸੇਵੀ ਕੈਪਟਨ ਨਰੇਸ਼ ਵਰਮਾ ਪੁੱਤਰ ਸ੍ਰੀ ਸੰਸਾਰ ਚੰਦ ਵਰਮਾ ਜਗਰਾਉਂ ਨੂੰ ਬ੍ਰਾਂਡ ਅੰਬੈਸਡਰ ਨਿਯੁਕਤ ਕੀਤਾ ਗਿਆ। ਇਸ ਸਬੰਧੀ ਨਗਰ ਕੌਂਸਲ ਜਗਰਾਉਂ ਦੇ ਪ੍ਰਧਾਨ ਜਤਿੰਦਰ ਪਾਲ ਤੇ ਕਾਰਜ ਸਾਧਕ ਅਫਸਰ ਮਨੋਹਰ ਸਿੰਘ ਬਾਘਾ ਵੱਲੋਂ ਕੈਪਟਨ ਨਰੇਸ਼ ਵਰਮਾ ਦੀ ਬ੍ਰਾਂਡ ਅੰਬੈਸਡਰ ਵਜੋਂ ਨਿਯੁਕਤੀ ਸਬੰਧੀ ਸਰਟੀਫਿਕੇਟ ਜਾਰੀ ਕੀਤਾ ਗਿਆ। ਪ੍ਰਧਾਨ ਤੇ ਕਾਰਜ ਸਾਧਕ ਅਫਸਰ ਨੇ ਕਿਹਾ ਕਿ ਕੈਪਟਨ ਨਰੇਸ਼ ਵਰਮਾ ਸ਼ਹਿਰ ਦੀ ਬਹੁਤ ਹੀ ਉੱਘੀ ਸ਼ਖਸੀਅਤ ਹਨ ਤੇ ਸਮਾਜ ਭਲਾਈ ਦੇ ਕੰਮਾਂ ਵਿੱਚ ਵਧ-ਚੜ੍ਹ ਕੇ ਸੇਵਾ ਭਾਵਨਾ ਨਾਲ ਹਿੱਸਾ ਲੈਂਦੇ ਹਨ। ਅਜਿਹੀ ਸ਼ਖਸੀਅਤ ਨੂੰ ਸਵੱਛ ਭਾਰਤ ਮਿਸ਼ਨ ਤਹਿਤ ਜਗਰਾਉਂ ਦਾ ਬ੍ਰਾਂਡ ਅੰਬੈਸਡਰ ਨਿਯੁਕਤ ਕੀਤੇ ਜਾਣਾ ਮਾਣ ਵਾਲੀ ਗੱਲ ਹੈ। ਇਸ ਮੌਕੇ ਕੈਪਟਨ ਨਰੇਸ਼ ਵਰਮਾ ਵੱਲੋਂ ਹਲਕਾ ਵਿਧਾਇਕ, ਪ੍ਰਧਾਨ ਨਗਰ ਕੌਂਸਲ, ਕਾਰਜ ਸਾਧਕ ਅਫਸਰ ਤੇ ਕੌਂਸਲਰ ਸਾਹਿਬਾਨ ਦਾ ਧੰਨਵਾਦ ਕੀਤਾ ਗਿਆ ਤੇ ਪ੍ਰਣ ਕੀਤਾ ਗਿਆ ਕਿ ਉਹ ਜਗਰਾਉਂ ਸ਼ਹਿਰ 'ਚ ਸਵੱਛ ਭਾਰਤ ਮਿਸ਼ਨ ਅਧੀਨ ਹੋਣ ਵਾਲੀਆਂ ਗਤੀਵਿਧੀਆਂ ਵਿੱਚ ਨਗਰ ਕੌਂਸਲ ਦਾ ਪੂਰਨ ਸਹਿਯੋਗ ਕਰਨਗੇ ਤੇ ਕਿਸੇ ਨੂੰ ਵੀ ਸ਼ਿਕਾਇਤ ਦਾ ਮੌਕਾ ਨਹੀਂ ਦੇਣਗੇ।

1-Oct-Page 11.qxd 9/30/2022 9:32 PM Page 1



# ਲੈਕਚਰ ਬੇਸਿਜ਼ 'ਤੇ ਪੜ੍ਹਾ ਰਹੇ ਅਸਿਸਟੈਂਟ ਪ੍ਰੋਫੈਸਰਾਂ ਦਾ ਕੀਤਾ ਜਾ ਰਿਹੈ ਰੱਜ ਕੇ ਸ਼ੋਸ਼ਣ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਪੰਜਾਬ ਦੇ ਕੰਸਟੀਚੂਐਂਟ ਕਾਲਜਾਂ 'ਚ ਲੈਕਚਰ ਬੇਸਿਸ 'ਤੇ ਪੜ੍ਹਾ ਰਹੇ ਅਸਿਸਟੈਂਟ ਪ੍ਰੋਫੈਸਰਾਂ ਦਾ ਪੰਜਾਬ ਦੀਆਂ ਤਿੰਨਾਂ ਯੂਨੀਵਰਸਿਟੀਆਂ ਵੱਲੋਂ ਰੱਜ ਕੇ ਸ਼ੋਸ਼ਣ ਕੀਤਾ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਅਧੀਨ ਆਉਂਦੇ ਕੰਸਟੀਚੂਐਂਟ ਕਾਲਜਾਂ ਵਿੱਚ ਪੜ੍ਹਾ ਰਹੇ ਲੈਕਚਰ ਬੇਸਿਸ ਅਸਿਸਟੈਂਟ ਪ੍ਰੋਫੈਸਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਪਰੋਕਤ ਅਧਿਆਪਕਾਂ ਨੇ ਦੱਸਿਆ ਕਿ ਪੰਜਾਬ 'ਚ ਕੁੱਲ 36 ਕੰਸਟੀਚੂਐਂਟ ਕਾਲਜ ਹਨ, ਜਿਨ੍ਹਾਂ ਦਾ ਸੰਚਾਲਨ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਕੀਤਾ ਜਾ ਰਿਹਾ ਹੈ। ਜੇਕਰ ਇਨ੍ਹਾਂ ਕਾਲਜਾਂ ਦੇ ਇਤਿਹਾਸ 'ਤੇ ਝਾਤ ਮਾਰੀਏ ਤਾਂ ਇਹ ਕਾਲਜ ਖੋਲ੍ਹਣ ਪਿੱਛੇ ਸਰਕਾਰ ਦਾ ਮਨੋਰਥ ਪੱਛੜੇ ਇਲਾਕਿਆਂ ਨੂੰ ਸਸਤੀ ਤੇ ਮਿਆਰੀ ਵਿੱਦਿਆ ਦੇਣਾ ਸੀ। ਸਾਲ 2011 ਵਿੱਚ ਇਹ ਕਾਲਜ ਬਣਾਏ ਗਏ ਸਨ ਅਤੇ ਇਨ੍ਹਾਂ 36 ਕਾਲਜਾਂ ਵਿੱਚੋਂ ਬਹੁਤੇ ਰੱਬ ਦੀ ਜੜ੍ਹਾਂ ਵਿੱਚ ਹਨ। ਯਾਨਿ ਕਿ ਉਨ੍ਹਾਂ ਥਾਵਾਂ 'ਤੇ ਹਨ, ਜਿੱਥੇ ਚੱਜ ਨਾਲ ਬੱਸ ਵੀ ਨਹੀਂ ਜਾਂਦੀ। ਸਰਕਾਰ ਨੇ ਇਹ ਕਾਲਜ ਬਣਾਏ ਤੇ ਫਿਰ ਇਨ੍ਹਾਂ ਕਾਲਜਾਂ ਦੇ ਪ੍ਰਬੰਧਨ ਦੀ ਜ਼ਿੰਮੇਵਾਰੀ ਸੂਬੇ ਦੀਆਂ ਤਿੰਨਾਂ ਯੂਨੀਵਰਸਿਟੀਆਂ ਨੂੰ ਸੌਂਪ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਇਨ੍ਹਾਂ ਕਾਲਜਾਂ ਨੂੰ ਚਲਾਉਣ ਲਈ ਸਬੰਧਤ ਯੂਨੀਵਰਸਿਟੀਆਂ ਨੂੰ ਪ੍ਰਤੀ ਕਾਲਜ ਡੇਢ ਕਰੋੜ ਰੁਪਏ ਦੀ ਸਾਲਾਨਾ ਗ੍ਰਾਂਟ ਦੇ ਰਹੀ ਹੈ ਪਰ ਇਨ੍ਹਾਂ ਕਾਲਜਾਂ 'ਚ ਪੜ੍ਹਾ ਰਹੇ ਅਸਿਸਟੈਂਟ ਪ੍ਰੋਫੈਸਰਾਂ ਦਾ ਸਬੰਧਤ ਯੂਨੀਵਰਸਿਟੀਆਂ ਵੱਲੋਂ ਰੱਜ ਕੇ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਧੀਨ ਆਉਂਦੇ ਕੰਸਟੀਚੂਐਂਟ ਕਾਲਜਾਂ ਦੇ ਅਸਿਸਟੈਂਟ ਪ੍ਰੋਫੈਸਰਾਂ ਨੂੰ ਯੂਨੀਵਰਸਿਟੀ ਵੱਲੋਂ ਸਿਰਫ 6 ਮਹੀਨੇ ਹੀ ਤਨਖਾਹ ਦਿੱਤੀ ਜਾਂਦੀ ਹੈ। ਉਪਰੋਕਤ ਲੈਕਚਰ ਬੇਸਿਸ ਅਧਿਆਪਕਾਂ ਨੇ ਆਪਣਾ ਦਰਦ ਬਿਆਨ ਕਰਦਿਆਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਕਾਲਜਾਂ 'ਚ ਚਲਾਏ ਜਾ ਰਹੇ ਕੋਰਸਾਂ ਦੀ ਫੀਸ 'ਚ ਨਿਰੰਤਰ ਵਾਧਾ ਕੀਤਾ ਜਾ ਰਿਹਾ ਹੈ ਪਰ ਅਧਿਆਪਕਾਂ ਨੂੰ ਦਿੱਤੀ ਜਾਣ ਵਾਲੀ ਤਨਖਾਹ 'ਚ ਪਿਛਲੇ ਕਈ ਸਾਲਾਂ ਤੋਂ ਕੋਈ ਵਾਧਾ ਨਹੀਂ ਕੀਤਾ ਗਿਆ। ਦੱਸ ਦਈਏ ਕਿ 'ਆਪ' ਸਰਕਾਰ, ਜੋ ਸੂਬੇ 'ਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਦਾਅਵੇ ਕਰਦੀ ਹੈ, ਵੀ ਇਨ੍ਹਾਂ ਕਾਲਜਾਂ 'ਚ ਪੜ੍ਹਾ ਰਹੇ ਅਸਿਸਟੈਂਟ ਪ੍ਰੋਫੈਸਰਾਂ ਦੀ ਸਾਰ ਨਹੀਂ ਲੈ ਰਹੀ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਆਪਣੇ ਚੋਣ ਮੈਨੀਫੈਸਟੋ ਵਿੱਚ ਇਨ੍ਹਾਂ ਕਾਲਜਾਂ ਦਾ ਪ੍ਰਬੰਧਨ ਯੂਨੀਵਰਸਿਟੀਆਂ ਕੋਲੋਂ ਵਾਪਸ ਲੈਣ ਦਾ ਵਾਅਦਾ ਵੀ ਕੀਤਾ ਗਿਆ ਸੀ ਪਰ ਨਾ ਤਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਨਾ ਹੀ ਉਚੇਰੀ ਸਿੱਖਿਆ ਮੰਤਰੀ ਮੀਤ ਹੇਅਰ ਨੂੰ ਆਪਣਾ ਵਾਅਦਾ ਯਾਦ ਹੈ। ਇਨ੍ਹਾਂ ਕਾਲਜਾਂ ਵਿੱਚ ਬਹੁਤ ਘੱਟ ਪੱਕੇ ਅਧਿਆਪਕ ਹਨ। ਕਿਤੇ ਇੱਕ ਕਿਤੇ ਦੋ, ਕਿਤੇ ਤਿੰਨ ਤੇ ਕਿਤੇ ਕੋਈ ਵੀ ਨਹੀਂ।

# ਮੁਫਤ ਡੇਅਰੀ ਸਿਖਲਾਈ ਦੇਣ ਲਈ ਉਮੀਦਵਾਰਾਂ ਦੀ ਕੌਂਸਲਿੰਗ 3 ਨੂੰ

**ਗੁਰਦਾਸਪੁਰ (ਜਨਕ ਮਹਾਜਨ)**-ਡੇਅਰੀ ਵਿਕਾਸ ਵਿਭਾਗ ਪੰਜਾਬ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਅਨੁਸੂਚਿਤ ਜਾਤੀਆਂ ਨਾਲ ਸਬੰਧਿਤ ਪਸ਼ੂ ਪਾਲਕਾਂ ਅਤੇ ਬੇਰੋਜ਼ਗਾਰ ਨੌਜਵਾਨਾਂ ਲਈ ਮੁਫ਼ਤ ਡੇਅਰੀ ਸਿਖਲਾਈ ਕੋਰਸ 10 ਅਕਤੂਬਰ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਅਨੁਸੂਚਿਤ ਜਾਤੀ ਦੇ ਲਾਭਪਾਤਰੀਆਂ ਨੂੰ ਦੋ ਹਫਤੇ ਦੀ ਮੁਫ਼ਤ ਡੇਅਰੀ ਸਿਖਲਾਈ ਦੇ ਨਾਲ-ਨਾਲ ਸਫਲਤਾਪੂਰਵਕ ਟ੍ਰੇਨਿੰਗ ਕਰਨ ਉਪਰੰਤ ਰੁਪਏ 3,500 ਵਜ਼ੀਫਾ ਅਤੇ ਡੇਅਰੀ ਨਾਲ ਸਬੰਧਿਤ ਲਿਟਰੇਚਰ ਵੀ ਦਿੱਤਾ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਕਸ਼ਮੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਲਾਭਪਾਤਰੀਆਂ ਦੀ ਕੌਂਸਲਿੰਗ 3 ਅਕਤੂਬਰ ਨੂੰ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਬਲਾਕ-ਬੀ, ਚੌਥੀ ਮੰਜ਼ਿਲ, ਕਮਰਾ ਨੰ: 508 (01874-220163) ਵਿਖੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚਾਹਵਾਨ ਉਮੀਦਵਾਰ ਜਿਸ ਦੀ ਉਮਰ 18 ਤੋਂ 50 ਸਾਲ ਹੋਵੇ, ਪਿੰਡ ਦਾ ਵਸਨੀਕ ਹੋਵੇ, ਆਪਣਾ ਅਨੁਸੂਚਿਤ ਜਾਤੀ ਨਾਲ ਸਬੰਧਿਤ ਸਰਟੀਫਿਕੇਟ ਸਮੇਤ ਪਾਸਪੋਰਟ ਸਾਈਜ਼ ਫੋਟੋ, ਘੱਟੋ-ਘੱਟ ਪੰਜਵੀਂ ਪਾਸ ਦਾ ਤਸਦੀਕਸ਼ੁਦਾ ਯੋਗਤਾ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਦਫ਼ਤਰ ਵਿਖੇ ਹਾਜ਼ਰ ਹੋਣ। ਚੁਣੇ ਗਏ ਲਾਭਪਾਤਰੀਆਂ ਨੂੰ ਡੇਅਰੀ ਸਿਖਲਾਈ ਕੇਂਦਰ, ਵੇਰਕਾ (ਅੰਮ੍ਰਿਤਸਰ) ਵਿਖੇ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਸ਼ੂਆਂ ਦਾ ਡੇਅਰੀ ਯੂਨਿਟ ਸਥਾਪਿਤ ਕਰਨ ਉਪਰੰਤ ਲਾਭਪਾਤਰੀ ਨੂੰ 33 ਫੀਸਦੀ ਸਬਸਿਡੀ ਦਿੱਤੀ ਜਾਵੇਗੀ।

# ਗੈਂਗਸਟਰ ਹੈਪੀ ਜੱਟ ਦੇ 4 ਸ਼ਾਰਪ ਸ਼ੂਟਰ ਗ੍ਰਿਫਤਾਰ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਦਿਹਾਤੀ ਪੁਲਸ ਨੇ ਗੈਂਗਸਟਰ ਹੈਪੀ ਜੱਟ ਦੇ 4 ਸ਼ਾਰਪ ਸ਼ੂਟਰਾਂ ਨੂੰ ਗ੍ਰਿਫਤਾਰ ਕੀਤਾ ਹੈ। ਫੜੇ ਗਏ ਮੁਲਜ਼ਮਾਂ ਦੇ ਨਿਸ਼ਾਨੇ 'ਤੇ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਸਾਥੀ ਸਨ। ਪੁਲਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਪਿਸਤੌਲ, ਚਾਰ ਮੈਗਜ਼ੀਨ ਤੇ ਹੋਰ ਕਾਰਤੂਸ ਬਰਾਮਦ ਕੀਤੇ ਹਨ। ਐੱਸਐੱਸਪੀ ਸਵਪਨਾ ਸ਼ਰਮਾ ਨੇ ਸ਼ੁੱਕਰਵਾਰ ਸ਼ਾਮ ਪੁਲਸ ਲਾਈਨਜ਼ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਫੜੇ ਗਏ ਮੁਲਜ਼ਮਾਂ ਦੀ ਪਛਾਣ ਪ੍ਰਭਜੀਤ ਉਰਫ ਪ੍ਰਭ, ਗੁਰਦੀਪ ਉਰਫ ਗੀਤਾ ਵਾਸੀ ਝੰਡੇ, ਪ੍ਰਿਤਪਾਲ ਉਰਫ ਪੱਪੂ ਵਾਸੀ ਵੈਰੋਵਾਲ ਤੇ ਜੰਡਿਆਲਾ ਵਾਸੀ ਸੰਨੀ ਉਰਫ ਦਾੜ੍ਹੀ ਵਜੋਂ ਕੀਤੀ ਹੈ।

ਐੱਸਐੱਸਪੀ ਨੇ ਦੱਸਿਆ ਕਿ ਸੰਨੀ ਨੇ ਪੁਲਸ ਦੀ ਸਖਤੀ ਤੋਂ ਡਰਦਿਆਂ ਅਦਾਲਤ 'ਚ ਆਤਮ ਸਮਰਪਣ ਕਰ ਦਿੱਤਾ ਸੀ। ਉਸ ਨੂੰ ਪੁੱਛਗਿੱਛ ਲਈ ਲਿਆਂਦਾ ਜਾ ਰਿਹਾ ਹੈ। ਮੁਲਜ਼ਮਾਂ ਖਿਲਾਫ ਫਿਰੌਤੀ, ਡਕੈਤੀ, ਲੁੱਟ-ਖੋਹ, ਕਤਲ, ਨਸ਼ਾ ਤਸਕਰੀ, ਹਥਿਆਰਾਂ ਦੀ ਤਸਕਰੀ ਦੇ ਕੁੱਲ 16 ਕੇਸ ਦਰਜ ਹਨ। ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਉਹ ਮੱਧ ਪ੍ਰਦੇਸ ਦੇ ਇੰਦੌਰ ਜ਼ਿਲੇ ਤੋਂ ਹਥਿਆਰ ਖਰੀਦ ਕੇ ਇੱਥੇ ਤਸਕਰੀ ਕਰਦੇ ਹਨ। ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਮੁਲਜ਼ਮਾਂ ਨੇ ਪੰਜਾਬ 'ਚ ਕਿਹੜੇ-ਕਿਹੜੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕੀਤੇ ਹਨ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਇੱਕ ਕਾਰ ਵੀ ਬਰਾਮਦ ਕੀਤੀ ਹੈ, ਜਿਸ ਵਿੱਚ ਗੈਂਗਵਾਰ ਨੂੰ ਅੰਜਾਮ ਦੇਣ ਤੋਂ ਬਾਅਦ ਉਨ੍ਹਾਂ ਨੇ ਹਰਿਆਣਾ ਜਾ ਕੇ ਲੁਕਣਾ ਸੀ।

# ਨਵਾਂ ਨੌਸ਼ਹਿਰਾ ਤੇ ਚਾਵਾਂ 'ਚ ਮਲੇਰੀਆ/ਡੇਂਗੂ ਰੋਕੂ ਕੈਂਪ ਲਗਾਇਆ

**ਗੁਰਦਾਸਪੁਰ (ਜਨਕ ਮਹਾਜਨ)**-ਡਾ. ਪ੍ਰਭਜੋਤ ਕਲਸੀ ਡੀਮੋਲੋਜਿਸਟ ਦੀ ਅਗਵਾਈ ਹੇਠ ਸਿਹਤ ਵਿਭਾਗ ਦੀ ਟੀਮ ਸਮੇਤ ਪਿੰਡ ਚਾਵਾਂ ਅਤੇ ਨਵਾਂ ਨੌਸ਼ਹਿਰਾ ਵਿਖੇ ਡੇਂਗੂ ਅਤੇ ਮਲੇਰੀਆ ਦੀ ਰੋਕਥਾਮ ਵਾਸਤੇ ਕੈਂਪ ਦਾ ਅਯੋਜਨ ਕੀਤਾ ਗਿਆ ਜਿਸ ਵਿਚ ਉਨ੍ਹਾਂ ਦੀ ਟੀਮ ਵਲੋਂ ਸਰਕਾਰੀ ਮਿਡਲ ਸਕੂਲ ਚਾਵਾਂ ਅਤੇ ਪਿੰਡ ਨਵਾਂ ਨੌਸ਼ਹਿਰਾ ਵਿਖੇ ਵੱਖ-ਵੱਖ ਥਾਵਾਂ ਉੱਤੇ ਡੇਂਗੂ/ਮਲੇਰੀਆ ਨੂੰ ਰੋਕਣ ਵਾਸਤੇ ਦਵਾਈਆਂ ਦਾ ਛਿੜਕਾਅ ਕੀਤਾ। ਡਾ. ਕਲਸੀ ਅਤੇ ਉਨ੍ਹਾਂ ਦੀ ਟੀਮ ਮੈਂਬਰਾਂ ਨੇ ਲੋਕਾਂ ਨੂੰ ਅਪਣੇ ਘਰਾਂ ਦਾ ਆਲਾ-ਦੁਆਲਾ ਸਾਫ ਰੱਖਣ ਲਈ ਅਪੀਲ ਕੀਤੀ। ਪ੍ਰਬੋਧ ਚੰਦਰ ਹੈਲਥ ਇਸਪੈਕਟਰ, ਪਵਨ ਕੁਮਾਰ ਡਿਸਪੈਂਸਰੀ ਨਵਾਂ ਸ਼ਾਲਾ, ਬਲਰਾਜ ਮਨਿੰਦਰ ਸਿੰਘ ਬਰੀਡਿਗ ਚੱਕਰ, ਐਸਪੀਐਚਡਬਲਯੂ, ਪ੍ਰੇਮ ਮਸੀਹ ਅਤੇ ਸਟਾਫ ਨੇ ਲੋਕਾਂ ਦੇ ਘਰਾਂ ਵਿਚ ਜਾ ਕੇ ਸਫਾਈ ਰੱਖਣ ਤੇ ਜ਼ੋਰ ਦਿੱਤਾ ਅਤੇ ਜਿਥੇ ਗੰਦਾ ਪਾਣੀ ਖੜ੍ਹਾ ਸੀ ਉਸ ਜਗ੍ਹਾ 'ਤੇ ਸਪਰੇਅ ਵੀ ਕੀਤੀ ਅਤੇ ਡੇਂਗੂ ਤੇ ਮਲੇਰੀਆ ਤੋਂ ਬਚਾਂ ਲਈ ਕਈ ਤਰ੍ਹਾਂ ਦੇ ਨੁਕਤੇ ਸਾਂਝੇ ਕੀਤੇ।

# ਟੀ-10 ਕ੍ਰਿਕਟ ਫਾਈਨਲ ਮੈਚ ਕੁਲਦੀਪ ਸੈਕਟਰੀ ਦੀ ਟੀਮ ਨੇ ਜਿੱਤਿਆ



**ਕਲਾਨੌਰ (ਕੋਹਲੀ)**-ਕਲਾਨੌਰ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਮੀਰੀ ਪੀਰੀ ਸਪੋਰਟਸ ਕਲੱਬ ਕਲਾਨੌਰ ਅਤੇ ਐੱਨਆਰਆਈ ਵੀਰਾਂ ਵੱਲੋਂ ਸ਼ਹੀਦ ਭਗਤ ਸਿੰਘ ਸਟੇਡੀਅਮ ਕਲਾਨੌਰ ਵਿਖੇ ਪਹਿਲਾ ਟੀ-10 ਕਲਾਨੌਰ ਲੀਗ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ ਵਿੱਚ ਕੁਲਦੀਪ ਸੈਕਟਰੀ ਅਤੇ ਤੇਜਿੰਦਰ ਪ੍ਰਧਾਨ ਦੀਆਂ ਟੀਮਾਂ ਭਿੜੀਆਂ। ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਕੁਲਦੀਪ ਸੈਕਟਰੀ ਦੀ ਟੀਮ ਵੱਲੋਂ ਤਜਿੰਦਰ ਪ੍ਰਧਾਨ ਦੀ ਟੀਮ ਨੂੰ 115 ਦੌੜਾਂ ਦਾ ਟੀਚਾ ਦਿੱਤਾ ਗਿਆ ਜਿਸ 'ਤੇ ਤਜਿੰਦਰ ਪ੍ਰਧਾਨ ਦੀ ਟੀਮ ਦਸ ਓਵਰਾਂ ਵਿੱਚ ਸਿਰਫ 100 ਦੌੜਾਂ ਹੀ ਬਣਾ ਸਕੀ ਅਤੇ ਫਾਈਨਲ ਮੁਕਾਬਲਾ ਕੁਲਦੀਪ ਸੈਕਟਰੀ ਦੀ ਟੀਮ ਨੇ 14 ਦੌੜਾਂ ਨਾਲ ਜਿੱਤ ਲਿਆ ਅਤੇ ਕੱਪ ਨੂੰ ਆਪਣੇ ਕਬਜ਼ੇ ਵਿੱਚ ਕੀਤਾ। ਇਸ ਮੌਕੇ ਤੇ ਅਮਿਤ ਚਾਵਲਾ, ਜੱਗੀ ਠਾਂਗਰੀ ,ਮੰਨੂ, ਮੁਕੇਸ਼ ਬਲਹੋਤਰਾ, ਗੁਲਸ਼ਨ ਕੁਮਾਰ, ਵਿਸ਼ੂ , ਕਾਰਤਿਕ, ਲਵ ਤਲਵਾਰ, ਗੱਭਰੂ ਸਿੰਘ ਅਤੇ ਹਰਵਿੰਦਰ ਆਦਿ ਵੀ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਨੇ ਡੀ ਸੀ ਤਰਨਤਾਰਨ ਨਾਲ ਕੀਤੀ ਮੀਟਿੰਗ



**ਝਬਾਲ (ਹਰਜਿੰਦਰ ਸਿੰਘ ਸੋਨੀ/ਗੌਬਿਨ ਸਿੰਘ ਸੋਨੀ)** ਬੀਤੇ ਕੱਲ੍ਹ ਡਿਪਟੀ ਕਮਿਸ਼ਨਰ ਤਰਨਤਾਰਨ ਦੀ ਨਿਗਰਾਨੀ ਹੇਠ ਬੀਕੇਯੂ ਏਕਤਾ ਡਕੌਂਦਾ ਵੱਲੋਂ ਜ਼ਿਲ੍ਹਾ ਪ੍ਰਧਾਨ ਨਿਰਪਾਲ ਸਿੰਘ ਜੌਣੇਕੇ ਅਤੇ ਪਾਵਰਕਾਮ ਵੱਲੋਂ ਡਿਪਟੀ ਚੀਫ ਇੰਜੀਨੀਅਰ ਸਰਕਲ ਤਰਨਤਾਰਨ ਗੁਰਸ਼ਰਨ ਸਿੰਘ ਖਹਿਰਾ ਦੀ ਅਗਵਾਈ ਹੇਠ ਮੀਟਿੰਗ ਹੋਈ ਜਿਸ ਵਿਚ ਸਬ ਡਵੀਜ਼ਨ ਝਬਾਲ ਵਿੱਚ ਜੋ ਕਿਸਾਨਾਂ ਅਤੇ ਪਾਵਰਕਾਮ ਅਧਿਕਾਰੀਆਂ ਵਿੱਚ ਚੱਲ ਰਹੇ ਵਿਵਾਦ ਨੂੰ ਖਤਮ ਕਰਨ ਲਈ ਡੀਸੀ ਵੱਲੋਂ ਦਖ਼ਲ ਦੇਣ ਤੋਂ ਬਾਅਦ ਦੋਵਾਂ ਪਾਸਿਆਂ ਤੋਂ ਤਕਰਾਰ ਖਤਮ ਕਰਨ ਲਈ ਕਦਮ ਅੱਗੇ ਵਧਾਉਣੇ ਸ਼ੁਰੂ ਕਰ ਦਿੱਤੇ ਗਏ ਹਨ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਕੱਤਰੇਤ ਦੇ ਆਗੂ ਜਸਬੀਰ ਸਿੰਘ ਗੰਡੀਵਿੰਡ ਨੇ ਕਿਹਾ ਕਿ ਪਿੰਡ ਦੋਦੇ ਅਤੇ ਛਾਪੇ ਦੇ ਕਿਸਾਨਾਂ ਨੂੰ ਚੈਕਿੰਗ ਦੇ ਦੌਰਾਨ ਪਾਵਰਕਾਮ ਅਧਿਕਾਰੀਆਂ ਵੱਲੋਂ ਘਰੇਲੂ ਖਪਤਕਾਰਾਂ ਨੂੰ ਨਜਾਇਜ਼ ਜੁਰਮਾਨੇ ਪਾਏ ਗਏ ਸਨ। ਉਨ੍ਹਾਂ ਜੁਰਮਾਨਿਆਂ ਦੇ ਨੂੰ ਡਿਪਟੀ ਚੀਫ ਇੰਜੀਨੀਅਰ ਵੱਲੋਂ ਸੋਮਵਾਰ ਨੂੰ ਕਿਸਾਨਾਂ ਨਾਲ ਮੀਟਿੰਗ ਵਿੱਚ ਹੱਲ ਕਰ ਦਿੱਤਾ ਜਾਵੇਗਾ ਕਿਉਂਕਿ ਖਪਤਕਾਰ ਪਾਏ ਗਏ ਜੁਰਮਾਨੇ ਭਰਨ ਤੋਂ ਅਸਮਰਥ ਹਨ ਅਤੇ ਧਰਨੇ ਦੇ ਦੌਰਾਨ ਕਿਸਾਨਾਂ 'ਤੇ ਝੂਠੇ ਪਰਚੇ ਦਰਜ ਕੀਤੇ ਗਏ ਹਨ, ਉਨ੍ਹਾਂ ਨੂੰ ਰੱਦ ਕਰਨ ਲਈ ਮੀਟਿੰਗ ਵਿੱਚ ਮੌਜੂਦ ਡੀਐਸਪੀ ਹਰਿੰਦਰ ਸਿੰਘ ਵੱਲੋਂ ਜ਼ਿੰਮੇਵਾਰੀ ਆਪਣੇ ਸਿਰ ਲੈਂਦਿਆਂ ਕਿਹਾ ਕਿ ਬਹੁਤ ਜਲਦੀ ਕਾਨੂੰਨੀ ਪ੍ਰਕਿਰਿਆ ਪੂਰੀ ਕਰਕੇ ਪਰਚਾ ਰੱਦ ਕਰ ਦਿੱਤਾ ਜਾਵੇਗਾ। ਜੋ ਤਕਰਾਰ ਪਾਵਰਕਾਮ ਅਧਿਕਾਰੀਆਂ ਨਾਲ ਚੱਲ ਰਿਹਾ ਸੀ ਉਸ ਦਾ ਵੀ ਨਿਪਟਾਰਾ ਕਰਨ ਦੀ ਸੋਮਵਾਰ ਦੀ ਮੀਟਿੰਗ ਵਿੱਚ ਸਹਿਮਤੀ ਪ੍ਰਗਟਾਈ ਗਈ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਐਕਸੀਅਨ ਸਿਟੀ ਤਰਸੇਮ ਕੁਮਾਰ, ਬਾਜ ਸਿੰਘ ਗੰਡੀਵਿੰਡ ਧੱਤਲ, ਨਿਰਵੈਲ ਸਿੰਘ ਪੰਜਵੜ, ਪ੍ਰੈੱਸ ਸਕੱਤਰ ਜਗਜੀਤ ਸਿੰਘ, ਜ਼ਿਲ੍ਹਾ ਖਜਾਨਚੀ ਰਣਧੀਰ ਸਿੰਘ, ਅਮਰਜੀਤ ਸਿੰਘ ਹਰੀਕੇ, ਬਲਵਿੰਦਰ ਸਿੰਘ ਗੰਡੀਵਿੰਡ ਧੱਤਲ, ਮੁੱਖਤਾਰ ਸਿੰਘ ਦੋਦੇ, ਹਰਦੀਪ ਸਿੰਘ ਦੋਦੇ, ਕੁਲਵਿੰਦਰ ਸਿੰਘ ਢੰਡ,ਬਲਕਾਰ ਸਿੰਘ ਗੰਡੀਵਿੰਡ, ਸਰਵਨ ਸਿੰਘ ਗੰਡੀਵਿੰਡ ਧੱਤਲ, ਹਰਜਿੰਦਰ ਸਿੰਘ ਮਾਣਕਪੁਰਾ, ਜਰਨੈਲ ਸਿੰਘ ਕੀੜੀਆਂ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ।

# 'ਆਈ ਸੀ ਨੰਦਾ ਦੀ ਸਮਾਜ ਨੂੰ ਦੇਣ' ਵਿਸ਼ੇ 'ਤੇ ਸੈਮੀਨਾਰ ਕਰਵਾਇਆ



**ਬਟਾਲਾ (ਤਰਲੋਕ ਬੱਗਾ)**—ਨਟਾਲੀ ਰੰਗਮੰਚ ਗੁਰਦਾਸਪੁਰ ਤੇ ਭਾਸ਼ਾ ਵਿਭਾਗ ਗੁਰਦਾਸਪੁਰ ਵਲੋਂ ਪੰਜਾਬੀ ਨਾਟਕ ਦੇ ਪਿਤਾਮਾ ਪ੍ਰੋ: ਈਸ਼ਵਰ ਚੰਦਰ ਨੰਦਾ ਦੇ 130ਵੇਂ ਜਨਮ ਦਿਹਾੜੇ ਦੇ ਮੌਕੇ 'ਆਈ. ਸੀ. ਨੰਦਾ ਦੀ ਸਮਾਜ ਨੂੰ ਦੇਣ' ਵਿਸ਼ੇ 'ਤੇ ਸੈਮੀਨਾਰ ਸਰਕਾਰੀ ਕਾਲਜ, ਗੁਰਦਾਸਪੁਰ ਵਿੱਚ ਕਰਵਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵਜੋਂ ਡਾ. ਪਰਮਜੀਤ ਸਿੰਘ ਕਲਸੀ, ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਨੇ ਸ਼ਿਕਰਤ ਕੀਤੀ। ਡਾ. ਸੁਰੇਸ਼ ਮਹਿਤਾ, ਜ਼ਿਲ੍ਹਾ ਭਾਸ਼ਾ ਅਫਸਰ, ਪਠਾਨਕੋਟ ਨੇ ਪ੍ਰੋਫੈਸਰ ਨੰਦਾ ਦੇ ਜੀਵਨ ਤੇ ਉਨ੍ਹਾਂ ਦੀ ਸਾਹਿਤ ਰਚਨਾ ਦੀ ਸਮਾਜ ਨੂੰ ਦੇਣ ਸਬੰਧੀ ਵਿਦਿਆਰਥੀਆਂ ਤੇ ਸਰੋਤਿਆਂ ਨੂੰ ਜਾਣੂੰ ਕਰਵਾਇਆ। ਲੈਫਟੀਨੈਂਟ ਕਮਾਂਡਰ (ਨੇਵੀ) ਪਰਸ਼ੋਤਮ ਸਿੰਘ ਲੱਲੀ ਨਾਟਕਕਾਰ ਸਰੋਤਿਆਂ ਨਾਲ ਰੂ-ਬ-ਰੂ ਹੋਏ। ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਾਹੜਾ ਦੀ ਰਹਿਨੁਮਾਈ ਹੇਠ ਹੋਏ ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਰਛਪਾਲ ਸਿੰਘ ਘੁੰਮਣ, ਜਨਰਲ ਸਕੱਤਰ, ਪ੍ਰੋ. ਗੁਰਮੀਤ ਸਿੰਘ ਸਰਾਂ, ਬਲਵੰਤ ਸਿੰਘ ਘੁੱਲਾ ਤੇ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਆਪਣੇ ਵਿਚਾਰ ਪੇਸ਼ ਕੀਤੇ। ਵਿਜੇ ਅਗਨੀਹੋਤਰੀ, ਜੋਗਿੰਦਰ ਸਿੰਘ ਸਿੰਘਪੁਰੀਆ ਤੇ ਵਿਦਿਆਰਥੀ ਮਸਾਉਣ ਮਸੀਹ ਨੇ ਗੀਤ, ਸੁਲਤਾਨ ਭਾਰਤੀ, ਜਨਕ ਰਾਜ ਰਠੌਰ ਤੇ ਵਿਦਿਆਰਥੀ ਰਣਬੀਰ ਸਿੰਘ ਸੰਧੂ ਨੇ ਗਜ਼ਲ ਤੇ ਕਵਿਤਾਵਾਂ ਪੇਸ਼ ਕੀਤੀਆਂ।

ਸਰਕਾਰੀ ਕਾਲਜ, ਗੁਰਦਾਸਪੁਰ ਦੇ ਵਾਈਸ ਪ੍ਰਿੰ. ਗੁਰਿੰਦਰ ਸਿੰਘ ਕਲਸੀ ਨੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ, ਨਟਾਲੀ ਰੰਗਮੰਚ ਤੇ ਭਾਸ਼ਾ ਵਿਭਾਗ ਦਾ ਧੰਨਵਾਦ ਕੀਤਾ। ਨਵੰਬਰ ਮਹੀਨੇ ਵਿੱਚ ਇਨ੍ਹਾਂ ਸੰਸਥਾਵਾਂ ਨਾਲ ਮਿਲ ਕੇ ਵੱਡਾ ਪ੍ਰੋਗਰਾਮ ਕਰਵਾਇਆ ਜਾਵੇਗਾ, ਜਿਸ ਵਿਚ ਨਾਟਕ ਤੇ ਗੀਤ ਸੰਗੀਤ ਤੇ ਹਾਸ-ਵਿਅੰਗ ਵੀ ਹੋਵੇਗਾ। ਮੰਚ ਵਲੋਂ ਪਰਸ਼ੋਤਮ ਸਿੰਘ ਲੱਲੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਸਟਰ ਸੁਭਾਸ਼, ਸ਼ਾਮ ਲਾਲ, ਨਵਰਾਜ ਸਿੰਘ ਸੰਧੂ, ਸੁਖਵਿੰਦਰ ਸਿੰਘ ਰਾਣਾ ਤੇ ਕਾਲਜ ਦੇ ਬਹੁਤ ਸਾਰੇ ਵਿਦਿਆਰਥੀ ਤੇ ਵਿਦਿਆਰਥਣਾਂ ਹਾਜ਼ਰ ਸਨ।

# ਜਿੰਦਲ ਕਿਚਨਜ਼ ਨੇ ਲੁਧਿਆਣਾ 'ਚ ਆਪਣਾ ਪਲੇਠਾ ਫਰੈਂਚਾਈਜ਼ੀ ਸਟੋਰ ਕੀਤਾ ਲਾਂਚ

**ਲੁਧਿਆਣਾ:** ਘਰਾਂ ਵਿੱਚ ਸਟੇਨਲੈਸ ਸਟੀਲ ਦੇ ਭਾਰਤ ਦੇ ਸਭ ਤੋਂ ਭਰੋਸੇਮੰਦ ਪ੍ਰੀਮੀਅਮ ਬ੍ਰਾਂਡ ਜਿੰਦਲ ਕਿਚਨਜ਼ ਨੇ ਲੁਧਿਆਣਾ, ਪੰਜਾਬ ਵਿੱਚ ਆਪਣਾ ਨਵਾਂ ਸਟੋਰ ਲਾਂਚ ਕੀਤਾ ਹੈ। ਸਟੋਰ ਦਾ ਉਦਘਾਟਨ ਬੁੱਧਵਾਰ ਨੂੰ ਮੁੱਖ ਮਹਿਮਾਨ ਸੰਜੇ ਗੋਇਲ, ਡਾਇਰੈਕਟਰ, ਲੁਧਿਆਣਾ ਸਮਾਰਟ ਸਿਟੀ ਲਿਮਟਿਡ ਅਤੇ ਚੇਅਰਮੈਨ, ਇੰਡੀਅਨ ਇਸਟੀਚਿਊਟ ਆਫ ਆਰਕੀਟੈਕਟਸ ਪੰਜਾਬ ਚੈਪਟਰ, ਜਿੰਦਲ ਕਿਚਨਜ਼ ਦੇ ਬਿਜ਼ਨੈਸ ਹੈੱਡ ਪਵਨ ਚੋਪੜਾ ਅਤੇ ਫ੍ਰੈਂਚਾਈਜ਼ੀ ਪਾਰਟਨਰ ਅਨਿਕੇਤ ਗੁਪਤਾ ਨੇ ਕੀਤਾ। ਨਵੀਨਤਮ ਸਟੋਰ ਵਿੱਚ ਲਾਈਫਸਟਾਈਲ ਗਾਹਕਾਂ ਨੂੰ ਸਟੇਨਲੈੱਸ ਸਟੀਲ ਰਸੋਈ ਦੀ ਇੱਕ ਸ਼ਾਨਦਾਰ ਰੇਂਜ ਦਾ ਪ੍ਰਦਰਸ਼ਨ ਕਰੇਗੀ। ਇਹ ਗਾਹਕਾਂ ਨੂੰ ਸਭ ਤੋਂ ਵਧੀਆ ਡਿਜ਼ਾਈਨ, ਉੱਤਮ ਨਿਰਮਾਣ ਅਤੇ ਸ਼ਾਨਦਾਰ ਕਾਰੀਗਰੀ ਦੀ ਪੇਸ਼ਕਸ਼ ਕਰੇਗਾ। ਸ਼ਹਿਰ ਵਿੱਚ ਇੱਕ ਬਹੁਤ ਹੀ ਪ੍ਰਸਿੱਧ ਅਤੇ ਪ੍ਰਮੁੱਖ ਸਥਾਨ ਰਿਸ਼ੀ ਨਗਰ ਵਿਖੇ ਨਵਾਂ ਸਟੋਰ ਲਾਂਚ ਕੀਤਾ ਗਿਆ। ਹੁਣ ਲੁਧਿਆਣਾ ਵਿੱਚ ਜਿੰਦਲ ਕਿਚਨਜ਼ ਆਸਾਨੀ ਨਾਲ ਪਹੁੰਚਯੋਗ ਹੈ। ਇਹ ਉਨ੍ਹਾਂ ਗਾਹਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ ਜੋ ਘੱਟ ਰੱਖ-ਰਖਾਅ ਅਤੇ ਵਾਤਾਵਰਣ-ਅਨੁਕੂਲ ਰਸੋਈ ਦੀ ਰੇਂਜ ਦੀ ਭਾਲ ਕਰ ਰਹੇ ਹਨ। ਜਿੰਦਲ ਕਿਚਨਜ਼ ਇੱਕ ਅਜਿਹਾ ਨਾਮ ਹੈ ਜੋ ਡਿਜ਼ਾਈਨ, ਵਧੀਆ ਨਿਰਮਾਣ ਅਤੇ ਸ਼ਾਨਦਾਰ ਕਾਰੀਗਰੀ ਵਿੱਚ ਸਭ ਤੋਂ ਵਧੀਆ ਉਦਾਹਰਣ ਦਿੰਦਾ ਹੈ, ਇਹ ਸੰਗ੍ਰਹਿ ਵਿਸ਼ੇਸ਼ ਤੌਰ 'ਤੇ ਵਾਟਰਪਰੂਫ ਅਤੇ ਖੋਰ ਰੋਧਕ ਹੋਣ ਦੇ ਨਾਲ ਇਹ ਸਿਓਂਕ ਦੁਆਰਾ ਵੀ ਪ੍ਰਭਾਵਿਤ ਨਹੀਂ ਹੁੰਦਾ ਹੈ।

# ਕਲਾ ਨੂੰ ਉਭਾਰਨ ਹਿੱਤ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ/ਗੌਬਿਨ ਸਿੰਘ ਸੋਨੀ)**-ਬਾਬਾ ਬੁੱਢਾ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸੰਤੋਖ ਸਿੰਘ ਡਾਇਰੈਕਟਰ ਡਾ. ਜੋਗਿੰਦਰ ਸਿੰਘ ਕੈਰੋਂ ਅਤੇ ਸਮੂਹ ਪ੍ਰਬੰਧਕ ਕਮੇਟੀ ਮੈਂਬਰ ਸਾਹਿਬਾਨ ਦੀ ਰਹਿਨੁਮਾਈ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਬੀੜ ਸਾਹਿਬ ਦੇ ਪ੍ਰਿੰਸੀਪਲ ਰਾਜਵਿੰਦਰਜੀਤ ਸਿੰਘ ਖਹਿਰਾ ਨੇ ਦੱਸਿਆ ਕਿ ਬਾਬਾ ਬੁੱਢਾ ਜੀ ਕਾਲਜੀਏਟ ਸੀ. ਸੈ. ਸਕੂਲ ਬੀੜ ਸਾਹਿਬ ਵਿਖੇ +1+2 ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਦੇਸ਼ ਭਗਤੀ ਦੇ ਜਜ਼ਬੇ ਬਾਰੇ ਦੱਸਿਆ ਗਿਆ। ਇਸ ਮੌਕੇ ਉੱਤੇ ਕਾਲਜ ਸਟਾਫ ਪ੍ਰੋ, ਸੋਨੀਆ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਇੰਦਰਜੀਤ ਸਿੰਘ, ਮੈਡਮ ਕੁਲਵਿੰਦਰ ਕੌਰ ਅਤੇ ਸੁਖਬੀਰ ਸਿੰਘ ਆਦਿ ਹਾਜ਼ਰ ਸਨ।

# ਖੱਬੀਆਂ ਤੇ ਜਮਹੂਰੀ ਤਾਕਤਾਂ ਦਾ ਇੱਕਮੁੱਠ ਹੋਣਾ ਸਮੇਂ ਦੀ ਮੁੱਖ ਲੋੜ : ਆਰ ਐੱਮ ਪੀ ਆਈ ਆਗੂ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਜਥੇਪਲ ਸੰਗਰੂਰ ਵਿੱਖੇ ਹੋਈ ਦੂਜੀ ਜਥੇਬੰਦਕ ਕਾਨਫਰੰਸ ਵਿੱਚ ਕੌਮੀ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਦੀ ਦੇਖ ਰੇਖ ਹੇਠ ਹੋਈ। ਚੋਣ ਵਿੱਚ ਪਾਰਟੀ ਦੇ ਸੂਬਾਈ ਪ੍ਰਧਾਨ ਰਤਨ ਸਿੰਘ ਰੰਧਾਵਾ, ਸਕੱਤਰ ਪਰਗਟ ਸਿੰਘ ਜਾਮਾਰਾਏ ਅਤੇ ਪ੍ਰੋ. ਜੈਪਾਲ ਸਿੰਘ ਦੇ ਖਜਾਨਚੀ ਚੁਣੇ ਜਾਣ 'ਤੇ ਪਾਰਟੀ ਦੇ ਵਰਕਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਹੈ। ਪਾਰਟੀ ਦੀ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਚਮਨ ਲਾਲ ਦਰਾਜਕੇ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਖਜਾਨਚੀ ਬਲਦੇਵ ਸਿੰਘ ਪੰਡੋਰੀ, ਜ਼ਿਲ੍ਹਾ ਕਮੇਟੀ ਮੈਂਬਰ ਸੁਲੱਖਣ ਸਿੰਘ ਤੁੜ, ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੇਲੋਕੇ, ਦਾਰਾ ਸਿੰਘ ਮੁੰਡਾ ਪਿੰਡ, ਅਜੀਤ ਸਿੰਘ ਢੋਟਾ ਨੰਬਰਦਾਰ ਵੱਲੋਂ ਸੁਲੱਖਣ ਸਿੰਘ ਤੁੜ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਲੋਕ ਹਿਤਾਂ ਵਿੱਚ ਦਹਾਕਿਆਂ ਬੱਧੀ ਸੇਵਾ ਕਰਨ ਵਾਲੇ ਇਨ੍ਹਾਂ ਆਗੂਆਂ ਦੀ ਅਗਵਾਈ ਹੇਠ ਪਾਰਟੀ ਦਿਨ ਦੂਣੀ ਤਰੱਕੀ ਕਰੇਗੀ। ਪਾਰਟੀ ਆਗੂਆਂ ਨੇ ਕਿਹਾ ਕਿ ਜਦੋਂ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਜਵਾਨੀ ਇਤਿਹਾਸ ਦੀ ਸਭ ਤੋਂ ਵੱਧ ਬੇਰੁਜ਼ਗਾਰੀ ਅਤੇ ਲੋਕ ਮਹਿੰਗਾਈ ਤੋਂ ਤਰਾਹ-ਤਰਾਹ ਕਰ ਰਹੇ ਹਨ। ਅਤੇ ਆਰਐੱਸਐੱਸ ਆਪਣੇ ਫਿਰਕੂ ਫਾਸਿਸਟ ਏਜੰਡੇ ਤਹਿਤ ਘੱਟ ਗਿਣਤੀਆਂ ਅਤੇ ਦਲਿਤਾਂ ਉੱਪਰ ਹਮਲੇ ਕਰਕੇ ਲੋਕ ਮਨਾਂ ਵਿਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਰਹੀ ਹੈ ਅਤੇ ਲੋਕਾਂ ਵਿਚਕਾਰ ਵੰਡੀਆਂ ਪਾ ਰਹੀ ਹੈ। ਉਸ ਵਕਤ ਖੱਬੀਆਂ ਅਤੇ ਜਮਹੂਰੀ ਤਾਕਤਾਂ ਦਾ ਇੱਕਮੁੱਠ ਅਤੇ ਮਜ਼ਬੂਤ ਹੋਣਾ ਸਮੇਂ ਦੀ ਇਤਿਹਾਸਕ ਲੋੜ ਹੈ। ਲੋਕ ਹਿਤਾਂ ਲਈ ਪਰਨਾਈ ਹੋਈ ਲੀਡਰਸ਼ਿਪ ਦਾ ਚੁਣੇ ਜਾਣਾ ਸ਼ੁਭ ਸ਼ਗਨ ਹੈ।

# ਗੁਰਦਾਸਪੁਰ-ਮੁਕੇਰੀਆਂ ਨੂੰ ਰੇਲਵੇ ਲਾਈਨ ਨਾਲ ਜੋੜਨ ਦੀ ਮੰਗ

**ਗੁਰਦਾਸਪੁਰ (ਜਨਕ ਮਹਾਜਨ)**-ਬੇਟ ਇਲਾਕੇ ਅੰਦਰ ਸਾਬਕਾ ਫੌਜੀਆਂ ਅਤੇ ਅਫਸਰਾਂ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆ ਦੱਸਿਆ ਕਿ ਤਿੱਬੜੀ ਛਾਉਣੀ 1976 ਵਿਚ ਹੋਂਦ ਵਿਚ ਆਈ ਸੀ ਅਤੇ ਡਿਫੈਂਸ ਮੰਤਰਾਲੇ ਨੇ ਗੁਰਦਾਸਪੁਰ-ਮੁਕੇਰੀਆਂ ਨੂੰ ਰੇਲਵੇ ਲਾਈਨ ਨਾਲ ਜੋੜਨ ਵਾਸਤੇ ਕਈ ਉਪਰਾਲੇ ਕੀਤੇ ਸਨ ਅਤੇ 44 ਸਾਲ ਬੀਤ ਜਾਣ ਦੇ ਬਾਅਦ ਵੀ ਇਹ ਆਰਮੀ ਅਤੇ ਆਮ ਲੋਕਾਂ ਦਾ ਸੁਪਨਾ ਸਾਕਾਰ ਨਹੀ ਹੋਇਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀ ਮੱਖਣ ਸਿੰਘ, ਤਰਸੇਮ ਸਿੰਘ ਆਦਿ ਨੇ ਦੱਸਿਆ ਤਿੱਬੜੀ ਕੈਂਟ ਵਿਖੇ ਹਜ਼ਾਰਾਂ ਦੀ ਗਿਣਤੀ ਵਿਚ ਫੌਜੀ ਨੌਕਰੀ ਕਰਦੇ ਹਨ ਅਤੇ ਕੁਝ ਅਪਣੇ ਪਰਿਵਾਰਾਂ ਸਮੇਤ ਰਹਿੰਦੇ ਹਨ ਜਿਨ੍ਹਾਂ ਨੂੰ ਦੂਰ ਦੁਰਾਡੇ ਆਪਣੇ ਘਰ ਜਾਣ ਵਾਸਤੇ ਰੇਲ ਗੱਡੀ ਫੜਨ ਵਾਸਤੇ ਗੁਰਦਾਸਪੁਰ, ਅੰਮ੍ਰਿਤਸਰ, ਮੁਕੇਰੀਆਂ ਜਾਂ ਪਠਾਨਕੋਟ ਜਾਣਾ ਪੈਂਦਾ ਹੈ ਜਿਸ ਨਾਲ ਸਮੇਂ ਦੇ ਨਾਲ ਨਾਲ ਪੈਸੇ ਦੀ ਵੀ ਬਰਬਾਦੀ ਹੁੰਦੀ ਹੈ।

ਉਨ੍ਹਾਂ ਦੱਸਿਆ ਕਿ ਫੌਜੀਆਂ ਤੋਂ ਇਲਾਵਾ ਇਸ ਇਲਾਕੇ ਅੰਦਰ ਸੈਂਕੜਿਆਂ ਦੀ ਗਿਣਤੀ ਵਿਚ ਰਹਿੰਦੇ ਪਿੰਡ ਵਾਸੀਆਂ ਨੂੰ ਵੀ ਰੇਲ ਸਫਰ ਕਰਨ ਲਈ ਅਜਿਹੀ ਹੀ ਮੁਸ਼ਕਿਲ ਪੇਸ਼ ਆਉਂਦੀ ਹੈ। ਲੋਕਾਂ ਦੀ ਕੇਂਦਰ ਸਰਕਾਰ ਪਾਸੋਂ ਮੰਗ ਹੈ ਕਿ ਗੁਰਦਾਪੁਰ ਤੋਂ ਮੁਕੇਰੀਆਂ ਵਾਇਆ ਤਿੱਬੜੀ ਕੈਂਟ ਰੇਲ ਚਲਾਈ ਜਾਵੇ ਜਿਸ ਨਾਲ ਇਲਾਕਾ ਵਾਸੀਆਂ ਨੂੰ ਰਾਹਤ ਮਿਲ ਸਕੇ।

# ਰੇਤਾ-ਬੱਜਰੀ ਨਾ ਮਿਲਣ ਕਾਰਨ ਲੋਕ ਔਖੇ, ਮਜ਼ਦੂਰਾਂ ਦਾ ਕੰਮਕਾਜ ਠੱਪ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਆਮ ਆਦਮੀ ਸਰਕਾਰ ਵੱਲੋਂ ਹਰ ਘਰ ਰੋਜ਼ਗਾਰ ਦੇਣ ਦੇ ਵਾਅਦੇ ਨਾਲ ਸੱਤਾ 'ਚ ਆਈ ਰੇਤ ਬੱਜਰੀ ਨਾਂ ਮਿਲਣ ਕਾਰਨ ਲੋਕਾਂ ਦੇ ਮਕਾਨਾਂ ਦਾ ਕੰਮ ਅੱਧ ਵਿਚਾਲੇ ਲਟਕੇ ਮਜਦੂਰਾਂ ਦਾ ਕਾਰੋਬਾਰ ਵੀ ਠੱਪ ਰੇਤ ਬੱਜਰੀ ਦੇ ਰੇਟ ਅਸਮਾਨ ਨੂੰ ਛੂਹਣ ਲੱਗੇ। ਆਮ ਆਦਮੀ ਦੀ ਪਹੁੰਚ ਤੋਂ ਰੇਤ ਬੱਜਰੀ ਹੋਈ ਦੂਰ। ਨਿਰਮਾਣ ਯੂਨੀਅਨ ਦੀ ਮੀਟਿੰਗ ਸਤਨਾਮ ਸਿੰਘ ਬੁਰਜ ਦੀ ਅਗਵਾਈ ਵਿੱਚ ਹੋਈ। ਇਸ ਮੌਕੇ ਇਸ ਯੂਨੀਅਨ ਦੇ ਕਨਵੀਨਰ ਕਾਮਰੇਡ ਧਰਮ ਸਿੰਘ ਨੇ ਕਿਹਾ ਕਿ ਆਮ ਆਦਮੀ ਦੀ ਸਰਕਾਰ ਨੇ ਮਕਾਨ ਉਸਾਰੀ ਨਾਲ ਸਬੰਧਤ ਹਰੇਕ ਮਜ਼ਦੂਰ ਜਿਵੇਂ ਰਾਜ ਮਿਸਤਰੀ, ਵੈਲਡਰ, ਲੱਕੜ ਦੇ ਮਿਸਤਰੀ, ਰੰਗ ਰੋਗਨ ਵਾਲੇ, ਬਿਲਡਿੰਗ ਦਾ ਮਟੀਰੀਅਲ ਦੀ ਢੋਆ ਢੋਆਈ ਦਾ ਕੰਮ ਕਰਨ ਵਾਲੇ ਆਦਿ ਦੇ ਕੰਮ ਤੋਂ ਵਿਹਲੇ ਹੋਣ ਨਾਲ ਉਹਨਾਂ ਦੇ ਸਾਹ ਸੂਤੇ ਗਏ ਹਨ। ਲੱਖਾਂ ਮਜ਼ਦੂਰਾਂ ਨੂੰ ਬੇਕਾਰ ਕਰ ਉਨ੍ਹਾਂ ਦਾ ਜਿਊਣਾ ਦੁੱਭਰ ਕਰ ਆਮ ਆਦਮੀ ਸਰਕਾਰ ਨੇ ਆਪਣਾ ਆਮ ਆਦਮੀ ਵਾਲਾ ਮਖੌਟਾ ਜੱਗ ਜ਼ਾਹਰ ਹੋਇਆ । ਜੇਕਰ ਸਰਕਾਰ ਨੇ ਰੇਤਾ ਦੀ ਸੁਪਲਾਈ ਜਲਦੀ ਸ਼ੁਰੂ ਨਾ ਕੀਤੀ ਤਾਂ ਲੋਕ ਤਿੱਖੇ ਸੰਘਰਸ਼ ਲਈ ਮਜਬੂਰੀ ਵੱਸ ਸੜਕਾਂ ਤੇ ਉਤਰਨਗੇ ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੌਕੇ ਆਗੂਆਂ ਇਹ ਵੀ ਮੰਗ ਕੀਤੀ ਕਿ ਨਿਰਮਾਣ ਮਜ਼ਦੂਰਾਂ ਦੇ ਕਾਰਡ ਬਣਾਉਣ ਦੀ ਵਿਧੀ ਸਰਲ ਕੀਤੀ ਜਾਵੇ। ਇਨ੍ਹਾਂ ਦੀ ਰਜਿਸਟਰੇਸ਼ਨ ਵਾਲਾ ਦਫਤਰ ਅੰਮ੍ਰਿਤਸਰ ਤੋਂ ਤਰਨ ਤਾਰਨ ਲਿਆਂਦਾ ਜਾਵੇ। ਇਨ੍ਹਾਂ ਦੀਆਂ ਬੇਟੀਆਂ ਦੀ ਸ਼ਾਦੀ, ਬੱਚਿਆਂ ਦੇ ਵਜ਼ੀਫੇ ਤੁਰੰਤ ਜਾਰੀ ਕੀਤੇ ਜਾਣ। ਇਸ ਮੌਕੇ ਭਗਵਾਨ ਸਿੰਘ, ਮੇਜਰ ਸਿੰਘ, ਹਰਦੀਪ ਸਿੰਘ, ਬਖਸ਼ੀਸ਼ ਸਿੰਘ, ਅਮਰੀਕ ਸਿੰਘ ਅਤੇ ਪੂਰਨ ਸਿੰਘ ਆਦਿ ਹਾਜ਼ਰ ਸਨ।

# ਬੀ ਐੱਸ ਐੱਫ ਵੱਲੋਂ ਪਾਕਿ ਨਾਗਰਿਕ ਗ੍ਰਿਫਤਾਰ



**ਭਿੱਖੀਵਿੰਡ/ਖੇਮਕਰਨ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਭਾਰਤ-ਪਾਕਿਸਤਾਨ ਸਰਹੱਦ 'ਤੇ ਆਏ ਦਿਨ ਪਾਕਿ ਡਰੋਨ ਅਤੇ ਪਾਕਿਸਤਾਨੀ ਨਾਗਰਿਕਾਂ ਵੱਲੋਂ ਸਰਹੱਦ ਪਾਰ ਕਰਨ ਦੀਆਂ ਖ਼ਬਰਾਂ ਆਏ ਦਿਨ ਸਾਹਮਣੇ ਆ ਰਹੀਆਂ ਹਨ, ਜਿਸ ਦੇ ਚਲਦਿਆਂ ਬੀ.ਐੱਸ.ਐੱਫ. ਬਟਾਲੀਅਨ 103 ਦੇ ਜਵਾਨਾਂ ਨੇ ਬੀ.ਓ.ਪੀ. ਵਾਂ ਤਾਰਾ ਸਿੰਘ ਤੋਂ ਇਕ ਪਾਕਿਸਤਾਨੀ ਨਾਗਰਿਕ ਬੀ.ਪੀ. ਨੰਬਰ 139/16 ਨੂੰ ਕਾਬੂ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ ਬੀਤੀ ਦੇਰ ਰਾਤ ਕਰੀਬ 1.20 ਵਜੇ ਇਕ ਪਾਕਿਸਤਾਨੀ ਨਾਗਰਿਕ, ਜਿਸ ਦੀ ਉਮਰ ਕਰੀਬ 60-65 ਸਾਲ ਦੇ ਦਰਮਿਆਨ ਹੈ, ਭਾਰਤ ਸਰਹੱਦ ਵੱਲ ਆਉਂਦਾ ਦਿਖਾਈ ਦਿੱਤਾ ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਬੀ.ਐੱਸ.ਐੱਫ. ਦੇ ਜਵਾਨਾਂ ਨੇ ਉਸ ਨੂੰ ਲਲਕਾਰਿਆ, ਪ੍ਰੰਤੂ ਪਾਕਿ ਨਾਗਰਿਕ ਬੇਖੌਫ਼ ਹੋ ਕੇ ਹਿੰਦੁਸਤਾਨ ਸਰਹੱਦ ਅੰਦਰ ਦਾਖਲ ਹੋ ਗਿਆ। ਬੀ.ਐੱਸ.ਐੱਫ. ਦੇ ਜਵਾਨਾਂ ਨੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ, ਜਿਸ ਨੇ ਮੈਲੇ ਕੱਪੜੇ ਅਤੇ ਟੁੱਟੀਆਂ ਚੱਪਲਾਂ ਪਾਈਆਂ ਹੋਈਆਂ ਸਨ। ਇਸ ਮੌਕੇ ਮੁੱਢਲੀ ਪੁੱਛਗਿੱਛ ਦੌਰਾਨ ਪਾਕਿਸਤਾਨੀ ਨਾਗਰਿਕ ਨੇ ਆਪਣਾ ਨਾਮ ਬਸ਼ੀਰ ਅਹਿਮਦ ਪੁੱਤਰ ਅੱਲਾ ਰਾਖਾ ਪਿੰਡ ਚਿਸ਼ਤੀਆਂ ਬਹਾਵਲਪੁਰ 101 ਦੱਸਿਆ। ਜ਼ਿਕਰਯੋਗ ਹੈ ਕਿ ਪਾਕਿ ਨਾਗਰਿਕ ਦੀ ਗੱਲਬਾਤ ਤੋਂ ਇਹ ਜ਼ਾਹਿਰ ਹੋ ਰਿਹਾ ਸੀ ਕਿ ਉਹ ਦਿਮਾਗੀ ਤੌਰ 'ਤੇ ਕਮਜ਼ੋਰ ਲੱਗ ਰਿਹਾ ਸੀ । ਦੱਸ ਦਈਏ ਕਿ ਬੀ.ਐੱਸ.ਐੱਫ. ਦੇ ਜਵਾਨਾਂ ਨੇ ਜਦੋਂ ਉਸ ਦੀ ਤਲਾਸ਼ੀ ਲਈ ਤਾਂ ਉਸ ਦੀ ਜੇਬ 'ਚੋਂ ਕੁੱਲ 250 ਰੁਪਏ ਬਰਾਮਦ ਹੋਏ। ਵਿਅਕਤੀ ਦੀ ਦਿਮਾਗੀ ਹਾਲਤ ਨੂੰ ਵੇਖਦੇ ਹੋਏ ਬੀ.ਐੱਸ.ਐੱਫ. ਦੇ ਉੱਚ ਅਧਿਕਾਰੀਆਂ ਨੇ ਪਾਕਿਸਤਾਨੀ ਰੇਂਜਰਾਂ ਨਾਲ ਗੱਲਬਾਤ ਕਰਨ ਉਪਰੰਤ ਉਸ ਨੂੰ ਪਾਕਿਸਤਾਨੀ ਰੇਂਜਰਾਂ ਦੇ ਹਵਾਲੇ ਕਰ ਦਿੱਤਾ ਹੈ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਧਾਰੀਵਾਲ, (ਮਨਦੀਪ ਵਿੱਕੀ)**-ਇਥੋਂ ਨੇੜਲੇ ਪਿੰਡ ਬਖ਼ਸ਼ੀਵਾਲ ਵਿਖੇ ਸਮਾਜਿਕ ਗਤੀਵਿਧੀਆਂ ਸੇਵਾ ਸੁਸਾਇਟੀ ਕਲਾਨੌਰ ਅਤੇ ਬਲੱਡ ਡੋਨਰਜ਼ ਸੁਸਾਇਟੀ ਗੁਰਦਾਸਪੁਰ ਵਲੋਂ ਸਾਂਝੇ ਤੌਰ 'ਤੇ ਸਮਾਗਮ ਆਯੋਜਿਤ ਕਰਕੇ ਸ਼ਹੀਦੇ ਆਜ਼ਮ ਸ. ਭਗਤ ਸਿੰਘ ਦਾ 115ਵਾਂ ਜਨਮ ਦਿਹਾੜਾ ਮਨਾਇਆ ਗਿਆ। ਸਭ ਤੋਂ ਪਹਿਲਾਂ ਸ਼ਹੀਦ ਭਗਤ ਸਿੰਘ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਨ ਉਪਰੰਤ ਸ਼ਹੀਦਾਂ ਦੀ ਯਾਦ ਤਾਜਾ ਕਰਦਿਆਂ ਇਨਕਲਾਬੀ ਨਾਅਰੇ ਲਗਾਏ ਗਏ ਅਤੇ ਮਠਿਆਈਆਂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਸਮਾਜਿਕ ਗਤੀਵਿਧੀਆਂ ਸੇਵਾ ਸੁਸਾਇਟੀ ਦੇ ਗੁਰਸ਼ਰਨਜੀਤ ਸਿੰਘ ਪੁਰੇਵਾਲ ਅਤੇ ਬਲੱਡ ਡੋਨਰਜ਼ ਸੁਸਾਇਟੀ ਗੁਰਦਾਸਪੁਰ ਦੇ ਕੋਰ ਕਮੇਟੀ ਮੈਂਬਰ ਸੁਖਵਿੰਦਰ ਸਿੰਘ ਮੱਲ੍ਹੀ ਨੇ ਕਿਹਾ ਕਿ ਸ਼ਹੀਦਾਂ ਦੀਆਂ ਸ਼ਹੀਦੀਆਂ ਦੀ ਕਦਰ ਕਰਨੀ ਹਰੇਕ ਇਨਸਾਨ ਦਾ ਫਰਜ਼ ਹੈ ਕਿਉਂਕਿ ਸ਼ਹੀਦੀਆਂ ਕਾਰਨ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਨ। ਉਨ੍ਹਾਂ ਚੰਡੀਗੜ੍ਹ ਏਅਰਪੋਰਟ ਦਾ ਨਾਂ ਸ਼ਹੀਦੇ ਆਜ਼ਮ ਦੇ ਨਾਂ 'ਤੇ ਰੱਖਣ ਦਾ ਸਵਾਗਤ ਕੀਤਾ ਅਤੇ ਕੇਂਦਰ ਸਰਕਾਰ ਕੋਲੋਂ ਅਪੀਲ ਕੀਤੀ ਕਿ ਸ. ਭਗਤ ਸਿੰਘ ਨੂੰ ਸ਼ਹੀਦ ਦਾ ਦਰਜ਼ਾ ਦਿੱਤਾ ਜਾਵੇ।

ਇਸ ਮੌਕੇ ਇੰਸਪੈਕਟਰ ਸੁਰਿੰਦਰ ਸਿੰਘ ਕਾਹਲੋਂ, ਹਰਦੀਪ ਸਿੰਘ ਕਾਹਲੋਂ ਬਲਾਕ ਪ੍ਰਧਾਨ, ਪ੍ਰਧਾਨ ਪਲਵਿੰਦਰ ਸਿੰਘ ਮਾਹਲ, ਦਰਸ਼ਨ ਸਿੰਘ ਪੁਰੇਵਾਲ, ਰੋਹਿਤ ਭਾਰਦਵਾਜ, ਸੁਰਿੰਦਰਪਾਲ ਮੱਲ੍ਹੀ ਮੁਨੀਮ, ਗੁਰਨਾਮ ਸਿੰਘ ਕਵਿਸ਼ਰ, ਪ੍ਰੀਤਮ ਸਿੰਘ ਲੱਖਣਖੁਰਦ, ਕੁਲਵਿੰਦਰ ਸਿੰਘ, ਸਤਨਾਮ ਸਿੰਘ ਪ੍ਰਧਾਨ, ਵਰਿੰਦਰ ਸਿੰਘ, ਮਾਸਟਰ ਕੰਵਲਜੀਤ ਸਿੰਘ, ਵਰਿੰਦਰ ਸਿੰਘ, ਮਾ. ਜਗਮੋਹਨ ਸਿੰਘ, ਸਤਨਾਮ ਸਿੰਘ ਰੰਧਾਵਾ, ਰਾਮੇਸ਼ ਕੁਮਾਰ ਮੱਲ੍ਹੀ ਵੀ ਹਾਜ਼ਰ ਰਹੇ।

# ਜੇਲ੍ਹ ਵਿਭਾਗ ਵੱਲੋਂ ਬੰਦੀਆਂ ਲਈ 'ਵਿਆਹੁਤਾ ਮੁਲਾਕਾਤ' ਦੀ ਸ਼ੁਰੂਆਤ



**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਸਰਕਾਰ ਦੇ ਜੇਲ੍ਹ ਵਿਭਾਗ ਵੱਲੋਂ ਕੇਂਦਰੀ ਸੁਧਾਰ ਘਰਾਂ ਵਿੱਚ ਨਜ਼ਰਬੰਦ ਬੰਦੀਆਂ ਲਈ 'ਪਰਿਵਾਰਕ ਮੁਲਾਕਾਤ' ਸਫਲਤਾ ਤੋਂ ਬਾਅਦ ਹੁਣ 'ਵਿਆਹੁਤਾ ਮੁਲਾਕਾਤ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਪ੍ਰੋਗਰਾਮ ਦਾ ਮਕਸਦ ਕੈਦੀਆਂ ਦੇ ਪਰਿਵਾਰਿਕ ਅਤੇ ਵਿਆਹੁਤਾ ਰਿਸ਼ਤਿਆਂ ਨੂੰ ਸੁਰਜੀਤ ਕਰਨਾ ਅਤੇ ਉਨ੍ਹਾਂ ਨੂੰ ਪਰਿਵਾਰਕ ਜ਼ਿੰਮੇਵਾਰੀਆਂ ਨੂੰ ਸਮਝਣ ਦਾ ਇੱਕ ਮੌਕਾ ਦੇਣਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੇਂਦਰੀ ਸੁਧਾਰ ਘਰ ਦੇ ਸੁਪਰਡੈਂਟ ਰਜਿੰਦਰ ਸਿੰਘ ਹੁੰਦਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦੋ ਹਫ਼ਤੇ ਪਹਿਲਾਂ ਜੇਲ੍ਹਾਂ ਵਿੱਚ 'ਪਰਿਵਾਰਕ ਮੁਲਾਕਾਤ' ਸ਼ੁਰੂਆਤ ਕੀਤੀ ਗਈ ਸੀ ਜਿਸਦੀ ਸਫਲਤਾ ਤੋਂ ਬਾਅਦ ਹੁਣ ਜੇਲਾਂ ਵਿੱਚ 'ਵਿਆਹੁਤਾ ਮੁਲਾਕਾਤ' ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 'ਵਿਆਹੁਤਾ ਮੁਲਾਕਾਤ' ਪ੍ਰੋਗਰਾਮ ਤਹਿਤ ਜੇਲ ਅੰਦਰ ਬੰਦ ਔਰਤ/ਮਰਦ ਹਵਾਲਾਤੀ ਤੇ ਕੈਦੀ ਆਪਣੇ ਪਤੀ/ਪਤਨੀ ਨੂੰ ਬੰਦ ਕਮਰੇ ਵਿੱਚ ਮਿਲ ਸਕਣਗੇ। ਉਨ੍ਹਾਂ ਕਿਹਾ ਕਿ ਕੇਂਦਰੀ ਜੇਲ੍ਹ ਗੁਰਦਾਸਪੁਰ ਵਿੱਚ 'ਵਿਆਹੁਤਾ ਮੁਲਾਕਾਤ' ਲਈ ਵਿਸ਼ੇਸ਼ ਕਮਰਿਆਂ ਦਾ ਪ੍ਰਬੰਧ ਕੀਤਾ ਗਿਆ ਹੈ। ਜੇਲ ਸੁਪਰਡੈਂਟ ਰਜਿੰਦਰ ਸਿੰਘ ਹੁੰਦਲ ਨੇ 'ਵਿਆਹੁਤਾ ਮੁਲਾਕਾਤ' ਸਬੰਧੀ ਸ਼ਰਤਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁਲਾਕਾਤੀ ਕਾਨੂੰਨੀ ਤੌਰ 'ਤੇ ਬੰਦੀ ਦਾ ਪਤੀ/ਪਤਨੀ ਹੋਣਾ ਚਾਹੀਦਾ ਹੈ ਇਸ ਲਈ ਉਸ ਦੁਆਰਾ ਵੋਟਰ ਕਾਰਡ, ਅਧਾਰ ਕਾਰਡ ਆਦਿ ਪੇਸ਼ ਕਰਨਾ ਜਰੂਰੀ ਹੋਵੇਗਾ। ਮੁਲਾਕਾਤੀ ਵੱਲੋਂ ਆਪਣੇ ਵਿਆਹ ਦੇ ਪ੍ਰਮਾਣ ਦੇ ਤੌਰ 'ਤੇ ਵਿਆਹ ਦੀਆਂ ਫੋਟੋਆਂ, ਅਧਾਰ ਕਾਰਡ ਜਾਂ ਤਸਦੀਕਸ਼ੁਦਾ ਮੈਰਿਜ ਸਰਟੀਫਿਕੇਟ ਪੇਸ਼ ਕਰਨਾ ਜਰੂਰੀ ਹੋਵੇਗਾ। ਮੁਲਾਕਾਤੀ ਸਰਕਾਰੀ/ਪ੍ਰਾਇਵੇਟ ਰਜਿਸਟਰਡ ਲੈਬ ਵਿੱਚੋਂ ਐੱਸ.ਆਈ.ਵੀ, ਐੱਸ.ਟੀ.ਡੀ, ਕੋਵਿਡ, ਟੀ.ਬੀ ਆਦਿ ਬਿਮਾਰੀਆਂ ਤੋਂ ਰਹਿਣ ਹੋਣ ਸਬੰਧੀ ਸਰਟੀਫਿਕੇਟ ਪੇਸ਼ ਕਰੇਗਾ। ਮੁਲਾਕਾਤੀ ਦਾ ਜੇਲ੍ਹ ਦੇ ਮੈਡੀਕਲ ਅਫ਼ਸਰ ਵੱਲੋਂ ਨਸ਼ਾ ਰਹਿਤ ਹੋਣ ਸਬੰਧੀ ਟੈਸਟ ਕੀਤਾ ਜਾਵੇਗਾ। ਮੁਲਾਕਾਤੀ ਆਪਣੇ ਨਾਲ ਕਿਸੇ ਵੀ ਪ੍ਰਕਾਰ ਦਾ ਖਾਣ ਵਾਲਾ ਸਮਾਨ, ਤੋਹਫ਼ੇ, ਗਹਿਣੇ ਆਦਿ ਨਹੀਂ ਲੈ ਕੇ ਆਵੇਗਾ। ਮੁਲਾਕਾਤੀ ਆਪਣੇ ਨਾਲ ਕਿਸੇ ਕਿਸਮ ਦੀ ਕੋਈ ਵਰਜਿਤ ਵਸਤੂ ਜਿਵੇਂ ਕਿ ਮੋਬਾਇਲ ਫੋਨ, ਨਸ਼ਾ, ਤਿੱਖਾ ਹਥਿਆਰ ਆਦਿ ਨਹੀਂ ਲੈ ਕੇ ਆਵੇਗਾ। ਮੁਲਾਕਾਤੀ ਜ਼ਰੂਰੀ ਵਸਤਾਂ ਜਿਵੇਂ ਕਿ ਚਾਦਰ, ਸਾਬਣ, ਤੌਲੀਆ ਆਦਿ ਨਾਲ ਲੈ ਕੇ ਆਵੇਗਾ। ਉਨ੍ਹਾਂ ਦੱਸਿਆ ਕਿ ਵਿਆਹੁਤਾ ਮੁਲਾਕਾਤ ਦਾ ਸਮਾਂ 2 ਘੰਟੇ ਦਾ ਹੋਵੇਗਾ ਅਤੇ ਵਿਆਹੁਤਾ ਮੁਲਾਕਾਤ ਇੱਕ ਬੰਦੀ ਨੂੰ 2 ਮਹੀਨਿਆਂ ਵਿੱਚ ਇੱਕ ਵਾਰ ਕਰਵਾਈ ਜਾਵੇਗੀ। ਜੇਲ ਸੁਪਰਡੈਂਟ ਰਜਿੰਦਰ ਸਿੰਘ ਹੁੰਦਲ ਨੇ ਦੱਸਿਆ ਕਿ ਅੱਜ ਪਹਿਲੇ ਦਿਨ 6 ਵਿਆਹੁਤਾ ਮੁਲਾਕਾਤਾਂ ਕਰਵਾਈਆਂ ਗਈਆਂ ਹਨ ਅਤੇ ਐਤਵਾਰ ਤੇ ਜੇਲ੍ਹ ਛੁੱਟੀਆਂ ਨੂੰ ਛੱਡ ਕੇ ਰੋਜ਼ਾਨਾਂ ਮੁਲਾਕਾਤਾਂ ਦਾ ਇਹ ਸਿਲਸਲਾ ਜਾਰੀ ਰਹੇਗਾ।

# ਰਾਮਲੀਲਾ ਕਲੱਬ ਨੇ ਰਿਤਿਕ ਅਰੋੜਾ ਨੂੰ ਸਨਮਾਨਿਆ



**ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)**-ਸ੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ ਵਿਖੇ ਰਾਮਲੀਲਾ ਕਲੱਬ ਵੱਲੋਂ ਸ੍ਰੀ ਰਾਮਲੀਲਾ ਦਾ ਆਯੋਜਨ ਦੌਰਾਨ ਹਾਜ਼ਰੀ ਭਰਨ ਮੌਕੇ ਪਹੁੰਚੇ ਐੱਨਐੱਸਯੂਆਈ ਦੇ ਸਾਬਕਾ ਜਰਨਲ ਸਕੱਤਰ ਪੰਜਾਬ ਰਿਤਿਕ ਅਰੋੜਾ ਨੂੰ ਸ੍ਰੀ ਰਾਮ ਲੀਲਾ ਕਲੱਬ ਦੇ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਰਿਤਿਕ ਅਰੋੜਾ ਨੇ ਕਿਹਾ ਕਿ ਰਾਮਲੀਲਾ ਕਲੱਬ ਵੱਲੋਂ ਸ੍ਰੀ ਠਾਕੁਰ ਦੁਆਰਾ ਮਦਨ ਮੋਹਨ ਮੰਦਰ ਵਿਖੇ ਕੀਤੇ ਜਾ ਰਹੇ ਸ੍ਰੀ ਰਾਮਲੀਲ੍ਹਾ ਦੇ ਆਯੋਜਨ ਦੌਰਾਨ ਹਾਜ਼ਰੀ ਭਰਨ ਦਾ ਮੌਕਾ ਮਿਲਿਆ ਤੇ ਮਨ ਨੂੰ ਬਹੁਤ ਖੁਸ਼ੀ ਹੋਈ। ਪ੍ਰਬੰਧਕਾਂ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਸ੍ਰੀ ਰਾਮਲੀਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ । ਇਸ ਮੌਕੇ ਰਿਤਿਕ ਅਰੋੜਾ ਨੇ ਸਨਮਾਨਤ ਕਰਨ ਵਾਲਿਆਂ ਦਾ ਬਹੁਤ ਬਹੁਤ ਧੰਨਵਾਦ ਕੀਤਾ ਤੇ ਕਿਹਾ ਪ੍ਰਾਰਥਨਾ ਕਰਦਾ ਹਾਂ ਕਿ ਤਿਉਹਾਰ ਸਾਰਿਆਂ ਦੇ ਜੀਵਨ ਵਿੱਚ ਖੁਸ਼ੀਆਂ ਲੈ ਕੇ ਆਉਣ।

# ਬੱਚਿਆਂ ਦੇ ਵੱਖ-ਵੱਖ ਡਰਾਇੰਗ ਮੁਕਾਬਲੇ ਕਰਵਾਏ

**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**-ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਨਾਨਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵੱਖ-ਵੱਖ ਤਰ੍ਹਾਂ ਦੇ ਡਰਾਇੰਗ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ। ਇਹ ਮੁਕਾਬਲੇ ਸੰਸਥਾ ਵੱਲੋਂ ਹਰ ਸਾਲ ਕਰਵਾਏ ਜਾਂਦੇ ਹਨ। ਇਨ੍ਹਾਂ ਵਿਚੋਂ ਕਾਫੀ ਵਿਦਿਆਰਥੀ ਸਟੇਟ ਅਤੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਚੰਗਾ ਪ੍ਰਦਰਸ਼ਨ ਕਰ ਚੁੱਕੇ ਹਨ। ਸ਼ਹੀਦ ਭਗਤ ਸਿੰਘ ਅਤੇ ਵਾਤਾਵਰਣ ਸਬੰਧੀ ਤਿਆਰ ਕੀਤੇ ਪੋਸਟਰ ਖਿੱਚ ਦਾ ਕੇਂਦਰ ਬਣੇ ਰਹੇ। ਇਸ ਮੌਕੇ ਸਕੂਲ ਦੀ ਪ੍ਰਿੰ. ਬਲਜੀਤ ਕੌਰ ਔਲਖ ਨੇ ਚੰਗਾ ਪ੍ਰਦਰਸ਼ਨ ਕਰਨ ਵਾਲੇ ਅਤੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸੰਸਥਾ ਵਿੱਚ ਕਰਵਾਏ ਹਰੇਕ ਮੁਕਾਬਲੇ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲੈਣਾ ਚਾਹੀਦਾ ਹੈ। ਮੁਕਾਬਲੇ ਦੇ ਯੁੱਗ ਵਿੱਚ ਉਹ ਵਿਦਿਆਰਥੀ ਹੀ ਜ਼ਿੰਦਗੀ ਵਿੱਚ ਕਾਮਯਾਬ ਹੋ ਸਕਦਾ ਜੋ ਲਗਨ ਅਤੇ ਮਿਹਨਤ ਨਾਲ ਕੰਮ ਕਰਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਰਨਜੀਤ ਕੌਰ, ਹਰਵਿੰਦਰ ਕੌਰ ਵਿਰਦੀ, ਨੀਲਮ ਕੌਰ, ਰਾਜਬੀਰ ਕੌਰ, ਅਮਨਦੀਪ ਕੌਰ, ਰੇਮਨਦੀਪ ਕੌਰ, ਮਨਪ੍ਰੀਤ ਕੌਰ, ਕੰਵਲਜੀਤ ਕੌਰ, ਗੁਰਜੀਤ ਕੌਰ, ਕੁਲਵਿੰਦਰ ਕੌਰ, ਕਾਰਜ ਸਿੰਘ, ਕੁਲਦੀਪ ਸਿੰਘ , ਮਨਜੀਤ ਕੌਰ, ਰੁਪਿੰਦਰ ਕੌਰ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਰੰਧਾਵਾ ਬਣੇ ਮ ਪ ਹ ਵ ਮੇਲ ਯੂਨੀਅਨ ਦੇ ਬਲਾਕ ਪ੍ਰਧਾਨ

**ਕਲਾਨੌਰ (ਕੋਹਲੀ)**-ਬਲਾਕ ਕਲਾਨੌਰ ਤੋਂ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਨੇ ਨਵੇਂ ਬਲਾਕ ਪ੍ਰਧਾਨ ਦੀ ਚੋਣ ਕਰ ਲਈ ਹੈ ਚੋਣ ਕਰਨ ਤੋਂ ਪਹਿਲਾਂ ਸੀ ਐਚ ਸੀ ਕਲਾਨੌਰ ਵਿਖੇ ਮਲਟੀਪਰਪਜ਼ ਹੈੱਲਥ ਵਰਕਰ ਮੇਲ ਯੂਨੀਅਨ ਦੇ ਮੈਂਬਰਾਂ ਵੱਲੋਂ ਇੱਕ ਮੀਟਿੰਗ ਹੋਈ ਜਿਸ ਵਿਚ ਸਤਿੰਦਰ ਸਿੰਘ ਰੰਧਾਵਾ ਡੇਰਾ ਪਠਾਣਾਂ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣ ਲਿਆ ਗਿਆ ਕਿਉਂਕਿ ਕੁਝ ਦਿਨ ਪਹਿਲਾਂ ਪਹਿਲੇ ਪ੍ਰਧਾਨ ਨਿਰਮਲ ਸਿੰਘ ਦਾਲਮ ਵੱਲੋਂ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਗਿਆ ਸੀ ਅਤੇ ਪ੍ਰਧਾਨ ਦੀ ਜਗ੍ਹਾ ਖਾਲੀ ਸੀ। ਪ੍ਰਧਾਨ ਦੀ ਚੋਣ ਕਰਨ ਦੇ ਨਾਲ ਨਾਲ ਕੁਝ ਹੋਰ ਮੈਂਬਰਾਂ ਦੀ ਚੋਣ ਵੀ ਕੀਤੀ ਗਈ, ਜਿਸ ਵਿਚ ਵਾਈਸ ਪ੍ਰਧਾਨ ਜਸਪਿੰਦਰ ਸਿੰਘ ਜੱਸੀ ਨੂੰ ਬਣਾਇਆ ਗਿਆ ਜਨਰਲ ਸਕੱਤਰ ਨਰਿੰਦਰ ਸਿੰਘ ਸਾਹਲੇ ਚੱਕ ਨੂੰ ਗੁਰਮੇਜ ਸਿੰਘ ਨੂੰ ਕੈਸ਼ੀਅਰ ਅਤੇ ਅਮਰਜੀਤ ਸਿੰਘ ਨੂੰ ਯੂਨੀਅਨ ਦਾ ਸਲਾਹਕਾਰ ਚੁਣਿਆ ਗਿਆ।

# ਮਨਜਿੰਦਰ ਸਿੰਘ ਕੱਲਾ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਬਾਦਲ 'ਚ ਹੋਏ ਸ਼ਾਮਲ



**ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)**-ਤਰਨਤਾਰਨ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਮਨਜਿੰਦਰ ਸਿੰਘ ਕੱਲ੍ਹਾ ਨੇ ਸਾਥੀਆ ਸਮੇਤ ਸ਼੍ਰੋਮਣੀ ਅਕਾਲੀ ਦਲ ਮਾਂ ਪਾਰਟੀ ਵਿੱਚ ਵਾਪਸੀ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਲਵਿੰਦਰਪਾਲ ਸਿੰਘ ਪੱਖੋਕੇ ਨੇ ਸਿਰਪਾਉ ਦੇ ਕੇ ਮਨਜਿੰਦਰ ਸਿੰਘ ਕੱਲ੍ਹਾ ਤੇ ਉਹਨਾ ਦੇ ਸਾਥੀਆਂ ਨੂੰ ਪਾਰਟੀ ਸ਼ਾਮਲ ਕਰਕੇ ਉਹਨਾ ਦਾ ਨਿਘਾ ਸੁਆਗਤ ਕੀਤਾ। ਇਸ ਮੌਕੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਅਲਵਿੰਦਰਪਾਲ ਸਿੰਘ ਪੱਖੋਕੇ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਹੀ ਪੰਜਾਬ ਦੀ ਪਾਰਟੀ ਹੈ ਕਿਉਂਕਿ ਜੋ ਕੰਮ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ 'ਚ ਪੰਜਾਬ ਵਿੱਚ ਹੋਏ ਹਨ ਉਹ ਕੋਈ ਹੋਰ ਪਾਰਟੀ ਨਹੀ ਕਰ ਸਕੀ ਉਹਨਾ ਨੇ ਕਿਹਾ ਕਿ ਲੋਕ ਪੰਜਾਬ ਚ ਬਦਲਆ ਦੇਖਣਾ ਚਾਹੁੰਦੇ ਸੀ ਕਿ ਆਮ ਆਦਮੀ ਪਾਰਟੀ ਲਿਆ ਕੇ ਪੰਜਾਬ ਨੂੰ ਖੁਸ਼ਹਾਲ ਕਰਨਾ ਪਰ ਅੱਜ ਲੋਕ ਆਪ ਪਾਰਟੀ ਨੂੰ ਵੋਟਾ ਪਾ ਕੇ ਆਪਣੇ ਆਪ ਨੂੰ ਕੋਸ ਰਹੇ ਹਨ। ਉਹਨਾਂ ਨੇ ਕਿਹਾ ਕਿ ਆਪ ਪਾਰਟੀ ਨੇ ਪੰਜਾਬ ਦੇ ਲੋਕਾ ਨੂੰ ਗੁਮਰਾਹ ਕਰਕੇ ਵੋਟਾ ਲੈਕੇ ਸਰਕਾਰ ਤਾ ਬਣਾ ਲਈ ਪਰ ਲੋਕਾਂ ਦੇ ਦਿਲਾਂ 'ਚ ਜਗ੍ਹਾ ਨਹੀਂ ਬਣਾ ਪਾ ਰਹੀ ਕਿਉਂਕਿ ਜੋ ਵਾਧੇ ਲੋਕਾਂ ਨਾਲ ਕੀਤੇ ਉਹ ਪੂਰੇ ਨਾ ਹੋਣ ਕਰਕੇ ਲੋਕ ਨਿਰਾਸ਼ ਹੈ। ਇਸ ਲਈ ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਪੰਜਾਬ 'ਚ ਆਪ ਪਾਰਟੀ ਦਾ ਕੀ ਹਸ਼ਰ ਹੋਣ ਵਾਲਾ ਹੈ ਇਹ ਲੋਕ ਖੁੱਦ ਦੱਸਣਗੇ। ਇਸਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਮਨਜਿੰਦਰ ਸਿੰਘ ਕੱਲ੍ਹਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਹੀ ਪੰਜਾਬ ਦੇ ਲਈ ਸਭ ਤੋ ਵਧੀਆ ਪਾਰਟੀ ਹੈ, ਇਸ ਲਈ ਅਸੀਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਦਿਨ ਰਾਤ ਇਕ ਕਰ ਦੇਵਾਂਗੇ ਤੇ ਹੁਣ ਲੋਕਾਂ ਨੂੰ ਆਪ ਪਾਰਟੀ ਦੇ ਝੂਠੇ ਲਾਰਿਆਂ ਤੇ ਝਾਂਸਿਆਂ 'ਚ ਨਹੀ ਆਉਣ ਦੇਵਾਂਗੇ।

# ਧਾਰੀਵਾਲ ਦੀ ਦਾਣਾ ਮੰਡੀ 'ਚ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਅੱਜ

**ਗੁਰਦਾਸਪੁਰ, (ਜਨਕ ਮਹਾਜਨ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਇੱਕ ਅਕਤੂਬਰ ਨੂੰ ਧਾਰੀਵਾਲ ਦੀ ਦਾਣਾ ਮੰਡੀ ਵਿੱਚ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ। ਇਸ ਸੰਬੰਧ ਵਿਚ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਕੰਵਲਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਮੇਲਾ ਸਵੇਰੇ 10 ਵਜੇ ਸ਼ੁਰੂ ਹੋਵੇਗਾ ਜਿਸ ਵਿੱਚ ਪੰਜਾਬ ਦੇ ਖੇਤੀਬਾੜੀ ਅਤੇ ਪੇਂਡੂ ਵਿਕਾਸ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਮੁੱਖ ਮਹਿਮਾਨ ਵਜੋਂ ਪਹੁੰਚਣਗੇ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਡਾ. ਗੁਰਵਿੰਦਰ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਜਦੋਂਕਿ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਮੁਹੰਮਦ ਇਸ਼ਫਾਕ ਇਸ ਮੇਲੇ ਦੀ ਪ੍ਰਧਾਨਗੀ ਕਰਨਗੇ। ਡਾ. ਕੰਵਲਪ੍ਰੀਤ ਸਿੰਘ ਨੇ ਦੱਸਿਆ ਕੇ ਖੇਤੀ ਮਾਹਿਰਾਂ ਵੱਲੋਂ ਕਿਸਾਨਾਂ ਨੂੰ ਵੱਖ-ਵੱਖ ਫਸਲਾਂ ਦੀ ਕਾਸ਼ਤ ਸਬੰਧੀ ਵਿਗਿਆਨਕ ਜਾਣਕਾਰੀ ਦਿੱਤੀ ਜਾਵੇਗੀ ਜਦੋਂਕਿ ਖੇਤੀ ਨਾਲ ਸਬੰਧਤ ਵੱਖ-ਵੱਖ ਸਰਕਾਰੀ ਅਤੇ ਗੈਰ ਸਰਕਾਰੀ ਅਦਾਰਿਆਂ ਵੱਲੋਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਮੁੱਚੇ ਜ਼ਿਲ੍ਹੇ ਵਿੱਚੋਂ ਕਿਸਾਨਾਂ ਨੂੰ ਮੇਲੇ ਵਿੱਚ ਪਹੁੰਚਾਉਣ ਲਈ ਸੁਚੱਜੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਸ ਮੇਲੇ ਵਿੱਚ ਜ਼ਰੂਰ ਪਹੁੰਚਣ ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਯੋਜਨਾਵਾਂ ਅਤੇ ਖੇਤੀ ਸਬੰਧੀ ਨਵੀਆਂ ਤਕਨੀਕਾਂ ਦੀ ਜਾਣਕਾਰੀ ਮਿਲ ਸਕੇ।

# ਸੰਗਤਾਂ ਵੱਲੋਂ ਕੀਤੇ ਜਪ-ਤਪ ਦੀ ਅੱਜ ਹੋਵੇਗੀ ਅਰਦਾਸ : ਗੁਰਇਕਬਾਲ ਸਿੰਘ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-39ਵੇਂ ਸਲਾਨਾ ਸਮਾਗਮ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵਿਖੇ ਚੁਪਹਿਰਾ ਜਪ-ਤਪ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਆਰੰਭਤਾ ਗੁਰਦੁਆਰਾ ਸ਼ਹੀਦਾਂ ਤੋਂ ਚੁਪਹਿਰੇ ਵਾਲੇ ਸਵਾਮੀ ਜੀ ਅਤੇ ਸੰਗਤਾਂ ਵੱਲੋਂ ਸੰਗਤ ਰੂਪੀ ਪਾਠ ਸ੍ਰੀ ਸੁਖਮਨੀ ਸਾਹਿਬ ਤੋਂ ਕੀਤੀ ਗਈ। ਉਪਰੰਤ ਭਾਈ ਗੁਰਦੀਪ ਸਿੰਘ , ਭਾਈ ਜਸਵਿੰਦਰ ਸਿੰਘ , ਭਾਈ ਹਰਵਿੰਦਰਪਾਲ ਸਿੰਘ ਲਿਟਲ , ਭਾਈ ਗੁਰਮੀਤ ਸਿੰਘ ਕੋਮਲ ਸਹਜਾਨਪੁਰ ਕੀਰਤਨੀਏ ਜਥਿਆਂ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਭਾਈ ਗੁਰਇਕਬਾਲ ਸਿੰਘ ਜੀ ਨੇ ਕਥਾ ਕੀਰਤਨ ਦੀ ਅੰਮ੍ਰਿਤਮਈ ਵਰਖਾ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਭਾਈ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਕੀਤੇ ਜਪ ਤਪ ਦੀ ਸਰਬੱਤ ਦੇ ਭਲੇ ਦੀ ਅਰਦਾਸ 1 ਅਕਤੂਬਰ ਨੂੰ ਹੋਵੇਗੀ । ਭਾਈ ਸਾਹਿਬ ਨੇ ਕਿਹਾ ਕਿ 2 ਅਕਤੂਬਰ ਨੂੰ ਹੋਣ ਵਾਲੇ ਵਿਸ਼ੇਸ਼ ਸਮਾਗਮ ਦੌਰਾਨ ਬੱਚਿਆਂ ਦੇ ਦਸਤਾਰ ਸਜਾਉਣ ਸਮਾਗਮ ਵਿੱਚ ਦਸਤਾਰਾਂ ਭਲਾਈ ਕੇਂਦਰ ਟਰੱਸਟ ਵੱਲੋਂ ਦਿੱਤੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ 1 ਅਕਤੂਬਰ ਸਮਾਗਮ ਸਾਮ 7 ਵਜੇ ਤੋਂ ਰਾਤ 11 ਵਜੇ ਤੱਕ ਹੋਵੇਗਾ ਅਤੇ 2 ਅਕਤੂਬਰ ਐਤਵਾਰ ਦਾ ਸਮਾਗਮ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ ਜਿਸ ਵਿਚ ਸੰਤ ਮਹਾਂਪੁਰਸ਼ , ਸਿੰਘ ਸਾਹਿਬਾਨ ਅਤੇ ਪੰਥ ਪ੍ਰਸਿੱਧ ਕੀਰਤਨੀਏ ਜਥੇ ਹਾਜ਼ਰੀਆਂ ਭਰਨਗੇ। ਸਾਰੇ ਸਮਾਗਮਾਂ ਦੌਰਾਨ ਗੁਰੂ ਕੇ ਲੰਗਰ ਅਟੁੱਟ ਵਰਤਣਗੇ ।

# ਸੁਖਮਨੀ ਸੇਵਾ ਸੁਸਾਇਟੀਆਂ ਵੱਲੋਂ ਕੀਰਤਨ ਤੇ ਸੁਖਮਨੀ ਸਾਹਿਬ ਦੇ ਪਾਠ ਨਿਰੰਤਰ ਜਾਰੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁ: ਮੱਲ ਅਖਾੜਾ ਪਾ: ਛੇਵੀਂ ਅਤੇ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਵਿਖੇ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਦੀ ਸ਼ਹੀਦੀ ਦੀ ਦੂਸਰੀ ਸ਼ਤਾਬਦੀ ਨੂੰ ਸਮਰਪਿਤ ਅੰਮ੍ਰਿਤਸਰ ਦੀਆਂ ਸਮੂਹ ਸੇਵਾ ਸੁਸਾਇਟੀਆਂ ਵਲੋਂ ਚਲ ਰਹੇ ਲਗਾਤਾਰ ਸੁਖਮਨੀ ਸਾਹਿਬ ਦੇ ਪਾਠ ਤੇ ਕੀਰਤਨ ਨਿਰੰਤਰ ਚਲ ਰਹੇ ਹਨ। ਬੀਬੀ ਹਰਜੀਤ ਕੌਰ, ਮਾਤਾ ਗੰਗਾ ਜੀ ਸੁਖਮਨੀ ਸੇਵਾ ਸੁਸਾਇਟੀ, ਗਲੀ ਗੁੱਜਰਾਂਵਾਲੀ ਅਤੇ ਬੀਬੀ ਗੁਰਚਰਨ ਕੌਰ ਬੇਬੇ ਨਾਨਕੀ ਇਸਤਰੀ ਸਤਿਸੰਗ ਸਭਾ ਚੌਕ ਮੰਨਾ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਬੀਬੀਆਂ ਨੇ ਸ਼ਮੂਲੀਅਤ ਕੀਤੀ ਅਤੇ ਸੁਖਮਨੀ ਸਾਹਿਬ ਦੇ ਪਾਠ ਅਤੇ ਗੁਰਬਾਣੀ ਸ਼ਬਦਾਂ ਨਾਲ ਗੁਰੂਮਹਿਮਾ ਗਾਇਨ ਕੀਤੀ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਪ੍ਰੇਰਨਾ ਸਦਕਾ ਸਮੂਹ ਸੁਖਮਨੀ ਸੇਵਾ ਸੁਸਾਇਟੀਆਂ ਵੱਲੋਂ ਚਾਰ ਜੁਲਾਈ ਤੋਂ ਇਸ ਪਾਵਨ ਅਸਥਾਨ ਤੇ ਕੀਰਤਨ ਤੇ ਸੁਖਮਨੀ ਸਾਹਿਬ ਦੇ ਪਾਠਾਂ ਦੀ ਸੇਵਾ ਲਗਾਤਾਰ ਨਿਰਵਿਘਨ ਚੱਲ ਰਹੀ ਹੈ। ਅੱਜ ਬੀਬੀ ਗੁਰਚਰਨ ਕੌਰ ਬੇਬੇ ਨਾਨਕੀ ਇਸਤਰੀ ਸਤਿਸੰਗ ਸਭਾ ਚੌਕ ਮੰਨਾ ਸਿੰਘ ਤੇ ਬੀਬੀ ਹਰਜੀਤ ਕੌਰ ਮਾਤਾ ਗੰਗਾ ਜੀ ਸੁਖਮਨੀ ਸੇਵਾ ਸੁਸਾਇਟੀ, ਗਲੀ ਗੁਜਰਾਂਵਾਲੀ ਦੀ ਅਗਵਾਈ ਵਿੱਚ ਸਮੂਹਿਕ ਤੌਰ 'ਤੇ ਬੀਬੀਆਂ ਨੇ ਗੁਰੂ ਜਸ ਗਾਇਨ ਕੀਤਾ। ਅਕਤੂਬਰ ਮਹੀਨੇ ਵਿੱਚ ਕਿਹੜੀਆਂ-ਕਿਹੜੀਆਂ ਸੁਖਮਨੀ ਸੇਵਾ ਸੁਸਾਇਟੀਆਂ ਸੇਵਾ ਨਿਭਾਉਣਗੀਆਂ ਦੀ ਸੂਚੀ ਵੀ ਨਿਰਧਾਰਤ ਕਰ ਦਿੱਤੀ ਗਈ ਹੈ। ਸੁਖਮਨੀ ਸਾਹਿਬ ਦੇ ਪਾਠ ਦੀ ਸੰਪੂਰਨਤਾ ਤੇ ਸ਼ਬਦ ਕੀਰਤਨ ਉਪਰੰਤ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਗੁਰਲਾਲ ਸਿੰਘ ਤੇ ਭਾਈ ਅਮਰੀਕ ਸਿੰਘ ਵੱਲੋਂ ਬੀਬੀ ਗੁਰਚਰਨ ਕੌਰ ਤੇ ਹਰਜੀਤ ਕੌਰ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ ਗਈ।

# ਚੰਡੀਗੜ੍ਹ 'ਵਰਸਿਟੀ 3-4 ਨੂੰ ਕਰਵਾਏਗੀ ਗਲੋਬਲ ਐਜੂਕੇਸ਼ਨ ਸਮਿੱਟ



**ਮੋਹਾਲੀ,(ਗੁਰਜੀਤ ਸਿੰਘ ਬਿੱਲਾ):**-ਸਿੱਖਿਆ ਦੇ ਵਿਸ਼ਵੀਕਰਨ ਨੂੰ ਸਨਮੁੱਖ ਰੱਖਦਿਆਂ ਅੰਤਰਰਾਸ਼ਟਰੀ ਪੱਧਰ 'ਤੇ ਸਿੱਖਿਆ ਦੇ ਵਿਸਥਾਰ ਅਤੇ ਮਿਲ ਕੇ ਨਵੀਆਂ ਸੰਭਾਵਨਾਵਾਂ ਅਤੇ ਮੌਕੇ ਲੱਭਣ ਦੇ ਉਦੇਸ਼ ਨਾਲ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵੱਲੋਂ 3-4 ਅਕਤੂਬਰ ਨੂੰ ਗਲੋਬਲ ਐਜੂਕੇਸ਼ਨ ਸਮਿੱਟ 2022 ਦਾ ਆਯੋਜਨ ਕਰਵਾਇਆ ਜਾ ਰਿਹਾ ਹੈ। ਇਸ ਸੰਮੇਲਨ ਦਾ ਵਿਸ਼ਾ ਇਨੋਵੇਸ਼ਨ ਅਤੇ ਵਿਸ਼ਵ ਸਥਿਰਤਾ ਲਈ ਉੱਚ ਸਿੱਖਿਆ ਵਿੱਚ ਅੰਤਰਰਾਸ਼ਟਰੀ ਅਕਾਦਮਿਕ ਸਹਿਯੋਗ 'ਤੇ ਆਧਾਰਿਤ ਰਹੇਗਾ। ਦੋ ਦਿਨ ਚੱਲਣ ਵਾਲੇ ਇਸ ਸੰਮੇਲਨ 'ਚ ਦੌਰਾਨ ਅਮਰੀਕਾ, ਆਸਟ੍ਰੇਲੀਆ, ਕੈਨੇਡਾ ਅਤੇ ਯੂ.ਕੇ ਸਮੇਤ ਵੱਖ-ਵੱਖ 27 ਦੇਸ਼ਾਂ ਦੀਆਂ 50 ਦੇ ਕਰੀਬ ਯੂਨੀਵਰਸਿਟੀਆਂ ਤੋਂ ਵਾਈਸ ਚਾਂਸਲਰ ਇੱਕ ਮੰਚ 'ਤੇ ਆ ਕੇ ਆਪਣੇ ਵਿਚਾਰਾਂ ਦੀ ਸਾਂਝ ਪਾਉਣਗੇ। ਭਾਰਤ ਦੀਆਂ ਵੱਖ-ਵੱਖ ਵਿਦਿਅਕ ਸੰਸਥਾਵਾਂ ਤੋਂ ਸਿੱਖਿਆ ਸ਼ਾਸਤਰੀ, ਵਿਦਿਆਰਥੀ, ਬੁੱਧੀਜੀਵੀ ਇਸ ਪ੍ਰਭਾਵਸ਼ਾਲੀ ਸੰਮੇਲਨ 'ਚ ਸ਼ਮੂਲੀਅਤ ਕਰਨਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਚੰਡੀਗੜ੍ਹ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਆਰ. ਐਸ ਬਾਵਾ ਨੇ ਦੱਸਿਆ ਕਿ 'ਵਰਸਿਟੀ ਵੱਲੋਂ ਕਰਵਾਏ ਜਾ ਰਹੀ ਦੋ ਰੋਜ਼ਾ ਗਲੋਬਲ ਐਜੂਕੇਸ਼ਨ ਸਮਿੱਟ ਦੌਰਾਨ ਇੰਟਰਨੈਸ਼ਨਲ ਐਸੋਸੀਏਸ਼ਨ ਆਫ਼ ਯੂਨੀਵਰਸਿਟੀਜ਼ ਦੇ ਪ੍ਰੈਜ਼ੀਡੈਂਟ ਡਾ. ਏ.ਐਸ ਪੈਮ ਫਰੇਡਮੈਨ, ਅਦੀਸ ਅਬਾਬਾ ਯੂਨੀਵਰਸਿਟੀ ਇਥੋਪੀਆ ਦੇ ਪ੍ਰੈਜ਼ੀਡੈਂਟ ਪ੍ਰੋ. (ਡਾ.) ਟੈਸੇਵ ਵੋਲਡੇਹਾਨਾ, ਸਨਵੇ ਯੂਨੀਵਰਸਿਟੀ ਮਲੇਸ਼ੀਆ, ਬਰੂਨੇਈ ਯੂਨੀਵਰਸਿਟੀ ਆਫ਼ ਟੈਕਨਾਲੋਜੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਹਾਜਾ ਜ਼ੋਹਰਾਹ ਬਿਨਤੀ ਹਾਜੀ ਸੁਲੇਮਾਨ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਨ੍ਹਾਂ ਦੱਸਿਆ ਕਿ ਇਨੋਵੇਸ਼ਨ ਅਤੇ ਵਿਸ਼ਵ ਸਥਿਰਤਾ ਲਈ ਉੱਚ ਸਿੱਖਿਆ ਵਿੱਚ ਅੰਤਰਰਾਸ਼ਟਰੀ ਅਕਾਦਮਿਕ ਸਹਿਯੋਗ ਵਿਸ਼ੇ ਦੇ ਅੰਤਰਗਤ ਦੋ ਦਿਨ ਵੱਖ-ਵੱਖ ਤਕਨੀਕੀ ਸੈਸ਼ਨ ਕਰਵਾਏ ਜਾਣਗੇ, ਜਿਸ ਦੌਰਾਨ ਵੱਖ-ਵੱਖ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਜਾਵੇਗੀ। ਡਾ. ਬਾਵਾ ਨੇ ਦੱਸਿਆ ਕਿ 3 ਅਕਤੂਬਰ ਨੂੰ ਦੁਪਹਿਰ 1:30 ਵਜੇ ਤੋਂ 2:30 ਵਜੇ ਤੱਕ 'ਗੁਣਵੱਤਾਪੂਰਨ ਜ਼ਿੰਦਗੀ ਜਿਊਣ ਲਈ ਇਨੋਵੇਸ਼ਨ ਦੀ ਮਹੱਤਤਾ' ਵਿਸ਼ੇ 'ਤੇ ਪਹਿਲਾ ਤਕਨੀਕੀ ਸੈਸ਼ਨ ਕਰਵਾਇਆ ਜਾਵੇਗਾ, ਜਿਸ ਦੀ ਪ੍ਰਧਾਨਗੀ ਕਿਬਾਬੀ ਯੂਨੀਵਰਸਿਟੀ, ਕੀਨੀਆ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਆਈਜੈਕ ਇਪਾਰਾ ਓਡੀਓ ਕਰਨਗੇ। ਇਸੇ ਤਰ੍ਹਾਂ 2:30 ਤੋਂ 4:30 ਵਜੇ ਤੱਕ 'ਕੋਵਿਡ ਮਹਾਂਮਾਰੀ ਦੇ ਸੰਕਟ ਤੋਂ ਬਾਅਦ ਗੁਣਵੱਤਾਪੂਰਨ ਸਿਖਲਾਈ ਲਈ ਸਥਿਰ ਵਿਦਿਅਕ ਮਾਡਲ' ਵਿਸ਼ੇ 'ਤੇ ਆਧਾਰਿਤ ਤਕਨੀਕੀ ਸੈਸ਼ਨ ਉਲੀਕਿਆ ਗਿਆ ਹੈ, ਜਿਸ ਦੀ ਪ੍ਰਧਾਨਗੀ ਬਰੂਨੇਈ ਯੂਨੀਵਰਸਿਟੀ ਆਫ਼ ਟੈਕਨਾਲੋਜੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਹਾਜਾ ਜ਼ੋਹਰਾਹ ਬਿਨਤੀ ਹਾਜੀ ਸੁਲੇਮਾਨ ਕਰਨਗੇ। ਉਨ੍ਹਾਂ ਦੱਸਿਆ ਕਿ 4 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਲੈ ਕੇ 4 ਵਜੇ ਤੱਕ 3 ਵੱਖ-ਵੱਖ ਸੈਸ਼ਨ ਕਰਵਾਏ ਜਾਣਗੇ, ਜਿਸ ਦੌਰਾਨ ਪਹਿਲਾ ਸੈਸ਼ਨ 'ਵਿਦਿਆਰਥੀਆਂ ਦੀਆਂ ਸੁਨਿਹਰੇ ਭਵਿੱਖ ਸਬੰਧੀ ਇਛਾਵਾਂ ਨੂੰ ਪੂਰਾ ਕਰਨ ਲਈ ਮਿਆਰੇ ਮਾਡਲ ਨੂੰ ਵਿਕਸਤ ਕਰਨ ਲਈ ਭਾਈਵਾਲੀ ਦਾ ਸਹਿਯੋਗ' ਵਿਸ਼ੇ 'ਤੇ ਆਧਾਰਿਤ ਰਹੇਗਾ। ਇਸੇ ਤਰ੍ਹਾਂ ਦੂਜਾ ਸੈਸ਼ਨ 'ਸਰਹੱਦਾਂ ਤੋਂ ਬਿਨਾਂ ਰੁਜ਼ਗਾਰਯੋਗਤਾ ਲਈ ਵਿਸ਼ਵਵਿਆਪੀ ਹੁਨਰ ਨੂੰ ਪਰਿਭਾਸ਼ਿਤ ਕਰਨ' ਵਿਸੇ ਦੇ ਸੰਬੰਧ 'ਚ ਹੋਵੇਗਾ ਜਦਕਿ ਤੀਜਾ ਸੈਸ਼ਨ 'ਰਿਸਰਚ ਓਰੀਐਂਟਿਡ ਟੀਚਿੰਗ ਲਰਨਿੰਗ ਮਾਡਲ ਬਣਾਉਣ' ਸਬੰਧੀ ਵਿਸ਼ੇ 'ਤੇ ਆਧਾਰਿਤ ਰਹੇਗਾ। ਡਾ. ਬਾਵਾ ਨੇ ਕਿਹਾ ਕਿ ਇੱਕ ਵਿਦਿਅਕ ਸੰਸਥਾ ਹੋਣ ਦੇ ਨਾਤੇ ਸਾਡਾ ਫ਼ਰਜ਼ ਹੈ ਕਿ ਉਚ ਸਿੱਖਿਆ 'ਚ ਹੋਰ ਗੁਣਾਤਮਕ ਸੁਧਾਰਾਂ ਦੇ ਨਾਲ-ਨਾਲ ਸਮਾਜਿਕ ਪੱਧਰ 'ਤੇ ਦਰਪੇਸ਼ ਆਉਂਦੀਆਂ ਮੁਸ਼ਕਲਾਂ ਦੇ ਸਥਾਈ ਹੱਲਾਂ ਸਬੰਧੀ ਵੀ ਇੱਕ ਮੰਚ 'ਤੇ ਆ ਕੇ ਵਿਸ਼ਵ ਵਿਆਪੀ ਪੱਧਰ 'ਤੇ ਮਾਹਿਰਾਂ ਨਾਲ ਵਿਚਾਰ ਵਟਾਂਦਰੇ ਕੀਤੇ ਜਾਣ ਉਨ੍ਹਾਂ ਉਮੀਦ ਪ੍ਰਗਟਾਈ ਕਿ ਇਸ ਮਹੱਤਵਪੂਰਨ ਸੰਮੇਲਨ ਦੇ ਉੱਚ ਸਿੱਖਿਆ 'ਚ ਗੁਣਵੱਤਾ ਕਾਇਮ ਕਰਨ ਦੇ ਸੰਦਰਭ 'ਚ ਸਾਰਥਿਕ ਨਤੀਜੇ ਸਾਹਮਣੇ ਆਉਣਗੇ।

ਰਾਸ਼ਟਰੀ ਸਵੈ-ਇੱਛਤ ਖ਼ੂਨਦਾਨ ਦਿਵਸ 'ਤੇ ਵਿਸ਼ੇਸ਼

# ਖ਼ੂਨਦਾਨੀ ਜੋੜਾ- ਬਹਾਦਰ ਸਿੰਘ ਸਿੱਧੂ ਤੇ ਜਤਿੰਦਰ ਕੌਰ ਸਿੱਧੂ

**ਬੁਲ੍ਹੋਵਾਲ (ਵਿਰਦੀ)** ਅਜੋਕੇ ਦੌਰ ਵਿੱਚ ਇਨਸਾਨ ਆਪਣੇ ਕਰਤੱਵਾਂ ਅਤੇ ਜ਼ਿੰਮੇਵਾਰੀਆਂ ਨੂੰ ਭੁੱਲਦੇ ਜਾ ਰਹੇ ਹਨ ਅਤੇ ਸਮਾਜਿਕ ਰਿਸ਼ਤਿਆਂ ਦਾ ਤਾਣਾ-ਬਾਣਾ ਉਲਝਦਾ ਜਾ ਰਿਹਾ ਪਰ ਫਿਰ ਵੀ ਸਮਾਜ ਪ੍ਰਤੀ ਆਪਣੀ ਜ਼ਿੰਮੇਦਾਰੀ ਨੂੰ ਸਮਝਣ ਵਾਲੇ ਲੋਕ ਮਾਨਵਤਾ ਦੀ ਭਲਾਈ ਲਈ ਲਗਾਤਾਰ ਆਪਣਾ ਯੋਗਦਾਨ ਪਾ ਰਹੇ ਹਨ। ਅਸੀਂ ਗੱਲ ਕਰ ਰਹੇ ਹਾਂ ਪਿੰਡ ਬੁੱਲੋਵਾਲ ਜ਼ਿਲ੍ਹਾ ਹੁਸ਼ਿਆਰਪੁਰ ਨਿਵਾਸੀ " ਸਟਾਰ ਕੱਪਲ ਡੋਨਰ " ਬਹਾਦਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਬਾਰੇ। ਇਹ ਜੋੜਾ ਹੁਣ ਤੱਕ 24 ਵਾਰ ਇਕੱਠਿਆਂ ਖ਼ੂਨਦਾਨ ਕਰ ਚੁੱਕਾ ਹੈ ਅਤੇ ਇਸ ਗਿਣਤੀ ਵਿੱਚ ਲਗਾਤਾਰ ਵਾਧਾ ਜਾਰੀ ਹੈ। ਇਸ ਜੋੜੇ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਹਿਲਾ ਨੌਜਵਾਨ ਖ਼ੂਨਦਾਨੀ ਜੋੜਾ ਹੋਣ ਦਾ ਮਾਣ ਹਾਸਲ ਹੈ। ਅੱਜ ਤੱਕ ਇਹ ਜੋੜਾ ਤਕਰੀਬਨ 17 ਲੀਟਰ ਖ਼ੂਨ-ਦਾਨ ਕਰ ਚੁੱਕਾ ਹੈ। ਨਿੱਜੀ ਤੌਰ 'ਤੇ ਬਹਾਦਰ ਸਿੰਘ ਸਿੱਧੂ 59 ਵਾਰ (ਹੁਣ ਤੱਕ ਤਕਰੀਬਨ 23 ਲੀਟਰ) ਅਤੇ ਜਤਿੰਦਰ ਕੌਰ ਸਿੱਧੂ ਨਿੱਜੀ ਤੌਰ 'ਤੇ 24 ਵਾਰ (ਤਕਰੀਬਨ 9 ਲੀਟਰ) ਖ਼ੂਨ-ਦਾਨ ਕਰ ਚੁੱਕੇ ਹਨ। ਅੱਜ ਕੌਮੀ ਸਵੈ ਇੱਛੁਕ ਖ਼ੂਨਦਾਨ ਮੌਕੇ ਸਿੱਧੂ ਜੋੜਾ 25ਵੀਂ ਵਾਰ ਇਕੱਠਿਆਂ ਖ਼ੂਨਦਾਨ ਕਰੇਗਾ। ਬਹਾਦਰ ਸਿੰਘ ਸਿੱਧੂ ਦਾ ਕਹਿਣਾ ਹੈ ਕਿ ਖ਼ੂਨਦਾਨ ਕਰਨ ਦੀ ਪ੍ਰੇਰਨਾ ਉਹਨਾਂ ਨੂੰ ਆਪਣੇ ਪਰਵਾਰ ਤੋਂ ਮਿਲੀ ਅਤੇ ਫਿਰ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨਾਲ ਮੁਲਾਕਾਤ ਉਪਰੰਤ ਖ਼ੂਨਦਾਨ ਕਰਨਾ ਇੱਕ ਜਨੂੰਨ ਬਣ ਗਿਆ। ਜਿਕਰਯੋਗ ਹੈ ਕਿ ਪੂਰਾ ਸਿੱਧੂ ਪਰਵਾਰ ਹੀ ਖ਼ੂਨਦਾਨੀਆਂ ਦਾ ਪਰਵਾਰ ਹੈ। ਬਹਾਦਰ ਸਿੰਘ ਸਿੱਧੂ ਦੇ ਮਾਤਾ-ਪਿਤਾ ਜਸਵੀਰ ਸਿੰਘ ਸਿੱਧੂ-ਕੁਲਵਰਨ ਕੌਰ ਸਿੱਧੂ, ਤਾਇਆ-ਤਾਈ ਬਲਬੀਰ ਸਿੰਘ ਸਿੱਧੂ-ਪਰਮਜੀਤ ਕੌਰ ਸਿੱਧੂ ਅਤੇ ਭਰਾ-ਭਾਬੀ ਮਨਦੀਪ ਸਿੰਘ ਸਿੱਧੂ ਅਤੇ ਸਤਿਵੰਦਰਜੀਤ ਕੌਰ ਵੀ ਖ਼ੂਨਦਾਨੀ ਹਨ। ਜਤਿੰਦਰ ਕੌਰ ਸਿੱਧੂ ਜੋ ਕਿ ਸਰਕਾਰੀ ਐਲੀਮੈਂਟਰੀ ਸਕੂਲ ਨੰਦਾਚੌਰ ਵਿਖੇ ਈ.ਟੀ.ਟੀ ਅਧਿਆਪਕ ਹਨ, ਦਾ ਕਹਿਣਾ ਹੈ ਕਿ ਵਿਆਹ ਤੋਂ ਪਹਿਲਾਂ ਕਈ ਵਾਰ ਬਹਾਦਰ ਸਿੰਘ ਸਿੱਧੂ ਦੇ ਖ਼ੂਨਦਾਨ ਕਰਨ ਬਾਰੇ ਅਖ਼ਬਾਰ ਵਿੱਚ ਪੜ੍ਹਿਆ ਕਰਦੀ ਸੀ। ਪ੍ਰਮਾਤਮਾ ਦੀ ਮਰਜੀ ਅਨੁਸਾਰ ਉਹਨਾਂ ਨਾਲ ਹੀ ਵਿਆਹ ਹੋ ਗਿਆ। ਵਿਆਹ



ਉਪਰੰਤ ਖ਼ੂਨਦਾਨ ਕਰਨ ਬਾਰੇ ਪ੍ਰੇਰਨਾ ਮਿਲੀ ਅਤੇ ਮੈਂ ਵੀ ਇਸ ਲਹਿਰ ਦਾ ਹਿੱਸਾ ਬਣ ਗਈ। ਜਿਕਰਯੋਗ ਹੈ ਕਿ ਦੋਵੇਂ ਪਤੀ-ਪਤਨੀ ਨੂੰ ਪੰਜਾਬ ਸਰਕਾਰ ਵੱਲੋ ਸਟੇਟ ਐਵਾਰਡ ਨਾਲ ਨਵਾਜਿਆ ਜਾ ਚੁੱਕਿਆ ਹੈ। ਬਹਾਦਰ ਸਿੰਘ ਸਿੱਧੂ ਦੀਆਂ ਸਮਾਜਿਕ ਗਤੀਵਿਧੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ 15 ਅਗਸਤ 2018 ਨੂੰ ਉਹਨਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ ਜਤਿੰਦਰ ਕੌਰ ਸਿੱਧੂ ਨੂੰ ਖ਼ੂਨਦਾਨ ਵਿੱਚ ਅਹਿਮ ਯੋਗਦਾਨ ਲਈ ਸਿਹਤ ਵਿਭਾਗ ਪੰਜਾਬ ਵੱਲੋਂ 1 ਅਕਤੂਬਰ 2020 ਨੂੰ ਸਟੇਟ ਐਵਾਰਡ ਪ੍ਰਦਾਨ ਕੀਤਾ ਗਿਆ। ਇਲਾਕੇ ਦੇ ਲੋਕ ਇਸ ਜੋੜੇ ਨੂੰ 'ਸਟਾਰ ਕੱਪਲ ਡੋਨਰ' ਦੇ ਨਾਂਅ ਨਾਲ ਸੰਬੋਧਨ ਕਰਨ ਲੱਗ ਪਏ ਹਨ। ਪੰਜਾਬ ਦੇ ਰਾਜਪਾਲ ਵਲੋਂ ਯੂਥ ਰੈੱਡ ਕਰਾਸ ਐਵਾਰਡ, ਮਨਿਸਟਰੀ ਆਫ ਯੂਥ ਅਫੇਅਰ ਐਂਡ ਸਪੋਰਟਸ, ਗੌਰਿਮੰਟ ਆਫ ਇੰਡੀਆ ਵਲੋਂ ਜ਼ਿਲ੍ਹਾ ਯੂਥ ਐਵਾਰਡ, ਸਮਾਜਿਕ ਕਾਰਜਾਂ ਵਿੱਚ ਯੋਗਦਾਨ ਲਈ ਪੰਜਾਬ ਸਰਕਾਰ ਵੱਲੋ ਸਟੇਟ ਐਵਾਰਡ, ਇੰਡੀਅਨ ਸੋਸਾਇਟੀ ਆਫ ਬਲੱਡ ਟਰਾਂਸਫਿਊਜਨ ਐਂਡ ਇਮਿਊਨੋਹੈਮੇਟੋਲੋਜੀ ਵਲੋਂ ਰਾਜ ਪੱਧਰੀ ਸਨਮਾਨ, ਸਿਵਲ ਸਰਜਨ ਹੁਸ਼ਿਆਰਪੁਰ ਵਲੋਂ ਪ੍ਰਸੰਸਾ ਪੱਤਰ, ਡਿਪਟੀ ਕਿਮਸ਼ਨਰ ਹੁਸ਼ਿਆਰਪੁਰ ਵਲੋਂ ਸਮਾਜਿਕ ਗਤੀਵਿਧੀਆਂ ਲਈ ਪ੍ਰਸੰਸਾ ਪੱਤਰ, ਡਿਪਟੀ ਕਿਮਸ਼ਨਰ ਹੁਸ਼ਿਆਰਪੁਰ ਵਲੋ ਡੁੱਬਦੀ ਲੜਕੀ ਦੀ ਜਾਨ ਬਚਾਉਣ ਲਈ ਪ੍ਰਸੰਸਾ ਪੱਤਰ, ਡੁੱਬਦੀ ਲੜਕੀ ਦੀ ਜਾਨ ਬਚਾਉਣ ਲਈ ਗਾਡ ਫਰ ਫਿਲਪ ਇੰਡੀਆ ਵਲੋਂ ਰਾਜ ਪੱਧਰੀ ਸਨਮਾਨ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਕੇਂਦਰੀ ਦਫਤਰ ਲੁਧਿਆਣਾ ਵੱਲੋ ਪ੍ਰਸੰਸਾ ਪੱਤਰ, ਖ਼ੂਨਦਾਨ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਲਈ ਲਾਇਨ ਕਲੱਬ ਹੁਸ਼ਿਆਰਪੁਰ ਐਕਸ਼ਨ ਵੱਲੋ ਸਨਮਾਨ, ਸਮਾਜਿਕ ਕਾਰਜਾਂ ਵਿੱਚ ਯੋਗਦਾਨ ਲਈ ਪੰਜਾਬੀ ਜਾਗਰਣ ਸਮੂਹ ਵੱਲੋਂ ਸਨਮਾਨ, ਸੁੰਦਰ ਸੰਸਾਰ ਸੰਸਥਾ ਹੁਸ਼ਿਆਰਪੁਰ ਵੱਲੋਂ ਸਮਾਜ ਰਤਨ ਐਵਾਰਡ ਆਦਿ ਬਹਾਦਰ ਸਿੰਘ ਦੀਆਂ ਪ੍ਰਾਪਤੀਆਂ ਹਨ। ਖ਼ੂਨਦਾਨ ਲਹਿਰ ਵਿੱਚ ਅਹਿਮ ਯੋਗਦਾਨ ਲਈ ਸਿਹਤ ਵਿਭਾਗ ਪੰਜਾਬ ਵੱਲੋਂ ਸਟੇਟ ਐਵਾਰਡ, ਸਿਵਲ ਸਰਜਨ ਹੁਸ਼ਿਆਰਪੁਰ ਵਲੋਂ ਪ੍ਰਸੰਸਾ ਪੱਤਰ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਵਲੋਂ ਮਹਿਲਾ ਦਿਵਸ ਮੌਕੇ ਵਿਸ਼ੇਸ਼ ਸਨਮਾਨ, ਸਮਾਜਿਕ ਕਾਰਜਾਂ ਵਿੱਚ ਯੋਗਦਾਨ ਲਈ ਪੰਜਾਬੀ ਜਾਗਰਣ ਸਮੂਹ ਵੱਲੋਂ ਸਨਮਾਨ, ਸੁੰਦਰ ਸੰਸਾਰ ਸੰਸਥਾ ਹੁਸ਼ਿਆਰਪੁਰ ਵੱਲੋਂ ਸਮਾਜ ਰਤਨ ਐਵਾਰਡ ਆਦਿ ਜਤਿੰਦਰ ਕੌਰ ਸਿੱਧੂ ਦੀਆਂ ਪ੍ਰਾਪਤੀਆਂ ਹਨ।

## ਸਮਾਰਟ ਸਕੂਲ ਮੁਹੱਬਲੀਪੁਰ ਵਿਖੇ ਦੋ ਰੋਜ਼ਾ ਕਲੱਸਟਰ ਪੱਧਰੀ ਟੂਰਨਾਮੈਂਟ ਸ਼ੁਰੂ

**ਸੁਲਤਾਨਪੁਰ ਲੋਧੀ ( ਹਨੀ )** ਸਿੱਖਿਆ ਵਿਭਾਗ ਦੇ ਆਦੇਸ਼ਾਂ ਤੇ ਮਿੰਨੀ ਪ੍ਰਾਇਮਰੀ ਖੇਡਾਂ ਦੀ ਲੜੀ ਦੇ ਤਹਿਤ ਕਲੱਸਟਰ ਪੱਧਰੀ ਟੂਰਨਾਮੈਂਟ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮੁਹੱਬਲੀਪੁਰ ਵਿਖੇ ਸੈਂਟਰ ਹੈੱਡ ਟੀਚਰ ਕੁਲਦੀਪ ਸਿੰਘ ਦੀ ਅਗਵਾਈ ਹੇਠ ਸ਼ੁਰੂ ਹੋਇਆ । ਜਿਸ ਵਿੱਚ ਕਲੱਸਟਰ ਮਹੁੱਬਲੀਪੁਰ ਦੇ ਅਧੀਨ ਆਉਂਦੇ 11 ਪ੍ਰਾਇਮਰੀ ਸਕੂਲਾਂ ਦੇ ਵੱਖ ਵੱਖ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ । ਇਸ ਦੌਰਾਨ ਕਬੱਡੀ, ਖੋ ਖੋ, ਲੌਂਗ ਜੰਪ, ਰੱਸਾਕੱਸੀ, ਕੁਸ਼ਤੀ ਆਦਿ ਦੇ ਵੱਖ ਵੱਖ ਮੁਕਾਬਲੇ ਕਰਵਾਏ ਗਏ । ਟੂਰਨਾਮੈਂਟ ਦਾ ਉਦਘਾਟਨ ਸੈਂਟਰ ਹੈੱਡ ਟੀਚਰ ਕੁਲਦੀਪ ਸਿੰਘ ਨੇ ਕੀਤਾ ਅਤੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ । ਇਸ ਮੌਕੇ ਬੋਲਦਿਆਂ ਕੁਲਦੀਪ ਸਿੰਘ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਇੱਕ ਅਹਿਮ ਅੰਗ ਹਨ । ਉਨ੍ਹਾਂ ਕਿਹਾ ਕਿ ਪ੍ਰਾਇਮਰੀ ਪੱਧਰ ਤੋਂ ਹੀ ਬੱਚਿਆਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨਾ ਇਕ ਪਵਿੱਤਰ ਕਾਰਜ ਹੈ । ਉਨ੍ਹਾਂ ਨੇ ਕਲੱਸਟਰ ਦੇ ਸਮੂਹ ਅਧਿਆਪਕਾਂ ਨੂੰ ਆਪਣੇ ਆਪਣੇ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਦੀ ਵਿਸੇਸ ਅਪੀਲ ਕੀਤੀ ਅਤੇ ਵਿਦਿਆਰਥੀਆਂ ਨੂੰ ਵੀ ਖੇਡ ਨੂੰ ਖੇਡ ਦੀ ਭਾਵਨਾ ਨਾਲ ਹੀ ਖੇਡਣ ਲਈ ਪ੍ਰੇਰਿਤ ਕੀਤਾ । ਟੂਰਨਾਮੈਂਟ ਦੌਰਾਨ ਹੈੱਡ ਟੀਚਰ ਜਸਪਾਲ ਸਿੰਘ, ਹੈੱਡ ਟੀਚਰ ਅਜੇ ਗੁਪਤਾ, ਕਮਲਜੀਤ ਸਿੰਘ, ਸਰਬਜੀਤ ਸਿੰਘ , ਕੰਵਲਪ੍ਰੀਤ ਸਿੰਘ, ਬਰਿੰਦਰ ਸਿੰਘ, ਰਾਜਦੀਪ ਕੌਰ, ਬਰਿੰਦਰ ਜੈਨ, ਬਿੰਦੂ ਜਸਵਾਲ ਆਦਿ ਨੇ ਵਿਦਿਆਰਥੀਆਂ ਨੂੰ ਵੱਖ ਵੱਖ ਮੁਕਾਬਲਿਆਂ ਦੌਰਾਨ ਰੈਫਰੀ ਤੇ ਕੋਚ ਦੀ ਭੂਮਿਕਾ ਨਿਭਾਉਂਦੇ ਹੋਏ ਵੱਖ ਵੱਖ ਟੀਮਾਂ ਦੀ ਚੋਣ ਕੀਤੀ । ਇਸ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ ।



## ਐਲ ਪੀ ਯੂ ਵਿਖੇ ਬੈਡਮਿੰਟਨ ਚੈਂਪੀਅਨਸ਼ਿਪ ਆਰੰਭ



**ਫਗਵਾੜਾ( ਡਾ. ਰਮਨ )** ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਵਿਧਾਨ ਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਵਿਖੇ ਆਯੋਜਿਤ ਅਸ਼ੋਕ ਜੈਨ ਮੈਮੋਰੀਅਲ ਜ਼ਿਲ੍ਹਾ ਬੈਡਮਿੰਟਨ ਚੈਂਪੀਅਨਸ਼ਿਪ ਵਚ ਬਤੌਰ ਮੁੱਖ ਮਹਿਮਾਨ ਸ਼ਮੂਲੀਅਤ ਕੀਤੀ। ਇਸ ਮੌਕੇ ਉਹਨਾਂ ਸ਼ਮ੍ਹਾ ਰੌਸ਼ਨ ਕਰਕੇ ਇਸ ਟੂਰਨਾਮੈਂਟ ਦਾ ਸ਼ੁੱਭ ਆਰੰਭ ਕਰਵਾਇਆ ਅਤੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੂਰੀ ਖੇਡ ਭਾਵਨਾ ਦੇ ਨਾਲ ਆਪਣਾ ਸ੍ਰੇਸ਼ਠ ਪ੍ਰਦਰਸ਼ਨ ਕਰਨ। ਮਾਨ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਖੇਡਾਂ ਨੂੰ ਪ੍ਰਫੁੱਲਤ ਅਤੇ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਪੰਜਾਬ ਦੀ ਜਵਾਨੀ ਨਸ਼ਿਆਂ ਤੋਂ ਰਹਿਤ ਰਹਿੰਦੇ ਹੋਏ ਖੇਡਾਂ 'ਚ ਹਿੱਸਾ ਲਵੇ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਉਪਰਾਲੇ ਸਦਕਾ ਬਹੁਤ ਜਲਦੀ ਪੰਜਾਬ ਇਕ ਵਾਰ ਫਿਰ ਖੇਡਾਂ 'ਚ ਪੰਜਾਬ ਦਾ ਮੋਹਰੀ ਬਣੇਗਾ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਪੰਜਾਬ ਦੇ ਖਿਡਾਰੀ ਗੋਲਡ ਮੈਡਲਾਂ ਦੀ ਝੜੀ ਲਗਾਉਣਗੇ। ਇਸ ਮੌਕੇ ਪ੍ਰਬੰਧਕਾਂ ਵਲੋਂ ਜੋਗਿੰਦਰ ਸਿੰਘ ਮਾਨ ਨੂੰ ਸਨਮਾਨਤ ਵੀ ਕੀਤਾ ਗਿਆ। ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਰੋਹਿਤ ਜੈਨ ਪ੍ਰਧਾਨ, ਮਲਕੀਅਤ ਸਿੰਘ ਰਘਬੋਤਰਾ ਸਕੱਤਰ, ਰਾਜੀਵ ਜੈਨ ਖਜਾਨਚੀ, ਰਾਕੇਸ਼ ਜੈਨ ਸਮੇਤ ਹੋਰ ਪਤਵੰਤੇ ਵੀ ਹਾਜਰ ਸਨ।

## ਭੋਲੇਵਾਲ ਸਕੂਲ 'ਚ ਪੇਂਟਿੰਗ ਤੇ ਕਵਿਤਾ ਮੁਕਾਬਲੇ

**ਬਲਾਚੌਰ, (ਜਤਿੰਦਰ ਪਾਲ ਸਿੰਘ ਕਲੇਰ )** ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਭੋਲੇਵਾਲ ਵਿਖੇ ਅਧਿਆਪਕਾ ਅਮਨਦੀਪ ਤੇ ਇਕਬਾਲ ਕੌਰ ਵੱਲੋਂ ਬੱਚਿਆਂ ਦੇ ਪੇਂਟਿੰਗ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ । ਸਕੂਲੀ ਬੱਚਿਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਬੜੀ ਦਿਲਚਸਪੀ ਲੈਂਦੇ ਹੋਏ ਵੱਖ-ਵੱਖ ਪੇਂਟਿੰਗਜ਼ ਤਿਆਰ ਕੀਤੀਆਂ । ਪੇਂਟਿੰਗ ਮੁਕਾਬਲਿਆਂ 'ਚ ਅੱਵਲ ਆਏ ਵਿਦਿਆਰਥੀ ਰੋਹਿਤ, ਦਿਲਪ੍ਰੀਤ ਅਤੇ ਕਵਿਤਾ ਮੁਕਾਬਲੇ ਵਿੱਚ ਅੱਵਲ ਰਹੇ ਵਿਦਿਆਰਥੀ ਮੰਨਤ ਤੇ ਸੋਨਾਕਸ਼ੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।



## ਸਰਕਾਰੀ ਪ੍ਰਾਇਮਰੀ ਸਕੂਲ ਜੌੜੀਆਂ ਕਲਾਂ ਵਿਖੇ ਮਦਰ ਵਰਕਸ਼ਾਪ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਗੁਰਦਾਸਪੁਰ ਅਮਰਜੀਤ ਸਿੰਘ ਭਾਟੀਆ ਅਤੇ ਡੇਰਾ ਬਾਬਾ ਨਾਨਕ ਬਲਾਕ -1 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਨੀਰਜ ਕੁਮਾਰ ਦੇ ਆਦੇਸ਼ਾਂ 'ਤੇ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਜੌੜੀਆਂ ਕਲਾਂ ਵਿਖੇ ਸਕੂਲ ਇੰਚਾਰਜ ਤੇ ਪ੍ਰੀ-ਪ੍ਰਾਇਮਰੀ ਅਧਿਆਪਕਾ ਮਮਤਾ ਸ਼ਰਮਾ ਵੱਲੋਂ ਪ੍ਰੀ-ਪ੍ਰਾਇਮਰੀ ਜਮਾਤ ਵਿੱਚ ਪੜ੍ਹਦੇ ਬੱਚਿਆਂ ਦੀਆਂ ਮਾਵਾਂ ਦੀ ਵਰਕਸ਼ਾਪ ਲਗਾਈ ਗਈ। ਮਾਵਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਸਕੂਲ ਇੰਚਾਰਜ ਮਮਤਾ ਸ਼ਰਮਾ ਵੱਲੋਂ ਮਾਵਾਂ ਦਰਮਿਆਨ ਵੱਖ-ਵੱਖ ਗਤੀਵਿਧੀਆਂ 'ਤੇ ਚੱਲਦਿਆਂ ਡਰਾਇੰਗ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਗਏ। ਮਾਵਾਂ ਨੂੰ ਸਕੂਲ ਵਿੱਚ ਬੱਚਿਆਂ ਦੀ ਚੱਲ ਰਹੀ ਪੜ੍ਹਾਈ ਬਾਰੇ ਵਿਸਥਾਰ ਸਹਿਤ ਜਾਣੂ ਕਰਵਾਇਆ ਗਿਆ। ਉਨ੍ਹਾਂ ਵੱਲੋਂ ਮਾਵਾਂ ਨਾਲ ਪ੍ਰੀ-ਪ੍ਰਾਇਮਰੀ ਰਿਪੋਰਟ ਕਾਰਡਾਂ ਬਾਰੇ ਵੀ ਚਰਚਾ ਕੀਤੀ ਗਈ। ਇਸ ਮੌਕੇ ਨਵਨੀਤ ਕੌਰ, ਪ੍ਰਵੀਨ, ਪਰਵੀਨ, ਸੋਨੀਆ, ਰੇਖਾ, ਰਣਜੀਤ ਕੌਰ, ਮਨਜੀਤ ਕੌਰ, ਨੀਤੂ, ਸੁਨੀਤਾ, ਅਮਨ, ਸਿਮਰਨ, ਸੁਮਿਤਾ ਸੁਮਿਤਾ, ਪਰਮਜੀਤ ਕੌਰ ਕੁੱਕ ਰੀਟਾ ਅਤੇ ਸਵਰਨੀ ਆਦਿ ਹਾਜ਼ਰ ਸਨ ।

## ਇੰਨ-ਬਿੰਨ ਲਾਗੂ ਹੋਵੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ-ਮੇਜਰ ਅਮਿਤ ਸਰੀਨ



**ਜਲੰਧਰ-(ਸ਼ੈਲੀ ਐਲਬਰਟ)-:** -ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੇਜਰ ਅਮਿਤ ਸਰੀਨ ਨੇ ਵਿਦਿਅਕ ਅਦਾਰਿਆਂ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਜ਼ਿਲ੍ਹੇ ਵਿੱਚ ਇਨ-ਬਿਨ ਲਾਗੂ ਕੀਤੀ ਜਾਵੇ ਅਤੇ ਫਰੀਸ਼ਿਪ ਕਾਰਡ ਹੋਲਡਰ ਵਿਦਿਆਰਥੀਆਂ ਤੋਂ ਯੂਨੀਵਰਸਿਟੀ ਰਜਿਸਟਰੇਸ਼ਨ ਫੀਸ ਨਾ ਲਈ ਜਾਵੇ। ਸਥਾਨਕ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਵਿਦਿਅਕ ਸੰਸਥਾਵਾਂ ਦੇ ਪ੍ਰਿੰਸੀਪਲਾਂ ਅਤੇ ਨੁਮਾਇੰਦਿਆਂ ਤੋਂ ਇਲਾਵਾ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਸਮੇਤ ਸਟੂਡੈਂਟਸ ਸੰਘਰਸ਼ ਮੋਰਚਾ ਦੇ ਮੈਂਬਰਾਂ ਨਾਲ ਮੀਟਿੰਗ ਦੌਰਾਨ ਮੇਜਰ ਅਮਿਤ ਸਰੀਨ ਨੇ ਕਿਹਾ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਸਾਰੇ ਯੋਗ ਵਿਦਿਆਰਥੀ ਨੂੰ 10 ਅਕਤੂਬਰ ਤੱਕ ਪੋਰਟਲ 'ਤੇ ਰਜਿਸਟਰ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਦਿਅਕ ਸੰਸਥਾਵਾਂ ਆਪੋ-ਆਪਣੇ ਅਦਾਰਿਆਂ ਵਿੱਚ ਸ਼ਿਕਾਇਤ ਨਿਵਾਰਣ ਕਮੇਟੀ ਦਾ ਗਠਨ ਕਰਨ ਜਿਹੜੀਆਂ ਕਿ ਵਿਦਿਆਰਥੀਆਂ ਦੀਆਂ ਸ਼ਿਕਾਇਤਾਂ ਦਾ ਢੁਕਵਾਂ ਹੱਲ ਕਰਨ । ਉਨ੍ਹਾਂ ਕਿਹਾ ਕਿ ਜੇਕਰ ਕਿਸੇ ਸ਼ਿਕਾਇਤ ਦਾ ਹੱਲ ਉਚਿਤ ਸਮੇਂ ਵਿੱਚ ਨਾ ਹੋਵੇ ਤਾਂ ਉਹ ਪ੍ਰਸ਼ਾਸਨ ਪਾਸ ਲਿਆਂਦੀ ਜਾਵੇ। ਮੇਜਰ ਅਮਿਤ ਸਰੀਨ ਨੇ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਧਿਕਾਰੀ ਨੂੰ ਨਿਰਦੇਸ਼ ਦਿੱਤੇ ਕਿ ਸ਼ਿਕਾਇਤ ਨਿਵਾਰਣ ਕਮੇਟੀਆਂ ਦੀ ਮਹੀਨਾਵਾਰ ਰਿਪੋਰਟ ਵੀ ਪ੍ਰਾਪਤ ਕੀਤੀ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨੇ ਵਿਦਿਅਕ ਸੰਸਥਾਵਾਂ ਨੂੰ ਕਿਹਾ ਕਿ ਉਹ ਸਕੀਮ ਅਧੀਨ ਆਉਣ ਵਾਲੇ ਕਿਸੇ ਵੀ ਵਿਦਿਆਰਥੀ ਦੀ ਡਿਗਰੀ, ਸਰਟੀਫਿਕੇਟ ਜਾਂ ਡੀ.ਐਮ.ਸੀ. ਨਾ ਰੋਕੇ ਜਾਣ ਜਿਸ ਕਾਰਨ ਵਿਦਿਆਰਥੀਆਂ ਨੂੰ ਕੋਈ ਪਰੇਸ਼ਾਨੀ ਨਾ ਝੱਲਣੀ ਪਵੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੀ ਤਾਕੀਦ ਕੀਤੀ ਕਿ ਉਨ੍ਹਾਂ ਦੇ ਖਾਤਿਆਂ ਵਿੱਚ ਆਉਣ ਵਾਲੀ ਸਕਾਲਰਸ਼ਿਪ ਸਹਾਇਤਾ ਦੀ ਰਾਸ਼ੀ ਵੀ ਉਹ ਸਬੰਧਿਤ ਸੰਸਥਾਵਾਂ ਨੂੰ ਦੇਣੀ ਯਕੀਨੀ ਬਣਾਉਣ ਤਾਂ ਕਿ ਵਿਦਿਅਕ ਅਦਾਰਿਆਂ ਨੂੰ ਵੀ ਕੋਈ ਮਾਲੀ ਨੁਕਸਾਨ ਨਾ ਹੋਵੇ।

ਮੇਜਰ ਅਮਿਤ ਸਰੀਨ ਨੇ ਸੰਸਥਾਵਾਂ ਨੂੰ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਕਿਊਰਿਟੀ ਵਾਪਿਸ ਕਰਨ ਨੂੰ ਵੀ ਯਕੀਨੀ ਬਣਾਉਣ ਅਤੇ ਇਸ ਸਬੰਧੀ ਰਿਪੋਰਟ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇਣ। ਮੀਟਿੰਗ ਦੌਰਾਨ ਸਟੂਡੈਂਟਸ ਸੰਘਰਸ਼ ਮੋਰਚਾ ਦੇ ਮੈਂਬਰਾਂ ਨੇ ਸਰਕਾਰੀ ਅਤੇ ਏਡਿਡ ਵਿਦਿਅਕ ਸੰਸਥਾਵਾਂ ਵਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਨੂੰ ਸੁਚੱਜੇ ਢੰਗ ਨਾਲ ਅਮਲੀ ਜਾਮਾ ਪਹਿਨਾਉਣ ਦੀ ਸਲਾਹੁਤਾ ਕੀਤੀ। ਇਸ ਮੌਕੇ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਵਿਦਿਅਕ ਸੰਸਥਾਵਾਂ ਦੇ ਨੁਮਾਇੰਦੇ ਵੀ ਮੌਜੂਦ ਸਨ।

## ਟਾਂਡਾ ਤੇ ਅਹੀਆਪੁਰ ਵਿਖੇ ਸ੍ਰੀ ਰਾਮ ਲੀਲ੍ਹਾ ਦੀ 7ਵੀਂ ਨਾਈਟ ਦਾ ਉਦਘਾਟਨ ਲੱਖੀ ਗਿਲਜੀਆਂ ਨੇ ਕੀਤਾ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ)**-ਸ੍ਰੀ ਮਹਾਂਵੀਰ ਰਾਮ ਲੀਲਾ ਕਲੱਬ ਅਹੀਆਪੁਰ ਵੱਲੋਂ ਕਰਵਾਈ ਜਾ ਰਹੀ ਸ੍ਰੀ ਰਾਮਲੀਲਾ ਦੀ 7ਵੀਂ ਨਾਈਟ ਦਾ ਉਦਘਾਟਨ ਸਾਬਕਾ ਕਮਿਸ਼ਨਰ ਪੰਜਾਬ ਅਤੇ ਬਹੁਜਨ ਸਮਾਜ ਪਾਰਟੀ ਦੇ ਹਲਕਾ ਇੰਚਾਰਜ ਲਖਵਿੰਦਰ ਸਿੰਘ ਲੱਖੀ ਗਿਲਜੀਆਂ ਨੇ ਕੀਤਾ। ਕਲੱਬ ਪ੍ਰਧਾਨ ਸੋਨੂੰ ਪੁਰੀ ਅਤੇ ਅਹੀਆਪੁਰ ਨਿਵਾਸੀਆਂ ਸਹਿਯੋਗ ਨਾਲ ਕਰਵਾਈ ਜਾ ਰਹੀ ਰਾਮਲੀਲਾ ਦੇ ਉਦਘਾਟਨ ਮੌਕੇ ਲੱਖੀ ਗਿਲਜੀਆਂ ਨੇ ਕਿਹਾ ਕਿ ਨੇ ਕਿਹਾ ਕਿ ਸਾਨੂੰ ਮਰਿਆਦਾ ਪ੍ਰਸ਼ੋਤਮ ਭਗਵਾਨ ਸ੍ਰੀ ਰਾਮ ਚੰਦਰ ਜੀ ਦੀਆਂ ਸਿੱਖਿਆਵਾਂ 'ਤੇ ਚੱਲ ਕੇ ਆਪਣਾ ਜੀਵਨ ਸਫਲਾ ਕਰਨਾ ਚਾਹੀਦਾ ਹੈ। ਪ੍ਰਬੰਧਕਾਂ ਨੇ ਦੱਸਿਆ ਕਿ 23 ਸਤੰਬਰ ਤੋਂ ਆਰੰਭ ਹੋਈ ਇਹ ਰਾਮਲੀਲਾ 4 ਅਕਤੂਬਰ ਨੂੰ ਸੰਪੰਨ ਹੋਵੇਗੀ।

ਇਸ ਮੌਕੇ ਦੀਪਕ ਬਹਿਲ ਪ੍ਰਧਾਨ ਰੋਟਰੀ ਕਲੱਬ ਟਾਂਡਾ, ਪ੍ਰੇਮ ਜੈਨ,ਹੀਰਾਪੁਰੀ, ਰਾਜੇਸ਼ ਜਸਰਾ, ਲੇਖ ਰਾਜ ਅਹੀਆਪੁਰ , ਬੌਬੀ ਜਸਰਾ,ਨਿਖਲੇਸ਼ ਜਸਰਾ,ਅਰੁਣ ਪੁਰੀ, ਸਚਿਨ ਪੁਰੀ,ਰਾਜਨ ਸੋਂਧੀ,ਗੁਰਮੁਖ ਸਿੰਘ ਅਹੀਆਪੁਰ,ਵਿਕਾਸ ਮਰਵਾਹਾ ਆਦਿ ਵੀ ਮੌਜੂਦ ਸਨ।

## ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਲੋਕ ਈ ਸਟੈਂਪ ਪੇਪਰ ਬਲੈਕ 'ਚ ਲੈਣ ਲਈ ਮਜਬੂਰ : ਧੀਮਾਨ

**ਮਾਹਿਲਪੁਰ (ਸਫਰੀ)** ਮਾਹਿਲਪੁਰ ਸਬ ਤਹਿਸੀਲ ਕੰਪਲੈਕਸ ਵਿਚ ਲੋਕਾਂ ਦੀਆ ਮੁਸ਼ਕਲਾਂ ਅਤੇ ਸਰਕਾਰੀ ਫੀਸਾਂ ਬਾਰੇ ਜਾਨਣ ਤੋਂ ਬਾਅਦ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆ ਕਾਰਨ ਈ ਸਟੈਂਪ ਪੇਪਰ ਲੈਣਾ ਹੋਇਆ ਔਖਾ, ਬਲੈਕ ਵਿਚ ਹੋਣ ਲੱਗੀ ਵਿਕਰੀ, ਹਰ ਕੰਮ ਲਈ ਨਿਯੁਕਤੀ ਸਮਾਂ ਲੈ ਕੇ ਕਰਵਾਉਣ ਲਈ 500 ਰੁ: ਫੀਸ ਨਿਰਧਾਰਤ ਕਰਨ ਅਤੇ ਹੋਰ ਕੰਮਾਂ ਦੀਆਂ ਫੀਸਾਂ ਆਦਿ ਨੂੰ ਲੈ ਕੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਬਦਲਾਅ ਵਾਲੀਆਂ ਨੀਤੀਆਂ ਨਾਲ ਲੋਕਾਂ ਕੰਗਾਲ ਅਤੇ ਸਰਕਾਰੀ ਖਜਾਨੇ ਨੂੰ ਭਰਪੂਰ ਹੋਣ ਲੱਗੇ। ਈ ਸਟੈਂਪ ਪੇਪਰ ਲੈਣ ਲਈ ਪਹਿਲਾਂ ਐਪਲੀਕੇਸ਼ਨ ਫਾਰਮ ਭਰਨਾ ਪਵੇਗਾ, (ਉਹ ਵੀ ਅੰਗਰੇਜੀ ਵਿਚ) ਫਿਰ ਈ ਸਟੈਂਪ ਪੇਪਰ ਲੈਣ ਲਈ ਲਾਇਨਾਂ ਵਿਚ ਖੜਣਾ ਪਵੇਗਾ ਤੇ ਨਿਰਧਾਰਤ ਕੀਮਤ ਤੋਂ ਵੱਧ ਪੈਸੇ ਦੇਣੇ ਪੈਣਗੇ ਤੇ ਜਦੋਂ ਲੋਕ ਪੁੱਛਦੇ ਹਨ ਕਿ ਵਾਧੂ ਪੈਸੇ ਕਿਸ ਗੱਲ ਦੇ ਫਿਰ ਜਵਾਬ ਮਿਲਦਾ ਹੈ ਕਿ ਸਿਸਟਮ ਖਰਚਾ ਨਹੀਂ ਦਿੰਦਾ। ਸਰੇਆਮ ਈ ਸਟੈਂਪ ਪੇਪਰ ਬਲੈਕ ਵਿਚ ਮਿਲ ਰਹੇ ਹਨ। ਸਿਰਫ ਸਰਕਾਰ ਦਾ ਕੰਮ ਕਹਿਣ ਨੂੰ ਹੀ ਇਮਾਨਦਾਰ ਹੈ ਪਰ ਇਥੇ ਇਮਾਨਦਾਰੀ ਦੇ ਕੋਈ ਚਿੰਨ ਨਹੀਂ ਮਿਲਦੇ। ਉਨ੍ਹਾਂ ਕਿਹਾ ਕਿ ਉਸ ਤੋਂ ਬਾਅਦ ਨਾਇਬ ਤਹਿਸੀਲਦਾਰ ਤੋਂ ਅਡਾਪਸ਼ਨ ਡੀਡ, ਰਸਜਿਸਟਰੀ ਕਰਵਾਉਣ ਲਈ 500 ਰੁ: ਆਨਲਾਇਨ ਦੇ ਕੇ ਪਹਿਲਾਂ ਨਿਯੁਕਤੀ ਸਮਾਂ ਲੈਣਾ ਪੈਂਦਾ ਹੈ। ਫਿਰ 500 ਰੁ: ਪੰਜਾਬ ਲੈਂਡ ਰਿਕਾਰਡ ਸੁਸਾਇਟੀ ਨੂੰ ਫਸਿਲੀਟੇਸ਼ਨ ਚਾਰਜ ਦੇ ਰੂਪ ਵਿਚ ਚੰਦਾ ਦੇਣਾ ਪੈਂਦਾ ਤੇ 200 ਰੁ: ਰਜਿਸਟਰ ਵਿਚ ਰਿਕਾਰਡ ਚਪਕਾਉਣ ਦਾ (ਚਸਪਾ ਫੀਸ), ਫਿਰ ਅਸ਼ਟਾਮ ਡਿਊਟੀ ਅਤੇ ਫਿਰ ਹਜਾਰਾਂ ਵਿਚ ਰਜਿਸਟ੍ਰੇਸ਼ਨ ਫੀਸ ਅਤੇ ਹੋਰ ਬਾਹਲੇ ਖਰਚੇ ਦੇਣੇ ਪੈਂਦੇ ਹਨ। ਜਿਹੜੀਆਂ ਫੀਸਾਂ ਦੇਣੀਆਂ ਪੈ ਰਹੀਆਂ ਹਨ, ਉਹ ਸਾਰੀਆਂ ਕ੍ਰੇਡਿਟ ਕਾਰਡ ਜਾਂ ਫਿਰ ਡੇਬਿਟ ਕਾਰਡ ਦੁਆਰਾ ਹੀ ਦੇਣੀਆਂ ਪੈਂਦੀਆਂ ਹਨ। ਜਦੋਂ ਕਿ ਸਾਰੇ ਲੋਕਾਂ ਕੋਲ ਨਾ ਤਾਂ ਡੇਬਿਟ ਕਾਰਡ ਹਨ ਤੇ ਨਾ ਹੀ ਕ੍ਰੇਡਿਟ ਕਾਰਡ ਹਨ। ਜਦੋਂ ਵਿਕਅਤੀਆਂ ਕੋਲ ਅਪਣੇ ਸਾਧਨ ਨਾ ਹੋਣ ਤਾਂ ਫਿਰ ਕਿਸੇ ਦੂਸਰੇ ਵਿਅਕਤੀ ਦੀਆਂ ਮਿੰਨਤਾਂ ਕਰਨੀਆਂ ਪੈਂਦੀਆਂ ਤੇ ਉਸ ਨੂੰ ਵੀ ਵਾਧੂ ਪੈਸੇ ਦੇਣੇ ਪੈਂਦੇ ਹਨ। ਇਹ ਵੀ ਜਰੂਰੀ ਨਹੀਂ ਕਿ ਵਿਅਕਤੀ ਦੇ ਖਾਤੇ ਵਿਚ ਪੈਸੇ ਸਰਕਾਰੀ ਹੋਣ। ਕਿੰਨੀ ਸ਼ਰਮ ਦੀ ਗੱਲ ਹੈ ਕਿ ਕੈਸ਼ ਫੀਸ ਅਦਾ ਕਰਨ ਦੀ ਆਪਸ਼ਨ ਹੀ ਖਤਮ ਕਰ ਦਿੱਤੀ ਹੈ। ਧੀਮਾਨ ਨੇ ਦਸਿਆ ਕਿ ਐਨੀਆਂ ਫੀਸਾਂ ਦੇਣ ਦੇ ਬਾਵਜੂਦ ਸਬ ਤਹਿਸੀਲ ਅੰਦਰ ਮੁੱਢਲੀਆਂ ਸਹੂਲਤਾਂ ਅੰਧੇਰੇ ਵਿਚ ਡੁੱਬੀਆਂ ਪਈਆਂ ਤੇ ਲੋਕਾਂ ਨੂੰ ਕੰਮ ਕਰਵਾਉਣ ਲਈ 4,4 ਤੇ 5, 5 ਘੰਟੇ ਇਧਰ ਉਧਰ ਫੱਟਿਆਂ ਉਤੇ ਬੈਠ ਕੇ ਬਤੀਤ ਕਰਨੇ ਪੈਂਦੇ ਹਨ। ਇਥੇ ਸਰਪੰਚ, ਨੰਬਰਦਾਰ ਆਦਿ ਵੀ ਖੱਜਲ ਖੁਆਰ ਹੁੰਦੇ ਹਨ।



ਨਾ ਤਾਂ ਪੀਣ ਵਾਲੇ ਪਾਣੀ ਦਾ ਕੋਈ ਪ੍ਰਬੰਧ ਆਦਿ ਦੀ ਸਹੂਲਤ ਅਤੇ ਨਾ ਹੀ ਕੋਈ ਕੰਟੀਨ ਵਗੈਰਾ ਹੈ। ਉਪਰੋਕਤ ਮਸ਼ਕਲਾਂ ਨੂੰ ਤੁਰੰਤ ਨਾਇਬ ਤਹਿਸੀਲਦਾਰ ਅਮਰਜੀਤ ਸਿੰਘ ਦੇ ਧਿਆਨ ਹੇਠ ਲਿਆਂਦਾ ਤੇ ਮੰਗ ਕੀਤੀ ਕਿ ਸਬ ਤਹਿਸੀਲ ਅੰਦਰ ਲਈਆਂ ਜਾਂਦੀਆਂ ਸਾਰੇ ਤਰ੍ਹਾਂ ਦੀਆ ਫੀਸਾਂ ਸਬੰਧੀ ਨੋਟਿਸ ਬੋਰਡ ਲਗਵਾਇਆ ਜਾਵੇ ਤਾਂ ਕਿ ਲੋਕਾਂ ਨੂੰ ਪੂਰਨ ਰੂਪ ਵਿਚ ਜਾਣਕਾਰੀ ਵੀ ਮਿਲ ਸਕੇ।

## ਓਲੰਪੀਅਨ ਐਸ. ਪੀ. ਰਾਜਪਾਲ ਸਿੰਘ ਨੇ ਰਿਵਰਜ਼ ਸਪੋਰਟਸ ਕਲੱਬ ਦੇ ਅਹੁਦੇਦਾਰਾਂ ਤੇ ਖਿਡਾਰੀਆਂ ਨਾਲ ਕੀਤੀ ਮਿਲਣੀ



**ਰੂਪਨਗਰ, (ਨਵਾਂ ਜ਼ਮਾਨਾ ਸਰਵਿਸ)**- ਪੰਜਾਬ ਪੁਲਿਸ ਦੇ ਏ ਡੀ ਜੀ ਪੀ (ਕਮਿਊਨਿਟੀ ਪੋਲਿਸਿੰਗ) ਗੁਰਪ੍ਰੀਤ ਕੌਰ ਦਿਓ ਦੇ ਦਿਸ਼ਾ ਨਿਰਦੇਸ਼ਾਂ 'ਤੇ ਰੂਪਨਗਰ ਜ਼ਿਲ੍ਹੇ ਦੇ ਐਸ.ਐਸ.ਪੀ. ਡਾ. ਸੰਦੀਪ ਗਰਗ ਆਈਪੀਐਸ ਦੀ ਅਗਵਾਈ ਵਿੱਚ ਜ਼ਿਲ੍ਹਾ ਪੁਲਸ ਸਾਂਝ ਅਫਸਰ-ਕਮ-ਐਸ. ਪੀ. (ਐਚ) ਉਲੰਪਿਅਨ ਰਾਜਪਾਲ ਸਿੰਘ (ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ) ਵਲੋਂ ਸਾਂਝ ਪ੍ਰੋਗਰਾਮ ਦੇ ਸਮਾਜ ਭਲਾਈ ਕਾਰਜਾਂ ਨੂੰ ਵਿਆਪਕ ਪੱਧਰ 'ਤੇ ਅਮਲ ਵਿੱਚ ਲਿਆਦਾ ਜਾ ਰਿਹਾ ਹੈ।

ਐਸ. ਪੀ. ਰਾਜਪਾਲ ਸਿੰਘ ਨੇ ਵੱਖ ਵੱਖ ਵਰਗਾਂ ਨਾਲ ਸਾਂਝ ਵਧਾਉਣ ਦੇ ਉਪਰਾਲੇ ਤਹਿਤ ਮੋਰਿੰਡਾ ਦੇ ਰਿਵਰਜ਼ ਸਪੋਰਸ ਕਲੱਬ ਦੇ ਅਹੁਦੇਦਾਰਾਂ ਤੇ ਖਿਡਾਰੀਆਂ ਨਾਲ ਮਿਲਣੀ ਕੀਤੀ ਅਤੇ ਉਨ੍ਹਾਂ ਨੌਜਵਾਨ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕੀਤਾ ਤੇ ਆਪਣੇ ਉਦੇਸ਼ ਦੀ ਪ੍ਰਾਪਤੀ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਖਿਡਾਰੀਆਂ ਨਾਲ ਕ੍ਰਿਕਟ ਮੈਚ ਵੀ ਖੇਡਿਆ। ਉਨ੍ਹਾਂ ਕਲੱਬ ਨੂੰ ਖੇਡਾਂ ਲਈ ਉਤਸ਼ਾਹਿਤ ਕਰਨ ਲਈ ਖੇਡ ਸਮਗਰੀ ਬੇਟ, ਬਾਲ, ਬਡਮਿੰਟਨ ਰੇਕਟ, ਵਾਲੀਵਾਲ, ਨੈਟ ਆਦਿ ਵੀ ਦਿੱਤੇ। ਇਸ ਮੌਕੇ 'ਤੇ ਜ਼ਿਲ੍ਹਾ ਪੁਲਸ ਸਾਂਝ ਕਮੇਟੀ ਇੰਚਾਰਜ ਰਣਜੀਤ ਸਿੰਘ ਬਡਵਾਲ ਅਤੇ ਵੱਖ ਵੱਖ ਸਾਂਝ ਕਮੇਟੀਆਂ ਦੇ ਮੈਂਬਰ ਤੇ ਸਟਾਫ ਵੀ ਹਾਜ਼ਰ ਸੀ।

## ਰਿਆਤ ਬਾਹਰਾ 'ਵਰਸਿਟੀ ਦੇ ਵਿਦਿਆਰਥੀਆਂ ਦਾ ਉਦਯੋਗਿਕ ਦੌਰਾ

**ਕੁਰਾਲੀ,ਖਰੜ (ਮੋਹਨ ਅੱਗਰਵਾਲ ਜੋਗਾ):**ਰਿਆਤ ਬਾਹਰਾ ਯੂਨੀਵਰਸਿਟੀ ਦੇ ਮੈਨੇਜਮੈਂਟ ਵਿਭਾਗ ਵੱਲੋਂ ਬੀ.ਬੀ.ਏ. ਦੇ ਪਹਿਲੇ ਸਮੈਸਟਰ ਅਤੇ ਐਮ.ਬੀ.ਏ ਤੀਜੇ ਸਮੈਸਟਰ (ਲੌਜਿਸਟਿਕਸ ਅਤੇ ਸਪਲਾਈ ਚੇਨ ਮੈਨੇਜਮੈਂਟ ਸਪੈਸ਼ਲਾਈਜ਼ੇਸ਼ਨ) ਦੇ ਵਿਦਿਆਰਥੀਆਂ ਲਈ ਚੰਡੀਗੜ੍ਹ ਵਿੱਚ 'ਦ ਮੀਡੀਆ ਹਾਊਸ' ਦਾ ਉਦਯੋਗਿਕ ਦੌਰਾ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਅਖ਼ਬਾਰ ਦੀ ਛਪਾਈ ਦੀ ਸਾਰੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਵਿਦਿਆਰਥੀਆਂ ਨੂੰ ਪ੍ਰਿੰਟਿੰਗ ਪ੍ਰੈਸ ਦਾ ਚੱਕਰ ਵੀ ਲਗਾਇਆ ਗਿਆ ਅਤੇ ਉਨ੍ਹਾਂ ਨੇ ਵੱਖ-ਵੱਖ ਵਿਭਾਗਾਂ ਜਿਵੇਂ ਕਿ ਇਸ਼ਤਿਹਾਰ, ਸਮਾਂ-ਸਾਰਣੀ ਅਤੇ ਸੰਪਾਦਕੀ ਦੇ ਕੰਮ ਬਾਰੇ ਜਾਣਿਆ। ਉਨ੍ਹਾਂ ਜਾਣਿਆ ਕਿ ਅਖ਼ਬਾਰ ਛਾਪਣ ਲਈ ਵਿਭਾਗ ਅਤੇ ਕਰਮਚਾਰੀ ਆਪਸ ਵਿੱਚ ਕਿਵੇਂ ਤਾਲਮੇਲ ਰੱਖਦੇ ਹਨ। ਇਸ ਮੌਕੇ ਸ਼ਾਲੂ ਵਾਲੀਆ, ਐਚਆਰ ਮੈਨੇਜਰ ਨੇ ਉਨ੍ਹਾਂ ਦੁਆਰਾ ਛਾਪਣ ਵਾਲੇ ਅਖ਼ਬਾਰਾਂ ਦੀਆਂ ਕਿਸਮਾਂ ਅਤੇ ਸੀਐਮਵਾਈਕੇ ਪ੍ਰਿੰਟਿੰਗ ਪ੍ਰਕਿਰਿਆ ਬਾਰੇ ਦੱਸਿਆ, ਇਸ ਲਈ ਸਾਰੇ ਰੰਗ ਜਿਵੇਂ ਕਿ ਸਿਆਨ, ਮਜੈਂਟਾ, ਪੀਲੀ ਅਤੇ ਕਾਲੀ ਸਿਆਹੀ ਤੋਂ ਬਣਾਏ ਗਏ ਹਨ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਮੈਨੇਜਮੈਂਟ ਵਿਭਾਗ ਦੇ ਫੈਕਲਟੀ ਮੈਂਬਰ ਅਲਕਾ ਬਾਸੂ ਅਤੇ ਅਜੀਤ ਸਿੰਘ ਸਿੱਧੂ ਵੀ ਮੌਜੂਦ ਸਨ।



## ਫੁਲਵਾੜੀ ਪਬਲਿਕ ਸਕੂਲ 'ਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ) :** ਸਥਾਨਕ ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਹੀਆਂ ਖਾਸ ਵਿੱਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾਵਾਂ, ਕੋਰੀਓਗ੍ਰਾਫਰ, ਚਾਰਟ, ਪੇਂਟਿੰਗ ਆਦਿ ਪੇਸ਼ ਕੀਤੀਆਂ। ਇਸ ਮੌਕੇ ਪ੍ਰਿੰਸੀਪਲ ਲਖਬੀਰ ਸਿੰਘ ਨੇ ਬੱਚਿਆਂ ਨੂੰ ਸ਼ਹੀਦ ਭਗਤ ਸਿੰਘ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਕਿਹਾ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਜਗੀਰ ਜੋਸਨ, ਐਮ.ਡੀ ਮੈਡਮ ਜੀ.ਕੇ ਜੋਸਨ ਅਤੇ ਐਮ.ਡੀ ਰਾਜਬੀਰ ਸਿੰਘ ਜੋਸਨ, ਪ੍ਰਿੰਸੀਪਲ ਲਖਬੀਰ ਸਿੰਘ, ਕੋਆਰਡੀਨੇਟਰ ਹਰਪ੍ਰੀਤ ਕੌਰ, ਮ: ਰਣਜੀਤ ਸਿੰਘ ਰਾਣਾ, ਮ: ਰਮੇਸ਼ ਸ਼ਰਮਾ, ਮ: ਅਮਰਜੀਤ ਸਿੰਘ ਖੋਸਾ, ਮ: ਸਰਬਜੀਤ ਸਿੰਘ, ਮ: ਅਨਿਲ ਕੁਮਾਰ, ਮੈਡਮ ਰੀਟਾ ਵਿੱਜ, ਗੁਰਵਿੰਦਰ ਕੌਰ, ਪ੍ਰਭਜੋਤ ਕੌਰ, ਰਮਨਜੀਤ ਕੌਰ, ਰੀਟਾ ਸ਼ਰਮਾ, ਤਨੂੰ ਅਰੋੜਾ, ਮੋਨਿਕਾ, ਨਵਦੀਪ ਕੌਰ, ਰੁਪਿੰਦਰ ਕੌਰ, ਜਗਦੀਪ ਕੌਰ ਆਦਿ ਸਕੂਲ ਸਮੇਤ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਭਾਰਤੀ ਸਟੇਟ ਬੈਂਕ ਨੇ ਪੌਦੇ ਲਗਾਏ

**ਨੂਰਮਹਿਲ ( ਬਾਲ ਕਿਸਨ ਬਾਲੀ)** ਵਾਤਾਵਰਨ ਵਿੱਚ ਸੰਤੁਲਨ ਅਤੇ ਸ਼ੁੱਧਤਾ ਲਈ ਭਾਰਤੀਯ ਸਟੇਟ ਬੈਂਕ ਸ਼ਾਖਾ ਨੂਰਮਹਿਲ ਵਲੋਂ ਅਰੰਭੀ ਗਈ ਲੜੀ ਤਹਿਤ ਵੱਖ-ਵੱਖ ਸਕੂਲਾਂ, ਹਸਪਤਾਲਾਂ ਤੇ ਹੋਰ ਅਦਾਰਿਆਂ ਵਿੱਚ ਭਾਰੀ ਗਿਣਤੀ ਵਿੱਚ ਪੌਦੇ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀਯ ਸਟੇਟ ਬੈਂਕ ਸ਼ਾਖਾ ਨੂਰਮਹਿਲ ਦੇ ਚੀਫ਼ ਮੈਨੇਜਰ ਮੈਡਮ ਨੀਨਾ ਅਰੋੜਾ ਨੇ ਦੱਸਿਆ ਕਿ ਬੈਂਕ ਵਲੋਂ ਸਮੇਂ-ਸਮੇਂ 'ਤੇ ਸਮਾਜ ਭਲਾਈ ਹਿੱਤ ਕਾਰਜ ਕੀਤੇ ਜਾਂਦੇ ਹਨ ਤੇ ਇਸੇ ਲੜੀ ਨੂੰ ਅੱਗੇ ਤੋਰਦਿਆਂ ਪਿੰਡ ਕੋਟ ਬਾਦਲ ਖਾਂ, ਚੀਮਾ ਕਲਾਂ-ਚੀਮਾ ਖੁਰਦ, ਸ਼ਮਸ਼ਾਬਾਦ, ਨਾਹਲ, ਨੂਰਮਹਿਲ ਸ਼ਹਿਰ, ਸਿੱਧਮ ਤਾਲ, ਜਾਗੋ ਸੰਘਾ, ਸਿੱਧਮ ਹਰੀ ਸਿੰਘ, ਨੱਤ, ਫਰਵਾਲਾ-ਕੰਦਲਾ ਖੁਰਦ ਦੇ ਸਰਕਾਰੀ ਸਕੂਲਾਂ ਵਿੱਚ, ਸਿਵਲ ਹਸਪਤਾਲ ਨੂਰਮਹਿਲ, ਰਾਮ ਮੰਦਰ ਨੂਰਮਹਿਲ ਸਮੇਤ ਹੋਰ ਵੱਖ-ਵੱਖ ਥਾਵਾਂ 'ਤੇ ਵੱਖ-ਵੱਖ ਤਰ੍ਹਾਂ ਦੇ 400 ਤੋਂ ਵੱਧ ਬੂਟੇ ਲਗਾਏ ਗਏ। ਸਕੂਲਾਂ ਤੇ ਹਸਪਤਾਲ ਦੇ ਸਟਾਫ਼ ਮੈਂਬਰ ਅਤੇ ਮੰਦਰ ਕਮੇਟੀ ਨੇ ਬੂਟਿਆਂ ਦੀ ਸਾਂਭ ਸੰਭਾਲ ਕਰਨ ਦਾ ਪ੍ਰਣ ਲਿਆ ਤੇ ਬ੍ਰਾਂਚ ਦਾ ਧੰਨਵਾਦ ਕੀਤਾ। ਇਸ ਮੌਕੇ ਬੈਂਕ ਸਟਾਫ਼ ਵਲੋਂ ਸੁਖਵਿੰਦਰ ਸਿੰਘ ਸੋਨੀ, ਸਕੂਲ ਤੇ ਹਸਪਤਾਲ ਦੇ ਸਟਾਫ਼ ਵਿੱਚੋਂ ਬੀ.ਪੀ.ਈ.ਓ. ਚਮਨ ਲਾਲ, ਮਾ ਸੰਜੀਵ ਕੁਮਾਰ, ਸੁਮਨ ਸ਼ਾਮਪੁਰੀ, ਪ੍ਰਵੀਨ ਭੱਟੀ, ਹਰਨੇਕ ਸਿੰਘ, ਦਵਿੰਦਰ ਪਾਲ, ਗੁਰਿੰਦਰ ਸਿੰਘ ਲਾਂਬਾ, ਡਾ. ਸਬੋਧ ਕਟਾਰੀਆ, ਡਾ. ਕਮਲ ਕੁਮਾਰ ਆਦਿ ਹਾਜ਼ਰ ਸਨ।

## ਓਮ ਪ੍ਰਕਾਸ਼ ਮੈਮੋਰੀਅਲ ਕਾਲਜ 'ਚ ਸਵੱਛਤਾ ਸਰਵੇਖਣ



**ਕਰਤਾਰਪੁਰ (ਹਰਮੇਸ਼ ਦੱਤ)** ਨਜ਼ਦੀਕੀ ਪਿੰਡ ਦਿਆਲਪੁਰ (ਜ਼ਿਲ੍ਹਾ ਕਪੂਰਥਲਾ) ਓਮ ਪ੍ਰਕਾਸ਼ ਮੈਮੋਰੀਅਲ ਕਾਲਜ.ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ ਦੇ ਵਿੱਚ ਮਹਾਤਮਾ ਗਾਂਧੀ ਰਾਸ਼ਟਰੀ ਕੌਂਸਲ ਆਫ਼ ਰੂਰਲ ਐਜੂਕੇਸ਼ਨ ਦੇ ਅੰਤਰਗ ਓਮ ਪ੍ਰਕਾਸ਼ ਮੈਮੋਰੀਅਲ ਕਾਲਜ ਵਿੱਚ ਪ੍ਰਿੰਸੀਪਲ ਡਾ ਵਿਨੋਦ ਕੁਮਾਰ ਦੀ ਦੇਖ ਰੇਖ ਹੇਠ ਸਵੱਛਤਾ ਦੀ ਮੁਹਿਮ ਤਹਿਤ ਮੈਡਮ ਦਵਿੰਦਰ ਕੌਰ ਦੁਆਰਾ ਨੇ ਪਾਣੀ ਦੀ ਵਰਤੋਂ, ਬਿਜਲੀ ਦੀ ਵਰਤੋਂ,ਕੂੜੇ ਦੀ ਸਾਂਭ ਸੰਭਾਲ ਆਦਿ ਦਾ ਸਰਵੇਖਣ ਕੀਤਾ। ਪ੍ਰਿੰਸੀਪਲ ਡਾ. ਵਿਨੋਦ ਕੁਮਾਰ ਨੇ ਇਸ ਨਾਲ ਸਬੰਧਿਤ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੈਮੀਨਾਰ ਦੁਆਰਾ ਹੋਰ ਵੀ ਸਵੱਛ ਭਾਰਤ ਬਣਾਉਣ ਦੇ ਲਈ ਜਾਗਰੂਕ ਕੀਤਾ । ਇਸ ਮੌਕੇ ਪ੍ਰੋ ਰਣਜੀਤ ਬੈਂਸ, ਪ੍ਰੋ ਗਗਨਦੀਪ ਸਿੰਘ, ਪ੍ਰੋਫੈਸਰ ਗੁਰਪ੍ਰੀਤ ਸਿੰਘ, ਪ੍ਰੋਫੈਸਰ ਗੁਰਜੀਤ ਰਾਣੀ, ਪ੍ਰੋਫੈਸਰ ਚਰਨਜੀਤ ਕੌਰ, ਆਫਿਸ ਸੁਪਰਡੈਂਟ ਹਰਮੀਤ ਸਿੰਘ ਅਤੇ ਕਾਲਜ ਵਿਦਿਆਰਥੀ ਹਾਜ਼ਰ ਸਨ।


## ਜਨਮ ਦਿਨ ਮੁਬਾਰਕ



ਦੀਪਤੀ ਸਿੰਗਲਾ



ਜਸ਼ਨਦੀਪ ਸਿੰਘ (ਸੰਗਰੂਰ)


## ਡਿਪਸ ਵਿਖੇ 'ਪਰਸਨੈਲਿਟੀ ਡਿਵੈੱਲਪਮੈਂਟ ਐਂਡ ਕਰੀਅਰ ਕੌਂਸਲ' ਵਿਸ਼ੇ 'ਤੇ ਸੈਮੀਨਾਰ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** ਡਿਪਸ ਭੋਗਪੁਰ ਵਿਖੇ 'ਪਰਸਨੈਲਿਟੀ ਡਿਵੈਲਪਮੈਂਟ ਐਂਡ ਕਰੀਅਰ ਕੌਂਸਲ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਡਿਪਸ ਚੇਨ ਦੀ ਐਕਟੀਵਿਟੀ ਐਡਵਾਈਜਰ ਮੈਡਮ 'ਵੈਸ਼ਾਲੀ ਸੈਰਨ' ਨੇ ਪਾਵਰ ਪੁਆਇੰਟ ਪੇਸ਼ਕਾਰੀ ਰਾਹੀਂ ਸੈਮੀਨਾਰ ਦਾ ਵਿਸ਼ਾ ਪੇਸ਼ ਕੀਤਾ। ਇਸ ਸੈਮੀਨਾਰ ਵਿੱਚ ਬੱਚਿਆਂ ਨੇ ਕਈ ਅਹਿਮ ਗੱਲਾਂ ਸਿੱਖੀਆਂ, ਜੋ ਕਿ ਉਨ੍ਹਾਂ ਦੇ ਭਵਿੱਖ ਲਈ ਲਾਹੇਵੰਦ ਸਾਬਤ ਹੋਵੇਗਾ। ਸੈਮੀਨਾਰ ਰਾਹੀਂ ਬੱਚਿਆਂ ਨੇ ਸਿੱਖਿਆ ਕਿ ਅੱਜ ਦੇ ਸਮੇਂ ਵਿੱਚ ਚੰਗੀ ਸ਼ਖਸੀਅਤ ਦਾ ਹੋਣਾ ਬਹੁਤ ਜਰੂਰੀ ਹੈ ਕਿਉਂਕਿ ਇਸ ਨਾਲ ਸਾਡੇ ਸੁਭਾਅ ਅਤੇ ਵਿਹਾਰ ਵਿੱਚ ਕਾਫ਼ੀ ਸੁਧਾਰ ਹੁੰਦਾ ਹੈ। ਨਾਲ ਹੀ ਇਹ ਨਿੱਜੀ ਵਿਹਾਰ, ਰਵੱਈਏ, ਲੋਕਾਂ ਨਾਲ ਗੱਲ ਕਰਨ ਦੇ ਢੰਗ ਨੂੰ ਵੀ ਸੁਧਾਰਦਾ ਹੈ।ਇਸ ਸੈਮੀਨਾਰ ਨਾਲ ਸਬੰਧਤ ਬੱਚਿਆਂ ਤੋਂ ਸਵਾਲ ਵੀ ਪੁੱਛੇ ਗਏ ਅਤੇ ਬੱਚਿਆਂ ਨੇ ਉਨ੍ਹਾਂ ਸਾਰੇ ਸਵਾਲਾਂ ਦੇ ਜਵਾਬ ਬੜੇ ਆਤਮ ਵਿਸ਼ਵਾਸ ਨਾਲ ਦਿੱਤੇ। ਡਿਪਸ ਚੇਨ ਦੀ ਸਲਾਹਕਾਰ ਮੈਡਮ 'ਮੋਨਿਕਾ ਮਹਿਤਾ' ਨੇ 'ਕਮਿਊਨੀਕੇਸਨ ਸਕਿੱਲ' ਬਾਰੇ ਜਾਣਕਾਰੀ ਦਿੱਤੀ ਜਿਸ ਵਿਚ ਬੱਚਿਆਂ ਨੂੰ ਦੂਜਿਆਂ ਨਾਲ ਗੱਲਬਾਤ ਕਰਨ ਲਈ ਸਕੂਲ ਅਤੇ ਜਨਤਕ ਥਾਵਾਂ 'ਤੇ ਪਹਿਰਾਵਾ ਪਹਿਨਣ ਦੇ ਢੰਗ ਬਾਰੇ ਦੱਸਿਆ। ਅੰਤ 'ਚ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਗੁਰਵੀਨ ਕੌਰ ਨੇ ਮੁੱਖ ਮਹਿਮਾਨਾਂ ਵੱਲੋਂ ਬੱਚਿਆਂ ਨੂੰ ਦਿੱਤੀ ਗਈ ਜਾਣਕਾਰੀ ਲਈ ਵੈਸ਼ਾਲੀ ਸੈਰਨ, ਮੋਨਿਕਾ ਮਹਿਤਾ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਇਸ ਜਾਣਕਾਰੀ ਨੂੰ ਆਪਣੇ ਵਿਹਾਰਕ ਜੀਵਨ ਵਿਚ ਵਰਤ ਕੇ ਵਧੀਆ ਪ੍ਰਦਰਸ਼ਨ ਕਰਕੇ ਡਿਪਸ ਨੂੰ ਬੁਲੰਦੀਆਂ ਤੱਕ ਪਹੁੰਚਣ ਦਾ ਸੁਨੇਹਾ ਦਿੱਤਾ।

# 24ਵਾਂ ਨਰਿੰਦਰ ਬੀਬਾ ਯਾਦਗਾਰੀ ਸੱਭਿਆਚਾਰਕ ਮੇਲਾ ਭਲਕੇ



**ਲੋਹੀਆ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ) :** ਦੋਆਬਾ ਸੱਭਿਆਚਾਰਕ ਕਲੱਬ ਵੱਲੋਂ ਪੰਜਾਬ ਦੀ ਪ੍ਰਸਿੱਧ ਲੋਕ ਗਾਇਕਾ ਨਰਿੰਦਰ ਬੀਬਾ ਦੀ ਯਾਦ ਵਿਚ ਪਿੰਡ ਸਾਦਿਕਪੁਰ (ਸ਼ਾਹਕੋਟ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 2 ਅਕਤੂਬਰ ਨੂੰ 24ਵਾਂ ਅੰਤਰਰਾਸ਼ਟਰੀ ਸੱਭਿਆਚਾਰਕ ਮੇਲਾ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਮੇਲੇ ਦੇ ਮੁੱਖ ਸੰਚਾਲਕ ਗੁਰਨਾਮ ਸਿੰਘ ਨਿਧੜਕ ਤੇ ਸਾਥੀਆਂ ਨੇ ਦੱਸਿਆ ਕਿ ਮੇਲੇ ਦਾ ਉਦਘਾਟਨ ਗੁਰਦਿਆਲ ਸਿੰਘ ਗਰੇਵਾਲ ਸਾਬਕਾ ਸਰਪੰਚ ਤੰਗਰਾਤੋੜੀ ਕਰਨਗੇ।

ਮੁੱਖ ਮਹਿਮਾਨ ਵਜੋਂ ਡੀਸੀਪੀ ਲਾਅ ਐਂਡ ਆਰਡਰ ਜਲੰਧਰ ਜਗਮੋਹਨ ਸਿੰਘ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਤੇ ਹਲਕਾ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਤਨ ਸਿੰਘ ਕਾਕੜ ਕਲਾਂ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਚਿੱਤਰ ਸਿੰਘ ਕੋਹਾੜ, ਸੰਯੁਕਤ ਸੰਘਰਸ਼ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਡਾ. ਜਗਤਾਰ ਸਿੰਘ ਚੰਦੀ, ਸ਼੍ਰੋਮਣੀ ਰੰਘਰੇਟਾ ਦਲ ਦੇ ਪ੍ਰਧਾਨ ਬਲਵੀਰ ਸਿੰਘ ਚੀਮਾ ਸਮੇਤ ਦਰਜਨਾਂ ਨਾਮਵਰ ਸਖਸ਼ੀਅਤਾਂ ਵੀ ਮੇਲੇ ਵਿਚ ਸ਼ਿਰਕਤ ਕਰਨਗੀਆਂ। ਨਿਧੜਕ ਨੇ ਦੱਸਿਆ ਕਿ ਮਨਜਿੰਦਰ ਮਨੀ, ਦੀਪਕ ਹੰਸ, ਦਲਵਿੰਦਰ ਦਿਆਲਪੁਰੀ, ਕੁਲਵਿੰਦਰ ਸ਼ਾਹਕੋਟੀ, ਗਗਨ ਮੱਲਾਂ, ਕੁਲਜੀਤ ਕੌਰ ਸ਼ਾਹਕੋਟ, ਬੀਬਾ ਕੁਲਬੀਰ ਗੋਗੀ, ਅਸ਼ੋਕ ਗਿੱਲ, ਸੰਗੀਤਕਾਰ ਸੁਖਪਾਲ ਸਿੰਘ ਦੇਵਗਣ, ਮੈਡਮ ਸੁਰਿੰਦਰ ਕੌਰ ਆਦਿ ਆਪਣੀ ਪੇਸ਼ਕਾਰੀ ਦੇਣਗੇ।



**ਨੂਰਮਹਿਲ ਵਿਖੇ ਸ੍ਰੀ ਰਾਮ ਲੀਲਾ ਦੀ ਸ਼ੋਭਾ ਯਾਤਰਾ ਵਿਚ ਸ਼ਾਮਲ ਹੋਏ ਸਾਬਕਾ ਮੰਤਰੀ ਪੰਜਾਬ ਗੁਰਬਿੰਦਰ ਸਿੰਘ ਅਟਵਾਲ , ਨਗਰ ਕੌਂਸਲ ਨੂਰਮਹਿਲ ਦੀ ਪ੍ਰਧਾਨ ਬੀਬੀ ਹਰਦੀਪ ਕੌਰ ਜੌਹਲ, ਜੰਗ ਬਹਾਦਰ ਕੋਹਲੀ ਐਮ ਸੀ ਅਤੇ ਹੋਰ ।**

**(ਫੋਟੋ ਤੇ ਵੇਰਵਾ : ਨੂਰਮਹਿਲ ਤੋਂ ਬਾਲੀ, ਫਿਲੌਰ ਤੋਂ ਕਨੇਡੀ)**